ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!
ਚੜ੍ਹਦੀਕਲਾ
ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ
ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ
ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ
ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Monday, 14 April, 2025) ਪਟਿਆਲਾ ਸੋਮਵਾਰ, 14 ਅਪ੍ਰੈਲ, 2025, 2 ਵੈਸਾਖ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 102 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com

## ਪੰਜਾਬ 'ਚ ਅੱਜ ਰਹੇਗੀ ਸਰਕਾਰੀ ਛੁੱਟੀ

ਚੰਡੀਗੜ੍ਹ, 13 ਅਪ੍ਰੈਲ (ਚੜ੍ਹਦੀਕਲਾ ਬਿਊਰੋ): ਪੰਜਾਬ ਵਿਚ ਅੱਜ ਯਾਨੀ ਕਿ ਸੋਮਵਾਰ ਨੂੰ ਸਰਕਾਰੀ ਛੁੱਟੀ ਰਹੇਗੀ, ਜਿਸ ਕਰਕੇ ਸਕੂਲ, ਕਾਲਜ ਸਮੇਤ ਸਰਕਾਰੀ ਦਫ਼ਤਰ ਬੰਦ ਰਹਿਣਗੇ। ਦਰਅਸਲ ਪੰਜਾਬ ਸਰਕਾਰ ਵੱਲੋਂ 14 ਅਪ੍ਰੈਲ ਦਿਨ ਸੋਮਵਾਰ ਨੂੰ ਜਨਤਕ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਇਹ ਛੁੱਟੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੀ ਜਯੰਤੀ ਨੂੰ ਲੈ ਕੇ ਕੀਤੀ ਗਈ ਹੈ। ਇਸ ਸਬੰਧੀ ਸੂਬਾ ਸਰਕਾਰ ਵੱਲੋਂ ਇਕ ਪੱਤਰ ਵੀ ਜਾਰੀ ਕੀਤਾ (ਬਾਕੀ ਸਫਾ 2 'ਤੇ)

ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਵਸ ਪੰਥਕ ਰਵਾਇਤਾਂ ਅਨੁਸਾਰ ਮਨਾਇਆ

## ਸਿੱਖ ਕੌਮ ਮਤਭੇਦ ਭੁਲਾ ਕੇ ਕੌਮੀ ਹਿੱਤਾਂ ਲਈ ਇੱਕਜੁੱਟ ਹੋਵੇ: ਜਥੇ. ਗਿ. ਕੁਲਦੀਪ ਸਿੰਘ ਗੜਗੱਜ



ਤਰਲੋਚਨ ਸਿੰਘ

ਸ੍ਰੀ ਅਨੰਦਪੁਰ ਸਾਹਿਬ, 13 ਅਪ੍ਰੈਲ: ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਅੱਜ ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਪੰਥਕ ਰਵਾਇਤਾਂ ਅਨੁਸਾਰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਨੇ ਤਖ਼ਤ ਸਾਹਿਬ 'ਤੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਗੁਰਮਤਿ ਸਮਾਗਮ ਦੌਰਾਨ ਪੰਥ ਪ੍ਰਸਿੱਧ ਰਾਗੀ, ਕਥਾਵਾਚਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਅਤੇ ਇਤਿਹਾਸ ਨਾਲ ਜੋੜਿਆ। ਇਸੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸਾਬਕਾ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਤਖ਼ਤ ਸਾਹਿਬ ਦੇ ਸਮੂਹ ਵਿੱਚ ਪੰਜ ਪਿਆਰੇ ਸਹਿਬਾਨ ਅਤੇ ਮਾਤਾ ਸਾਹਿਬ ਕੌਰ ਜੀ ਨੂੰ ਸਮਰਪਿਤ ਬੁੰਗਿਆਂ ਦਾ ਉਦਘਾਟਨ ਕੀਤਾ।

ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ (ਬਾਕੀ ਸਫਾ 2 'ਤੇ)

ਬੰਬਾਂ ਵਾਲੇ ਬਿਆਨ ਦਾ ਮਾਮਲਾ

# ਬਾਜਵਾ ਅਤੇ ਉਸ ਦੇ ਪਾਕਿਸਤਾਨੀ ਦੋਸਤ ਪੰਜਾਬ ਦੀ ਸ਼ਾਂਤੀ ਤੇ ਤਰੱਕੀ ਵਿੱਚ ਰੋੜਾ ਅਟਕਾਉਣਾ ਚਾਹੁੰਦੇ ਨੇ: ਮਾਨ

## 'ਬਾਜਵਾ ਆਪਣਾ ਦਾਅਵਾ ਸਾਬਤ ਕਰੇ ਜਾਂ ਕਾਰਵਾਈ ਲਈ ਤਿਆਰ ਰਹੇ'

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 13 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਦੇ ਸੂਬੇ ਵਿੱਚ 50 ਬੰਬ ਸਮਗਲ ਹੋਣ ਦੇ ਬਿਆਨ ਪਿੱਛੇ ਉਨ੍ਹਾਂ ਦੇ ਪਾਕਿਸਤਾਨ ਵਿੱਚ ਸਰਗਰਮ ਪੰਜਾਬ ਵਿਰੋਧੀ ਤਾਕਤਾਂ ਨਾਲ ਗੂੜ੍ਹੇ ਪਰਿਵਾਰਕ ਸਬੰਧ ਹਨ ਕਿਉਂਕਿ ਖੁਫੀਆ ਏਜੰਸੀਆਂ ਕੋਲ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ। ਇੱਕ ਬਿਆਨ



ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਭ ਨੂੰ ਪਤਾ ਹੈ ਕਿ ਬਾਜਵਾ ਪਰਿਵਾਰ ਦੇ ਦਹਾਕਿਆਂ ਤੋਂ ਪਾਕਿਸਤਾਨ ਵਿੱਚ ਸਰਗਰਮ ਪੰਜਾਬ ਵਿਰੋਧੀ ਤਾਕਤਾਂ ਨਾਲ ਗੂੜ੍ਹੇ ਸਬੰਧ ਰਹੇ ਹਨ, ਜਿਸ ਕਾਰਨ ਉਨ੍ਹਾਂ ਨੂੰ ਅਜਿਹੀਆਂ ਤਰਕਹੀਣ ਅਤੇ ਬੇਬੁਨਿਆਦ ਜਾਣਕਾਰੀਆਂ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਕਿ ਖੁਫੀਆ ਏਜੰਸੀਆਂ ਕੋਲ ਅਜਿਹੀ ਕੋਈ ਜਾਣਕਾਰੀ ਨਹੀਂ ਹੈ, ਸਰਹੱਦ ਪਾਰ ਬੈਠੇ ਬਾਜਵਾ ਦੇ ਦੋਸਤ ਨੇ ਉਨ੍ਹਾਂ ਨੂੰ ਸੂਬੇ ਵਿੱਚ ਸ਼ਾਂਤੀ ਭੰਗ ਕਰਨ ਦੀਆਂ ਆਪਣੀਆਂ (ਬਾਕੀ ਸਫਾ 2 'ਤੇ)

## ਪੁਲਿਸ ਵੱਲੋਂ ਬਾਜਵਾ ਤੋਂ ਚੰਡੀਗੜ੍ਹ ਵਿਚਲੀ ਰਿਹਾਇਸ਼ 'ਤੇ ਪੁੱਛ-ਗਿੱਛ

ਚੰਡੀਗੜ੍ਹ, 13 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਲੰਘੇ ਦਿਨ ਨਿੱਜੀ ਚੈਨਲ ਉੱਤੇ ਬੰਬ ਬਾਰੇ ਦਿੱਤੇ ਬਿਆਨ ਤੋਂ ਬਾਅਦ ਅੱਜ ਪੰਜਾਬ ਪੁਲਿਸ ਦੇ ਦੋ ਅਧਿਕਾਰੀਆਂ ਨੇ ਬਾਜਵਾ ਤੋਂ ਉਨ੍ਹਾਂ ਦੀ ਚੰਡੀਗੜ੍ਹ ਸਥਿਤ ਰਿਹਾਇਸ਼ ਵਿਚ ਪੁੱਛ ਪੜਤਾਲ ਕੀਤੀ। ਇਨ੍ਹਾਂ ਪੁਲਿਸ ਅਧਿਕਾਰੀਆਂ ਨੇ ਬਾਜਵਾ ਤੋਂ ਬੰਬ ਵਾਲੇ ਬਿਆਨ ਬਾਰੇ ਸਵਾਲ ਜਵਾਬ ਕੀਤੇ ਅਤੇ ਸੂਤਰਾਂ ਬਾਰੇ ਜਾਣਕਾਰੀ ਮੰਗੀ ਹੈ। ਦੋਵੇਂ ਪੁਲਿਸ ਅਧਿਕਾਰੀ ਕੁਝ ਸਮਾਂ ਪੁੱਛ-ਪੜਤਾਲ ਕਰਨ ਤੋਂ ਬਾਅਦ ਚਲੇ ਗਏ। ਪ੍ਰਤਾਪ ਸਿੰਘ ਬਾਜਵਾ ਨੇ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ (ਬਾਕੀ ਸਫਾ 2 'ਤੇ)

## ਮੁੱਖ ਮੰਤਰੀ ਨੇ ਪਰਿਵਾਰ ਸਮੇਤ ਵਿਸਾਖੀ ਮੌਕੇ ਗੁ. ਦੂਖ ਨਿਵਾਰਨ ਸਾਹਿਬ ਵਿਖੇ ਮੱਥਾ ਟੇਕਿਆ



ਗੁਰਮੁੱਖ ਰੁਪਾਣਾ

ਪਟਿਆਲਾ, 13 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਦੁਨੀਆਂ ਭਰ ਦੇ ਪੰਜਾਬੀਆਂ ਨੂੰ ਪੰਜਾਬ, ਪੰਜਾਬੀਅਤ ਅਤੇ ਅਨੇਕਤਾ ਵਿੱਚ ਏਕਤਾ ਦੇ ਪ੍ਰਤੀਕ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਮੌਕੇ 'ਤੇ ਵਧਾਈ ਦਿੱਤੀ। ਇੱਥੇ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਵਿਖੇ ਅਕੀਦਤ ਭੇਟ ਕਰਨ ਪੁੱਜੇ ਮੁੱਖ ਮੰਤਰੀ ਨੇ ਸੂਬੇ ਦੇ ਲੋਕਾਂ ਦੀ ਪੂਰੀ ਨਿਮਰਤਾ ਅਤੇ ਸਮਰਪਣ ਭਾਵਨਾ ਨਾਲ ਸੇਵਾ ਕਰਨ ਲਈ ਪਰਮਾਤਮਾ ਤੋਂ ਆਸ਼ੀਰਵਾਦ ਮੰਗਿਆ। ਉਨ੍ਹਾਂ ਨੇ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਕੀਤੀ ਅਤੇ ਜਾਤ, ਰੰਗ, ਨਸਲ ਤੇ ਧਰਮ ਦੇ ਵਿਤਕਰੇ ਤੋਂ ਬਿਨਾਂ ਸੂਬੇ ਦੇ ਲੋਕਾਂ ਦੀ ਸੇਵਾ ਕਰਨ ਦੀ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਈ ਤਾਂ ਜੋ ਇੱਕ ਸਦਭਾਵਨਾ ਵਾਲਾ ਸਮਾਜ ਸਿਰਜਿਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਪਰਮਾਤਮਾ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਇਮਾਨਦਾਰੀ, ਸਮਰਪਣ ਅਤੇ ਵਚਨਬੱਧਤਾ ਨਾਲ ਸੇਵਾ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਵਿਸਾਖੀ ਦੇ ਪਵਿੱਤਰ ਮੌਕੇ 'ਤੇ ਮੁੱਖ ਮੰਤਰੀ ਨੇ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਵੀ ਅਰਦਾਸ ਕੀਤੀ। ਦੁਨੀਆਂ ਭਰ ਦੇ ਪੰਜਾਬੀਆਂ ਨੂੰ ਵਧਾਈ ਦਿੰਦੇ ਹੋਏ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਇਸ ਦਿਨ ਦੀ ਅਮੀਰ ਸ਼ਾਨਦਾਰ ਅਤੇ ਸੱਭਿਆਚਾਰਕ ਵਿਰਾਸਤ ਬਾਰੇ ਯਾਦ ਦਿਵਾਇਆ ਅਤੇ ਕਿਹਾ ਕਿ 1699 ਵਿੱਚ ਇਸ ਪਵਿੱਤਰ ਦਿਨ ਦਸਵੀਂ ਪਾਤਸ਼ਾਹੀ ਸ੍ਰੀ (ਬਾਕੀ ਸਫਾ 2 'ਤੇ)

## ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਟੇਕਿਆ ਮੱਥਾ




ਤਰਲੋਚਨ ਸਿੰਘ

ਸ੍ਰੀ ਅਨੰਦਪੁਰ ਸਾਹਿਬ, 13 ਅਪ੍ਰੈਲ : ਖ਼ਾਲਸਾ ਪੰਥ ਦੇ ਸਥਾਪਨਾ ਦਿਵਸ ਦੇ ਪਵਿੱਤਰ ਮੌਕੇ 'ਤੇ ਅੱਜ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸੈਣੀ ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਪਹੁੰਚੇ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਅਜੈਵੀਰ ਸਿੰਘ ਲਾਲਪੁਰਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਮੁੱਖ ਮੰਤਰੀ ਦਾ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ 'ਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸ੍ਰੀ ਸੈਣੀ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ ਅਤੇ ਦੇਸ਼, ਸਮਾਜ ਅਤੇ ਸੂਬੇ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਨੰਦਪੁਰ ਸਾਹਿਬ ਆ ਕੇ ਉਨ੍ਹਾਂ ਨੂੰ ਆਤਮਿਕ ਸ਼ਾਂਤੀ ਦੀ ਪ੍ਰਾਪਤੀ ਹੋਈ ਹੈ। ਇਹ ਧਰਤੀ ਸਿੱਖ ਇਤਿਹਾਸ ਦਾ ਕੇਂਦਰ ਹੈ ਅਤੇ ਪੂਰੇ ਭਾਰਤ ਲਈ ਪ੍ਰੇਰਣਾ ਦਾ ਸਰੋਤ ਹੈ। ਸ੍ਰੀ ਸੈਣੀ ਨੇ 1699 ਵਿਚ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖ਼ਾਲਸਾ ਪੰਥ ਦੀ ਸਥਾਪਨਾ ਨੂੰ ਨਾ ਸਿਰਫ (ਬਾਕੀ ਸਫਾ 2 'ਤੇ)

## ਸੈਣੀ ਵੱਲੋਂ ਜਥੇ. ਗੜਗੱਜ ਨਾਲ ਮੁਲਾਕਾਤ

ਅੰਮ੍ਰਿਤਸਰ, 13 ਅਪ੍ਰੈਲ (ਬਬਲੂ ਮਹਾਜਨ): ਅੱਜ ਖ਼ਾਲਸਾ ਸਾਜਣਾ ਦਿਵਸ ਅਤੇ ਵਿਸਾਖੀ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਉਨ੍ਹਾਂ ਦੇ ਰਿਹਾਇਸ਼ ਦਫ਼ਤਰ ਪੁੱਜ ਕੇ ਮੁਲਾਕਾਤ ਕੀਤੀ। ਜਥੇਦਾਰ ਗੜਗੱਜ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਲ ਸੂਬੇ ਵਿੱਚ ਵੱਸਦੇ ਸਿੱਖਾਂ ਦੇ ਮਸਲੇ ਹੱਲ ਕਰਨ ਸਬੰਧੀ ਚੰਗੇ ਮਾਹੌਲ ਵਿੱਚ ਵਿਚਾਰ ਚਰਚਾ ਕੀਤੀ। ਜਥੇਦਾਰ ਗੜਗੱਜ ਨੇ ਮੁੱਖ ਮੰਤਰੀ ਸੈਣੀ ਨੂੰ ਲੋਈ, ਸਿੱਖ ਸਾਹਿਤ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ (ਬਾਕੀ ਸਫਾ 2 'ਤੇ)



# ਵਿਸਾਖੀ ਦੇ ਸ਼ੁੱਭ ਦਿਹਾੜੇ ਮੌਕੇ ਹਰਜੋਤ ਸਿੰਘ ਬੈਂਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ

## ਖ਼ਾਲਸਾ ਸਿਰਜਣਾ ਦਿਵਸ ਦੀਆਂ ਸਮੁੱਚੇ ਲੋਕਾਈ ਨੂੰ ਵਧਾਈ : ਕੈਬਨਿਟ ਮੰਤਰੀ

ਸ੍ਰੀ ਅਨੰਦਪੁਰ ਸਾਹਿਬ 13 ਅਪ੍ਰੈਲ (ਤਰਲੋਚਨ ਸਿੰਘ) : ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ, ਭਾਸ਼ਾ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਸਮੁੱਚੀ ਲੋਕਾਈ ਨੂੰ ਖ਼ਾਲਸਾ ਸਿਰਜਣਾ ਦਿਵਸ ਦੀ ਵਧਾਈ ਦਿੱਤੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਅਸੀ ਬਹੁਤ ਭਾਗਾਂ ਵਾਲੇ ਹਾਂ ਜਿਨ੍ਹਾਂ ਨੂੰ ਸਰਬੰਸ ਦਾਨੀ ਸਾਹਿਬ ਏ ਕਮਾਲ ਦਸ਼ਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਦੀ ਸੇਵਾ ਦਾ ਮੌਕਾ ਮਿਲਿਆ ਹੈ। ਜਿੱਥੇ ਗੁਰੂ ਸਾਹਿਬ ਨੇ ਆਪਣੇ ਜੀਵਨ ਦਾ ਸਭ ਤੋਂ ਵੱਧ ਸਮਾਂ ਬਤੀਤ ਕੀਤਾ ਹੈ ਅਤੇ 1699 ਨੂੰ ਵਿਸਾਖੀ ਵਾਲੇ ਦਿਨ ਖਾਲਸਾ ਪੰਥ ਦੀ ਸਿਰਜਣ ਕੀਤੀ ਹੈ।

ਅੱਜ ਵਿਸਾਖੀ ਦੇ ਤਿਉਹਾਰ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਪਹੁੰਚੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਵਿਸਾਖੀ ਬਰਕਤਾਂ ਵਾਲਾ ਤਿਉਹਾਰ ਹੈ, ਹਰ ਦੇਸ਼ ਵਾਸੀ ਇਸ ਨੂੰ ਬਹੁਤ ਸ਼ੁਭ ਦਿਹਾੜਾ ਮੰਨਦਾ ਹੈ। ਅਸੀ ਅੱਜ ਦੇ ਦਿਨ ਗੁਰੂ ਘਰਾਂ ਵਿੱਚ ਨਤਮਸਤਕ ਹੋ ਕੇ ਅਸ਼ੀਰਵਾਦ ਲੈਂਦੇ ਹਾਂ। ਉਨ੍ਹਾਂ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਸੁਸ਼ੋਭਿਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸਾਡਾ ਸਾਰਿਆਂ ਦਾ ਘਰ ਹੈ ਤੇ ਅਸੀ ਸਾਰੇ ਗੁਰੂ ਸਹਿਬਾਨ ਦੇ ਧੀਆਂ ਪੁੱਤਰ ਹਾਂ। ਮੈਂ ਆਪਣੇ ਆਪ ਨੂੰ ਖੁਸ਼ਕਿਸਮਤ ਸਮਝਦਾਂ ਹਾਂ, ਜਿਸ ਨੂੰ ਗੁਰੂ ਨਗਰੀ ਦੀ ਸੇਵਾ ਦਾ ਮੌਕਾ ਮਿਲਿਆ ਹੈ। ਇਹ ਸਮੁੱਚਾ ਇਲਾਕਾ ਇੱਥੋਂ ਦੇ ਹਰ ਕਣ ਕਣ ਵਿੱਚ ਧਰਮ ਦਾ ਵਾਸ ਹੈ। ਉਨ੍ਹਾਂ ਨੇ ਸਮੁੱਚੀ ਸੰਗਤ ਨੂੰ ਵਿਸਾਖੀ ਦੇ ਦਿਹਾੜੇ ਦੀ ਵਧਾਈ ਦਿੱਤੀ ਅਤੇ ਵੱਖ ਵੱਖ ਲੰਗਰਾਂ ਵਿਚ ਜਾ ਕੇ ਲੰਗਰ ਵਰਤਾਇਆ ਤੇ ਸੇਵਾ ਕੀਤੀ।

ਮੀਡੀਆ ਨਾਲ ਗੱਲਬਾਤ ਕਰਦੇ ਹੋਏ ਬੈਂਸ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਲਗਾਤਾਰ ਜਾਰੀ ਰਹੇਗੀ। ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਦਾ ਤਹੱਈਆ ਕੀਤਾ ਹੈ, ਹੁਣ ਵੱਡੇ ਮਗਰਮੱਛਾ ਨੂੰ ਕਾਬੂ ਕਰਕੇ ਜੇਲ੍ਹਾਂ



ਵਿਚ ਡੱਕਿਆ ਜਾਵੇਗਾ। ਸਿੱਖਿਆ ਕ੍ਰਾਂਤੀ ਨਾਲ ਪੰਜਾਬ ਦੀ ਬਦਲ ਰਹੀ ਨੁਹਾਰ ਬਾਰੇ ਬੈਂਸ ਨੇ ਕਿਹਾ ਕਿ 14 ਅਪ੍ਰੈਲ ਨੂੰ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਸੰਵਿਧਾਨ ਨਿਰਮਾਤਾ ਦੇ ਜਨਮ ਦਿਹਾੜੇ ਮੌਕੇ ਨੰਗਲ ਦੇ ਸਕੂਲ ਆਫ਼ ਐਮੀਨੈਂਸ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ ਹੋਵੇਗਾ। ਸਕੂਲਾਂ ਦੀ ਬਦਲਦੀ ਤਸਵੀਰ ਅੱਜ ਸਾਰੇ ਪੰਜਾਬ ਵਿੱਚ ਨਜ਼ਰ ਆ ਰਹੀ ਹੈ।

ਇਸ ਮੌਕੇ ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੂਰਵੇਦਿਕ ਯੂਨੀਵਰਸਿਟੀ,ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਸ਼ੰਮੀ ਬਰਾਰੀ ਯੂਥ ਆਗੂ, ਜਸਪਾਲ ਸਿੰਘ ਢਾਹੇ ਬਲਾਕ ਪ੍ਰਧਾਨ, ਜਗਜੀਤ ਸਿੰਘ ਜੱਗੀ ਠੇਕੇਦਾਰ, ਕੁਲਦੀਪ ਸਿੰਘ, ਦਲਜੀਤ ਸਿੰਘ ਕਾਕਾ ਨਾਨਗਰਾਂ ਮੌਜੂਦ ਸਨ।

# ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿਖੇ ਹਿੰਸਾ: ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ

## ਦੋਸ਼ੀਆਂ ਨੂੰ ਹਸਪਤਾਲ ਦੀ ਜਾਇਦਾਦ ਨੂੰ ਹੋਏ ਨੁਕਸਾਨ ਦਾ 10 ਗੁਣਾ ਭੁਗਤਾਨ ਕਰਨਾ ਪਵੇਗਾ: ਡੀ.ਸੀ.

ਗੁਰਦਾਸਪੁਰ, 13 ਅਪ੍ਰੈਲ, (ਚ.ਨ.ਸ.) : ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਵਿਖੇ ਬੀਤੀ ਰਾਤ ਹੋਈ ਹਿੰਸਾ ਵਿੱਚ ਤੁਰੰਤ ਕਾਰਵਾਈ ਕਰਦੇ ਹੋਏ, ਦੋਵਾਂ ਧਿਰਾਂ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ, ਆਈਏਐਸ, ਐਸਐਸਪੀ ਗੁਰਦਾਸਪੁਰ ਸ੍ਰੀ ਅਦਿੱਤਿਆ, ਆਈਪੀਐਸ ਅਤੇ ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਨੇ ਅੱਜ ਜ਼ਿਲ੍ਹਾ ਹਸਪਤਾਲ ਦਾ ਦੌਰਾ ਕੀਤਾ ਅਤੇ ਸਾਰੀ ਸਥਿਤੀ ਦਾ ਜਾਇਜ਼ਾ ਲਿਆ।



ਇਸ ਘਟਨਾ ਦਾ ਸਖ਼ਤ ਨੋਟਿਸ ਲੈਂਦਿਆਂ, ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਸਪਤਾਲ ਇੱਕ ਸ਼ਾਂਤਮਈ ਸਥਾਨ ਹੈ ਅਤੇ ਹਸਪਤਾਲ ਦੇ ਅਹਾਤੇ ਵਿੱਚ ਕਿਸੇ ਵੀ ਤਰ੍ਹਾਂ ਦੀ ਹਿੰਸਾ, ਝੜਪਾਂ, ਝਗੜੇ ਜਾਂ ਭੰਨਤੋੜ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਮੈਡੀਕਲ ਕਰਮਚਾਰੀ ਵਿਰੁੱਧ ਹਿੰਸਾ ਅਤੇ ਹਸਪਤਾਲ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣਾ ਇੱਕ ਗੈਰ-ਜ਼ਮਾਨਤੀ ਅਪਰਾਧ ਹੈ ਅਤੇ ਹਸਪਤਾਲ ਦੇ ਪ੍ਰੋਟੋਕੋਲ ਦੀ ਉਲੰਘਣਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ।

ਇਸ ਦੌਰਾਨ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿਖੇ ਝੜਪ ਕਰਨ ਵਾਲੇ ਵਿਅਕਤੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਾਰੇ ਦੋਸ਼ੀਆਂ ਵਿਰੁੱਧ ਕੇਸ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਹਸਪਤਾਲ ਨੂੰ ਹੋਏ ਸਾਰੇ ਨੁਕਸਾਨ ਦਾ 10 ਗੁਣਾ ਭੁਗਤਾਨ ਕਰਨਾ ਪਵੇਗਾ। ਇਸ ਮੌਕੇ ਉਨ੍ਹਾਂ ਹਸਪਤਾਲ ਦੇ ਡਾਕਟਰਾਂ ਅਤੇ ਸਿਹਤ ਸਟਾਫ਼ ਤੋਂ ਘਟਨਾ ਬਾਰੇ ਸਾਰੀ ਜਾਣਕਾਰੀ ਲਈ ਅਤੇ ਹਸਪਤਾਲ ਦੀ ਸੁਰੱਖਿਆ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਐਸਐਸਪੀ ਗੁਰਦਾਸਪੁਰ ਸ੍ਰੀ ਆਦਿੱਤਿਆ ਨੇ ਕਿਹਾ ਕਿ ਹਸਪਤਾਲ ਵਿੱਚ ਹੋਈ ਝੜਪ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਮੁਲਜ਼ਮਾਂ ਖ਼ਿਲਾਫ਼ ਪੰਜਾਬ ਪ੍ਰੋਟੈਕਸ਼ਨ ਆਫ਼ ਮੈਡੀਕੇਅਰ ਸਰਵਿਸ ਪਰਸਨਜ਼ ਐਂਡ ਮੈਡੀਕੇਅਰ ਸਰਵਿਸ ਇੰਸਟੀਚਿਊਸ਼ਨਜ਼ (ਪ੍ਰੀਵੈਂਸ਼ਨ ਆਫ਼ ਵਾਇਲੈਂਸ ਐਂਡ ਡੈਮੇਜ ਟੂ ਪ੍ਰਾਪਰਟੀ) ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਝਗੜਾ ਦੋ ਧਿਰਾਂ ਵਿਚਕਾਰ ਹੋਇਆ ਸੀ ਅਤੇ ਝੜਪ ਦੌਰਾਨ ਕਿਸੇ ਵੀ ਡਾਕਟਰ ਜਾਂ ਸਟਾਫ਼ ਨੂੰ ਨੁਕਸਾਨ ਨਹੀਂ ਪਹੁੰਚਿਆ। ਉਨ੍ਹਾਂ ਕਿਹਾ ਕਿ ਝਗੜੇ ਦੌਰਾਨ ਹਸਪਤਾਲ ਦਾ ਜੋ ਨੁਕਸਾਨ ਹੋਇਆ ਹੈ ਉਸ ਸਬੰਧੀ ਧਰਾਵਾਂ ਵੀ ਲਗਾਈਆਂ ਗਈਆਂ। ਉਨ੍ਹਾਂ ਕਿਹਾ ਕਿ ਸਾਰੇ ਮੁਲਜ਼ਮਾਂ ਨੂੰ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਹਸਪਤਾਲਾਂ ਵਿੱਚ ਹੰਗਾਮਾ ਨਹੀਂ ਕਰਨ ਦਿੱਤਾ ਜਾਵੇਗਾ।

ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਨੇ ਕਿਹਾ ਕਿ ਇਹ ਘਟਨਾ ਕੱਲ੍ਹ ਰਾਤ ਵਾਪਰੀ ਜਦੋਂ ਝਗੜੇ ਵਿੱਚ ਸ਼ਾਮਲ ਇੱਕ ਧਿਰ ਇਲਾਜ ਲਈ ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਪਹੁੰਚੀ ਸੀ ਤਾਂ ਇਸੇ ਦੌਰਾਨ ਦੂਜੀ ਧਿਰ ਦੇ ਲੋਕ ਹਸਪਤਾਲ ਵਿੱਚ ਆ ਕੇ ਝਗੜਾ ਕਰਨ ਲੱਗ ਪਏ। ਇਸ ਦੌਰਾਨ ਹਸਪਤਾਲ ਦਾ ਵੀ ਨੁਕਸਾਨ ਹੋਇਆ ਹੈ।

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਕਰਵਾਇਆ ਕੀਰਤਨ ਸਮਾਗਮ



ਅੰਮ੍ਰਿਤਸਰ, 13 ਅਪ੍ਰੈਲ, (ਬਬਲੂ ਮਹਾਜਨ) : ਅਖੰਡ ਕੀਰਤਨੀ ਜਥੇ ਵੱਲੋ ਸ਼ਹੀਦ ਭਾਈ ਫ਼ੌਜਾ ਸਿੰਘ ਜੀ ਦੀ ਅਗਵਾਈ ਹੇਠ 13 ਅਪ੍ਰੈਲ 1978 ਨੂੰ ਸ਼ਬਦ ਗੁਰੂ ਤੋਂ ਵਾਰਨੇ-ਬਲਿਹਾਰਨੇ ਹੋ, ਸ਼ਹਾਦਤ ਦਾ ਜਾਮ ਪੀਣ ਵਾਲੇ ਸ਼ਹੀਦ ਸਿੰਘਾਂ ਦੀ ਸ਼ਹਾਦਤ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਕੀਰਤਨ ਸਮਾਗਮ ਦਾ ਆਯੋਜਨ ਗੁਰਦੁਆਰਾ ਕੌਲਸਰ ਵਿਖੇ ਕੀਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਦੇ ਸੰਗਤਾਂ ਨੇ ਹਾਜੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਇਸ ਮੌਕੇ ਅਖੰਡ ਕੀਰਤਨੀ ਜਥੇ ਵੱਲੋਂ13 ਅਪ੍ਰੈਲ 1978 ਨੂੰ ਸ਼ਬਦ ਗੁਰੂ ਤੋਂ ਵਾਰਨੇ-ਬਲਿਹਾਰਨੇ ਹੋ, ਸ਼ਹਾਦਤ ਦਾ ਜਾਮ ਪੀਣ ਵਾਲੇ ਸ਼ਹੀਦ ਸਿੰਘਾਂ ਦੀ ਸ਼ਹਾਦਤ ਦੇ ਸਬੰਧ ਤੇ ਵੀਡੀਓ ਰਾਹੀਂ ਸੰਗਤਾਂ ਨੂੰ ਹਾਂ ਜਾਨੂ ਕਰਵਾਇਆ ਇਸ ਮੌਕੇ ਭਾਈ ਬਖਸ਼ੀਸ਼ ਸਿੰਘ ਜੀ, ਭਾਈ ਅਵਤਾਰ ਸਿੰਘ ਮੱਲੀਆਂ ਭਾਈ ਭਾਈ ਭਗਵੰਤ ਸਿੰਘ ਮਨਜੀਤ ਸਿੰਘ ਜਸਵਿੰਦਰ ਸਿੰਘ ਭ ਭਾਈ ਮਲਕੀਤ ਸਿੰਘ ਯੂਐਸਏ ਭਾਈ ਪ੍ਰਨਾਮ ਸਿੰਘ ਭਾਈ ਚਰਨਜੀਤ ਸਿੰਘ ਜੀ ਭਾਈ ਹਰਦਿਆਲ ਸਿੰਘ ਦਲਵਿੰਦਰ ਸਿੰਘ ਯੂਐਸਏ ਸਮੇਤ ਵੱਡੀ ਗਿਣਤੀ ਦੇ ਸੰਗਤਾਂ ਹਾਜ਼ਰ ਸਨ।

## ਪੰਜਾਬ 'ਚ ਅੱਜ ਰਹੇਗੀ ਸਰਕਾਰੀ ਛੁੱਟੀ

ਗਿਆ ਹੈ। 14 ਅਪ੍ਰੈਲ ਨੂੰ ਪੰਜਾਬ ਦੇ ਸਾਰੇ ਸਕੂਲ, ਕਾਲਜ, ਸਰਕਾਰੀ ਦਫ਼ਤਰ, ਬੋਰਡ ਅਤੇ ਕਾਰਪੋਰੇਸ਼ਨ ਬੰਦ ਰਹਿਣਗੇ। ਦੱਸਣਯੋਗ ਹੈ ਕਿ 14 ਅਪ੍ਰੈਲ ਨੂੰ ਪੰਜਾਬ ਸਰਕਾਰ ਨੇ ਡਾ. ਬੀ.ਆਰ.ਅੰਬੇਡਕਰ ਦੀ ਜਯੰਤੀ ਦੇ ਮੌਕੇ 'ਤੇ ਗਜ਼ਟਿਡ ਛੁੱਟੀ ਦਾ ਐਲਾਨ ਕੀਤਾ ਗਿਆ ਹੈ, ਜਿਸ ਨੂੰ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ 1881 ਦੀ ਧਾਰਾ 25 ਦੇ ਤਹਿਤ ਜਨਤਕ ਛੁੱਟੀ ਵਜੋਂ ਐਲਾਨਿਆ ਗਿਆ ਹੈ। ਇਸ ਦੀ ਕਾਪੀ ਪੰਜਾਬ ਦੇ ਸਾਰੇ ਵਿਸ਼ੇਸ਼ ਮੁੱਖ ਸਕੱਤਰਾਂ, ਵਧੀਕ ਮੁੱਖ ਸਕੱਤਰਾਂ, ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜੀ ਗਈ ਹੈ।

## ਸਿੱਖ ਕੌਮ ਮਤਭੇਦ ਭੁਲਾ ਕੇ ਕੌਮੀ ਹਿੱਤਾਂ ਲਈ ਇੱਕਜੁੱਟ ਹੋਵੇ: ਜਥੇ. ਗਿ. ਕੁਲਦੀਪ ਸਿੰਘ ਗੜਗੱਜ

ਸਮੁੱਚੇ ਸਿੱਖ ਜਗਤ ਨੂੰ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਆਪਣੇ ਸੰਬੋਧਨ ਵਿੱਚ ਸਿੱਖਾਂ ਨੂੰ ਮਤਭੇਦ ਭੁਲਾ ਕੇ ਕੌਮੀ ਹਿੱਤਾਂ ਲਈ ਇੱਕਜੁੱਟ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਦਸ਼ਮੇਸ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਨੂੰ ਅੱਜ ਦੇ ਦਿਨ ਇੱਕੋ ਬਾਟੇ ਵਿੱਚ ਖੰਡੇ ਦੀ ਪਹੁਲ ਛਕਾ ਕਿ ਇੱਕ ਪਰਿਵਾਰ ਬਣਾਇਆ ਸੀ ਅਤੇ ਇਸੇ ਸਿਧਾਂਤ ਅਨੁਸਾਰ ਸਾਨੂੰ ਪੰਥਕ ਇੱਕਜੁੱਟਤਾ ਦੀ ਲੋੜ ਹੈ। ਸਮਾਜ ਅੰਦਰ ਵਧ ਰਹੇ ਪਤਿਤਪੁਣੇ ਅਤੇ ਨਸ਼ਿਆਂ ਬਾਰੇ ਗੱਲ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਪ੍ਰੇਰਣਾ ਕੀਤੀ ਕਿ ਗੁਰੂ ਸਾਹਿਬ ਨੇ ਸਾਨੂੰ ਬਾਕੀਆਂ ਤੋਂ ਵਿਲੱਖਣ ਪਛਾਣ ਦਿੱਤੀ ਹੈ ਪਰੰਤੂ ਅੱਜ ਸਾਡੇ ਕਈ ਨੌਜਵਾਨ ਆਪਣੇ ਕੇਸ ਕਤਲ ਕਰਵਾ ਕੇ ਪਤਿਤਪੁਣੇ ਦਾ ਸ਼ਿਕਾਰ ਹੋ ਰਹੇ ਹਨ। ਪਤਿਤਪੁਣੇ ਦੇ ਨਾਲ ਹੋਰ ਵੀ ਕੁਰੀਤੀਆਂ ਜੁੜ ਜਾਂਦੀਆਂ ਹਨ ਅਤੇ ਕਈ ਨੌਜਵਾਨ ਨਸ਼ਿਆਂ ਦੇ ਰਸਤੇ ਵੀ ਤੁਰ ਪੈਂਦੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਨਸ਼ਾ ਪੂਰੇ ਸੰਸਾਰ ਦੀ ਸਮੱਸਿਆ ਹੈ ਪਰ ਸਾਨੂੰ ਗੁਰੂ ਸਾਹਿਬ ਨੇ ਖ਼ਾਸਕਰਕੇ ਇਸ ਤੋਂ ਦੂਰ ਰਹਿਣ ਦੀ ਹਿਦਾਇਤ ਕੀਤਾ ਹੈ। ਉਨ੍ਹਾਂ ਕਿਹਾ ਕਿ ਕੇਸ ਗੁਰੂ ਦੀ ਮੋਹਰ ਹਨ ਇਸ ਲਈ ਇਨ੍ਹਾਂ ਦੀ ਸੰਭਾਲ ਕਰਕੇ ਸਾਬਤ ਸੂਰਤ ਸਿੱਖ ਪਛਾਣ ਨੂੰ ਕਾਇਮ ਰੱਖਣਾ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਸਿੱਖ ਨੇ ਨਸ਼ਾ ਕੇਵਲ ਭੋਜਨ ਅਤੇ ਗੁਰਬਾਣੀ ਦਾ ਹੀ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਖਿਲਾਫ਼ ਪਿਛਲੇ ਸਮੇਂ ਇਹ ਗਲਤ ਬਿਰਤਾਂਤ ਸਿਰਜਿਆ ਗਿਆ ਹੈ ਕਿ ਇਹ ਉੱਡਦਾ ਪੰਜਾਬ ਹੈ ਜਦਕਿ ਸੂਬੇ ਦੇ ਨੌਜਵਾਨ ਅੱਜ ਵੀ ਚੜ੍ਹਦੀ ਕਲਾ ਵਿੱਚ ਹਨ ਅਤੇ ਵੱਡੀਆਂ ਪ੍ਰਾਪਤੀਆਂ ਵੀ ਕਰ ਰਹੇ ਹਨ। ਪੰਥ ਤੇ ਪੰਜਾਬ ਅੱਜ ਵੀ ਚੜ੍ਹਦੀ ਕਲਾ ਵਿੱਚ ਹੈ ਅਤੇ ਅੱਗੇ ਵੀ ਰਹੇਗਾ। ਉਨ੍ਹਾਂ ਸਿੱਖ ਇਤਿਹਾਸ ਅੰਦਰ ਦਰਜ ਕੰਵਰ ਪਿਸ਼ੌਰਾ ਸਿੰਘ ਨਾਲ ਸਬੰਧਤ ਦ੍ਰਿਸ਼ਟਾਂਤ ਸਾਂਝਾ ਕਰਦਿਆਂ ਸਿੱਖਾਂ ਨੂੰ ਖਾਨਾਜੰਗੀ ਤੋਂ ਬਚਣ ਅਤੇ ਆਪਸ ਵਿੱਚ ਵਖਰੇਵੇਂ ਪਾਉਣ ਵਾਲੀਆਂ ਸ਼ਕਤੀਆਂ ਦੀ ਪਛਾਣ ਕਰਨ ਦੀ ਅਪੀਲ ਕੀਤੀ। ਉਨ੍ਹਾਂ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਣਾ ਕੀਤੀ।

ਇਸੇ ਦੌਰਾਨ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਇਹ ਵੀ ਐਲਾਨ ਕੀਤਾ ਕਿ 15 ਅਪ੍ਰੈਲ ਨੂੰ ਭਾਈ ਜੀਵਨ ਸਿੰਘ ਜੀ ਦੇ ਜਨਮ ਅਸਥਾਨ ਪਿੰਡ ਗੱਗੋਮਾਹਲ (ਅੰਮ੍ਰਿਤਸਰ) ਤੋਂ ਸ਼੍ਰੋਮਣੀ

# ਸਫ਼ਾ ਇਕ ਦੀ ਬਾਕੀ

ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਰਾਹੀਂ 'ਖੁਆਰ ਹੋਏ ਸਭ ਮਿਲੇਂਗੇ' ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਰੂਪ ਵਿੱਚ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਇਸ ਲਹਿਰ ਤਹਿਤ ਪੰਜਾਬ ਦੇ ਪਿੰਡ-ਪਿੰਡ ਸ਼ਹਿਰ-ਸ਼ਹਿਰ ਜਾ ਕੇ ਗੁਰੂ ਸਾਹਿਬਾਨ ਦਾ ਸੰਦੇਸ਼ ਅਤੇ ਫ਼ਲਸਫ਼ਾ ਪਹੁੰਚਾਉਣਗੇ। ਉਨ੍ਹਾਂ ਸਮੂਹ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਨੂੰ ਇਸ ਧਰਮ ਪ੍ਰਚਾਰ ਲਹਿਰ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਵੀ ਸਿੱਖ ਜਗਤ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ ਅਤੇ ਸੰਗਤਾਂ ਨੂੰ ਅੰਮ੍ਰਿਤ ਛਕਣ ਲਈ ਪ੍ਰੇਰਿਆ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਜੰਗਜੂ ਕਲਾ ਗਤਕਾ ਅਤੇ ਸੁੰਦਰ ਦਸਤਾਰ ਮੁਕਾਬਲੇ ਵੀ ਕਰਵਾਏ, ਜਿਨ੍ਹਾਂ ਵਿੱਚ ਸ਼ਮੂਲੀਅਤ ਕਰਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਭਾਈ ਅਮਰਜੀਤ ਸਿੰਘ ਚਾਵਲਾ ਨੌਜਵਾਨਾਂ ਦੀ ਹੌਸਲਾ ਅਫਜਾਈ ਕੀਤੀ ਅਤੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਸਵਾਮੀ ਜੀ ਹੁਸ਼ਿਆਰਪੁਰ ਵਾਲੇ, ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣਾ, ਮੈਨੇਜਰ ਸ. ਮਲਕੀਤ ਸਿੰਘ, ਐਕਸੀਅਨ ਸ. ਸੁਖਜਿੰਦਰ ਸਿੰਘ, ਇੰਚਾਰਜ ਸ. ਸਿਮਰਨਜੀਤ ਸਿੰਘ ਕੰਗ, ਵਧੀਕ ਮੈਨੇਜਰ ਸ. ਹਰਦੇਵ ਸਿੰਘ,ਸ. ਕਰਮਜੀਤ ਸਿੰਘ ਤੇ ਸ. ਜਸਵੀਰ ਸਿੰਘ ਮੀਤ ਮੈਨੇਜਰ, ਸੂਚਨਾ ਅਫਸਰ ਹਰਪ੍ਰੀਤ ਸਿੰਘ, ਸੁਖਬੀਰ ਸਿੰਘ ਜਿੰਦਵੜੀ, ਸਤਨਾਮ ਸਿੰਘ ਸੁਪਰਵਾਈਜ਼ਰ,ਅਕਾਊਂਟੈਂਟ ਸ. ਭੁਪਿੰਦਰ ਸਿੰਘ, ਜਥੇਦਾਰ ਰਾਮ ਸਿੰਘ, ਸ. ਜਗਨੰਦਨ ਸਿੰਘ ਆਦਿ ਹਾਜ਼ਰ ਸਨ।

## ਬਾਜਵਾ ਅਤੇ ਉਸ ਦੇ ਪਾਕਿਸਤਾਨੀ ਦੋਸਤ ਪੰਜਾਬ ਦੀ ਸ਼ਾਂਤੀ ਤੇ ਤਰੱਕੀ ਵਿੱਚ ਰੋੜਾ ਅਟਕਾਉਣਾ ਚਾਹੁੰਦੇ ਨੇ: ਮਾਨ

ਯੋਜਨਾਵਾਂ ਬਾਰੇ ਜ਼ਰੂਰ ਦੱਸਿਆ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਾਂਗਰਸੀ ਆਗੂ ਨੂੰ ਆਪਣੇ ਦਾਅਵੇ ਨੂੰ ਸਾਬਤ ਕਰਨ ਜਾਂ ਲੋਕਾਂ ਵਿੱਚ ਦਹਿਸਤ ਪੈਦਾ ਕਰਨ ਬਦਲੇ ਕਾਰਵਾਈ ਦਾ ਸਾਹਮਣਾ ਕਰਨ ਲਈ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸੀ ਆਗੂ ਨੇ ਬੇਸ਼ਰਮੀ ਨਾਲ ਝੂਠਾ ਦਾਅਵਾ ਕੀਤਾ ਹੈ ਕਿ ਪੰਜਾਬ ਵਿੱਚ 50 ਬੰਬ ਸਮਗਲ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 18 ਫਟ ਚੁੱਕੇ ਹਨ ਅਤੇ 32 ਹੋਰ ਅਜੇ ਵੀ ਮੌਜੂਦ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਨਾ ਤਾਂ ਸੂਬਾਈ ਅਤੇ ਨਾ ਹੀ ਕੇਂਦਰੀ ਏਜੰਸੀਆਂ ਕੋਲ ਕੋਈ ਜਾਣਕਾਰੀ ਹੈ ਪਰ ਸਾਇਦ ਇਹ ਜਾਣਕਾਰੀ ਸਰਹੱਦ ਪਾਰ ਤੋਂ ਬਾਜਵਾ ਦੇ ਦੋਸਤ ਨੇ ਉਨ੍ਹਾਂ ਨੂੰ ਦਿੱਤੀ ਹੈ ਕਿਉਂਕਿ ਉਨ੍ਹਾਂ ਦੇ ਪਰਿਵਾਰ ਦੇ ਪਾਕਿਸਤਾਨ ਨਾਲ ਲੰਬੇ ਸਮੇਂ ਤੋਂ ਨਿੱਘੇ ਸਬੰਧ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਇੱਕ ਗੰਭੀਰ ਮਾਮਲਾ ਹੈ ਅਤੇ ਕਾਂਗਰਸੀ ਆਗੂ ਦਾ ਅਜਿਹਾ ਘਟੀਆ ਰਵੱਈਆ ਸਵੀਕਾਰਯੋਗ ਨਹੀਂ ਹੈ ਕਿਉਂਕਿ ਇਸ ਨੇ ਜਨਤਾ ਵਿੱਚ ਦਹਿਸਤ ਪੈਦਾ ਕਰ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬਾਜਵਾ ਨੂੰ ਇਸ ਸਬੰਧ ਵਿੱਚ ਆਪਣੀ ਜਾਣਕਾਰੀ ਦੇ ਸਰੋਤ ਦਾ ਖੁਲਾਸਾ ਕਰਨਾ ਚਾਹੀਦਾ ਹੈ ਕਿਉਂਕਿ ਇਹ ਉਨ੍ਹਾਂ ਦਾ ਨੈਤਿਕ ਫਰਜ ਹੈ। ਉਨ੍ਹਾਂ ਸਵਾਲ ਕੀਤਾ ਕਿ ਕੀ ਪ੍ਰਤਾਪ ਸਿੰਘ ਬਾਜਵਾ ਬੰਬਾਂ ਦੇ ਫਟਣ ਦੀ ਉਡੀਕ ਕਰ ਰਹੇ ਹਨ ਤਾਂ ਜੋ ਉਹ ਇਸ ਮੌਕੇ ਨੂੰ ਆਪਣੇ ਨਿੱਜੀ ਰਾਜਨੀਤਿਕ ਹਿੱਤਾਂ ਲਈ ਵਰਤ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਤਰ੍ਹਾਂ ਦਾ ਉਦਾਸੀਨ ਅਤੇ ਗੈਰ-ਜ਼ਿੰਮੇਵਾਰਾਨਾ ਰਵੱਈਆ ਗੈਰ-ਵਾਜਬ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜਾਂ ਤਾਂ ਬਾਜਵਾ ਆਪਣੇ ਦੋਸਤਾਂ ਕੋਲੋਂ ਪੰਜਾਬ ਵਿੱਚ ਸਾਂਤੀ ਭੰਗ ਕਰਨ ਦੇ ਨਾਪਾਕ ਮਨਸੂਬਿਆਂ ਬਾਰੇ ਮਿਲੀ ਜਾਣਕਾਰੀ ਪੰਜਾਬ ਪੁਲਿਸ ਨਾਲ ਸਾਂਝੀ ਕਰਨ ਜਾਂ ਫਿਰ ਕਾਰਵਾਈ ਲਈ ਤਿਆਰ ਰਹਿਣ। ਉਨ੍ਹਾਂ ਕਿਹਾ ਕਿ ਝੂਠੇ ਦਾਅਵੇ ਕਰ ਕੇ ਲੋਕਾਂ ਨੂੰ ਡਰਾਉਣਾ ਇੱਕ ਗੈਰ-ਮੁਆਫੀਯੋਗ ਅਤੇ ਘਿਨਾਉਣਾ ਅਪਰਾਧ ਹੈ, ਜਿਸ ਲਈ ਗੰਭੀਰ ਕਾਰਵਾਈ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਾਂਗਰਸ ਹਾਈ ਕਮਾਂਡ ਨੂੰ ਕਿਹਾ ਕਿ ਫੁੱਟ-ਪਾਊ ਤਾਕਤਾਂ ਨਾਲ ਡੂੰਘੇ ਸਬੰਧ ਰੱਖਣ ਵਾਲੇ ਅਜਿਹੇ ਆਗੂਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ।

## ਪੁਲਿਸ ਵੱਲੋਂ ਬਾਜਵਾ ਤੋਂ ਚੰਡੀਗੜ੍ਹ ਵਿਚਲੀ ਰਿਹਾਇਸ਼ 'ਤੇ ਪੁੱਛ-ਗਿੱਛ

ਕਿਹਾ ਕਿ ਉਨ੍ਹਾਂ ਦੇ ਘਰ ਦੋ ਪੁਲੀਸ ਅਧਿਕਾਰੀ ਪੁੱਛਗਿੱਛ ਲਈ ਆਏ ਸਨ, ਜਿਨ੍ਹਾਂ ਨਾਲ ਉਨ੍ਹਾਂ ਨੇ ਸਾਰੀ ਜਾਣਕਾਰੀ ਸਾਂਝੀ ਕੀਤੀ ਹੈ। ਬਾਜਵਾ ਨੇ ਕਿਹਾ ਕਿ ਪੁਲੀਸ ਵੱਲੋਂ ਇਹ ਜਾਣਕਾਰੀ ਦੇਣ ਵਾਲੇ ਸੂਤਰਾਂ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਨਾਮ ਦੱਸਣ ਤੋਂ ਜ਼ਰੂਰ ਇਨਕਾਰ ਕੀਤਾ ਹੈ। ਬਾਜਵਾ ਨੇ ਮੰਨਿਆ ਕਿ ਉਨ੍ਹਾਂ ਨੂੰ ਇਹ ਜਾਣਕਾਰੀ ਦੋ ਦਿਨ ਪਹਿਲਾਂ ਕੁਝ ਸੀਨੀਅਰ ਅਧਿਕਾਰੀਆਂ ਵੱਲੋਂ ਦਿੱਤੀ ਗਈ ਹੈ, ਜਿਨ੍ਹਾਂ ਦਾ ਨਾਮ ਜਨਤਕ ਨਹੀਂ ਕੀਤਾ ਜਾ ਸਕਦਾ। ਬਾਜਵਾ ਨੇ ਦੱਸਿਆ, "ਉਕਤ ਅਧਿਕਾਰੀਆਂ ਨੇ ਮੈਨੂੰ ਕਿਹਾ ਕਿ ਪੰਜਾਬ ਵਿੱਚ ਹਾਲਾਤ ਲਗਾਤਾਰ ਵਿਗੜ ਰਹੇ ਹਨ ਅਤੇ ਸਰਕਾਰ ਦੇ ਹੱਥ ਵੱਸ ਕੁਝ ਨਹੀਂ ਹੈ। ਤੁਸੀਂ ਅਤਿਵਾਦ ਪੀੜਤ ਪਰਿਵਾਰ ਨਾਲ ਸਬੰਧਤ ਹੋ, ਤੁਹਾਨੂੰ ਚੌਕਸ ਰਹਿਣ ਦੀ ਲੋੜ ਹੈ।" ਬਾਜਵਾ ਨੇ ਕਿਹਾ ਕਿ ਉਨ੍ਹਾਂ ਪੁਲੀਸ ਅਧਿਕਾਰੀਆਂ ਨੂੰ ਭਰੋਸਾ ਦਿਵਾਇਆ ਹੈ ਕਿ ਉਹ ਪੰਜਾਬ ਦੇ ਹਿੱਤਾਂ ਲਈ ਜੋ ਵੀ ਮਦਦ ਹੋ ਸਕੇਗੀ, ਉਹ ਜ਼ਰੂਰ ਕਰਨਗੇ।

ਬਾਜਵਾ ਨੇ ਬੰਬ ਵਾਲੇ ਬਿਆਨ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ: ਏਆਈਜੀ ਕਾਊਂਟਰ ਇੰਟੈਲੀਜੈਂਸ

ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਘਰ ਪੁੱਛਗਿਛ ਕਰਕੇ ਆਉਣ ਵਾਲੀ ਏਆਈਜੀ ਕਾਊਂਟਰ ਇੰਟੈਲੀਜੈਂਸ ਰਵਜੋਤ ਕੌਰ ਗਰੇਵਾਲ ਨੇ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਨੇ ਬੰਬ ਵਾਲੇ ਬਿਆਨ ਬਾਰੇ ਉਨ੍ਹਾਂ ਨਾਲ ਕੋਈ ਜਾਣਕਾਰੀ ਸਾਂਝੀ ਨਹੀਂ ਕੀਤੀ ਹੈ। ਉਨ੍ਹਾਂ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਨੇ ਲੰਘੇ ਦਿਨ ਇੱਕ ਬਿਆਨ ਵਿੱਚ ਕਿਹਾ ਸੀ ਕਿ ਪੰਜਾਬ ਵਿੱਚ 50 ਹੈਂਡ ਗ੍ਰਨੇਡ (ਹਥਗੋਲੇ) ਆਏ ਹਨ ਜਿਸ ਵਿੱਚੋਂ 32 ਅਜੇ ਅਣਚੱਲੇ ਹਨ। ਇਹ ਬਹੁਤ ਹੀ ਗੰਭੀਰ ਅਤੇ ਦੇਸ਼ ਦੀ ਸੁਰੱਖਿਆ ਨਾਲ ਜੁੜੀ ਹੋਈ ਗੱਲ ਹੈ, ਜਿਸ ਕਰਕੇ ਅੱਜ ਉਹ ਬਾਜਵਾ ਤੋਂ ਬੰਬ ਵਾਲੇ ਬਿਆਨ ਦੇ ਸੂਤਰਾਂ ਬਾਰੇ ਪੁੱਛਗਿਛ ਲਈ ਪਹੁੰਚੇ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਪ੍ਰਤਾਪ ਸਿੰਘ ਬਾਜਵਾ ਤੋਂ ਸਿੱਧੇ ਤੌਰ ਤੇ ਸਵਾਲ ਪੁੱਛਿਆ ਕਿ ਇਸ ਬਿਆਨ ਦਾ ਸੂਤਰ ਕੀ ਹੈ ਪਰ ਉਹਨਾਂ ਨੇ ਕੋਈ ਜਵਾਬ ਨਹੀਂ ਦਿੱਤਾ। ਏਆਈਜੀ ਕਾਊਂਟਰ ਇੰਟੈਲੀਜੈਂਸ ਨੇ ਕਿਹਾ ਕਿ ਪੰਜਾਬ ਪੁਲੀਸ ਇਸ ਮਾਮਲੇ ਦੀ ਗਹਿਰਾਈ ਨਾਲ ਜਾਂਚ ਕਰਕੇ ਰਹੇਗੀ।

## ਮੁੱਖ ਮੰਤਰੀ ਨੇ ਪਰਿਵਾਰ ਸਮੇਤ ਵਿਸਾਖੀ ਮੌਕੇ ਗੁ. ਦੂਖ ਨਿਵਾਰਨ ਸਾਹਿਬ ਵਿਖੇ ਮੱਥਾ ਟੇਕਿਆ

ਗੁਰੂ ਗੋਬਿੰਦ ਸਿੰਘ ਜੀ ਨੇ ਵੱਖ-ਵੱਖ ਖੇਤਰਾਂ ਅਤੇ ਧਰਮਾਂ ਨਾਲ ਸਬੰਧਤ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਪਵਿੱਤਰ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਦੀ ਸਾਜਨਾ ਕੀਤੀ ਸੀ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਨੇ ਇਸ ਤਰ੍ਹਾਂ ਜਾਤ-ਪਾਤ ਰਹਿਤ ਸਮਾਜ ਦੀ ਸਿਰਜਣਾ ਕੀਤੀ ਅਤੇ ਮਨੁੱਖਤਾ ਲਈ ਪਿਆਰ ਅਤੇ ਦਿਆ, ਸਦੀਵੀ ਸ਼ਾਂਤੀ ਅਤੇ ਭਾਈਚਾਰਕ ਸਦਭਾਵਨਾ ਦੇ ਉਪਦੇਸ਼ ਦਿੱਤੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਹ ਤਿਉਹਾਰ ਹਾੜ੍ਹੀ ਦੀਆਂ ਫ਼ਸਲਾਂ ਦੇ ਪੱਕਣ ਅਤੇ ਵਾਢੀ ਦੀ ਸ਼ੁਰੂਆਤ ਨੂੰ ਵੀ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸੂਬੇ ਅਤੇ ਇਸ ਦੇ ਕਿਸਾਨਾਂ ਲਈ ਮਹੱਤਵਪੂਰਨ ਹੈ ਕਿਉਂਕਿ ਇਹ ਹਾੜ੍ਹੀ ਦੀਆਂ ਫ਼ਸਲਾਂ ਦੀ ਵਾਢੀ ਅਤੇ ਸਾਂਭ-ਸੰਭਾਲ ਦਾ ਮੌਕਾ ਵੀ ਹੈ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਇਸ ਇਤਿਹਾਸਕ ਤਿਉਹਾਰ ਨੂੰ ਰਵਾਇਤੀ ਉਤਸ਼ਾਹ ਅਤੇ ਖੁਸ਼ੀ ਨਾਲ ਸਮੂਹਿਕ ਤੌਰ 'ਤੇ ਮਨਾਉਣ ਦਾ ਸੱਦਾ ਦਿੱਤਾ ਤਾਂ ਜੋ ਸਾਡੇ ਦੇਸ਼ ਦੇ ਧਰਮ ਨਿਰਪੱਖ ਸਮਾਜਿਕ ਤਾਣੇ-ਬਾਣੇ ਨੂੰ ਮਜ਼ਬੂਤ ਕੀਤਾ ਜਾ ਸਕੇ।

## ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ

ਧਾਰਮਿਕ ਪੱਖੋਂ, ਸਗੋਂ ਸਮਾਜਿਕ ਅਤੇ ਰਾਸ਼ਟਰੀ ਚੇਤਨਾ ਦੇ ਰੂਪ ਵਿੱਚ ਇਕ ਇਤਿਹਾਸਕ ਘਟਨਾ ਵਜੋਂ ਵਰਣਨ ਕੀਤਾ।

ਉਨ੍ਹਾਂ ਨੇ ਗੁਰੂ ਪ੍ਰੰਪਰਾ ਦੀ ਮਹਾਨਤਾ ਨੂੰ ਨਮਨ ਕਰਦਿਆਂ ਕਿਹਾ ਕਿ ਭਾਰਤ ਦੀ ਸਾਂਝੀ ਵਿਰਾਸਤ ਵਿਚ ਸਿੱਖ ਧਰਮ ਦਾ ਵਿਸ਼ੇਸ਼ ਸਥਾਨ ਹੈ। ਇਸ ਦੌਰਾਨ ਮੁੱਖ ਮੰਤਰੀ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਸ੍ਰ. ਲਾਲਪੁਰਾ ਨੇ ਮੁੱਖ ਮੰਤਰੀ ਸ੍ਰੀ ਸੈਣੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਦੇ ਆਨੰਦਪੁਰ ਸਾਹਿਬ ਪਹੁੰਚਣ ਨਾਲ ਪੂਰੇ ਖੇਤਰ ਨੂੰ ਮਾਣ ਹਾਸਲ ਹੋਇਆ ਹੈ। ਇਸ ਪਵਿੱਤਰ ਮੌਕੇ ਤੇ ਅਨੰਦਪੁਰ ਸਾਹਿਬ ਵਿੱਚ ਪਾਰਟੀ ਵਰਕਰਾਂ 'ਚ ਜ਼ਬਰਦਸਤ ਉਤਸ਼ਾਹ ਵੇਖਣ ਨੂੰ ਮਿਲਿਆ। ਗੁਰਬਾਣੀ ਦੀ ਮਿਠਾਸ, ਲੰਗਰ ਸੇਵਾ ਅਤੇ ਸੰਗਤ ਦੀ ਭਾਗੀਦਾਰੀ ਨੇ ਪੂਰੇ ਮਾਹੌਲ ਨੂੰ ਅਨੰਦਮਈ ਕਰ ਦਿੱਤਾ। ਇਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਮੰਡਲ ਦੇ ਪ੍ਰਧਾਨ ਸ੍ਰੀ ਸਤਬੀਰ ਰਾਣਾ, ਰਮਨ ਜਿੰਦਲ, ਜਗਦੀਸ਼ ਚੰਦਰ ਕਾਜਲਾ, ਨਿਪੁਣ ਸੋਨੀ, ਕ੍ਰਿਸ਼ਨ ਕੁਮਾਰ ਅੱਤਰੀ (ਕੀਰਤਪੁਰ ਸਾਹਿਬ), ਕਵਰ ਪੋਸਵਾਲ, ਜੀਵਨ ਚੌਧਰੀ, ਰਾਮ ਕੁਮਾਰ, ਅਰਜਿਤ ਸੈਣੀ, ਰਾਜੇਸ਼ ਚੌਧਰੀ, ਸੁਰਜੀਤ ਸਿੰਘ ਘਾਈਮਾਜਰਾ, ਨਵੀਨ ਕੁਮਾਰ, ਧਰਮਿੰਦਰ ਭਿੰਡਾ, ਇੰਦਰਪਾਲ, ਕੈਪਟਨ ਮੁਲਤਾਨ, ਅਮਰੀਕ ਬਰੀ, ਰੋਸ਼ਨ ਲਾਲ ਟੇਡੇਵਾਲ, ਹਰਨੇਕ ਸਿੰਘ, ਸੂਬਾ ਸਿੰਘ, ਐਨ.ਕੇ. ਸ਼ਰਮਾ, ਸਤਵੀਰ ਰਾਣਾ, ਗੋਪਾਲ ਰਾਣਾ, ਮਨੋਹਰ ਲਾਲ ਖੇਮੇਰਾ, ਮਹੇਸ਼ ਕੋਟਲਾ, ਜਰਨੈਲ, ਰਾਮਪ੍ਰਤਾਪ ਸਿਮਰਵਾਲ, ਰਵਿੰਦਰ ਡਰੋਲੀ, ਅਨਮੋਲ ਜੋਸ਼ੀ, ਰਣਜੀਤ ਲੱਕੀ, ਮਹੇਸ਼, ਭੁਪਿੰਦਰ ਨੰਗਲ, ਬੰਟੀ ਬਾਸੋਵਾਲ, ਰੰਝਾ ਸੈਣੀ (ਸਹਜੋਵਾਲ), ਓਂਕਾਰ ਅਬਿਆਨਾ, ਬਰੀਦਰ ਰਾਣਾ, ਬਾਲਕ੍ਰਿਸ਼ਨ ਕੁੱਕੂ, ਵੀਰ ਸਿੰਘ ਕਾਲਵਾਂ, ਸੰਤੋਖ ਸਿੰਘ ਝੱਜ, ਪ੍ਰਿੰਸ ਕੌਸ਼ਿਕ, ਜਗਦੀਪ ਸਿੰਘ, ਸੰਗਤ ਸਿੰਘ ਭਾਮਿਆ, ਗੁਰਨਾਮ ਸਿੰਘ, ਹਰਮੀਤ ਸਿੰਘ ਕੰਬੋਜ, ਗੁਰਿੰਦਰ ਸਿੰਘ, ਅਮਰਜੀਤ ਸਿੰਘ ਸੈਣੀ, ਰਾਮ ਸਿੰਘ ਸੈਣੀ, ਰਣਜੀਤ ਸਿੰਘ, ਦਰਸ਼ਨ ਸਿੰਘ ਸੈਣੀ, ਸੰਤੋਸ਼ (ਊਨਾ), ਦੇਸ਼ਰਾਜ ਸੈਣੀ, ਅਮਨ ਕਾਬੜਵਾਲ, ਨਰਿੰਦਰ ਸੈਣੀ, ਵਿਕਰਾਂਤ ਪਰਮਾਰ, ਸੁਖਬੀਰ ਸੈਣੀ (ਤੰਬਰ), ਬਲਜੀਤ ਚੌਧਰੀ, ਅਵਨੀਤ ਚੌਧਰੀ, ਜੋਨਾ, ਹਨੀ ਸਿੰਘਪੁਰ, ਜਸਪਾਲ ਡੋਲੋਵਾਲ, ਮਹਿੰਦਰ ਪਾਲ, ਕੁਲਜਿੰਦਰ ਸਿੰਘ ਲਾਲਪੁਰ, ਰਾਕੇਸ਼ ਕੁਮਾਰ (ਜੇਟੇਵਾਲ), ਭਗਤ ਸਿੰਘ ਚਨੋਲੀ ਵਰਕਰ ਅਤੇ ਪ੍ਰਸਿੱਧ ਹਸਤੀਆਂ ਸ਼ਾਮਿਲ ਸਨ।

## ਸੈਣੀ ਵੱਲੋਂ ਜਥੇ. ਗੜਗੱਜ ਨਾਲ ਮੁਲਾਕਾਤ

ਤਸਵੀਰ ਦੇ ਕੇ ਸਨਮਾਨ ਦਿੱਤਾ। ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮਾਮਲੇ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਨਾਇਬ ਸਿੰਘ ਸੈਣੀ ਨੂੰ ਕਿਹਾ ਕਿ ਸੂਬਾ ਸਰਕਾਰ ਨੂੰ ਜਲਦ ਹੀ ਚੁਣੇ ਹੋਏ ਮੈਂਬਰਾਂ ਸਬੰਧੀ ਸਮੁੱਚੀ ਪ੍ਰਕਿਰਿਆ ਮੁਕੰਮਲ ਕਰਕੇ ਉਨ੍ਹਾਂ ਨੂੰ ਸੰਗਤ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਗੁਰੂ ਘਰਾਂ ਦਾ ਪ੍ਰਬੰਧ ਸੌਂਪਣਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਭਾਵੇਂ ਸਿੱਖ ਕੌਮ ਸਮੁੱਚੇ ਰੂਪ ਵਿੱਚ ਸ਼੍ਰੋਮਣੀ ਕਮੇਟੀ ਤੋਂ ਵੱਖਰੀ ਹਰਿਆਣਾ ਗੁਰਦੁਆਰਾ ਕਮੇਟੀ ਨਾਲ ਸਹਿਮਤ ਨਹੀਂ ਪਰ ਜਦੋਂ ਹੁਣ ਗੁਰਦੁਆਰਾ ਚੋਣਾਂ ਮੁਕੰਮਲ ਹੋ ਚੁੱਕੀਆਂ ਹਨ ਤਾਂ ਪ੍ਰਬੰਧ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਸੌਂਪਣਾ ਚਾਹੀਦਾ ਹੈ ਅਤੇ ਗੁਰੂ ਘਰਾਂ ਵਿੱਚੋਂ ਸਰਕਾਰੀ ਦਖਲ ਖਤਮ ਕਰਨਾ ਚਾਹੀਦਾ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਗੁਰਦੁਆਰਾ ਐਕਟ 1925 ਅੱਜ ਵੀ ਕਾਇਮ ਹੈ ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਹਰਿਆਣਾ ਦੇ ਸਮੁੱਚੇ ਹਲਕੇ ਕਾਇਮ ਰਹਿਣੇ ਚਾਹੀਦੇ ਹਨ ਕਿਉਂਕਿ ਇਹ ਸਿੱਖ ਵਿਰਾਸਤ ਨਾਲ ਸਬੰਧਤ ਮਾਮਲਾ ਹੈ।

ਇਸੇ ਤਰ੍ਹਾਂ ਜਥੇਦਾਰ ਗੜਗੱਜ ਨੇ ਮੁੱਖ ਮੰਤਰੀ ਹਰਿਆਣਾ ਨੂੰ ਸੂਬੇ ਅੰਦਰ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਿਤ ਕਰਨ ਲਈ ਸਰਕਾਰ ਦੀ ਤਰਫ਼ੋਂ ਵਿਸ਼ੇਸ਼ ਉਪਰਾਲੇ ਕਰਨ ਲਈ ਆਖਿਆ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਸਰਕਾਰੀ ਦਫ਼ਤਰਾਂ ਵਿੱਚ ਪੰਜਾਬੀ ਪੜ੍ਹਨ ਤੇ ਲਿਖਣ ਵਾਲੇ ਮੁਲਾਜ਼ਮ ਲੋੜ ਅਨੁਸਾਰ ਭਰਤੀ ਕਰਕੇ ਤਾਇਨਾਤ ਕਰਨੇ ਚਾਹੀਦੇ ਹਨ। ਜੇਕਰ ਕੋਈ ਹਰਿਆਣਾ ਨਿਵਾਸੀ ਪੰਜਾਬੀ ਵਿੱਚ ਕੋਈ ਪੱਤਰ ਸ਼ਿਕਾਇਤ ਆਦਿ ਸੌਂਪਦਾ ਹੈ ਤਾਂ ਉਸ ਨੂੰ ਪ੍ਰਵਾਨ ਕਰਨਾ ਚਾਹੀਦਾ ਹੈ। ਉਨ੍ਹਾਂ ਹਰਿਆਣਾ ਦੇ ਸਕੂਲਾਂ ਵਿੱਚ ਵੀ ਬੱਚਿਆਂ ਨੂੰ ਪੰਜਾਬੀ ਮੁੱਢ ਤੋਂ ਹੀ ਪੜ੍ਹਾਉਣ ਲਈ ਆਖਿਆ।

ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਨਾਇਬ ਸਿੰਘ ਸੈਣੀ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਸੂਬੇ ਅੰਦਰ ਕਿਸੇ ਵੀ ਮੁਕਾਬਲਾ ਜਾਂ ਹੋਰ ਪ੍ਰੀਖਿਆਵਾਂ ਵਿੱਚ ਸਿੱਖ ਪ੍ਰੀਖਿਆਰਥੀਆਂ ਦੇ ਕਕਾਰ ਨਾ ਲੁਹਾਏ ਜਾਣ। ਉਨ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਨੂੰ ਸੂਬੇ ਅੰਦਰ ਸ਼੍ਰੋਮਣੀ ਕਮੇਟੀ ਵੱਲੋਂ ਸ਼ਾਹਬਾਦ ਮਾਰਕੰਡਾ ਵਿਖੇ ਮੀਰੀ-ਪੀਰੀ ਮੈਡੀਕਲ ਕਾਲਜ ਤੇ ਹਸਪਤਾਲ ਰਾਹੀਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਬਾਰੇ ਵੀ ਦੱਸਿਆ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਵੱਲੋਂ ਸਥਾਨਕ ਲੋਕਾਂ ਨੂੰ ਸਿਹਤ ਸੇਵਾਵਾਂ ਦੀ ਸਹੂਲਤ ਦੇਣ ਲਈ ਇਹ ਹਸਪਤਾਲ ਅਤੇ ਕਾਲਜ ਸ਼ੁਰੂ ਕੀਤਾ ਹੋਇਆ ਹੈ, ਜਿਸ ਵਿੱਚ ਹਰਿਆਣਾ ਦੀ ਸੂਬਾ ਸਰਕਾਰ ਨੂੰ ਹਰ ਪੱਧਰ ਉੱਤੇ ਸ਼੍ਰੋਮਣੀ ਕਮੇਟੀ ਅਤੇ ਪ੍ਰਬੰਧਕਾਂ ਦਾ ਸਹਿਯੋਗ ਕਰਨਾ ਚਾਹੀਦਾ ਹੈ।

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਉਠਾਏ ਗਏ ਮਾਮਲਿਆਂ ਨੂੰ ਗੌਰ ਨਾਲ ਸੁਣਿਆ ਅਤੇ ਪੂਰਨ ਸਹਿਯੋਗ ਤੇ ਲੋੜ ਅਨੁਸਾਰ ਕਾਰਵਾਈ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸੂਚਨਾ ਅਧਿਕਾਰੀ ਸ. ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਲੋਕਾਂ ਨੂੰ ਵਿਸਾਖੀ ਦੀ ਵਧਾਈ

ਚੰਡੀਗੜ੍ਹ 13 ਅਪ੍ਰੈਲ, (ਚ.ਨ.ਸ.) : ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਸ਼ੁਭ ਅਵਸਰ 'ਤੇ ਦੇਸ਼-ਵਿਦੇਸ਼ 'ਚ ਵਸਦੇ ਸਮੂਹ ਪੰਜਾਬੀ ਭਾਈਚਾਰੇ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ ਹਨ।

ਉਨ੍ਹਾਂ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਾਹਿਗੁਰੂ ਸਮੂਹ ਪੰਜਾਬੀਆਂ ਤੇ ਆਪਣੀ ਅਪਾਰ ਕਿਰਪਾ ਬਣਾ ਕੇ ਰੱਖਣ ਅਤੇ ਉਨ੍ਹਾਂ ਦੀ ਜ਼ਿੰਦਗੀ ਖੁਸ਼ੀਆਂ-ਖੇੜੇ, ਖੁਸ਼ਹਾਲੀ, ਸ਼ਾਂਤੀ ਅਤੇ ਸੇਵਾ- ਭਾਵਨਾ ਨਾਲ ਭਰਨ ਦੇਣ।

ਉਨ੍ਹਾਂ ਇਹ ਅਰਦਾਸ ਵੀ ਕੀਤੀ ਕਿ ਹਾੜੀ ਦੀ ਫਸਲ ਦੀ ਵਾਢੀ ਦੇ ਸੀਜ਼ਨ ਦੌਰਾਨ ਕੁਦਰਤ ਕਿਸਾਨਾਂ ਤੇ ਮਿਹਰਬਾਨ ਰਹੇ।

# ਜਸਵੀਰ ਰਾਣਾ ਦਾ ਨਾਵਲ '70% ਪ੍ਰੇਮ ਕਥਾ' ਲੋਕ ਅਰਪਣ ਤੇ ਵਿਚਾਰ ਚਰਚਾ



ਚੰਡੀਗੜ੍ਹ, 13 ਅਪ੍ਰੈਲ, (ਹਰਦੀਪ ਕੌਰ) : ਸਾਹਿਤ ਸਿਰਜਣਾ ਮੰਚ ਅਮਰਗੜ੍ਹ ਵੱਲੋਂ ਜੇ.ਕੇ ਮੈਮੋਰੀਅਲ ਗਲੋਬਲ ਸਕੂਲ ਬਾਗੜੀਆਂ ਵਿਖੇ ਕਹਾਣੀਕਾਰ ਜਸਵੀਰ ਰਾਣਾ ਦਾ ਨਵਾਂ ਨਾਵਲ 70% ਪ੍ਰੇਮ ਕਥਾ ਲੋਕ ਅਰਪਣ ਕਰਨ ਦੀ ਰਸਮ ਅਦਾ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਸ਼ਾਨਵੀਰ ਨੇ ਸਵਾਗਤੀ ਸ਼ਬਦਾਂ ਨਾਲ ਕੀਤੀ। ਇਸ ਤੋਂ ਬਾਅਦ ਸੁਖਦੀਪ ਬਿਰਧਨੋ ਨੇ ਸਵਾਗਤੀ ਗੀਤ ਵਰ ਦੇ ਦੇ ਮੈਨੂੰ ਸ਼ਬਦਾਂ ਦਾ ਪੇਸ਼ ਕੀਤਾ। ਨਾਵਲ ਲੋਕ ਅਰਪਣ ਦੀ ਰਸਮ ਨੂੰ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਸ਼੍ਰੋਮਣੀ ਕਵੀ ਦਰਸ਼ਨ ਬੁੱਟਰ, ਕਹਾਣੀਕਾਰ ਜਤਿੰਦਰ ਹਾਂਸ, ਗਲਪਕਾਰ ਦਵਿੰਦਰ ਮਲਹਾਂਸ, ਪ੍ਰਸਿੱਧ ਆਲੋਚਕ ਡਾ ਗੁਰਮੀਤ ਕੌਰ, ਨਾਵਲਕਾਰ ਹਰਜੀਤ ਕੌਰ ਵਿਰਕ, ਡਾ ਗੁਰਪ੍ਰੀਤ ਕੌਰ ਢੀਂਡਸਾ, ਗਲਪਕਾਰ ਯਾਤਿੰਦਰ ਮਾਹਲ ਤੇ ਸਕੂਲ ਦੇ ਸੰਚਾਲਕ ਬਲਬੀਰ ਸਿੰਘ ਸੋਹੀ ਨੇ ਅਦਾ ਕੀਤਾ। ਨਾਵਲ ਉੱਪਰ ਚਰਚਾ ਦਾ ਮੁੱਢ ਬੰਨ੍ਹਦਿਆਂ ਡਾ ਬਿੰਦਰ ਸਿੰਘ ਭੁਮਸੀ ਨੇ ਆਪਣੇ ਪਰਚੇ ਵਿੱਚ ਨਾਵਲ ਦੇ ਪਾਤਰਾਂ, ਘਟਨਾਵਾਂ ਤੇ ਬਿਰਤਾਂਤਕ ਜੁਗਤਾਂ ਦੇ ਮਨੋਵਿਗਿਆਨਕ ਪਾਸਾਰਾਂ ਨੂੰ ਇਕੱਲਤਾ ਅਤੇ ਬੇਗਾਨਗੀ ਦੇ ਪ੍ਰਸੰਗ ਵਿੱਚ ਉਭਾਰਿਆ। ਡਾ ਧਰਮ ਚੰਦ ਵਾਤਿਸ਼ ਨੇ ਨਾਵਲ ਵਿੱਚ ਪਾਤਰਾਂ ਦੇ ਐਕਸ਼ਨ - ਰਿਐਕਸ਼ਨ ਦੀ ਨਿਸ਼ਾਨਦੇਹੀ ਨੂੰ ਅਸਤਿੱਤਵਵਾਦੀ ਨੁਕਤਾ ਨਿਗਾਹ ਤੋਂ ਪ੍ਰਸਤੁਤ ਕੀਤਾ। ਡਾ ਗੁਰਮੀਤ ਕੌਰ ਨੇ ਮਨੋਵਿਗਿਆਨ ਦੀ ਨਜ਼ਰ ਤੋਂ ਬਿਰਤਾਂਤਕਾਰ ਵੱਲੋਂ ਪਾਤਰਾਂ ਵਿੱਚੋਂ ਸਵੈ ਦੀ ਪਛਾਣ ਤੇ ਤਲਾਸ਼ ਦੇ ਗਲਪੀ ਪ੍ਰਵਚਨ ਨੂੰ ਅਗਲੀ ਪੀੜ੍ਹੀ ਤੱਕ ਫੈਲਣ ਦੀ ਪ੍ਰਕਿਰਿਆ ਨੂੰ ਡੀ-ਕੋਡ ਕਰਦਿਆਂ ਚਰਚਾ ਨੂੰ ਸ਼ਿਖ਼ਰ ਵੱਲ ਵਧਾਇਆ। ਪੁਰਖਿਆਂ ਦੀ ਮੁਹੱਬਤ ਤੇ ਇੱਜ਼ਤ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਲਈ ਇਹ ਨਾਵਲ ਘਰ-ਘਰ ਵਿੱਚ ਪਹੁੰਚਣਾ ਚਾਹੀਦਾ ਹੈ। ਇਹ ਬਿਰਧ ਆਸ਼ਰਮ ਵੱਲ ਖੁੱਲ੍ਹਦਾ ਬੂਹਾ ਬੰਦ ਕਰਦਾ ਹੈ। ਇਸ ਵਿੱਚ ਧਰਤੀ ਹੇਠਲੇ ਅਤੇ ਮਨੁੱਖੀ ਸਰੀਰ ਵਿੱਚਲੇ 70% ਪਾਣੀ ਦਾ ਵਿਗਿਆਨਕ ਮੈਟਾਫਰ ਗੁਰਬਾਣੀ ਦੇ ਪਾਣੀ ਪਿਤਾ ਵਾਲੇ ਦਾਰਸ਼ਨਿਕ ਸਿਧਾਂਤ ਨਾਲ ਜੁੜ ਕੇ ਮਾਂ-ਬਾਪ ਦੇ ਰਿਸ਼ਤਿਆਂ ਦੀ ਨਵੀਂ ਪਰਿਭਾਸ਼ਾ ਸਿਰਜਦਾ ਹੈ। ਇਸ ਨਾਵਲ ਦੀ ਇਕ-ਇਕ ਸਤਰ ਸਿਆਹੀ ਦੀ ਥਾਂ ਖ਼ੂਨ ਨਾਲ ਲਿਖੀ ਹੋਈ ਹੈ। ਇਸ ਦਾ ਹਰ ਅੱਖਰ ਤੇ ਪੰਨਾ ਹੰਝੂਆਂ ਨਾਲ ਭਿੱਜਿਆ ਹੋਇਆ ਹੈ। ਇਹ ਨਾਵਲ ਕਹਾਣੀਕਾਰ ਜਸਵੀਰ ਰਾਣਾ ਨੂੰ ਪਾਣੀ ਉੱਪਰ ਪਾਣੀ ਲਿਖਣ ਦੀ ਕਲਾ ਦਾ ਐਕਸਪਰਟ ਗਲਪਕਾਰ ਬਣਾਉਂਦਾ ਹੈ। ਇਹ ਗਲਪੀ ਬਿਰਤਾਂਤ ਜਾਦੂਈ ਯਥਾਰਥ ਦਾ ਖ਼ੂਬਸੂਰਤ ਪ੍ਰਮਾਣ ਹੈ। ਪੰਜਾਬੀ ਨਾਵਲ ਦੇ ਖੇਤਰ ਵਿੱਚ ਮਾਂ-ਬਾਪ ਬਾਰੇ ਲਿਖਿਆ ਇਹ ਪਹਿਲਾ ਐਸਾ ਨਾਵਲ ਹੈ, ਜੋ ਨਾਵਲਕਾਰ ਨੂੰ ਆਧੁਨਿਕ ਯੁੱਗ ਵਿੱਚ ਰਿਣ ਪਿੱਤਰਾਂ ਦਾ ਉਤਾਰਨ ਵਾਲਾ ਸਰਵਣ ਪੁੱਤ ਘੋਸ਼ਿਤ ਕਰਦਾ ਹੈ। ਪ੍ਰਧਾਨਗੀ ਮੰਡਲ ਸਮੇਤ ਇਹ ਵਿਚਾਰ ਪੇਸ਼ ਕਰਨ ਵਾਲਿਆਂ ਵਿੱਚ ਡਾ ਰਾਜਪ੍ਰੀਤ ਕੌਰ ਬੈਨੀਪਾਲ, ਡਾ ਇਕਬਾਲਜੀਤ ਸਿੰਘ ਬੈਨੀਪਾਲ, ਡਾ ਮੁਹੰਮਦ ਸ਼ਫੀਕ, ਸੰਦੀਪ ਸਿੰਘ ਬਦੇਸ਼ਾ, ਪ੍ਰੋ ਸਤਿੰਦਰਪਾਲ ਕੌਰ ਸੱਤੀ, ਜਗਤਾਰ ਸਿੰਘ, ਸਵਰਨ ਕੌਰ ਰਾਜੂ, ਸ਼ਸ਼ੀ ਬਾਲਾ, ਸੁਨੀਤਾ ਸ਼ਰਮਾ, ਮਨਪ੍ਰੀਤ ਕੌਰ, ਸੁਖਜੀਤ ਕੌਰ ਸੋਹੀ, ਕਰਨਜੀਤ ਸਿੰਘ ਸੋਹੀ, ਮਾਸਟਰ ਬਲਜੀਤ ਸਿੰਘ, ਮਾਸਟਰ ਬਲਦੇਵ ਸ਼ਰਮਾ, ਕਰਮਜੀਤ ਸਿੰਘ ਨੌਧਰਾਣੀ, ਲੈਕਚਰਾਰ ਰੌਣਕ ਸਿੰਘ , ਗੁਰਵਿੰਦਰ ਸਿੰਘ ਕੰਵਰ,ਗਗਨਦੀਪ ਸਿੰਘ ਕਹਾਣੀਕਾਰ ਜਗਤਾਰ ਸ਼ੇਰਗਿੱਲ , ਪੱਤਰਕਾਰ ਸੁਖਵਿੰਦਰ ਸਿੰਘ ਅਟਵਾਲ, ਲਾਭ ਸਿੰਘ ਚਤਾਮਲੀਵਾਲਾ, ਹਰਪਾਲ ਸਿੰਘ ਮੰਡੇਰ, ਸੰਦੀਪ ਸੇਖਲ ਤੇ ਜਗਦੀਪ ਸਿੰਘ ਮੁਹਾਲੀ ਸ਼ਾਮਿਲ ਸਨ। ਧੂਰੀ ਤੋਂ ਆਏ ਆਈਲੈਟਸ ਸੈਂਟਰ ਐੱਜ ਦੇ ਸੰਚਾਲਕ ਜੱਗੀ ਢੀਂਡਸਾ ਵੱਲੋਂ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਵਿਦਵਾਨਾਂ ਦਾ ਸ਼ਾਨਦਾਰ ਤੋਹਫੇ ਦੇ ਕੇ ਸਨਮਾਨ ਕੀਤਾ ਗਿਆ। ਜੇ . ਕੇ ਮੈਮੋਰੀਅਲ ਗਲੋਬਲ ਸਕੂਲ ਬਾਗੜੀਆਂ ਵੱਲੋਂ ਸਾਰੇ ਵਿਦਵਾਨ ਲੇਖਕਾਂ ਨੂੰ ਸਨਮਾਨ ਚਿੰਨ੍ਹ ਭੇਂਟ ਕਰ ਕੇ ਸਨਮਾਨਿਤ ਕੀਤਾ ਗਿਆ। ਸਾਹਿਤ ਸਿਰਜਣਾ ਮੰਚ ਅਮਰਗੜ੍ਹ ਵੱਲੋਂ ਇਕ ਸਨਮਾਨ ਸਕੂਲ ਦੇ ਸੰਚਾਲਕ ਬਲਬੀਰ ਸਿੰਘ ਸੋਹੀ ਨੂੰ ਭੇਂਟ ਕੀਤਾ ਗਿਆ। ਅਖੀਰ ਵਿੱਚ ਅਨੁਤਾਸ਼ ਕੌਰ ਆਸ਼ੀਮਾ ਨੂੰ ਹਾਜ਼ਰ ਵਿਦਵਾਨਾਂ ਸਰੋਤਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਸਮਾਗਮ ਦਾ ਮੰਚ ਸੰਚਾਲਨ ਆਮ ਰਵਾਇਤ ਤੋਂ ਉਲਟ ਚੱਲਦਿਆਂ ਨਾਵਲ ਦੇ ਲੇਖਕ ਜਸਵੀਰ ਰਾਣਾ ਨੇ ਖ਼ੁਦ ਸ਼ਾਨਦਾਰ ਅੰਦਾਜ਼ ਵਿੱਚ ਕਰਦਿਆਂ ਮੰਚ ਸੰਚਾਲਨ ਦੀ ਨਵੀਂ ਪਿਰਤ ਪਾਈ।

# ਈ.ਟੀ.ਓ. ਵੱਲੋਂ ਵਿੱਤੀ ਸਾਲ ਦੇ ਕਾਰਜ ਪ੍ਰੋਗਰਾਮ ਨੂੰ ਅੰਤਿਮ ਰੂਪ ਦੇਣ ਲਈ ਵਿਭਾਗੀ ਕਾਰਜਪ੍ਰਣਾਲੀ ਦੀ ਸਮੀਖਿਆ

ਚੰਡੀਗੜ੍ਹ, 13 ਅਪ੍ਰੈਲ, (ਅੰਮ੍ਰਿਤਪਾਲ ਸਿੰਘ) : ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵੱਲੋਂ ਲੰਘੇ ਦਿਨ ਨਿੱਜੀ ਚੈਨਲ ਉੱਤੇ ਬੰਬ ਬਾਰੇ ਦਿੱਤੇ ਬਿਆਨ ਤੋਂ ਬਾਅਦ ਅੱਜ ਪੰਜਾਬ ਪੁਲੀਸ ਨੇ ਉਨ੍ਹਾਂ ਖ਼ਿਲਾਫ਼ ਮੁਹਾਲੀ ਵਿੱਚ ਐਫਆਈਆਰ ਦਰਜ ਕਰ ਲਈ ਹੈ। ਉਨ੍ਹਾਂ 'ਤੇ ਪੁਲੀਸ ਨੂੰ ਸਹੀ ਜਾਣਕਾਰੀ ਨਾ ਦੇਣ ਤੇ ਗੁੰਮਰਾਹ ਕਰਨ ਤੋਂ ਇਲਾਵਾ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਖਤਰੇ ਵਿਚ ਪਾਉਣ ਦੇ ਦੋਸ਼ ਵੀ ਲਾਏ ਗਏ ਹਨ। ਇਸ ਤੋਂ ਪਹਿਲਾਂ ਪੰਜਾਬ ਪੁਲੀਸ ਦੇ ਦੋ ਅਧਿਕਾਰੀਆਂ ਨੇ ਬਾਜਵਾ ਤੋਂ ਉਨ੍ਹਾਂ ਦੀ ਚੰਡੀਗੜ੍ਹ ਸਥਿਤ ਰਿਹਾਇਸ਼ ਵਿਚ ਪੁੱਛ ਪੜਤਾਲ ਕੀਤੀ ਹੈ। ਇਨ੍ਹਾਂ ਪੁਲੀਸ ਅਧਿਕਾਰੀਆਂ ਨੇ ਬਾਜਵਾ ਤੋਂ ਬੰਬ ਵਾਲੇ ਬਿਆਨ ਬਾਰੇ ਸਵਾਲ ਜਵਾਬ ਕੀਤੇ ਸਨ ਪਰ ਬਾਜਵਾ ਨੇ ਇਨ੍ਹਾਂ ਨੂੰ ਕੋਈ ਜਾਣਕਾਰੀ ਨਾ ਦਿੱਤੀ। ਪ੍ਰਤਾਪ ਸਿੰਘ ਬਾਜਵਾ ਨੇ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਘਰ ਦੋ ਪੁਲੀਸ ਅਧਿਕਾਰੀ ਪੁੱਛਗਿੱਛ ਲਈ ਆਏ ਸਨ, ਜਿਨ੍ਹਾਂ ਨਾਲ ਉਨ੍ਹਾਂ ਨੇ ਸਾਰੀ ਜਾਣਕਾਰੀ ਸਾਂਝੀ ਕੀਤੀ ਹੈ। ਬਾਜਵਾ ਨੇ ਕਿਹਾ ਕਿ ਪੁਲੀਸ ਵੱਲੋਂ ਇਹ ਜਾਣਕਾਰੀ ਦੇਣ ਵਾਲੇ ਸੂਤਰਾਂ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਨਾਮ ਦੱਸਣ ਤੋਂ ਜ਼ਰੂਰ ਇਨਕਾਰ ਕੀਤਾ ਹੈ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਵਿਸਾਖੀ ਅਤੇ ਖ਼ਾਲਸੇ ਦੇ ਸਾਜਨਾ ਦਿਵਸ ’ਤੇ ਜੋਗਾ ਤੋਂ ਵਿਸ਼ੇਸ਼ ਸਪਲੀਮੈਂਟ




## ‘ਯੁੱਧ ਨਸ਼ਿਆਂ ਵਿਰੁੱਧ’: 44ਵੇਂ ਦਿਨ, ਪੰਜਾਬ ਪੁਲਿਸ ਵੱਲੋਂ 61 ਨਸ਼ਾ ਤਸਕਰ ਗ੍ਰਿਫ਼ਤਾਰ; 1.3 ਕਿਲੋਗ੍ਰਾਮ ਹੈਰੋਇਨ, 91.3 ਲੱਖ ਰੁਪਏ ਡਰੱਗ ਮਨੀ ਬਰਾਮਦ

ਚੰਡੀਗੜ੍ਹ, 13 ਅਪ੍ਰੈਲ, (ਅੰਮ੍ਰਿਤਪਾਲ ਸਿੰਘ) :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਸੂਬੇ ’ਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੇ ’ਯੁੱਧ ਨਸ਼ਿਆਂ ਵਿਰੁੱਧ’ ਨੂੰ 44ਵੇਂ ਦਿਨ ਵੀ ਜਾਰੀ ਰੱਖਦਿਆਂ ਪੰਜਾਬ ਪੁਲਸ ਨੇ ਅੱਜ 61 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.3 ਕਿਲੋ ਹੈਰੋਇਨ ਅਤੇ 91.3 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਦੇ ਨਾਲ ਹੀ 44 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 5926 ਹੋ ਗਈ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ‘ਤੇ ਸੂਬੇ ਦੇ ਸਾਰੇ 28 ਪੁਲਿਸ ਜਿਲਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਪੈਸ਼ਲ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ 76 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1100 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 383 ਥਾਵਾਂ ’ਤੇ ਛਾਪੇਮਾਰੀ ਕੀਤੀ ਹੈ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 50 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਆਪ੍ਰੇਸ਼ਨ ਦੌਰਾਨ 417 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ‘ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਵੱਲੋਂ ਇਸ ਰਣਨੀਤੀ ਦੇ ‘ਡੀ-ਅਡਿਕਸ਼ਨ’ ਹਿੱਸੇ ਵਜੋਂ 3 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਪ੍ਰੇਰਿਆ ਗਿਆ ਹੈ।









## ਸੰਪਾਦਕੀ

# ਰਸੋਈ ਗੈਸ ਦੀਆਂ ਕੀਮਤਾਂ 'ਚ ਵਾਧਾ, ਆਮ ਆਦਮੀ ਦੀ ਜੇਬ 'ਤੇ ਨਵਾਂ ਬੋਝ

ਰਸੋਈ ਗੈਸ ਦੀਆਂ ਕੀਮਤਾਂ ਵਿਚ ਪਿਛਲੇ ਦਿਨੀਂ ਕੀਤਾ ਵਾਧਾ ਦਰਮਿਆਨੇ ਅਤੇ ਗਰੀਬ ਤਬਕੇ ਨੂੰ ਡਾਢਾ ਚੁਭਿਆ ਹੈ। ਕਿਉਂਕਿ ਪਿਛਲੇ ਸਮੇਂ ਵਿਚ ਦਿੱਲੀ ਵਿਧਾਨ ਸਭਾ ਦੀਆਂ ਚੋਣਾਂ ਨੂੰ ਲੈ ਕੇ ਕੇਂਦਰ ਨੇ ਆਪਣਾ ਇਹ ਇਰਾਦਾ ਮੁਲਤਵੀ ਕਰੀ ਰੱਖਿਆ ਹੈ, ਹੁਣ ਯਕਦਮ ਆਮ ਆਦਮੀ ਦੇ ਜੇਬ ਉਪਰ ਇਹ ਐਲਾਨ ਡਾਕੇ ਦੇ ਤੁੱਲ ਹੈ। ਕਿਉਂਕਿ ਰਸੋਈ ਗੈਸ ਹਰ ਘਰ ਦੀ ਮੁੱਢਲੀ ਲੋੜ ਹੈ। ਇਵੇਂ ਹੀ ਕੇਂਦਰ ਸਰਕਾਰ ਨੇ ਪੈਟਰੋਲ ਅਤੇ ਡੀਜ਼ਲ 'ਤੇ ਐਕਸਾਈਜ਼ ਡਿਊਟੀ ਵਿਚ 2 ਰੁਪਏ ਵਾਧਾ ਦਿੱਤਾ ਹੈ। ਇਹ ਵੀ ਦੱਸਣਾ ਬਣਦਾ ਹੈ ਕਿ ਮੋਦੀ ਸਰਕਾਰ ਵੱਲੋਂ ਆਪਣੇ 11 ਸਾਲ ਦੇ ਕਾਰਜਕਾਲ ਦੌਰਾਨ ਜਦੋਂ ਵੀ ਕੌਮਾਂਤਰੀ ਪੱਧਰ ਉਪਰ ਕੱਚੇ ਤੇਲ ਦੀਆਂ ਕੀਮਤਾਂ ਘਟਦੀਆਂ ਹਨ ਤਾਂ ਐਕਸਾਈਜ਼ ਡਿਊਟੀ ਵਧਾ ਦਿੱਤੀ ਜਾਂਦੀ ਹੈ। ਮੋਦੀ ਸਰਕਾਰ ਨੇ 2014 ਤੋਂ ਜਨਵਰੀ 20116 ਦਰਮਿਆਨ ਪੈਟਰੋਲ ਅਤੇ ਡੀਜ਼ਲ 'ਤੇ 9 ਵਾਰ ਐਕਸਾਈਜ਼ ਡਿਊਟੀ ਵਧਾਈ। ਜੇਕਰ ਆਂਕੜਿਆਂ 'ਤੇ ਝਾਤ ਮਾਰੀਏ ਤਾਂ 15 ਮਹੀਨਿਆਂ ਵਿਚ ਪੈਟਰੋਲ 'ਤੇ ਐਕਸਾਈਜ਼ ਡਿਊਟੀ 11.77 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ 'ਤੇ 13.47 ਰੁਪਏ ਪ੍ਰਤੀ ਲੀਟਰ ਵਧਾ ਕੇ 20114-15 ਦੌਰਾਨ 99000 ਕਰੋੜ ਤੋਂ ਜ਼ਿਆਦਾ 2, 42000 ਕਰੋੜ ਰੁਪਏ ਪ੍ਰਤੀ ਲੀਟਰ ਕਰ ਦਿੱਤੀ। ਇਹ ਵੀ ਦੱਸਣਾ ਬਣਦਾ ਹੈ ਕਿ ਮੋਦੀ ਸਰਕਾਰ ਦੇ ਕੇਂਦਰ ਵਿਚ ਸੱਤਾ ਵਿਚ ਆਉਣ ਤੋਂ ਬਾਅਦ ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ ਵਿਚ ਅਣਕਿਆਸਿਆ ਵਾਧਾ ਹੋਇਆ ਜਦੋਂ ਕਿ ਡਾ. ਮਨਮੋਹਨ ਸਿੰਘ ਦੇ ਕਾਰਜਕਾਲ ਦੌਰਾਨ ਗੈਸ ਸਿਲੰਡਰ ਦੀ ਕੀਮਤ ਸਾਢੇ ਚਾਰ ਸੌ ਦੇ ਕਰੀਬ ਸੀ ਅਤੇ ਮੋਦੀ ਸਰਕਾਰ ਦੇ ਦਸ ਸਾਲਾਂ ਦੇ ਕਾਰਜਕਾਲ ਦੌਰਾਨ ਇਹ ਦੁੱਗਣੀ ਕੀਮਤ ਦਾ ਹੋ ਗਿਆ। ਇਥੇ ਹੀ ਬੱਸ ਨਹੀਂ ਪੈਟਰੋਲ ਅਤੇ ਡੀਜ਼ਲ ਦਾ ਅੰਤਰ ਵੀ ਮਾਮੂਲੀ ਹੋ ਕੇ ਰਹਿ ਗਿਆ। ਇਸਤੋਂ ਪਹਿਲਾਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿਚ ਕਾਫੀ ਅੰਤਰ ਸੀ। ਜਿਸ ਦੇ ਚਲਦਿਆਂ ਆਮ ਲੋਕਾਂ ਵਿਚ ਡੀਜ਼ਲ ਵਾਲੇ ਵਾਹਨ ਖਰੀਦਣ ਦਾ ਬਹੁਤ ਰੁਝਾਨ ਸੀ ਪਰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਦੇ ਫਰਕ ਮਾਮੂਲੀ ਰਹਿ ਜਾਣ ਕਾਰਨ ਹੁਣ ਲੋਕ ਪੈਟਰੋਲ ਦੇ ਵਾਹਨ ਖਰੀਦਣ ਨੂੰ ਤਰਜੀਹ ਦੇਣ ਲੱਗੇ ਹਨ ਕਿਉਂਕਿ ਪੈਟਰੋਲ ਵਾਲੇ ਵਾਹਨਾਂ ਦੀ ਰੀਸੇਲ ਵੈਲਿਊ ਜ਼ਿਆਦਾ ਹੁੰਦੀ ਹੈ ਅਤੇ ਉਸਦੀ ਰਿਪੇਅਰ ਵੀ ਡੀਜ਼ਲ ਵਾਹਨਾਂ ਤੋਂ ਘੱਟ ਹੁੰਦੀ ਹੈ। ਇਕ ਗੱਲ ਹੋਰ ਦੇਖਣ ਵਾਲੀ ਹੈ ਕਿ ਪੈਟਰੋਲੀਅਮ ਪਦਾਰਥਾਂ ਦੀ ਕੀਮਤ ਸਾਡੇ ਦੇਸ਼ ਵਿਚ ਹੀ ਜ਼ਿਆਦਾ ਹੈ, ਜਦੋਂ ਕਿ ਗੁਆਂਢੀ ਮੁਲਕਾਂ ਅੰਦਰ ਇਹ ਕਾਫੀ ਘੱਟ ਹੈ। ਹੋਰ ਤਾਂ ਹੋਰ ਜੇਕਰ ਕੌਮਾਂਤਰੀ ਮੰਡੀ ਦਾ ਅਧਿਐਨ ਕੀਤਾ ਜਾਵੇ ਤਾਂ ਦੇਖਿਆ ਗਿਆ ਹੈ ਜਦੋਂ ਅੰਤਰ ਰਾਸ਼ਟਰੀ ਮੰਡੀ ਵਿਚ ਕੱਚੇ ਤੇਲ ਦੀ ਕੀਮਤ ਮਨਫੀ ਹੋ ਰਹੀ ਹੁੰਦੀ ਹੈ ਤਾਂ ਸਾਡੇ ਦੇਸ਼ ਅੰਦਰ ਇਹ ਕੀਮਤਾਂ ਵੱਧ ਰਹੀਆਂ ਹੁੰਦੀਆਂ ਹਨ। ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ ਵਿਚ ਵਾਧੇ ਨਾਲ ਹਰ ਆਦਮੀ ਦੇ ਘਰ ਦੇ ਬਜਟ ਦਾ ਸੰਤੁਲਨ ਵਿਗੜਦਾ ਹੈ ਕਿਉਂਕਿ ਘਰੇਲੂ ਵਸਤਾਂ ਦੀਆਂ ਕੀਮਤਾਂ ਦਾ ਸਿੱਧਾ ਸਬੰਧ ਢੋ-ਢੁਆਈ ਵਾਲੇ ਵਾਹਨਾਂ ਨਾਲ ਜੁੜਿਆ ਹੁੰਦਾ ਹੈ ਤਾਂ ਦੇਖਦੇ ਹਾਂ ਜਦੋਂ ਪੈਟਰੋਲ ਅਤੇ ਡੀਜ਼ਲ ਵਧਦੇ ਹਨ ਤਾਂ ਵਾਹਨਾਂ ਦੇ ਕਿਰਾਏ ਵਿਚ ਵੀ ਝੱਟ ਇਜ਼ਾਫਾ ਹੋ ਜਾਂਦਾ ਹੈ ਜਿਸ ਨਾਲ ਆਮ ਆਦਮੀ ਨਪੀੜਿਆ ਜਾਂਦਾ ਹੈ। ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ 'ਚ ਵਾਧਾ ਰਾਜ ਅਤੇ ਕੇਂਦਰ ਸਰਕਾਰ ਦਰਮਿਆਨ ਸਾਂਝਾ ਮਸਲਾ ਹੈ, ਕਿਉਂਕਿ ਐਕਸਾਈਜ਼ ਡਿਊਟੀ ਕੇਂਦਰ ਆਪਣੇ ਤਰੀਕੇ ਨਾਲ ਤੈਅ ਕਰਦਾ ਹੈ ਤੇ ਰਾਜ ਸਰਕਾਰਾਂ ਆਪਣੇ ਤਰੀਕੇ ਨਾਲ। ਇਸਦੇ ਚਲਦਿਆਂ ਆਸ ਪਾਸ ਦੇ ਰਾਜਾਂ ਵਿਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿਚ ਫਰਕ ਦੇਖਣ ਨੂੰ ਮਿਲਦਾ ਹੈ। ਇਹ ਵੀ ਦੇਖਣ ਵਿਚ ਆਇਆ ਹੈ ਕਿ ਰਾਜਾਂ ਦੀਆਂ ਸਰਹੱਦਾਂ ਉਪਰ ਲੱਗੇ ਹੋਏ ਪੈਟਰੋਲ ਪੰਪ ਵੀ ਇਸ ਫਰਕ ਦਾ ਫਾਇਦਾ ਉਠਾਉਂਦੇ ਹਨ ਤੇ ਅਕਸਰ ਲੋਕ ਗੁਆਂਢੀ ਸੂਬੇ ਦੇ ਪੰਪ ਤੋਂ ਟੈਂਕੀ ਭਰਵਾ ਲੈਂਦੇ ਹਨ, ਜਿਸ ਨਾਲ ਕਾਫੀ ਫਾਇਦਾ ਹੋ ਜਾਂਦਾ ਹੈ। ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਰਸੋਈ ਗੈਸ ਅਤੇ ਡੀਜ਼ਲ-ਪੈਟਰੋਲ ਉਪਰ ਜਿੰਨੀ ਸਬਸਿਡੀ ਸੰਭਵ ਹੋ ਸਕੇ ਆਮ ਜਨਤਾ ਨੂੰ ਮੁਹੱਈਆ ਕਰਵਾਏ ਕਿਉਂਕਿ ਦੇਸ਼ ਦੀ ਵੱਡੀ ਆਬਾਦੀ ਅਜਿਹੇ ਬੋਝ ਝੱਲਣ ਦੇ ਸਮਰੱਥ ਨਹੀਂ ਹੈ। ਕਿਉਂਕਿ ਸਰਕਾਰੀ ਨੌਕਰੀਆਂ ਅੱਜ ਕੱਲ ਬਹੁਤ ਘੱਟ ਹਨ ਤੇ ਪ੍ਰਾਈਵੇਟ ਸੈਕਟਰ ਵਿਚ ਮਿਹਨਤਾਨਾ ਬਹੁਤ ਘੱਟ ਹੈ ਇਸਤੋਂ ਇਲਾਵਾ ਆਮ ਕਿਸਾਨ, ਮਜ਼ਦੂਰ ਅਤੇ ਛੋਟਾ ਵਪਾਰੀ ਵੀ ਮਹਿੰਗਾਈ ਦੀ ਮਾਰ ਕਾਰਨ ਪਹਿਲਾਂ ਹੀ ਬੇਹਾਲ ਹੈ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ ਨਿਯੰਤਰਣ ਹੇਠ ਰੱਖੇ ਤਾਂ ਜੋ ਛੋਟਾ ਅਤੇ ਦਰਮਿਆਨਾ ਵਰਗ ਸੁਖਾਲੀ ਰੋਟੀ ਖਾ ਸਕੇ।

-ਜਗਜੀਤ ਸਿੰਘ ਦਰਦੀ

# ਸ਼੍ਰੋਮਣੀ ਕਮੇਟੀ ਦੀ ਚੋਣ ਵੱਟੇ ਖ਼ਾਤੇ ਪਈ



ਕਮਲਜੀਤ ਸਿੰਘ ਬਨਵੈਤ
98147 34035

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ 1920 ਨੂੰ ਹੋਈ ਸੀ। ਪਿੱਛੋਂ ਗੁਰਦੁਆਰਾ ਐਕਟ 1925 ਤਹਿਤ ਇਸ ਨੂੰ ਮਾਨਤਾ ਦਿੱਤੀ ਗਈ ਸੀ। ਮਹੰਤਾਂ ਦੇ ਕਬਜ਼ੇ ਤੋਂ ਗੁਰਦੁਆਰਾ ਸਾਹਿਬਾਨ ਨੂੰ ਮੁਕਤ ਕਰਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੋਂਦ ਵਿੱਚ ਆਈ ਸੀ। ਇਸ ਨੂੰ ਸਿੱਖਾਂ ਦੀ ਮਿਨੀ ਪਾਰਲੀਮੈਂਟ ਦਾ ਨਾਂ ਦਿੱਤਾ ਗਿਆ ਹੈ। ਪਿਛਲੇ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਵਾਦਾਂ ਵਿੱਚ ਘਿਰ ਕੇ ਰਹਿ ਗਈ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਆਖ਼ਰੀ ਚੋਣ 2011 ਵਿੱਚ ਹੋਈ ਸੀ। ਲਗਭਗ 14 ਸਾਲ ਬਾਅਦ ਜਦੋਂ ਕਮੇਟੀ ਦੀਆਂ ਚੋਣਾਂ ਕਰਾਉਣ ਦੇ ਸੰਕੇਤ ਮਿਲਣ ਲੱਗੇ ਸਨ ਤਾਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਇਸ ਉੱਤੇ ਰੋਕ ਲਾ ਦਿੱਤੀ ਗਈ ਹੈ। ਉੱਚ ਅਦਾਲਤ ਨੇ ਇਹ ਫੈਸਲਾ ਦਾਇਰ ਇੱਕ ਕੇਸ ਉੱਤੇ ਸੁਣਵਾਈ ਕਰਦਿਆਂ ਕੀਤਾ ਹੈ। ਹਾਲ ਦੀ ਘੜੀ ਕੇਸ ਦੀ ਅਗਲੀ ਸੁਣਵਾਈ ਭਾਵ 28 ਅਪ੍ਰੈਲ ਤੱਕ ਲਾਈ ਗਈ ਹੈ ਪਰ ਉਦੋਂ ਵੀ ਗੱਲ ਕਿਸੇ ਸਿਰੇ ਕੰਢੇ ਨਾ ਲੱਗੀ ਤਾਂ ਕੁਦਰਤੀ ਹੈ ਕਿ ਰੋਕ ਵਿੱਚ ਆਪਣੇ ਆਪ ਵਾਧਾ ਹੋ ਜਾਵੇਗਾ। ਪੰਜਾਬ ਸਰਕਾਰ ਵੱਲੋਂ ਹਾਈਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਸੂਬੇ ਦੇ ਡਿਪਟੀ ਕਮਿਸ਼ਨਰਾਂ ਨੂੰ ਇੱਕ ਪੱਤਰ ਲਿਖ ਕੇ ਕਿਹਾ ਗਿਆ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਰ ਸੂਚੀਆਂ ਵਿੱਚ ਸੁਧਾਈ ਦਾ ਕੰਮ ਰੋਕ ਲਿਆ ਜਾਵੇ ਜਦੋਂ ਕਿ ਗੁਰਦੁਆਰਾ ਚੋਣ ਕਮਿਸ਼ਨ ਦੇ ਫੈਸਲੇ ਅਨੁਸਾਰ 16 ਅਪ੍ਰੈਲ ਤੋਂ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਸ਼ੁਰੂ ਹੋ ਜਾਣੀ ਸੀ।

ਗੁਰਦੁਆਰਾ ਐਕਟ 1925 ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਹਰ ਪੰਜ ਸਾਲ ਬਾਅਦ ਹੋਣੀ ਹੁੰਦੀ ਹੈ ਪਰ ਪਿਛਲੇ ਨੌਂ ਸਾਲਾਂ ਤੋਂ ਚੋਣ ਲਮਕਦੀ ਆ ਰਹੀ ਹੈ। ਹਰ ਸਾਲ ਨਵੰਬਰ ਵਿੱਚ ਮੌਜੂਦਾ ਮੈਂਬਰਾਂ ਵੱਲੋਂ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ, ਸਕੱਤਰ ਜਨਰਲ ਅਤੇ ਖ਼ਜ਼ਾਨਚੀ ਦੀ ਸਾਲਾਨਾ ਚੋਣ ਕਰ ਲਈ ਜਾਂਦੀ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ 28 ਮਾਰਚ ਦੀ ਆਖ਼ਰੀ ਚੋਣ ਵਿੱਚ ਤੀਜੀ ਵਾਰ ਪ੍ਰਧਾਨ ਚੁਣੇ ਗਏ ਸਨ। ਕਮੇਟੀ ਦੇ 170 ਮੈਂਬਰਾਂ ਲਈ ਲੋਕਤੰਤਰ ਢੰਗ ਨਾਲ ਚੋਣ ਹੁੰਦੀ ਹੈ, ਉਸ ਤੋਂ ਬਿਨਾਂ ਪੰਜਾਬ ਸਮੇਤ ਦੂਜੇ ਰਾਜਾਂ ਤੋਂ 15 ਮੈਂਬਰ ਨਾਮਜ਼ਦ ਕੀਤੇ ਜਾਂਦੇ ਹਨ। ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਸਮੇਤ ਪੰਜ ਸਿੰਘ ਸਾਹਿਬਾਨ ਵੀ ਕਮੇਟੀ ਅਹੁਦੇ ਨਾਲ ਮੈਂਬਰ ਹੁੰਦੇ ਹਨ ਅਤੇ ਉਨ੍ਹਾਂ ਕੋਲ ਜਨਰਲ ਇਜਲਾਸ ਵਿੱਚ ਹਾਜ਼ਰ ਰਹਿਣ ਦਾ ਅਧਿਕਾਰ ਹੈ।

ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੇ ਸਾਲ 2014 ਵਿੱਚ ਹਰਿਆਣੇ ਲਈ ਵੱਖਰੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦਾ ਗਠਨ ਕਰ ਦਿੱਤਾ ਸੀ ਇਸ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਪੰਜਾਬ ਤੋਂ ਬਿਨਾਂ ਚੰਡੀਗੜ੍ਹ ਅਤੇ ਹਿਮਾਚਲ ਤੋਂ ਮੈਂਬਰ ਲਏ ਜਾਂਦੇ ਹਨ। ਹਰਿਆਣਾ ਅਤੇ ਪੰਜਾਬ ਦੀਆਂ ਗੁਰਦੁਆਰਾ ਮੈਨੇਜਮੈਂਟ ਕਮੇਟੀਆਂ ਚਾਹੇ ਵੱਖ-ਵੱਖ ਹੋ ਚੁੱਕੀਆਂ ਹਨ ਪਰ ਇਹਨਾਂ ਦਾ ਆਪਸੀ ਝਗੜਾ ਹਾਲੇ ਵੀ ਨਹੀਂ ਮੁੱਕਿਆ ਹੈ। ਹਰਿਆਣਾ ਵਿਧਾਨ ਸਭਾ ਇਕ ਅਨੁਸਾਰ ਵੱਖਰੀ ਮੈਨੇਜਮੈਂਟ ਕਮੇਟੀ ਦਾ ਗਠਨ ਤਾਂ ਹੋ ਚੁੱਕਾ ਹੈ ਪਰ ਸਾਰੇ ਗੁਰਦੁਆਰਿਆਂ ਅਤੇ ਕਮੇਟੀ ਨਾਲ ਸਬੰਧਤ ਜਾਇਦਾਦ ਦਾ ਫੈਸਲਾ 11 ਸਾਲ ਬਾਅਦ ਵੀ ਕਿਸੇ ਕੰਢੇ ਨਹੀਂ ਲੱਗ ਸਕਿਆ ਹੈ। ਦੂਜੇ ਬੰਨੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਗਠਨ ਤੋਂ 11 ਸਾਲਾਂ ਬਾਅਦ ਕਮੇਟੀ ਦੀ ਚੋਣ ਤਾਂ ਕਰਾ ਦਿੱਤੀ ਗਈ ਹੈ ਪਰ ਪ੍ਰਧਾਨ ਸਮੇਤ ਦੂਜੇ ਅਹੁਦੇਦਾਰਾਂ ਦਾ ਗਠਨ ਨਹੀਂ ਕੀਤਾ ਜਾ ਸਕਿਆ ਹੈ। ਕਿਸੇ ਵੀ ਧਿਰ ਨੂੰ ਬਹੁਮਤ ਨਾ ਮਿਲਣ ਕਰਕੇ ਮਾਮਲਾ ਹਵਾ ਵਿੱਚ ਲਟਕ ਕੇ ਰਹਿ ਗਿਆ ਹੈ। ਇਸ ਵੇਲੇ ਹਰਿਆਣਾ ਦੀ ਮੌਜੂਦਾ ਗੁਰਦੁਆਰਾ ਪ੍ਰਬੰਧਕ ਕਮੇਟੀ ਆਰਜ਼ੀ ਤੌਰ 'ਤੇ ਕੇਅਰ ਟੇਕਰ ਵਜੋਂ ਕੰਮਕਾਜ ਦੇਖ ਰਹੀ ਹੈ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸੁਖਜਿੰਦਰ ਸਿੰਘ ਮੰਡੇਬਰ ਆਪਣੀ ਜ਼ਿੰਮੇਵਾਰੀ ਨੂੰ ਪਹਿਲਾਂ ਦੀ ਤਰ੍ਹਾਂ ਸਮਰਪਿਤ ਹਨ ਅਤੇ ਉਹ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾ ਰਹੇ ਹਨ। ਅਸਲ ਵਿੱਚ ਹਰਿਆਣਾ ਕਮੇਟੀ ਦੇ ਮੁਕੰਮਲ ਗਠਨ ਵਿੱਚ ਸਰਕਾਰ ਵੱਲੋਂ ਨਾਮਜ਼ਦ ਮੈਂਬਰ ਦੀ ਸੂਚੀ ਜਾਰੀ ਨਾ ਕਰਨ ਕਰਕੇ ਅੜਿੱਕਾ ਬਣਿਆ ਹੋਇਆ ਹੈ।


ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 28 ਮਾਰਚ ਦੇ ਬਜਟ ਇਜਲਾਸ ਵਿੱਚ ਕੇਵਲ 121 ਚੁਣੇ ਹੋਏ ਮੈਂਬਰ ਸ਼ਾਮਲ ਹੋਏ ਸਨ ਜਦੋਂ ਕਿ ਉਸ ਤੋਂ ਪਹਿਲਾਂ ਪ੍ਰਧਾਨ ਸਮੇਤ ਦੂਜੇ ਅਹੁਦੇਦਾਰਾਂ ਦੀ ਚੋਣ ਵੇਲੇ 142 ਨੇ ਹਾਜ਼ਰੀ ਭਰੀ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਿਆਸੀ ਰੰਗਤ ਚੜ੍ਹ ਜਾਣ ਕਾਰਨ ਆਮ ਲੋਕਾਂ ਦੀ ਦਿਲਚਸਪੀ ਮੱਧਮ ਪਈ ਹੋਈ ਹੈ। ਇੱਕ ਸਿਆਸੀ ਪਾਰਟੀ ਜਾਂ ਵਿਸ਼ੇਸ਼ ਪਰਿਵਾਰ ਦੇ ਕਬਜ਼ੇ ਕਰਕੇ ਕਮੇਟੀ ਦੇ ਵਕਾਰ ਨੂੰ ਵੀ ਸੱਟ ਲੱਗੀ ਹੈ। ਸ਼੍ਰੋਮਣੀ ਕਮੇਟੀ ਦੇ ਮੌਜੂਦਾ ਮੈਂਬਰਾਂ ਵਿੱਚੋਂ 30 ਤੋਂ 35 ਫੌਤ ਹੋ ਚੁੱਕੇ ਹਨ, ਇਸ ਕਰਕੇ ਇਹਨਾਂ ਹਲਕਿਆਂ ਦੀ ਪ੍ਰਤੀਨਿਧਤਾ ਵੀ ਖ਼ਤਮ ਹੋ ਚੁੱਕੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਦੋਂ ਹੋਣਗੀਆਂ ਇਹ ਤਾਂ ਇੱਕ ਵੱਡਾ ਸਵਾਲ ਹੈ ਹੀ ਪਰ ਨਾਲ ਦੀ ਨਾਲ ਸਵਾਲ ਇਹ ਵੀ ਖੜ੍ਹਾ ਹੁੰਦਾ ਹੈ ਕਿ ਵਿਧਾਨ ਸਭਾ ਜਾਂ ਪਾਰਲੀਮੈਂਟ ਦੀ ਤਰ੍ਹਾਂ ਸ਼੍ਰੋਮਣੀ ਕਮੇਟੀ ਦੇ ਖ਼ਾਲੀ ਹੋਏ ਹਲਕਿਆਂ ਦੀਆਂ ਸੀਟਾਂ ਜ਼ਿਮਨੀ ਚੋਣ ਰਾਹੀਂ ਕਿਉਂ ਨਹੀਂ ਭਰ ਜਾਂਦੀਆਂ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਖਰੀ ਵਾਰ 2014 ਨੂੰ ਹੋਈਆਂ ਚੋਣਾਂ ਤੋਂ ਬਾਅਦ ਪੰਜ ਸਾਲਾਂ ਬਾਅਦ ਸਮੇਂ ਸਿਰ ਦੁਬਾਰਾ ਚੋਣ ਹੋ ਜਾਂਦੀ ਤਦ ਤੀਜੀ ਟਰਮ ਦੀ ਮਿਆਦ ਵੀ ਪੂਰੀ ਹੋ ਜਾਣ ਵਾਲੀ ਹੋਣੀ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਿਉਂ ਨਹੀਂ ਹੋ ਰਹੀਆਂ ਹਨ। ਕੀ ਕੋਈ ਵਿਸ਼ੇਸ਼ ਪਾਰਟੀ ਕਿਸੇ ਢੁਕਵੇਂ ਮੌਕੇ ਦੀ ਝਾਕ ਵਿੱਚ ਹੈ ਜਾਂ ਫਿਰ ਇੱਕ ਗਿਣੀ ਮਿਥੀ ਰਣਨੀਤੀ ਤਹਿਤ ਕਮੇਟੀ ਦੇ ਵਕਾਰ ਨੂੰ ਸੱਟ ਮਾਰੀ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਰੱਫੜ ਦਾ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜ ਜਾਣ ਨਾਲ ਜਿੱਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮਾਣ ਮਰਿਆਦਾ ਨੂੰ ਸੱਟ ਲੱਗੀ ਹੈ, ਉੱਥੇ ਪੰਜ ਤਖਤ ਸਾਹਿਬਾਨ ਅਤੇ ਉਹਨਾਂ ਉੱਤੇ ਸੁਸ਼ੋਭਿਤ ਵੱਡੀਆਂ ਹਸਤੀਆਂ ਦੀ ਸਰਬਉੱਚਤਾ ਨੂੰ ਵੀ ਖੋਰਾ ਲੱਗਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਇਸ ਮਾਮਲੇ ਵਿੱਚ ਨਿਰਪੱਖ ਭੂਮਿਕਾ ਨਿਭਾ ਸਕੀ ਹੈ। ਇਸ ਤੋਂ ਪਹਿਲਾਂ ਜਦੋਂ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੇ ਇਸ਼ਾਰੇ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਵੱਲੋਂ ਡੇਰਾ ਸਿਰਸਾ ਦੇ ਮੁਖੀ ਰਾਮ ਰਹੀਮ ਨੂੰ ਮੁਆਫੀ ਦੇਣ ਦੇ ਇਸ਼ਤਿਹਾਰ ਅਖ਼ਬਾਰਾਂ ਵਿੱਚ ਦੇ ਕੇ ਦਾਅਵਾ ਕੀਤਾ ਸੀ, ਸਭ ਤੋਂ ਵੱਡਾ ਖੋਰਾ ਤਾਂ ਉਦੋਂ ਹੀ ਲੱਗ ਗਿਆ ਸੀ। ਆਹ ਪਿੱਛੇ ਜਿਹੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋਂ ਲਾਂਭੇ ਕਰਨ ਵੇਲੇ ਜਿਵੇਂ ਕਮੇਟੀ ਦੀ ਕਾਰਜਕਾਰਨੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਉਸ ਵੇਲੇ ਦੇ ਕਾਰਜਕਾਰੀ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਆਦੇਸ਼ਾਂ ਨੂੰ ਅਣਗੌਲਿਆਂ ਕੀਤਾ ਗਿਆ, ਉਸ ਨਾਲ ਇੱਕ ਹੋਰ ਵੱਡੀ ਸੱਟ ਲੱਗੀ ਹੈ।

ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉੱਤੇ ਬਾਦਲਕਿਆਂ ਦਾ ਕਬਜ਼ਾ ਹੋਣ ਦੇ ਦੋਸ਼ ਲੱਗਦੇ ਆ ਰਹੇ ਹਨ। ਇਸ ਵਿੱਚ ਕੋਈ ਸ਼ੱਕ ਵੀ ਨਹੀਂ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਮੇਤ ਦੂਜੇ ਅਹੁਦੇਦਾਰਾਂ ਦੇ ਨਾਂ ਦਾ ਲਿਫ਼ਾਫ਼ਾ ਬਾਦਲਾਂ ਦੇ ਖੀਸੇ ਵਿੱਚੋਂ ਨਿਕਲਦਾ ਰਿਹਾ ਹੈ। ਤਖ਼ਤ ਸਾਹਿਬਾਨਾਂ ਦੇ ਜਥੇਦਾਰ ਵੀ ਬਾਦਲਾਂ ਦੇ ਇਸ਼ਾਰੇ 'ਤੇ ਲੱਗਦੇ ਆ ਰਹੇ ਹਨ। ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਦਿਨੀਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਨੂੰ ਲਾਏ ਜਾਣ ਅਤੇ ਚੋਰੀ ਚੋਰੀ ਸੇਵਾ ਸੰਭਾਲ ਬਖਸ਼ਣ ਨਾਲੋਂ ਹੋਰ ਵੱਡੀ ਉਦਾਹਰਣ ਕਿਹੜੀ ਦਿੱਤੀ ਜਾ ਸਕਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਾਂ ਬਾਦਲਕਿਆਂ ਕੋਲ ਇਹਨਾਂ ਦੋਸ਼ਾਂ ਤੋਂ ਛੁਟਕਾਰਾ ਪਾਉਣ ਲਈ ਵੀ ਕੋਈ ਬਹਾਨਾ ਨਹੀਂ ਬਚਿਆ ਹੈ, ਜਿਸ ਤਹਿਤ ਕਿਹਾ ਜਾ ਰਿਹਾ ਹੈ ਕਿ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣ ਤੋਂ ਬਾਅਦ ਸਿਆਸੀ ਅਤੇ ਧਾਰਮਿਕ ਸਜ਼ਾ ਲਾਏ ਜਾਣ ਕਰਕੇ ਹੀ ਉਹਨਾਂ ਨੂੰ ਬੇਇੱਜ਼ਤ ਕਰਕੇ ਘਰੇ ਤੋਰ ਦਿੱਤਾ ਗਿਆ ਸੀ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਚੋਣ ਵੇਲੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਵਾਪਸ ਲਿਆ ਫਖ਼ਰ ਕੌਮ ਦਾ ਖਿਤਾਬ ਮੁੜ ਤੋਂ ਦੇਣ ਦਾ ਮਤਾ ਪਾਸ ਕੀਤੇ ਜਾਣ ਤੋਂ ਇਹ ਵੀ ਸਪੱਸ਼ਟ ਹੋ ਗਿਆ ਹੈ ਕਿ ਸੁਖਬੀਰ ਸਿੰਘ ਬਾਦਲ ਦੇ ਸੀਨੇ ਵਿੱਚੋਂ ਇਹ ਚੀਸ ਜਾ ਨਹੀਂ ਰਹੀ ਹੈ। ਚਾਰ ਤਖ਼ਤਾਂ ਦੇ ਜਥੇਦਾਰ ਸਾਹਿਬ ਇੱਕ ਖ਼ਾਸ ਸ਼ਖਸ ਦੇ ਇਸ਼ਾਰੇ ਉੱਤੇ ਲਾਏ ਜਾ ਚੁੱਕੇ ਹਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਯੁਕਤੀ ਲਈ ਵਿਧੀ ਵਿਧਾਨ ਤਿਆਰ ਕੀਤੇ ਜਾਣ ਦਾ ਢੰਡੋਰਾ ਪਿੱਟਣ ਦੇ ਨਵੇਂ ਜਥੇਦਾਰ ਦੀ ਨਿਯੁਕਤੀ ਦਾ ਕੰਮ ਅੰਦਰੋਂ ਅੰਦਰੀਂ ਹੀ ਚੱਕ ਲਿਆ ਹੈ। ਪਿਛਲੇ ਸਮੇਂ ਦੌਰਾਨ ਜੋ ਕੁਝ ਵਾਪਰਿਆ, ਉਸ ਦੇ ਆਧਾਰ ਉੱਤੇ ਇਹ ਕਹਿਣ ਵਿੱਚ ਕੋਈ ਗੁਰੇਜ਼ ਨਹੀਂ ਕਿ ਸੁਖਬੀਰ ਧੜੇ ਦੀ ਸ਼੍ਰੋਮਣੀ ਅਕਾਲੀ ਦਲ ਦੇ ਧੜੇ ਨੇ ਆਪਣੀ ਪੁਗਾਉਣ ਲਈ ਸਿੱਖਾਂ ਦੀਆਂ ਸਰਵ ਉੱਚ ਸੰਸਥਾਵਾਂ ਅਤੇ ਇਹਨਾਂ ਉੱਤੇ ਬਿਰਾਜਮਾਨ ਸ਼ਖਸੀਅਤਾਂ ਨੂੰ ਇੱਕ ਤਰ੍ਹਾਂ ਨਾਲ ਰੋਲ ਕੇ ਰੱਖ ਦਿੱਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਦੋ ਦਸੰਬਰ ਨੂੰ ਜਾਰੀ ਹੋਏ ਹੁਕਮਨਾਮੇ ਦਾ ਧਾਰਮਿਕ ਪੱਖ ਮੰਨ ਕੇ ਰਾਜਨੀਤਿਕ ਪੱਖ ਖ਼ਿਲਾਫ਼ ਇੱਕ ਤਰ੍ਹਾਂ ਨਾਲ ਬਗਾਵਤ ਹੀ ਨਹੀਂ ਕੀਤੀ ਸਗੋਂ ਉਸ ਅੰਦਰਲੀਆਂ ਕੁਝ ਸਤਰਾਂ ਨੂੰ ਝੁਠਿਆਂ ਵੀ ਪਾਇਆ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਇਸ ਸਾਲ ਦੇ ਅੱਧ ਤੱਕ ਕਰਵਾਏ ਜਾਣ ਦੇ ਆਸਾਰ ਬਣ ਰਹੇ ਸਨ। ਹੁਣ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸੱਦੇ ਦਿੱਤੇ ਜਾਣ 'ਤੇ ਇੱਕ ਵਾਰ ਫੇਰ ਚੋਣ ਵੱਟੇ ਖਾਤੇ ਪੈ ਗਈ ਲੱਗਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਵੱਡੀ ਜਿੱਤ ਲਈ ਸ਼੍ਰੋਮਣੀ ਅਕਾਲੀ ਦਲ ਵਾਰਸ ਪੰਜਾਬ ਦੇ ਉਮੀਦ ਲਾਈ ਬੈਠਾ ਹੈ। ਸੁਧਾਰ ਲਹਿਰ ਵਾਲੇ ਵੀ ਸੁਖਬੀਰ ਤੋਂ ਬਦਲਾ ਲੈਣ ਦੀ ਆਸ ਇਹਨਾਂ ਚੋਣਾਂ ਉੱਤੇ ਹੀ ਲਾਈ ਬੈਠੇ ਹਨ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸਮੇਤ ਹੋਰ ਕਈ ਸਾਰੀਆਂ ਪੰਥਕ ਜਥੇਬੰਦੀਆਂ ਇੱਕਜੁੱਟ ਹੋ ਕੇ ਸ਼੍ਰੋਮਣੀ ਕਮੇਟੀ ਨੂੰ ਬਾਦਲਕਿਆਂ ਦੇ ਕਬਜ਼ੇ ਵਿੱਚੋਂ ਛੁਡਵਾਉਣ ਲਈ ਕਾਹਲੀਆਂ ਪੈਣ ਲੱਗੀਆਂ ਹਨ। ਪਿਛਲੇ ਸਮੇਂ ਦੌਰਾਨ ਜਿਵੇਂ ਕਿ ਅਸੀਂ ਵਾਰ-ਵਾਰ ਕਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਹਿੱਤਾਂ ਦੀ ਪੂਰਤੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਜਥੇਦਾਰਾਂ ਨੂੰ ਵਰਤਿਆ ਹੈ, ਉਸ ਦੇ ਚਲਦਿਆਂ ਇਸ ਧੜੇ ਨੂੰ ਲਾਂਭੇ ਕਰਨ ਵਿੱਚ ਹੀ ਸਿੱਖ ਪੰਥ ਅਤੇ ਕੌਮ ਦੀ ਭਲਾਈ ਹੋਵੇਗੀ। ਸ਼੍ਰੋਮਣੀ ਅਕਾਲੀ ਦਲ ਵਿਧਾਨ ਸਭਾ ਦੀਆਂ 2027 ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਉੱਤੇ ਮੁੜ ਕਾਬਜ਼ ਹੋਣ ਦੀ ਉਮੀਦ ਲਾਈ ਬੈਠਾ ਹੈ ਪਰ ਜ਼ਿਆਦਾਤਰ ਚਿੰਤਕ ਇਸ ਨੂੰ ਸ਼ੇਖ ਚਿਲੀ ਦੇ ਸੁਪਨਿਆਂ ਵਿੱਚ ਕਿਲੇ ਉਸਾਰਨ ਨਾਲ ਜੋੜ ਕੇ ਦੇਖ ਰਹੇ ਹਨ।

# 'ਭਾਰਤੀ ਪ੍ਰਥਮ ਅਤੇ ਭਾਰਤੀ ਅੰਤਿਮ': ਡਾ. ਅੰਬੇਡਕਰ, ਇੱਕ ਦੂਰਦਰਸ਼ੀ ਸੁਧਾਰਕ



ਰਾਜਨਾਥ ਸਿੰਘ,
ਕੇਂਦਰੀ ਰੱਖਿਆ ਮੰਤਰੀ

ਅੱਜ ਭਾਰਤ ਦੇ ਮਹਾਨ ਦੂਰਦਰਸ਼ੀਆਂ ਵਿੱਚੋਂ ਇੱਕ, ਡਾ. ਬੀ.ਆਰ. ਅੰਬੇਡਕਰ ਦੀ 135ਵੀਂ ਜਯੰਤੀ ਹੈ। ਡਾ. ਅੰਬੇਡਕਰ ਦੀ ਵਿਰਾਸਤ ਨੂੰ ਘਟਾਉਣ ਲਈ ਜਾਣਬੁੱਝ ਕੇ ਬੇਇਨਸਾਫ਼ੀ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ। ਇੱਕ ਸਦੀ ਤੋਂ ਵੱਧ ਸਮੇਂ ਬਾਅਦ ਉਨ੍ਹਾਂ ਦੀ ਵਿਰਾਸਤ ਨਾਲ ਸਭ ਤੋਂ ਵੱਡੀ ਬੇਇਨਸਾਫ਼ੀ ਉਨ੍ਹਾਂ ਨੂੰ ਇੱਕ ਦਲਿਤ ਨੇਤਾ ਬਣਾਉਣਾ ਹੈ। ਅੱਜ ਉਨ੍ਹਾਂ ਨੂੰ ਸਿਰਫ ਦਲਿਤਾਂ ਅਤੇ ਹਾਸ਼ੀਏ 'ਤੇ ਪਏ ਲੋਕਾਂ ਦੇ ਪ੍ਰਤੀਰੋਧ ਦੇ ਪ੍ਰਤੀਕ ਵਜੋਂ ਹੀ ਨਹੀਂ ਦੇਖਿਆ ਜਾਣਾ ਚਾਹੀਦਾ ਜੋ ਕਿ ਉਹ ਬਿਨਾਂ ਸ਼ੱਕ ਹਨ ਅਤੇ ਹਮੇਸ਼ਾ ਰਹਿਣਗੇ, ਸਗੋਂ ਆਧੁਨਿਕ ਭਾਰਤ ਦੇ ਮੋਹਰੀ ਚਿੰਤਕਾਂ ਵਜੋਂ ਵੀ ਦੇਖਿਆ ਜਾਣਾ ਚਾਹੀਦਾ ਹੈ।

ਇਹ ਦਰਜ ਹੈ ਕਿ ਜਦੋਂ ਉਹ ਸਕੂਲ ਵਿੱਚ ਸਨ, ਤਾਂ ਉਨ੍ਹਾਂ ਨੂੰ ਉਸ ਆਮ ਟੂਟੀ ਤੋਂ ਪਾਣੀ ਪੀਣ ਦੀ ਵੀ ਇਜਾਜ਼ਤ ਨਹੀਂ ਸੀ, ਜਿਸ ਤੋਂ ਦੂਜੇ ਬੱਚੇ ਪੀਂਦੇ ਸਨ। ਇੱਕ ਦਿਨ, ਤੇਜ਼ ਗਰਮੀ ਵਿੱਚ ਜਦੋਂ ਉਨ੍ਹਾਂ ਨੇ ਆਪਣੇ ਸਭ ਤੋਂ ਨੇੜੇ ਦੇ ਸਰੋਤ ਤੋਂ ਪੀਣ ਦਾ ਫੈਸਲਾ ਕੀਤਾ, ਤਾਂ ਉਨ੍ਹਾਂ ਨੂੰ ਇਸ ਉਲੰਘਣਾ ਕਰਨ ਦੀ ਹਿੰਮਤ ਕਰਨ ਲਈ ਨਿਸ਼ਾਨਾ ਬਣਾਇਆ ਗਿਆ। ਅਜਿਹੀ ਘਟਨਾ ਤੋਂ ਬਾਅਦ ਬਹੁਤ ਸਾਰੇ ਨੌਜਵਾਨ ਮੁੰਡੇ ਆਪਣੀ ਕਿਸਮਤ ਦੇ ਅੱਗੇ ਹਾਰ ਮੰਨ ਗਏ ਹੋਣਗੇ। ਹੋਰ ਲੋਕ ਪ੍ਰਤੀਕਿਰਿਆਵਾਦੀ ਹੋ ਸਕਦੇ ਹਨ, ਜੋ ਹਿੰਸਕ ਕਾਰਵਾਈ ਰਾਹੀਂ ਇੱਕ ਬੇਇਨਸਾਫ਼ੀ ਪ੍ਰਣਾਲੀ ਵਿਰੁੱਧ ਬਗਾਵਤ ਕਰ ਰਹੇ ਹਨ। ਪਰ ਅੰਬੇਡਕਰ ਨੇ ਆਪਣੇ ਅੰਦਰੂਨੀ ਗੁੱਸੇ ਨੂੰ ਸਿੱਖਣ ਦੇ ਜੋਸ਼ ਵਿੱਚ ਬਦਲ ਦਿੱਤਾ। ਉਨ੍ਹਾਂ ਨੇ ਅੱਗੇ ਜਾ ਕੇ ਐਮਏ, ਐਮਐਸਸੀ, ਪੀਐਚਡੀ, ਡੀਐਸਸੀ, ਡੀਲਿਟ ਅਤੇ ਬਾਰ-ਐਟ-ਲਾਅ ਪ੍ਰਾਪਤ ਕੀਤਾ, ਜਿਸ ਵਿੱਚ ਕੋਲੰਬੀਆ ਅਤੇ ਲੰਡਨ ਸਕੂਲ ਆਫ਼ ਇਕੋਨੌਮਿਕਸ ਦੀਆਂ ਡਿਗਰੀਆਂ ਸ਼ਾਮਲ ਹਨ। ਜੇਕਰ ਸਮਾਜ ਉਨ੍ਹਾਂ ਨੂੰ ਇੱਕੋ ਟੂਟੀ ਤੋਂ ਪਾਣੀ ਪੀਣ ਜਾਂ ਇੱਕੋ ਸਕੂਲ ਵਿੱਚ ਪੜ੍ਹਨ ਦੇਣ ਲਈ ਤਿਆਰ ਨਾ ਹੁੰਦਾ, ਤਾਂ ਉਹ ਇਨ੍ਹਾਂ ਸਭ ਤੋਂ ਪੂਰੀ ਤਰ੍ਹਾਂ ਦੂਰ ਰਹਿੰਦੇ ਅਤੇ ਵਿਦੇਸ਼ ਵਿੱਚ ਆਪਣੀ ਪੜ੍ਹਾਈ ਪੂਰੀ ਕਰਦੇ। ਇਸ ਦੇ ਬਾਵਜੂਦ, ਉਹ ਹਮੇਸ਼ਾ ਭਾਰਤ, ਆਪਣੀ ਮਾਤਭੂਮੀ ਅਤੇ ਕਰਮਭੂਮੀ 'ਤੇ ਵਾਪਸ ਆਉਣ ਲਈ ਸਪੱਸ਼ਟ ਸਨ।

ਪ੍ਰਮਾਤਮਾ ਨੇ ਡਾ. ਅੰਬੇਡਕਰ ਨੂੰ ਬੇਮਿਸਾਲ ਧੀਰਜ, ਸਿਆਣਪ ਅਤੇ ਇਮਾਨਦਾਰੀ ਪ੍ਰਦਾਨ ਕੀਤੀ, ਜਿਸ ਨੂੰ ਉਨ੍ਹਾਂ ਨੇ ਇੱਕ ਸਮਾਜ ਸੁਧਾਰਕ, ਕਾਨੂੰਨਸਾਜ਼, ਅਰਥਸ਼ਾਸਤਰੀ, ਦਾਰਸ਼ਨਿਕ, ਮਨੁੱਖੀ ਅਧਿਕਾਰਾਂ ਦੇ ਵਕੀਲ ਅਤੇ ਰਾਸ਼ਟਰ ਨਿਰਮਾਤਾ ਵਜੋਂ ਵਰਤਿਆ। ਡਾ. ਅੰਬੇਡਕਰ ਦੀ ਵਿਦਵਤਾ ਦੀ ਡੂੰਘਾਈ, ਲੰਬਾਈ ਅਤੇ ਚੌੜਾਈ ਬੇਮਿਸਾਲ ਹੈ। ਉਨ੍ਹਾਂ ਨੇ ਰਾਜਨੀਤੀ ਤੋਂ ਲੈ ਕੇ ਨੈਤਿਕਤਾ, ਸਮਾਜ ਸ਼ਾਸਤਰ ਤੋਂ ਲੈ ਕੇ ਮਾਨਵ ਸ਼ਾਸਤਰ, ਅਰਥ ਸ਼ਾਸਤਰ ਤੋਂ ਲੈ ਕੇ ਕਾਨੂੰਨ ਅਤੇ ਰਾਜਨੀਤਕ ਅਰਥ ਸ਼ਾਸਤਰ ਤੋਂ ਲੈ ਕੇ ਧਰਮ ਸ਼ਾਸਤਰ ਤੱਕ ਦੇ ਵਿਸ਼ਿਆਂ ਅਤੇ ਥੀਮਸ ਤੇ ਵਿਆਪਕ ਤੌਰ 'ਤੇ ਲਿਖਿਆ।

ਡਾ. ਅੰਬੇਡਕਰ ਦੀ ਸੰਸਥਾ ਨਿਰਮਾਤਾ ਵਜੋਂ ਭੂਮਿਕਾ ਨੂੰ ਵੀ ਉਜਾਗਰ ਕਰਨ ਦੀ ਜ਼ਰੂਰਤ ਹੈ। ਆਧੁਨਿਕ ਭਾਰਤ ਵਿੱਚ ਕਈ ਸੰਸਥਾਵਾਂ, ਜਿਵੇਂ ਕਿ ਆਰਬੀਆਈ ਅਤੇ ਕੇਂਦਰੀ ਜਲ ਕਮਿਸ਼ਨ, ਬਾਬਾ ਸਾਹਬ ਦੀ ਦੂਰਅੰਦੇਸ਼ੀ ਸੋਚ ਦੀ ਸਿਰਜਣਾ ਹਨ। ਅਰਥਸ਼ਾਸਤਰ ਅਤੇ ਆਰਥਿਕ ਇਤਿਹਾਸ ਵਿੱਚ ਆਪਣੀ ਮੁਹਾਰਤ ਦੇ ਅਧਾਰ 'ਤੇ, ਉਨ੍ਹਾਂ ਨੇ ਰਾਇਲ ਕਮਿਸ਼ਨ ਔਨ ਇੰਡੀਅਨ ਕਰੰਸੀ ਐਂਡ ਫਾਈਨੈਂਸ ਨੂੰ ਦਿੱਤੇ ਆਪਣੇ ਸਬੂਤ ਵਿੱਚ ਭਾਰਤ ਨੂੰ ਦਰਪੇਸ਼ ਮੁਦ੍ਰਾ ਸਮੱਸਿਆਵਾਂ ਦਾ ਵਿਸ਼ਲੇਸ਼ਣ ਕੀਤਾ। ਇਸ ਥੀਸਿਸ ਵਿੱਚ ਉਨ੍ਹਾਂ ਨੇ ਵਿਸਥਾਰ ਨਾਲ ਦੱਸਿਆ ਕਿ ਕਿਵੇਂ ਬ੍ਰਿਟਿਸ਼ ਵੱਲੋਂ ਬਰਕਰਾਰ ਰੱਖੀ ਜਾ ਰਹੀ ਸਥਿਰ ਮੁਦ੍ਰਾ ਪ੍ਰਣਾਲੀ ਭਾਰਤ ਵਿੱਚ ਸਿਰਫ ਉਨ੍ਹਾਂ ਦੇ ਹਿੱਤਾਂ ਦੀ ਪੂਰਤੀ ਕਰਦੀ ਸੀ। ਅੰਤ ਵਿੱਚ, ਇਹ ਇੱਕ ਕੇਂਦਰੀ ਬੈਂਕ ਦੇ ਕੰਮ ਕਰਨ ਲਈ ਭਾਰਤੀ ਰਿਜ਼ਰਵ ਬੈਂਕ ਦੀ ਸਿਰਜਣਾ ਦੀ ਨੀਂਹ ਬਣ ਗਈ। ਇੱਕ ਪੱਕੇ ਲੋਕਤੰਤਰਵਾਦੀ ਹੋਣ ਦੇ ਨਾਤੇ, ਡਾ. ਅੰਬੇਡਕਰ ਇਹ ਵੀ ਮੰਨਦੇ ਸਨ ਕਿ ਸਰਕਾਰ ਦਾ ਇੱਕ ਲੋਕਤੰਤਰੀ ਰੂਪ ਸਮਾਜ ਦੇ ਇੱਕ ਲੋਕਤੰਤਰੀ ਰੂਪ ਨੂੰ ਦਰਸਾਉਂਦਾ ਹੈ। ਉਨ੍ਹਾਂ ਦਾ ਮੰਨਣਾ ਸੀ ਕਿ ਸਮਾਜ ਵਿੱਚ ਨੈਤਿਕ ਵਿਵਸਥਾ ਤੋਂ ਬਿਨਾਂ, ਲੋਕਤੰਤਰ ਅਤੇ ਕਾਨੂੰਨ ਦਾ ਰਾਜ ਨਹੀਂ ਹੋ ਸਕਦਾ। ਇਹ ਵੀ ਕਿਹਾ ਜਾ ਸਕਦਾ ਹੈ ਕਿ ਉਨ੍ਹਾਂ ਲਈ, ਲੋਕਤੰਤਰ, ਰਾਜਨੀਤੀ ਅਤੇ ਨੈਤਿਕਤਾ ਨੇ ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਜਿਹਾ ਇੱਕ ਤਿਕੋਣ ਬਣਾਇਆ। ਉਨ੍ਹਾਂ ਦਾ ਮੰਨਣਾ ਸੀ ਕਿ ਤੁਸੀਂ ਰਾਜਨੀਤੀ ਸਿੱਖ ਸਕਦੇ ਹੋ ਅਤੇ ਨੈਤਿਕਤਾ ਬਾਰੇ ਕੁਝ ਨਹੀਂ ਜਾਣਦੇ ਹੋਵੋਗੇ, ਕਿਉਂਕਿ ਰਾਜਨੀਤੀ ਨੈਤਿਕਤਾ ਤੋਂ ਬਿਨਾਂ ਵੀ ਚੱਲ ਸਕਦੀ ਹੈ। ਮੇਰੇ ਵਿਚਾਰ ਵਿੱਚ ਇਹ ਇੱਕ ਹੈਰਾਨੀਜਨਕ ਪ੍ਰਸਤਾਵ ਹੈ ਅਤੇ ਜੇਕਰ ਕੋਈ ਨੈਤਿਕ ਪ੍ਰਣਾਲੀ ਨਹੀਂ ਹੈ, ਤਾਂ ਲੋਕਤੰਤਰ ਟੁਕੜੇ-ਟੁਕੜੇ ਹੋ ਜਾਵੇਗਾ। ਆਪਣੇ ਸਭ ਤੋਂ ਮਹਾਨ ਵਾਰਤਾਕਾਰ, ਗਾਂਧੀ ਜੀ ਵਾਂਗ ਅੰਬੇਡਕਰ ਬੁਨਿਆਦੀ ਸਮਾਜਿਕ ਸੁਧਾਰ ਲਈ ਵਚਨਬੱਧ ਸਨ। ਇਹ ਇਸ ਲਈ ਕਿਉਂਕਿ ਉਹ ਭਾਰਤ ਦੇ ਭਵਿੱਖ, ਇਸ ਦੇ ਲੋਕਤੰਤਰ ਅਤੇ ਮਿਹਨਤ ਨਾਲ ਪ੍ਰਾਪਤ ਕੀਤੀ ਆਜ਼ਾਦੀ ਬਾਰੇ ਬਹੁਤ ਚਿੰਤਤ ਸਨ। ਸੰਵਿਧਾਨ ਸਭਾ ਵਿੱਚ ਆਪਣੇ ਆਖਰੀ ਭਾਸ਼ਣ ਵਿੱਚ ਉਨ੍ਹਾਂ ਦੇ ਡਰ ਦਾ ਪ੍ਰਗਟਾਵਾ ਹੋਇਆ। ਉੱਚੀ-ਉੱਚੀ ਵੱਜ ਰਹੀਆਂ ਤਾੜੀਆਂ ਦੇ ਦਰਮਿਆਨ, ਡਾ. ਅੰਬੇਡਕਰ ਨੇ ਕਿਹਾ ਕਿ ਸਾਨੂੰ ਆਪਣੇ ਖ਼ੂਨ ਦੀ ਆਖਰੀ ਬੂੰਦ ਤੱਕ ਆਪਣੀ ਆਜ਼ਾਦੀ ਦੀ ਰਾਖੀ ਕਰਨ ਲਈ ਦ੍ਰਿੜ੍ਹ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਪਹਿਲਾਂ ਹੀ ਚੇਤਾਵਨੀ ਦਿੱਤੀ ਸੀ ਕਿ ਜੇਕਰ ਭਾਰਤੀ ਆਤਮ-ਸੰਤੁਸ਼ਟ ਹੋ ਜਾਂਦੇ ਹਨ ਤਾਂ ਭਾਰਤ ਦੂਸਰੀ ਵਾਰ ਆਪਣਾ ਲੋਕਤੰਤਰ ਅਤੇ ਆਜ਼ਾਦੀ ਗੁਆ ਦੇਵੇਗਾ। ਪੂਨਾ ਵਿੱਚ ਆਪਣੇ ਇੱਕ ਭਾਸ਼ਣ ਵਿੱਚ ਉਨ੍ਹਾਂ ਨੇ ਕਿਹਾ, ਸਾਡੇ ਕੋਲ ਇੱਕ ਸੰਵਿਧਾਨ ਹੈ ਜੋ ਲੋਕਤੰਤਰ ਦੀ ਵਿਵਸਥਾ ਕਰਦਾ ਹੈ। ਖੈਰ, ਅਸੀਂ ਹੋਰ ਕੀ ਚਾਹੁੰਦੇ ਹਾਂ? ...ਮੈਂ ਤੁਹਾਨੂੰ ਇਸ ਤਰ੍ਹਾਂ ਦੀ ਘਮੰਡੀ ਭਾਵਨਾ ਪ੍ਰਤੀ ਚੇਤਾਵਨੀ ਦਿੰਦਾ ਹਾਂ ਕਿ ਸੰਵਿਧਾਨ ਬਣਾਉਣ ਦੇ ਨਾਲ, ਸਾਡਾ ਕੰਮ ਪੂਰਾ ਹੋ ਗਿਆ ਹੈ। ਇਹ ਮੁਕੰਮਲ ਨਹੀਂ ਹੈ। ਇਹ ਸਿਰਫ ਸ਼ੁਰੂਆਤ ਹੈ। ਸੰਵਿਧਾਨ ਦੇ ਮੁੱਖ ਨਿਰਮਾਤਾ ਲਈ ਇਹ ਕਹਿਣਾ ਦਰਸਾਉਂਦਾ ਹੈ ਕਿ ਉਹ ਸੱਚਮੁੱਚ ਕਿੰਨੇ ਦੂਰਦਰਸ਼ੀ ਸਨ।

ਇਹ ਉਨ੍ਹਾਂ ਦੇ ਚੇਤਾਵਨੀ ਭਰੇ ਸ਼ਬਦ ਸਨ, ਜਿਨ੍ਹਾਂ ਨੇ ਭਾਰਤ ਨੂੰ ਲਗਭਗ ਅੱਠ ਦਹਾਕਿਆਂ ਤੱਕ ਜੀਵੰਤ ਲੋਕਤੰਤਰ ਦੇ ਰਾਹ 'ਤੇ ਤੋਰਿਆ। ਹਾਲਾਂਕਿ, ਅੱਜ ਅਸੀਂ ਕੁਝ ਲੋਕਾਂ ਦੁਆਰਾ ਜਾਤ, ਧਰਮ, ਨਸਲ, ਭਾਸ਼ਾ ਆਦਿ ਜਿਹੀਆਂ ਸਮਾਜਿਕ ਵੰਡਾਂ ਦੇ ਅਧਾਰ 'ਤੇ ਭਾਰਤੀਆਂ ਦਰਮਿਆਨ ਭਾਈਚਾਰੇ ਨੂੰ ਘਟਾਉਣ ਦੀਆਂ ਕੋਸ਼ਿਸ਼ਾਂ ਨੂੰ ਦੇਖ ਰਹੇ ਹਾਂ। ਸਾਨੂੰ ਇਹ ਯਕੀਨੀ ਬਣਾਉਣ ਲਈ ਚੌਕਸ ਰਹਿਣਾ ਚਾਹੀਦਾ ਹੈ ਕਿ ਇਹ ਵੰਡਣ ਵਾਲੀਆਂ ਪ੍ਰਵਿਰਤੀਆਂ ਅਸਫਲ ਕੋਸ਼ਿਸ਼ਾਂ ਤੋਂ ਇਲਾਵਾ ਕੁਝ ਨਾ ਰਹਿਣ। ਡਾ. ਅੰਬੇਡਕਰ ਦੀ ਰਚਨਾ ਨੂੰ ਦੁਬਾਰਾ ਪੜ੍ਹਨਾ ਅਤੇ ਦੁਬਾਰਾ ਜੁੜਨਾ ਇਸ ਖੋਜ ਵਿੱਚ ਸਾਡਾ ਮਾਰਗਦਰਸ਼ਕ ਉਜਾਗਰ ਹੋ ਸਕਦਾ ਹੈ।

ਉਦਾਹਰਣ ਵਜੋਂ ਅੰਬੇਡਕਰ ਨੇ ਆਰੀਅਨ ਹਮਲੇ ਦੇ ਸਿਧਾਂਤ ਦਾ ਉਸ ਸਮੇਂ ਮਜ਼ਾਕ ਉਡਾਇਆ ਜਦੋਂ ਉਹ ਆਰੀਅਨ-ਦ੍ਰਾਵਿੜ ਵੰਡ ਤੋਂ ਸਭ ਤੋਂ ਵੱਧ ਲਾਭ ਪ੍ਰਾਪਤ ਕਰ ਸਕਦੇ ਸਨ। ਬਾਬਾ ਸਾਹਿਬ ਨੇ 1918 ਵਿੱਚ ਪ੍ਰਕਾਸ਼ਿਤ ਇੱਕ ਪੇਪਰ ਵਿੱਚ ਲਿਖਿਆ, ਕੀ ਕੋਈ ਕਬੀਲਾ ਜਾਂ ਪਰਿਵਾਰ ਨਸਲੀ ਤੌਰ 'ਤੇ ਆਰੀਅਨ ਸੀ ਜਾਂ ਦ੍ਰਾਵਿੜ, ਇਹ ਇੱਕ ਅਜਿਹਾ ਸਵਾਲ ਸੀ ਜੋ ਭਾਰਤ ਦੇ ਲੋਕਾਂ ਨੂੰ ਉਦੋਂ ਤੱਕ ਪਰੇਸ਼ਾਨ ਨਹੀਂ ਕਰਦਾ ਸੀ ਜਦੋਂ ਤੱਕ ਵਿਦੇਸ਼ੀ ਵਿਦਵਾਨਾਂ ਨੇ ਆ ਕੇ ਇਸ 'ਤੇ ਰੇਖਾਵਾਂ ਖਿੱਚਣੀਆਂ ਸ਼ੁਰੂ ਨਹੀਂ ਕੀਤੀਆਂ। ਹੋਰ ਥਾਵਾਂ 'ਤੇ ਉਨ੍ਹਾਂ ਨੇ ਕਈ ਉਦਾਹਰਣਾਂ ਦਿੱਤੀਆਂ, ਜਿੱਥੇ ਯਜੁਰ ਵੇਦ ਅਤੇ ਅਥਰਵ ਵੇਦ ਦੇ ਰਿਸ਼ੀ ਸ਼ੂਦਰਾਂ ਦੀ ਮਹਿਮਾ ਦੀ ਕਾਮਨਾ ਕਰਦੇ ਸਨ ਅਤੇ ਕਈ ਮੌਕਿਆਂ 'ਤੇ ਇੱਕ ਸ਼ੂਦਰ ਖੁਦ ਰਾਜਾ ਬਣਿਆ। ਉਨ੍ਹਾਂ ਨੇ ਇਸ ਸਿਧਾਂਤ ਨੂੰ ਵੀ ਸਾਫ਼-ਸਾਫ਼ ਰੱਦ ਕਰ ਦਿੱਤਾ ਕਿ ਅਛੂਤ ਲੋਕ ਆਰੀਆ ਅਤੇ ਦ੍ਰਾਵਿੜਾਂ ਤੋਂ ਨਸਲੀ ਤੌਰ 'ਤੇ ਅਲੱਗ ਹਨ।

ਇਸ ਤੋਂ ਇਲਾਵਾ ਜੋ ਲੋਕ ਭਾਸ਼ਾਈ ਮੁੱਦਿਆਂ ਨੂੰ ਆਪਣੇ ਸੌੜੇ ਅਤੇ ਸੰਪਰਦਾਇਕ ਹਿੱਤਾਂ ਨੂੰ ਅੱਗੇ ਵਧਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਉਨ੍ਹਾਂ ਨੂੰ ਡਾ. ਅੰਬੇਡਕਰ ਦੇ ਰਾਸ਼ਟਰ ਦੀ ਏਕਤਾ ਅਤੇ ਇਸ ਵਿੱਚ ਭਾਸ਼ਾ ਦੀ ਭੂਮਿਕਾ ਬਾਰੇ ਵਿਚਾਰਾਂ ਨੂੰ ਪੜ੍ਹਨਾ ਬਹੁਤ ਲਾਭਦਾਇਕ ਹੋਵੇਗਾ। 10 ਸਤੰਬਰ, 1949 ਨੂੰ ਉਨ੍ਹਾਂ ਨੇ ਸੰਵਿਧਾਨ ਸਭਾ ਵਿੱਚ ਇੱਕ ਸੋਧ ਪੇਸ਼ ਕੀਤੀ, ਜਿਸ ਵਿੱਚ ਸੰਸਕ੍ਰਿਤ-ਉਨ੍ਹਾਂ ਨੌਂ ਭਾਸ਼ਾਵਾਂ ਵਿੱਚੋਂ ਇੱਕ ਜਿਨ੍ਹਾਂ ਵਿੱਚ ਉਨ੍ਹਾਂ ਨੇ ਮੁਹਾਰਤ ਹਾਸਲ ਕੀਤੀ ਸੀ, ਉਨ੍ਹਾਂ ਵਿੱਚੋਂ ਇੱਕ ਨੂੰ ਸੰਘ ਦੀ ਸਰਕਾਰੀ ਭਾਸ਼ਾ ਵਜੋਂ ਅਪਣਾਇਆ ਗਿਆ ਅਤੇ ਸਮਰਥਨ ਦਿੱਤਾ ਗਿਆ। ਆਪਣੇ ਭਾਸ਼ਾਈ ਰਾਜਾਂ ਬਾਰੇ ਵਿਚਾਰ ਵਿੱਚ ਉਨ੍ਹਾਂ ਨੇ ਹਿੰਦੀ ਨੂੰ ਸਾਰੇ ਭਾਰਤੀਆਂ ਦੀ ਭਾਸ਼ਾ ਵਜੋਂ ਵਕਾਲਤ ਕੀਤੀ। ਇਸ ਨੂੰ ਅਪਣਾਉਣਾ ਇੱਕ ਲਾਜ਼ਮੀ ਫਰਜ਼ ਵੀ ਐਲਾਨ ਕੀਤਾ ਗਿਆ ਸੀ। ਇਹ ਗੱਲ ਧਿਆਨ ਦੇਣ ਯੋਗ ਹੈ ਕਿ ਬਾਬਾ ਸਾਹਿਬ ਮੂਲ ਹਿੰਦੀ ਬੋਲਣ ਵਾਲੇ ਨਹੀਂ ਸਨ, ਫਿਰ ਵੀ ਉਨ੍ਹਾਂ ਨੇ ਇਹ ਇਸ ਲਈ ਕਿਹਾ ਕਿਉਂਕਿ ਉਹ ਰਾਸ਼ਟਰ ਨੂੰ ਪਹਿਲ ਦਿੰਦੇ ਸਨ।

22 ਦਸੰਬਰ 1952 ਨੂੰ ਦਿੱਤੇ ਗਏ ਆਪਣੇ ਇੱਕ ਭਾਸ਼ਣ ਵਿੱਚ, ਜਿਸ ਦਾ ਸਿਰਲੇਖ ਲੋਕਤੰਤਰ ਦੇ ਸਫਲ ਕਾਰਜ ਲਈ ਸ਼ਰਤਾਂ ਦੀ ਉਦਾਹਰਣ ਸੀ, ਡਾ. ਅੰਬੇਡਕਰ ਨੇ ਕਿਹਾ ਕਿ ਲੋਕਤੰਤਰ ਦਾ ਰੂਪ ਅਤੇ ਉਦੇਸ਼ ਸਮੇਂ ਦੇ ਨਾਲ ਬਦਲਦੇ ਰਹਿੰਦੇ ਹਨ ਅਤੇ ਆਧੁਨਿਕ ਲੋਕਤੰਤਰ ਦਾ ਉਦੇਸ਼ ਲੋਕਾਂ ਦੀ ਭਲਾਈ ਕਰਨਾ ਹੈ। ਇਸ ਦ੍ਰਿਸ਼ਟੀਕੋਣ ਨਾਲ ਅਣਥੱਕ ਮਿਹਨਤ ਕਰਦੇ ਹੋਏ, ਪਿਛਲੇ 10 ਵਰ੍ਹਿਆਂ ਵਿੱਚ ਸਾਡੀ ਸਰਕਾਰ 25 ਕਰੋੜ ਲੋਕਾਂ ਨੂੰ ਗਰੀਬੀ ਵਿਚੋਂ ਬਾਹਰ ਕੱਢਣ ਵਿੱਚ ਸਫਲ ਹੋਈ ਹੈ। ਅਸੀਂ 16 ਕਰੋੜ ਘਰਾਂ ਨੂੰ ਨਲ ਦਾ ਪਾਣੀ ਮੁਹੱਈਆ ਕਰਵਾਉਣ ਲਈ ਕੰਮ ਕੀਤਾ ਹੈ। ਅਸੀਂ ਗਰੀਬ ਪਰਿਵਾਰਾਂ ਲਈ 5 ਕਰੋੜ ਘਰ ਬਣਾਏ ਹਨ। ਵਰ੍ਹੇ 2023 ਵਿੱਚ, ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਵੱਲੋਂ ਜਨ ਮਨ ਅਭਿਯਾਨ ਸ਼ੁਰੂ ਕੀਤਾ ਗਿਆ ਸੀ। ਇਸ ਦਾ ਉਦੇਸ਼ ਖਾਸ ਤੌਰ 'ਤੇ ਕਮਜ਼ੋਰ ਕਬਾਇਲੀ ਸਮੂਹਾਂ (ਪੀਵੀਟੀਜੀ) ਦੀਆਂ ਸਮਾਜਿਕ-ਆਰਥਿਕ ਸਥਿਤੀਆਂ ਨੂੰ ਸੁਧਾਰਨਾ ਅਤੇ ਪੀਵੀਟੀਜੀ ਘਰਾਂ ਅਤੇ ਬਸਤੀਆਂ ਨੂੰ ਬੁਨਿਆਦੀ ਸਹੂਲਤਾਂ ਨਾਲ ਸੰਤ੍ਰਿਪਤਤਾ ਹਾਸਲ ਕਰਨਾ ਹੈ। ਅਸੀਂ ਯੂਨੀਵਰਸਲ ਹੈਲਥ ਕਵਰੇਜ (ਯੂਐੱਚਸੀ) ਦੇ ਵਿਜ਼ਨ ਨੂੰ ਪ੍ਰਾਪਤ ਕਰਨ ਲਈ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਯ ਯੋਜਨਾ ਵੀ ਸ਼ੁਰੂ ਕੀਤੀ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਦੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਲੋਕਾਂ ਲਈ ਸਾਡੀ ਸਰਕਾਰ ਦਾ ਭਲਾਈ ਕਾਰਜ, ਲੋਕਤੰਤਰ ਪ੍ਰਤੀ ਸਾਡਾ ਸਮਰਪਣ ਅਤੇ ਬਾਬਾ ਸਾਹਿਬ ਪ੍ਰਤੀ ਸਾਡੀ ਸ਼ਰਧਾ ਦਾ ਪ੍ਰਗਟਾਵਾ ਕਰਦਾ ਹੈ। ਡਾ. ਬੀ. ਆਰ. ਅੰਬੇਡਕਰ ਦਾ ਮੰਨਣਾ ਸੀ ਕਿ ਸਮਾਜਿਕ ਅਤੇ ਆਰਥਿਕ ਲੋਕਤੰਤਰ ਰਾਜਨੀਤਕ ਲੋਕਤੰਤਰ ਦੇ ਨਾਲ-ਨਾਲ ਚਲਦਾ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਨੇ 2047 ਤੱਕ ਵਿਕਸਿਤ ਭਾਰਤ ਦਾ ਟੀਚਾ ਰੱਖਿਆ ਹੈ। ਇਹ ਟੀਚਾ ਬਾਬਾ ਸਾਹਿਬ ਦੇ ਦ੍ਰਿਸ਼ਟੀਕੋਣ ਦੇ ਅਨੁਕੂਲ ਹੈ। ਇਸ ਤੋਂ ਇਲਾਵਾ ਇਹ ਯਕੀਨੀ ਬਣਾਉਣ ਲਈ ਕਿ ਆਉਣ ਵਾਲੀਆਂ ਪੀੜ੍ਹੀਆਂ ਬਾਬਾ ਸਾਹਿਬ ਦੀ ਵਿਰਾਸਤ ਅਤੇ ਯੋਗਦਾਨ ਬਾਰੇ ਹੋਰ ਜਾਣ ਸਕਣ, ਸਾਡੀ ਸਰਕਾਰ ਨੇ ਪੰਚਤੀਰਥ ਨੂੰ ਵਿਕਸਿਤ ਕਰਨ ਲਈ ਕੰਮ ਕੀਤਾ ਹੈ। ਡਾ. ਅੰਬੇਡਕਰ ਨਾਲ ਜੁੜੇ ਇਹ ਪੰਜ ਪ੍ਰਤੀਕ ਸਥਾਨ ਹਨ, ਮਹੂ (ਮੱਧ ਪ੍ਰਦੇਸ਼); ਨਾਗਪੁਰ (ਮਹਾਰਾਸ਼ਟਰ) ਵਿੱਚ ਦੀਕਸ਼ਾ ਭੂਮੀ; ਲੰਡਨ ਵਿੱਚ ਡਾ. ਅੰਬੇਡਕਰ ਮੈਮੋਰੀਅਲ ਹੋਮ; ਅਲੀਪੁਰ ਰੋਡ (ਦਿੱਲੀ) ਵਿੱਚ ਮਹਾਪਰਿਨਿਰਵਾਨ ਭੂਮੀ, ਅਤੇ ਮੁੰਬਈ (ਮਹਾਰਾਸ਼ਟਰ) ਵਿੱਚ ਚੈਤਯ ਭੂਮੀ। ਪਿਛਲੇ ਮਹੀਨੇ ਜਦੋਂ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਨੇ ਦੀਕਸ਼ਾ ਭੂਮੀ ਦਾ ਦੌਰਾ ਕੀਤਾ, ਤਾਂ ਉਨ੍ਹਾਂ ਨੇ ਬਾਬਾ ਸਾਹਿਬ ਦੀ ਕਲਪਨਾ ਕੀਤੇ ਭਾਰਤ ਨੂੰ ਸਾਕਾਰ ਕਰਨ ਲਈ ਹੋਰ ਵੀ ਸਖ਼ਤ ਮਿਹਨਤ ਕਰਨ ਦੀ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਬਾਬਾ ਸਾਹਿਬ ਦੀ ਜਨਮ ਵਰ੍ਹੇਗੰਢ ਸਾਰੇ ਭਾਰਤੀਆਂ ਨੂੰ ਉਨ੍ਹਾਂ ਦੁਆਰਾ ਦਿੱਤੀਆਂ ਗਈਆਂ ਕਦਰਾਂ ਕੀਮਤਾਂ ਅਤੇ ਆਦਰਸ਼ਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਨਵਿਆਉਣ ਦਾ ਮੌਕਾ ਪ੍ਰਦਾਨ ਕਰਦੀ ਹੈ। ਆਓ ਅਸੀਂ ਆਪਣੀ ਨਸਲ, ਧਰਮ, ਖੇਤਰ, ਜਾਤ ਅਤੇ ਪੰਥ ਤੋਂ ਉੱਪਰ ਉੱਠੀਏ ਅਤੇ ਭਾਰਤੀ ਬਣੀਏ। ਉਨ੍ਹਾਂ ਦੀ ਵਿਰਾਸਤ ਦਾ ਸੱਚਮੁੱਚ ਸਨਮਾਨ ਕਰਨ ਲਈ ਸਾਨੂੰ ਉਨ੍ਹਾਂ ਦੇ ਵਿਚਾਰਾਂ ਦੀ ਪੂਰੀ ਸ਼੍ਰੇਣੀ ਅਤੇ ਗਹਿਰਾਈ ਨਾਲ ਜੁੜਨਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਇੱਕ ਸੰਪਰਦਾਇਕ ਨੇਤਾ ਦੇ ਦਰਜੇ ਤੱਕ ਘਟਾਉਣ ਦੀਆਂ ਸਾਰੀਆਂ ਕੋਸ਼ਿਸ਼ਾਂ ਦਾ ਵਿਰੋਧ ਕਰਨਾ ਚਾਹੀਦਾ ਹੈ। ਜਦੋਂ ਸਾਈਮਨ ਕਮਿਸ਼ਨ ਨੂੰ ਸਬੂਤ ਦੇਣ ਲਈ ਕਿਹਾ ਗਿਆ ਤਾਂ ਸਭ ਤੋਂ ਵੱਡੀ ਜ਼ਰੂਰਤ ਲੋਕਾਂ ਵਿੱਚ ਇਹ ਭਾਵਨਾ ਪੈਦਾ ਕਰਨ ਦੀ ਸੀ ਕਿ ਉਹ ਪਹਿਲਾਂ ਭਾਰਤੀ ਹਨ ਅਤੇ ਅੰਤ ਵਿੱਚ ਭਾਰਤੀ ਹਨ ਅਤੇ ਸਥਾਨਕ ਦੇਸ਼ ਭਗਤੀ ਅਤੇ ਸਮੂਹਿਕ ਚੇਤਨਾ ਅੱਗੇ ਝੁਕਣ ਵਿਰੁੱਧ ਚੇਤਾਵਨੀ ਦਿੱਤੀ ਜਾਵੇ। ਬਾਬਾ ਸਾਹਿਬ ਭਾਰਤ ਨੂੰ ਪਰਮਾਤਮਾ ਦਾ ਤੋਹਫ਼ਾ ਹਨ ਅਤੇ ਦੁਨੀਆਂ ਨੂੰ ਭਾਰਤ ਦਾ ਤੋਹਫ਼ਾ ਹਨ। ਅੱਜ 135 ਵਰ੍ਹਿਆਂ ਬਾਅਦ, ਆਓ ਅਸੀਂ ਉਨ੍ਹਾਂ ਨੂੰ ਉਹ ਉੱਚਾ ਦਰਜਾ ਦੇਈਏ ਜਿਸ ਦੇ ਉਹ ਹੱਕਦਾਰ ਹਨ, ਜਿਸ ਲਈ ਬ੍ਰਿਟਿਸ਼ ਭਾਰਤ ਅਤੇ ਨਵੇਂ ਆਜ਼ਾਦ ਰਾਸ਼ਟਰ ਦੋਵਾਂ ਨੇ ਉਨ੍ਹਾਂ ਨੂੰ ਇਨਕਾਰ ਕੀਤਾ ਸੀ।

# ਡਾ.ਅੰਬੇਡਕਰ ਫ਼ਿਲਾਸਫ਼ੀ ਕੀ ਸਿਰਫ਼ ਰਾਜਨੀਤੀ ਅਤੇ ਵੋਟਾਂ ਲਈ ਹੈ ?



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156

ਅੱਜ ਆਜ਼ਾਦੀ ਦੇ 75 ਵਰ੍ਹਿਆਂ ਤੋਂ ਬਾਅਦ ਹੁਣ ਜਦੋਂ ਅਸੀਂ ਡਾਕਟਰ ਅੰਬੇਡਕਰ ਦੀ ਫ਼ਿਲਾਸਫ਼ੀ ਨੂੰ ਭਾਰਤੀ ਪਰਿਵੇਸ਼ ਦੇ ਉਸ ਦੌਰ 'ਚ ਖੜ੍ਹਾ ਦੇਖਦੇ ਹਾਂ ਜੋ ਸਿਰਫ਼ ਰਾਜਨੀਤੀ ਤੇ ਵੋਟ ਬੈਂਕ ਦਾ ਅਖਾੜਾ ਬਣ ਗਈ ਹੈ। ਕਈ ਵਾਰ ਇਹ ਦੇਖਕੇ ਦੁਖ ਹੁੰਦਾ ਹੈ ਕਿ ਅਸੀਂ ਉਹਨਾਂ ਦੀ ਫ਼ਿਲਾਸਫ਼ੀ ਨਾਲ ਅਤੇ ਸਮਾਜ ਨੂੰ ਊਚ ਨੀਚ ਤੋਂ ਮੁਕਤ ਕਰਾਉਣ ਦੀ ਆਜ਼ਾਦੀ ਅਤੇ ਸਮਾਜ ਨੂੰ ਹਾਸ਼ੀਏ ਦੇ ਬਾਹਰ ਪਏ ਹੋਏ ਉਸ ਸਮਾਜ ਦੀ ਗੱਲ ਦੀ, ਉਹਨਾਂ ਨੇ ਜਦੋਂ ਸੰਵਿਧਾਨਿਕ ਤੌਰ 'ਤੇ ਗੱਲ ਕੀਤੀ ਸੀ ਤਾਂ ਉਸ ਵੇਲੇ ਦਾ ਰਾਜਨੀਤਿਕ ਦ੍ਰਿਸ਼ ਕਿਸ ਤਰ੍ਹਾਂ ਦਾ ਸੀ। ਡਾਕਟਰ ਅੰਬੇਡਕਰ ਦੀ ਫ਼ਿਲਾਸਫ਼ੀ ਦਾ ਮੂਲ ਮੰਤਵ ਵਿਦਿਆ ਭਾਈਚਾਰਾ ਅਤੇ ਸਮਾਜਿਕ ਸਮਰਸਤਾ ਦਾ ਰਸਤਾ ਹੈ, ਜਿਸ ਦੇ ਲਈ ਉਹਨਾਂ ਨੇ ਸਾਰੀ ਉਮਰ ਸੰਘਰਸ਼ ਕੀਤਾ। ਭਾਰਤ ਵਿੱਚ ਡਾਕਟਰ ਅੰਬੇਡਕਰ ਦੀ ਸਮੁੱਚੀ ਸ਼ਖਸੀਅਤ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਤਾ ਦੇ ਤੌਰ 'ਤੇ ਦੇਖਿਆ ਗਿਆ ਹੈ ਅਤੇ ਭਾਰਤੀ ਸੰਵਿਧਾਨ ਨੂੰ ਡਾਕਟਰ ਅੰਬੇਡਕਰ ਦੁਆਰਾ ਦਿੱਤਾ ਗਿਆ ਉਹ ਸੰਵਿਧਾਨ ਮੰਨਿਆ ਗਿਆ ਹੈ ਜਿਸ 'ਤੇ ਦੁਨੀਆ ਵੀ ਰਸ਼ਕ ਕਰਦੀ ਹੈ। ਇਹ ਦੁਨੀਆਂ ਦਾ ਸਭ ਤੋਂ ਵੱਡਾ ਲਿਖਿਆ ਹੋਇਆ ਸੰਵਿਧਾਨ ਹੈ। ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਇਸ ਤਰ੍ਹਾਂ ਦਾ ਲਿਖਿਆ ਹੋਇਆ ਸੰਵਿਧਾਨ ਨਹੀਂ ਹੈ ਡਾਕਟਰ ਅੰਬੇਡਕਰ ਨੇ ਆਪਣੀ ਸਾਰੀ ਦੀ ਸਾਰੀ ਜ਼ਿੰਦਗੀ ਨੂੰ ਉਸ ਰਾਜਨੀਤੀ ਵਿੱਚ ਖਪਾਇਆ, ਜਿੱਥੇ ਜਾਤੀ ਊਚ ਨੀਚਤਾ ਅਤੇ ਦਹਿਸ਼ਤ ਦੇ ਨਾਲ ਉਹਨਾਂ 'ਤੇ ਹਮਲੇ ਹੁੰਦੇ ਰਹੇ। ਉਹਨਾਂ ਨੇ ਰਾਜਨੀਤਿਕ ਅੰਦੋਲਨ ਵੀ ਚਲਾਏ। ਡਾਕਟਰ ਅੰਬੇਡਕਰ ਇਕ ਅਜਿਹੀ ਸ਼ਖਸੀਅਤ ਸਨ, ਜਿਨ੍ਹਾਂ ਨੇ ਆਪਣਾ ਅਖ਼ਬਾਰ ਵੀ ਚਲਾਇਆ ਅਤੇ ਦੁਨੀਆਂ ਦੀਆਂ ਮਹਿੰਗੀਆਂ ਯੂਨੀਵਰਸਿਟੀਆਂ ਤੋਂ ਡੀ. ਲਿਟ .ਅਤੇ ਪੀਐਚਡੀ ਵਰਗੀਆਂ ਡਿਗਰੀਆਂ ਲਈਆਂ। ਭਾਰਤੀ ਸੰਵਿਧਾਨ ਤੋਂ ਬਾਅਦ ਸ਼ਾਇਦ ਬਹੁਤ ਘੱਟ ਲੋਕਾਂ ਨੂੰ ਪਤਾ ਹੋਏਗਾ ਕਿ ਡਾਕਟਰ ਅੰਬੇਡਕਰ ਦੀ ਇੱਕ ਵੱਡੀ ਦੇਣ ਭਾਰਤੀਆਂ ਨੂੰ ਭਾਰਤੀ ਰਿਜ਼ਰਵ ਬੈਂਕ ਵੀ ਹੈ, ਉਹ ਇਕਨੌਮਿਕਸ ਅਰਥਾਤ ਅਰਥਚਾਰੇ ਦੇ ਵੀ ਮਾਹਿਰ ਵਿਅਕਤੀਤਵ ਸਨ।

ਉਹਨਾਂ ਨੇ ਆਪਣੀਆਂ ਸੰਸਦੀ ਬਹਿਸਾਂ ਵਿੱਚ ਅਤੇ ਸੰਵਿਧਾਨ ਦੇ ਮੂਲ ਵਿੱਚ ਆਮ ਆਦਮੀ ਨੂੰ ਜਿਸ ਤਰ੍ਹਾਂ ਦੇਖਿਆ ਹੈ ਉਹ ਅੱਜ ਸਾਹਮਣੇ ਆ ਰਿਹਾ ਹੈ। ਇਹ ਡਾਕਟਰ ਅੰਬੇਡਕਰ ਜੀ ਹੀ ਸਨ, ਜਿਨ੍ਹਾਂ ਨੇ ਦੱਬੇ ਕੁਚਲੇ ਅਤੇ ਭੁੱਖ ਨਾਲ ਸਰਾਪੇ ਹੋਏ ਲੋਕਾਂ ਨੂੰ ਉਸ ਮੁੱਖਧਾਰਾ ਵਿੱਚ ਲਿਆਉਣ ਦਾ ਯਤਨ ਕੀਤਾ ਅਤੇ ਵੱਡਮੁੱਲੀ ਹੱਦ ਤੱਕ ਕਾਮਯਾਬੀ ਲਈ। ਉਹਨਾਂ ਨੇ ਭਾਰਤੀ ਸੰਵਿਧਾਨ ਵਿੱਚ ਸਭ ਨੂੰ ਵੋਟ ਦਾ ਅਧਿਕਾਰ ਦੇ ਕੇ ਸਾਰੇ ਭੇਦਭਾਵ ਨੂੰ ਮਿਟਾ ਦਿੱਤਾ। ਭਾਵੇਂ ਅੱਜ ਅਸੀਂ 75 ਸਾਲਾਂ ਬਾਅਦ ਡਾਕਟਰ ਅੰਬੇਡਕਰ ਦੀ ਬੁੱਤਪ੍ਰਸਤੀ 'ਤੇ ਵੀ ਬਹਿਸ ਕਰਦੇ ਹਾਂ ਪਰੰਤੂ ਰਾਜਨੀਤਿਕ ਤੌਰ 'ਤੇ ਜਿਸ ਚੇਤੰਨਤਾ ਦਾ ਅਸੀਂ ਉਹਨਾਂ ਤੋਂ ਪਰਉਪਕਾਰ ਅਤੇ ਉਹਨਾਂ ਦੇ ਦਰਸ਼ਨ ਨੂੰ ਦੇਖਣਾ ਸੀ, ਉਸ 'ਤੇ ਨਹੀਂ ਚੱਲ ਸਕੇ ਹਾਂ।

ਕੀ ਅੱਜ ਇਹਨਾਂ ਵਰ੍ਹਿਆਂ ਦੇ ਵਿੱਚ ਜਦੋਂ ਪੂਰੀ ਦੁਨੀਆਂ ਬਦਲ ਰਹੀ ਹੈ ਕਿ ਡਾਕਟਰ ਅੰਬੇਡਕਰ ਜੀ ਦਾ ਜੀਵਨ ਦਰਸ਼ਨ ਸਿਰਫ਼ ਉਹਨਾਂ ਦੇ ਲੱਗੇ ਹੋਏ ਬੁੱਤ ਅਤੇ ਰਾਜਨੀਤੀ ਅਤੇ ਵੋਟਾਂ ਦੀ ਰਾਜਨੀਤੀ ਵਾਸਤੇ ਰਹਿ ਗਿਆ ਹੈ। ਹੁਣ ਇਸ ਬਾਰੇ ਸੋਚਣ ਦੀ ਲੋੜ ਹੈ।

ਹੁਣ ਸਮਾਂ ਆ ਗਿਆ ਹੈ ਕਿ ਇਸ ਬਾਰੇ ਬਹਿਸ ਚਲਾਈ ਜਾਏ ਅਤੇ ਸਾਫ਼ ਕੀਤਾ ਜਾਏ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਨੇ ਆਮ ਆਦਮੀ ਲੋਕਾਂ ਲਈ ਅਤੇ ਜਿਸ ਸਮਾਜ ਲਈ ਉਹ ਲੜੇ, ਉਸ ਸਮਾਜ ਵਿੱਚ ਉਹਨਾਂ ਦੇ ਬਾਰੇ ਜਾਗਰਤੀ ਵਿਸ਼ੇਸ਼ਕਰ ਉਹਨਾਂ ਦੀ ਜੀਵਨ ਅਤੇ ਵਿਲੱਖਣ ਵਿਗਿਆਨਕ ਸਮਾਜਿਕ ਫ਼ਿਲਾਸਫ਼ੀ ਦੇ ਬਾਰੇ ਵਿੱਚ ਉਹਨਾਂ ਨੂੰ ਕਿੰਨੇ ਪ੍ਰਤੀਸ਼ਤ ਕਾਮਯਾਬੀ ਮਿਲੀ ਹੈ ਕਿ ਸਿਰਫ਼ ਉਹਨਾਂ ਦਾ ਨਾਮ ਇੱਕ ਵਿਸ਼ੇਸ਼ ਵਰਗ ਦੀਆਂ ਵੋਟਾਂ ਲੈਣ ਤੱਕ ਹੀ ਰਹਿ ਗਿਆ ਹੈ।

ਅੱਜ ਜਦੋਂ ਅਸੀਂ ਡਾਕਟਰ ਅੰਬੇਡਕਰ ਨੂੰ ਉਹਨਾਂ ਦੇ ਇਸ ਦਿਨ 'ਤੇ ਯਾਦ ਕਰਦੇ ਹਾਂ ਤਾਂ ਪੂਰੀ ਦੁਨੀਆਂ ਵਿੱਚ ਉਹਨਾਂ ਦੇ ਖੁਲਾਸੇ ਤੇ ਉਹਨਾਂ ਦੇ ਸਮਾਜ ਲਈ ਕੀਤੇ ਗਏ ਅਜਿਹੇ ਕੰਮ ਇਹ ਪੂਰੇ ਦਾ ਪੂਰਾ ਦੇਸ਼ ਉਹਨਾਂ ਦੇ ਦਰਸ਼ਨ ਦੇ ਪ੍ਰਤੀ ਇਕ ਤਰ੍ਹਾਂ ਇਕ ਨਵੀ ਰੌਸ਼ਨੀ ਵਿੱਚ ਚਲਦਾ ਹੋਇਆ ਦਿਖਾਈ ਦਿੰਦਾ ਹੈ। ਅਸਲ ਵਿੱਚ ਡਾਕਟਰ ਅੰਬੇਡਕਰ ਭਾਰਤੀ ਇਤਿਹਾਸ ਦੇ ਉਹ ਯੁੱਗ ਪੁਰਸ਼ ਹੋਏ ਹਨ, ਜਿਨ੍ਹਾਂ ਨੇ ਆਪਣੀ ਦੇਹ 'ਤੇ ਜ਼ਮੀਨੀ ਹਮਲੇ ਵੀ ਸਹਾਰੇ ਅਤੇ ਆਪਣੇ ਸਮਾਜ ਦੇ ਲਈ ਜਿਨ੍ਹਾਂ ਨੇ ਐਡੀ ਵੱਡੀ ਕੁਰਬਾਨੀ ਕੀਤੀ ਹੈ ਕਿ ਜਿਹੜੀ ਉਹਨਾਂ ਦੇ ਐਨੇ ਸਾਲਾਂ ਤੋਂ ਬਾਅਦ ਵੀ ਕਿਸੇ ਹੋਰ ਦੇ ਹਿੱਸੇ ਨਹੀਂ ਆਈ। ਅਸਲ ਵਿੱਚ ਡਾਕਟਰ ਅੰਬੇਡਕਰ ਆਪਣੀ ਫਿਲਾਸਫੀ ਤੇ ਆਪਣੀ ਸਮਾਜ ਦੇ ਪ੍ਰਤੀ ਹੀ ਨਹੀਂ ਉਹ ਪੂਰੇ ਹਿੰਦੁਸਤਾਨ ਵਾਸਤੇ ਉਹਨਾਂ ਤਬਕਿਆਂ ਦੇ ਇੱਕ ਬੇਤਾਜ ਮਸੀਹਾ ਸਨ, ਜਿਨ੍ਹਾਂ ਨੂੰ ਉਹਨਾਂ ਨੇ ਸਮਾਜਿਕ ਆਜ਼ਾਦੀ ਦੇ ਨਿਆਂ ਵਾਸਤੇ ਅਤੇ ਰੋਟੀ ਦੀ ਭੁੱਖ ਵਾਸਤੇ ਸੰਗਠਿਤ ਹੋਣ ਦਾ ਸੁਨੇਹਾ ਦਿੱਤਾ ਸੀ। ਉਹਨਾਂ ਨੇ ਹਮੇਸ਼ਾ ਆਪਣੇ ਉਸ ਦਲਿਤ ਸ਼ੋਸ਼ਿਤ ਸਮਾਜ ਨੂੰ ਇੱਕ ਨਵੀਂ ਦਿਸ਼ਾ ਦੇਣ ਦਾ ਉਪਰਾਲਾ ਕੀਤਾ, ਜਿਸ ਨੂੰ ਉਹਨਾਂ ਨੇ ਬਾਅਦ ਵਿੱਚ ਪੜ੍ਹਾਈ ਅਰਥਾਤ ਵਿਦਿਆ ਦੀ ਅਹਿਮੀਅਤ ਸੰਗਠਤ ਬਣੋ ਦਾ ਨਾਅਰਾ ਵੀ ਦਿੱਤਾ ਸੀ। ਅਸਲ ਵਿੱਚ ਉਹਨਾਂ ਨੇ ਜੀਣ ਦੇ ਅਧਿਕਾਰ ਦੇ ਨਾਲ ਪੜ੍ਹਾਈ ਨੂੰ ਇਤਨੀ ਜ਼ਿਆਦਾ ਅਹਿਮੀਅਤ ਦਿੱਤੀ, ਉਸਦੇ ਲਈ ਉਹ ਆਪਣੀ ਮਿਸਾਲ ਆਪ ਸਨ। ਆਜ਼ਾਦੀ ਦੇ ਇੰਨੇ ਵਰ੍ਹਿਆਂ ਤੋਂ ਬਾਅਦ ਡਾਕਟਰ ਅੰਬੇਡਕਰ ਨੂੰ ਯਾਦ ਕਰਦਿਆਂ ਹੋਇਆਂ ਸਾਨੂੰ ਇਹ ਵੀ ਯਾਦ ਰੱਖਣਾ ਹੋਵੇਗਾ ਕਿ ਭਾਰਤੀ ਆਜ਼ਾਦੀ ਸੰਗਰਾਮ ਦੇ ਵਿੱਚ ਇਹ ਕਿਹਾ ਜਾਂਦਾ ਹੈ ਕਿ ਉਹਨਾਂ ਦਾ ਯੋਗਦਾਨ ਦੂਸਰੀ ਤਰ੍ਹਾਂ ਦਾ ਸੀ।

ਬਹੁਤ ਸਾਰੇ ਲੋਕ ਉਹਨਾਂ ਨੂੰ ਅੰਗਰੇਜ਼ ਪੱਖੀ ਵੀ ਕਹਿੰਦੇ ਹਨ ਪਰੰਤੂ ਮਹਾਤਮਾ ਗਾਂਧੀ ਦੇ ਪੂਨਾ ਪੈਕਟ ਦੀ ਫ਼ਿਲਾਸਫ਼ੀ ਅਤੇ ਸਮੇਂ-ਸਮੇਂ 'ਤੇ ਜੇ ਡਾਕਟਰ ਅੰਬੇਡਕਰ ਭਾਰਤੀ ਸੰਵਿਧਾਨ ਸਭਾ ਦੇ ਵਿੱਚ ਆਪਣਾ ਮੱਤ ਵਿਅਕਤ ਨਹੀਂ ਕਰਦੇ ਤਾਂ ਸ਼ਾਇਦ ਜਿੰਨੇ ਅਧਿਕਾਰ ਅੱਜ ਆਮ ਆਦਮੀ ਨੂੰ ਭਾਰਤੀ ਸੰਵਿਧਾਨ ਵਿੱਚ ਹਨ ਅਤੇ ਜਿਹੜੇ ਮੌਲਿਕ ਅਧਿਕਾਰਾਂ ਵਿੱਚ ਹੁੰਦੇ ਹਨ, ਉਹ ਸ਼ਾਇਦ ਕਦੀ ਨਾ ਹੁੰਦੇ। ਜਦੋਂ ਅਸੀਂ ਪੰਜਾਬ ਬਾਰੇ ਡਾਕਟਰ ਅੰਬੇਡਕਰ ਦੇ ਰਿਸ਼ਤੇ ਦੀ ਗੱਲ ਕਰਦੇ ਹਾਂ ਤਾਂ ਸਾਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਉਹਨਾਂ ਦਾ ਪੰਜਾਬ ਨਾਲ ਵਿਸ਼ੇਸ਼ ਤੌਰ 'ਤੇ ਰਿਸ਼ਤਾ ਸੀ। ਬੋਧ ਧਰਮ ਨੂੰ ਅਪਣਾਉਣ ਤੋਂ ਬਾਅਦ ਉਹ ਪਹਿਲੀ ਵਾਰ ਜਦੋਂ 1954 ਵਿੱਚ ਆਪਣੀ ਜੀਵਨ ਲੀਲਾ ਦੇ ਆਖ਼ਰੀ ਸਮੇਂ ਵਿੱਚ ਪੰਜਾਬ ਦੇ ਦੁਆਬਾ ਜਲੰਧਰ ਡੀਏਵੀ ਕਾਲਜ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਲਈ ਆਏ ਸਨ ਤਾਂ ਉਹਨਾਂ ਨੇ ਕਿਹਾ ਸੀ ਪੰਜਾਬ ਉਹ ਮੁਕਤੀ ਧਰਤੀ ਹੈ ਜਿੱਥੇ ਬੁਧ ਧਰਮ ਅਤੇ ਜਿੱਥੇ ਦੂਜੇ ਧਰਮ ਸਭ ਮਿਲ ਜੁਲ ਕੇ ਰਹਿੰਦੇ ਹਨ।

ਅੱਜ ਵੀ ਪੰਜਾਬ ਦੀ ਧਰਤੀ 'ਤੇ ਦਿੱਤਾ ਗਿਆ ਉਹਨਾਂ ਦਾ ਸੰਦੇਸ਼ ਆਪਸੀ ਭਾਈਚਾਰਾ ਅਤੇ ਮਿਲਵਰਤਨ ਦੀ ਹੋਂਦ ਨੂੰ ਸਾਹਮਣੇ ਰੱਖਦਾ ਹੈ ਪਰੰਤੂ ਪੰਜਾਬ ਦਾ ਦੁਆਬਾ ਜਿੱਥੇ ਦਲਿਤ ਵਸੋਂ ਲਗਭਗ 43 ਪ੍ਰਤੀਸ਼ਤ ਦੇ ਆਸ ਪਾਸ ਹੋਣ ਦੀ ਉਮੀਦ ਹੈ, ਉਥੇ ਅਜੇ ਵੀ ਡਾਕਟਰ ਅੰਬੇਡਕਰ ਦੀ ਫ਼ਿਲਾਸਫ਼ੀ ਅਤੇ ਉਹਨਾਂ ਦੀ ਵਿਚਾਰਧਾਰਾ ਵੋਟਾਂ ਲੈਣ ਵਾਸਤੇ ਅਤੇ ਵੱਡੇ ਵੋਟ ਵਰਗ ਵਿੱਚ ਵੰਡੀ ਹੋਈ ਦਿਖਾਈ ਦਿੰਦੀ ਹੈ ਅਤੇ ਇਹ ਕਿਸੇ ਦੁਖਾਂਤ ਤੋਂ ਘੱਟ ਨਹੀਂ ਹੈ। ਪੂਰੀ ਦੁਨੀਆਂ ਦੇ ਵਿੱਚ ਸਭ ਤੋਂ ਜ਼ਿਆਦਾ ਪੜ੍ਹੇ ਲਿਖੇ ਵਿਅਕਤੀ ਦੇ ਤੌਰ 'ਤੇ ਅਤੇ ਇੱਕ ਸਟੇਟਸਮੈਨ ਦਾ ਰੁਤਬਾ ਪਾਏ ਡਾਕਟਰ ਅੰਬੇਡਕਰ ਦਾ ਦਰਸ਼ਨ ਜਦੋਂ ਪੰਜਾਬ ਦੇ ਲੋਕਾਂ ਨਾਲ ਸਾਹਮਣੇ ਆਉਂਦਾ ਹੈ ਤਾਂ ਇਹ ਅਦਭੁੱਤ ਦ੍ਰਿਸ਼ਟੀ ਰੱਖਦਾ ਹੈ। ਬਹੁਤ ਘੱਟ ਲੋਕਾਂ ਨੂੰ ਪਤਾ ਹੋਏਗਾ ਕਿ ਉਹਨਾਂ ਦੇ ਨਾਲ ਜੀਵਨ ਦੇ 25 ਵਰ੍ਹੇ ਤੋਂ ਜ਼ਿਆਦਾ ਸਮਾਂ ਗੁਜ਼ਾਰਨ ਵਾਲੇ ਸ੍ਰੀ ਨਾਨਕ ਚੰਦ ਪੰਜਾਬ ਦੇ ਹੀ ਸਨ। ਜਿਹੜੇ ਆਖ਼ਰੀ ਸਮੇਂ ਤੱਕ ਤੇ ਉਹਨਾਂ ਦੇ ਜੀਵਨ ਦੇ ਨਾਲ ਨਾਲ ਚਲਦੀਆਂ ਘਟਨਾਵਾਂ ਦੇ ਇੱਕੋ ਇੱਕ ਨਜ਼ਦੀਕੀ ਸਨ। ਡਾਕਟਰ ਅੰਬੇਡਕਰ ਨੂੰ ਅੱਜ ਦੇ ਦਿਨ 'ਤੇ ਯਾਦ ਕਰਦਿਆਂ ਸਾਨੂੰ ਇਹ ਕਦੀ ਨਹੀਂ ਭੁੱਲਣਾ ਚਾਹੀਦਾ ਕਿ ਭਾਰਤ ਦੇ ਲੋਕਾਂ ਨੂੰ ਬਰਾਬਰੀ ਦਾ ਅਧਿਕਾਰ ਵੋਟ ਦਾ ਅਧਿਕਾਰ ਤੇ ਮੌਲਿਕ ਅਧਿਕਾਰਾਂ ਵਿੱਚ ਸਿੱਖਿਆ ਦਾ ਅਧਿਕਾਰ ਦੇਣ ਵਾਲੇ ਡਾਕਟਰ ਅੰਬੇਡਕਰ ਨੇ ਭਾਰਤੀ ਸੰਵਿਧਾਨ ਵਿੱਚ ਔਰਤਾਂ ਨੂੰ ਵੀ ਬਰਾਬਰ ਦੇ ਹੱਕ ਦਿੱਤੇ ਹਨ ਅਤੇ ਜਿਸ ਦੀ ਸ਼ਾਨ ਵਿੱਚ ਅਤੇ ਜਿਸ ਦੀ ਬਰਾਬਰੀ ਦਾ ਨਤੀਜਾ ਇਹ ਹੈ ਕਿ ਅੱਜ ਭਾਰਤੀ ਸਮਾਜ ਵਿੱਚ ਦਲਿਤ ਪਿਛੜੇ ਤੇ ਆਦੀਵਾਸੀ ਸਮਾਜ ਦੀ ਇੱਕ ਉਸ ਤਰ੍ਹਾਂ ਦੀ ਪ੍ਰਭਾਵਸ਼ਾਲੀ ਦਿਖ ਅਤੇ ਤਸਵੀਰ ਦੇਖੀ ਜਾ ਸਕਦੀ ਹੈ। ਇਹ ਸਭ ਕੁਝ ਡਾਕਟਰ ਅੰਬੇਡਕਰ ਸਾਹਿਬ ਦੀ ਦੇਣ ਹੀ ਹੈ ਅੱਜ ਦੇ ਦਿਨ 'ਤੇ ਉਹਨਾਂ ਨੂੰ ਯਾਦ ਕਰਦਿਆਂ ਸਾਨੂੰ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਅਸੀਂ ਉਹਨਾਂ ਦੀ ਫ਼ਿਲਾਸਫ਼ੀ ਅਤੇ ਉਹਨਾਂ ਦੇ ਦੱਸੇ ਹੋਏ ਮਾਰਗ 'ਤੇ ਚਲ ਕੇ ਇਸ ਦੇਸ਼ ਨੂੰ ਹੋਰ ਅੱਗੇ ਲਿਜਾ ਸਕੀਏ ਤੇ ਹਾਸ਼ੀਏ ਦੇ ਬਾਹਰ ਪਏ ਹੋਏ ਉਸ ਆਦਮੀ ਦੇ ਸੁਪਨੇ ਨੂੰ ਇੱਕ ਵਾਰ ਫਿਰ ਭਾਰਤ ਦੀ ਮੁੱਖ ਧਾਰਾ ਵਿੱਚ ਜੋੜ ਸਕੀਏ, ਜਿਸਦੀ ਕਲਪਨਾ ਨਹੀਂ ਜਿਸ ਦੀ ਅਸਲੀਅਤ ਨੂੰ ਡਾਕਟਰ ਅੰਬੇਡਕਰ ਜੀ ਨੇ ਆਪਣੇ ਜੀਵਨ ਦਰਸ਼ਨ ਅਤੇ ਰਾਜਨੀਤਿਕ ਏਜੰਡੇ ਵਿੱਚ ਮੁੱਖਧਾਰਾ ਵਿੱਚ ਰੱਖਿਆ ਸੀ। ਅੱਜ ਉਹਨਾਂ ਨੂੰ ਉਹਨਾਂ ਦੇ ਦਰਸ਼ਨ ਅਤੇ ਉਹਨਾਂ ਦੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਹੋਇਆਂ ਉਹਨਾਂ ਦੇ ਅੱਗੇ ਸਿਰ ਝੁਕਾਉਣ ਦਾ ਵੇਲਾ ਹੈ ਅਤੇ ਭਾਰਤੀ ਸਮਾਜ ਭਾਰਤੀ ਸੰਵਿਧਾਨ ਦੇ ਨਿਰਮਾਤਾ ਨੂੰ ਅੱਜ ਸ਼ਰਧਾਂਜਲੀ ਅਤੇ ਯਾਦ ਕਰਨ ਦਾ ਇਸ ਤਰ੍ਹਾਂ ਦਾ ਪਲ ਹੈ ਕਿ ਅਸੀਂ ਉਹਨਾਂ ਦੇ ਦਰਸ਼ਨ ਨੂੰ ਆਪਣਾ ਜੀਵਨ ਆਦਰਸ਼ ਬਣਾ ਸਕੀਏ।

# ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਨੇ ਖ਼ਾਲਸਾ ਸਾਜਨਾ ਦਿਵਸ ਮੌਕੇ ਲਗਾਇਆ ਮੈਡੀਕਲ ਕੈਂਪ



ਅੰਮ੍ਰਿਤਸਰ, 13 ਅਪ੍ਰੈਲ, (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਚੈਰੀਟੇਬਲ ਹੋਸਪਿਟਲ ਵੱਲੋਂ ਗੁਰਦੁਆਰਾ ਸ਼ਹੀਦਾਂ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਅਤੇ ਚੁਪਹਿਰੇ 'ਤੇ ਆਈ ਸੰਗਤਾਂ ਦੀ ਸਿਹਤ ਦਾ ਖਿਆਲ ਰੱਖਦੇ ਹੋਏ ਇੱਕ ਫਰੀ ਮੈਡੀਕਲ ਕੈਂਪ ਦਾ ਆਯੋਜਨ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਵਿੱਚ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਸੁਗਰ ਬੀਪੀ ਅਤੇ ਕਈ ਹੋਰ ਚੈੱਕ ਅੱਪ ਕੀਤੇ ਗਏ ਤੇ ਫਰੀ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਮੀਰੀ ਪੀਰੀ ਯੂਥ ਫਾਊਂਡੇਸ਼ਨ ਦੇ ਸੇਵਾਦਾਰ ਗੁਰਪ੍ਰੀਤ ਸਿੰਘ ਚਾਹਤ ਨੇ ਦੱਸਿਆ ਕਿ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਸਮੇਂ ਸਮੇਂ 'ਤੇ ਧਾਰਮਿਕ ਅਤੇ ਸਮਾਜਿਕ ਕਾਰਜ ਕੀਤੇ ਜਾਂਦੇ ਹਨ ਇਸ ਦੇ ਨਾਲ ਹੀ ਅੱਜ ਦੇ ਸਮੇਂ ਦੀ ਲੋੜ ਦੇਖਦੇ ਹੋਏ ਭਾਈ ਸਾਹਿਬ ਜੀ ਵੱਲੋਂ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ ਹੈ, ਤਾਂ ਜੋ ਸਹੀਦਾਂ ਸਾਹਿਬ ਹਰ ਹਫ਼ਤੇ ਲੱਖਾਂ ਦੇ ਇਕੱਠ ਵਿੱਚ ਸੰਗਤ ਚੁਪਹਿਰਾ ਸਾਹਿਬ ਵਿੱਚ ਹਾਜ਼ਰੀ ਭਰਦੀਆਂ ਹਨ। ਉਹਨਾਂ ਦੀ ਸੇਵਾ ਕਰ ਸਕੀਏ ਅਤੇ ਕਿਸੇ ਵੀ ਤਰਾਂ ਦੀ ਮੈਡੀਕਲ ਫ਼ਸਟ ਐਂਡ ਸੇਵਾ ਪ੍ਰਧਾਨ ਕਰ ਸਕੀਏ। ਇਸ ਦੇ ਨਾਲ ਹੀ ਭਾਈ ਸਾਬ ਜੀ ਵੱਲੋਂ ਪਾਰਕਿੰਗ ਅਤੇ ਲੰਗਰ ਅਤੇ ਵਿਸ਼ੇਸ਼ ਤੌਰ 'ਤੇ ਦੂਰ ਦੇ ਪਿੰਡਾਂ ਵਿੱਚੋਂ ਆਈਆਂ ਸੰਗਤਾਂ ਲਈ ਲੰਗਰ ਦੀ ਪੈਕਿੰਗ ਵੀ ਤਿਆਰ ਕਰ ਵਰਤਾਈ ਜਾਂਦੀ ਹੈ। ਇਸ ਮੌਕੇ ਨਾਲ ਰਣਜੀਤ ਸਿੰਘ ਗੋਲਡੀ ਜੀ , ਬੰਟੀ ਵੀਰ ਜੀ ਰੁਮਾਲੇ ਵਾਲੇ , ਉਂਕਾਰ ਸਿੰਘ ਜੀ ਪੱਪੂ ਜੀ , ਡਾ ਆਦੀਤੀ ਜੀ ਕੈਂਪ ਦੀ ਟੀਮ ਦੇ ਇੰਚਾਰਜ , ਪਰਮਜੀਤ ਸਿੰਘ ਜੀ ਮੈਨੇਜਰ , ਗਗਨਦੀਪ ਮੈਨੇਜਰ , ਕਾਕੂ ਜੀ ਤੇ ਹੋਰ ਪੈਰਾਮੈਡੀਕਲ ਸਟਾਫ ਮੌਜੂਦ ਰਹੇ।

# ਸੰਤ ਬਾਬਾ ਲਾਭ ਸਿੰਘ ਗੁਰੂ ਕੀ ਬੇਰ ਵਾਲਿਆਂ ਦੀ ਬਰਸੀ ਮਨਾਈ



ਤਰਸਿੱਕਾ, 13 ਅਪ੍ਰੈਲ (ਦਵਿੰਦਰ ਸਿੰਘ ਤਰਸਿੱਕਾ):ਛੇਵੀਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ ਸੰਤ ਬਾਬਾ ਲਾਭ ਸਿੰਘ ਦੀ ਸਾਲਾਨਾ 44ਵੀ ਬਰਸੀ ਇਲਾਕੇ ਦੀਆਂ ਸੰਗਤਾਂ ਵੱਲੋਂ ਸੰਤ ਬਾਬਾ ਸੱਜਣ ਸਿੰਘ ਦੀ ਅਗਵਾਈ ਹੇਠ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਈ ਗਈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਖੁੱਲੇ ਪੰਡਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿੱਚ ਕਵੀਸ਼ਰ ਭਾਈ ਸੁਲੱਖਣ ਸਿੰਘ ਯੂ.ਕੇ., ਕਵੀ ਮਲਕੀਤ ਸਿੰਘ ਨਿਮਾਣਾ ਮੱਤੇਵਾਲ, ਕਥਾਵਾਚਕ ਭਾਈ ਪ੍ਰਗਟ ਸਿੰਘ ਭੀਲੋਵਾਲ, ਭਾਈ ਦਲਜੀਤ ਸਿੰਘ ਮੱਤੇਵਾਲ ਕਥਾਵਾਚਕ ਵੱਲੋਂ ਗੁਰੂ ਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਸੰਬੋਧਨ ਕਰਦਿਆਂ ਬੁਲਾਰਿਆਂ ਨੇ ਸੰਤ ਬਾਬਾ ਲਾਭ ਸਿੰਘ ਵੱਲੋਂ ਸਿੱਖ ਕੌਮ ਲਈ ਭਲਾਈ ਲਈ ਕੀਤੇ ਕੰਮਾਂ ਨੂੰ ਯਾਦ ਕੀਤਾ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਸੰਤ ਮਹਾਂਪੁਰਸ਼ਾਂ ਵੱਲੋਂ ਦੱਸੇ ਹੋਏ ਮਾਰਗ 'ਤੇ ਚੱਲ ਕੇ ਅਸੀਂ ਅੰਮ੍ਰਿਤਧਾਰੀ ਹੋ ਕੇ ਗੁਰੂ ਵਾਲੇ ਬਣੀਏ ਇਹੀ ਸਾਡੀ ਸੱਚੀ ਸ਼ਰਧਾਂਜਲੀ ਸੰਤਾਂ ਮਹਾਂਪੁਰਸ਼ਾਂ ਨੂੰ ਹੋਵੇਗੀ । ਕਵੀਸ਼ਰ ਅਤੇ ਹੋਰ ਸੰਤਾਂ ਮਹਾਂਪੁਰਸ਼ਾਂ ਨੂੰ ਸੰਤ ਬਾਬਾ ਸੱਜਣ ਸਿੰਘ ਵੱਲੋਂ ਸਰਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਸਤਾਰਾਂ ਦੇ ਲੰਗਰ ਅਤੇ ਦਸਤਾਰ ਸਿਖਲਾਈ ਕੈਂਪ ਵੀ ਲਗਾਇਆ ਗਿਆ। ਪਲਸ ਹਸਪਤਾਲ ਮਕਬੂਲਪੁਰਾ ਵੱਲੋਂ ਫਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਵੱਲੋਂ ਚੈੱਕ ਅਪ ਕਰਵਾ ਕੇ ਦਵਾਈਆਂ ਲਈਆਂ ਗਈਆਂ। ਮੌਕੇ 'ਤੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਤਾਹਰਪੁਰ, ਸਰਬਦੀਪ ਸਿੰਘ ਚੋਗਾਵਾਂ ਕੈਨੇਡਾ, ਗੁਰਦੇਵ ਸਿੰਘ ਭੋਏ ਯੂਐੱਸਏ, ਨਿੰਦਰ ਸਿੰਘ ਭੋਏ, ਬਾਬਾ ਰਾਜਾ ਬੁਲਾਰਾ, ਰਣਜੀਤ ਸਿੰਘ ਰਾਣਾ ਬਾਬੋਵਾਲ, ਬਾਬਾ ਜੱਸਾ ਸਿੰਘ, ਬਾਬਾ ਸੁੱਖਾ ਸਿੰਘ, ਜਗਰੂਪ ਸਿੰਘ, ਜੁਗਰਾਜ ਸਿੰਘ, ਜੋਬਨ ਸਿੰਘ, ਬਾਜ ਸਿੰਘ ਤੇ ਹੋਰ ਆਗੂ ਵੀ ਹਾਜ਼ਰ ਸਨ।

# ਮਹਿੰਦਰ ਭਗਤ ਨੇ ਔਰਤਾਂ ਨੂੰ ਟੇਲਰਿੰਗ ਅਤੇ ਬਿਊਟੀਸ਼ੀਅਨ ਸਰਟੀਫਿਕੇਟ ਵੰਡੇ

ਜਲੰਧਰ, 13 ਅਪ੍ਰੈਲ, (ਸੰਦੀਪ ਕੌਲ) : ਲੋੜਵੰਦ ਔਰਤਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਵਿੱਚ ਮੱਦਦ ਕਰਨ ਦੇ ਉਦੇਸ਼ ਨਾਲ, ਕੰਨਿਆ ਸਿੱਖਿਆ ਪ੍ਰਸਾਰ ਸੰਸਥਾਨ (ਰਜਿਸਟਰਡ) ਆਰੀਆ ਸਮਾਜ ਮੰਦਰ ਮਾਡਲ ਹਾਊਸ, ਜਲੰਧਰ ਵਿਖੇ ਔਰਤਾਂ ਨੂੰ ਮੁਫ਼ਤ ਟੇਲਰਿੰਗ ਅਤੇ ਬਿਊਟੀਸ਼ੀਅਨ ਕੋਰਸ ਪ੍ਰਦਾਨ ਕਰ ਰਿਹਾ ਹੈ। ਅੱਜ, ਕੋਰਸ ਦੀ ਸਮਾਪਤੀ ਦੇ ਮੌਕੇ 'ਤੇ ਸੰਸਥਾ ਵੱਲੋਂ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਮਹਿੰਦਰ ਭਗਤ ਮੁੱਖ ਮਹਿਮਾਨ ਵਜੋਂ ਪਹੁੰਚੇ। ਇਹ ਸਰਟੀਫਿਕੇਟ ਮੇਹਰ ਚੰਦ ਪੌਲੀਟੈਕਨਿਕ ਕਾਲਜ, ਜਲੰਧਰ ਦੁਆਰਾ ਪ੍ਰਦਾਨ ਕੀਤੇ ਗਏ ਸਨ।

ਇਸ ਮੌਕੇ ਸ੍ਰੀ ਮਹਿੰਦਰ ਭਗਤ ਨੇ ਸੰਸਥਾ ਦੇ ਕੰਮ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਨੌਜਵਾਨ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਕੀਤਾ ਜਾ ਰਿਹਾ ਕੰਮ ਬਹੁਤ ਹੀ ਸ਼ਲਾਘਾਯੋਗ ਹੈ।

ਕੰਨਿਆ ਸਿੱਖਿਆ ਪ੍ਰਸਾਰ ਸੰਸਥਾਨ ਦੇ ਮੁਖੀ ਐਸਐਸ ਚੌਹਾਨ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਮਹਿੰਦਰ ਭਗਤ ਦਾ ਸਨਮਾਨ ਕੀਤਾ ਅਤੇ ਸਮਾਗਮ ਵਿੱਚ ਸ਼ਾਮਲ ਹੋਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਓਮ ਗੰਗੋਤਰਾ, 'ਆਪ' ਆਗੂ ਸ਼ੋਭਾ ਭਗਤ ਅਤੇ ਹੋਰ ਸੰਗਠਨ ਮੈਂਬਰ ਮੌਜੂਦ ਸਨ।

# ਸੁਖਬੀਰ ਸਿੰਘ ਬਾਦਲ ਦੇ ਪ੍ਰਧਾਨ ਬਣਨ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ : ਪ੍ਰੇਮ ਸਿੰਘ



ਤਰਸਿੱਕਾ, 13 ਅਪ੍ਰੈਲ, (ਦਵਿੰਦਰ ਸਿੰਘ ਤਰਸਿੱਕਾ) : ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਪ੍ਰਧਾਨ ਚੁਣਨ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ, ਇਹ ਵਿਚਾਰ ਯੂਥ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਅਤੇ ਮੌਜੂਦਾ ਸਰਪੰਚ ਪ੍ਰੇਮ ਸਿੰਘ ਤਰਫਾਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਵਿਰੋਧੀ ਪਾਰਟੀਆਂ ਸ਼੍ਰੋਮਣੀ ਅਕਾਲੀ ਦਲ ਨੂੰ ਖਤਮ ਕਰਨ ਦੀਆਂ ਸਾਜ਼ਿਸ਼ਾਂ ਰਚ ਰਹੀਆਂ ਹਨ, ਜਿਨ੍ਹਾਂ ਦੇ ਮੂੰਹ ਹੁਣ ਬੰਦ ਹੋ ਜਾਣਗੇ।। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੀ ਅਤੇ ਪੰਜਾਬੀਅਤ ਦੀ ਰਖਵਾਲੀ ਹੈ, ਜੋ ਪੰਜਾਬ ਨੂੰ ਤਰੱਕੀ ਦੇ ਰਾਹ 'ਤੇ ਲਿਜਾ ਸਕਦੀ ਹੈ। ਸਰਦਾਰ ਬਾਦਲ ਦੇ ਪ੍ਰਧਾਨ ਬਣਨ ਨਾਲ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ । ਸਰਪੰਚ ਪ੍ਰੇਮ ਸਿੰਘ ਤਰਫਾਨ ਵੀ ਵਿਸ਼ੇਸ਼ ਤੌਰ 'ਤੇ ਡੈਲੀਗੇਟ ਵਿੱਚ ਸ਼ਾਮਲ ਸਨ ਤੇ ਉਹਨਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਵਧਾਈ ਦਿੰਦਿਆਂ ਪਾਰਟੀ ਦੀ ਮਜ਼ਬੂਤੀ ਲਈ ਇੱਕ ਇੱਕ ਦਿਨ ਲੇਖੇ ਲਾਉਣ ਦਾ ਪ੍ਰਣ ਵੀ ਲਿਆ।

# ਸੁਖਬੀਰ ਸਿੰਘ ਬਾਦਲ ਦੇ ਮੁੜ ਪ੍ਰਧਾਨ ਬਣਨ 'ਤੇ ਦਿੱਤੀ ਵਧਾਈ



ਅੰਮ੍ਰਿਤਸਰ, 13 ਅਪ੍ਰੈਲ, (ਗੁਰਦਿਆਲ ਸਿੰਘ) : ਸ਼੍ਰੋਮਣੀ ਅਕਾਲੀ ਦਲ ਦੇ ਮੁੜ ਪ੍ਰਧਾਨ ਚੁਣੇ ਜਾਣ 'ਤੇ ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਸੁਰਜੀਤ ਸਿੰਘ ਭਿੱਟੇਵੱਡੇ ਨੇ ਵਧਾਈ ਦਿੱਤੀ ਹੈ। ਸ਼੍ਰੋਮਣੀ ਕਮੇਟੀ ਮੈਂਬਰਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸਿੱਖ ਪੰਥ ਦੀ ਵਾਹਦ ਉਹ ਤਰਜਮਾਨ ਸਿਆਸੀ ਜਥੇਬੰਦੀ ਹੈ, ਜਿਸ ਨੇ ਹਮੇਸ਼ਾ ਹੀ ਪੰਥ, ਪੰਜਾਬ ਦੇ ਨਾਲ-ਨਾਲ ਦੁਨੀਆਂ ਭਰ ਅੰਦਰ ਵੱਸਦੇ ਸਿੱਖ ਭਾਈਚਾਰੇ ਲਈ ਅਵਾਜ਼ ਬੁਲੰਦ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਆਪਣੇ ਲੋਕਾਂ ਦੇ ਹਰ ਦੁੱਖ ਸੁੱਖ ਵੇਲੇ ਡੱਟ ਕੇ ਨਾਲ ਖੜ੍ਹਿਆ ਪੰਜਾਬ ਦਾ ਜੋ ਵੀ ਵਿਕਾਸ ਹੋਇਆ ਉਹ ਕੇਵਲ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਹੋਇਆ। ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਕਿਹਾ ਕਿ ਅੱਜ ਖ਼ੁਸ਼ੀ ਦੀ ਗੱਲ ਹੈ ਕਿ ਸਿੱਖ ਕੌਮ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਅੱਜ ਹੋਈ ਚੋਣ ਵਿਚ ਸੁਖਬੀਰ ਸਿੰਘ ਬਾਦਲ ਦੀਆਂ ਪਾਰਟੀ ਪ੍ਰਤੀ ਨਿਭਾਈਆਂ ਸੇਵਾਵਾਂ ਦਾ ਸਤਿਕਾਰ ਕਰਦਿਆਂ ਸਰਬਸੰਮਤੀ ਨਾਲ ਉਨ੍ਹਾਂ ਨੂੰ ਮੁੜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਜ਼ੁੰਮੇਵਾਰੀ ਸੌਂਪੀ ਗਈ ਹੈ। ਆਗੂਆਂ ਨੇ ਆਸ ਪ੍ਰਗਟਾਈ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿਚ ਸ਼੍ਰੋਮਣੀ ਅਕਾਲੀ ਦਲ ਪਹਿਲਾਂ ਦੀ ਤਰ੍ਹਾਂ ਲੋਕ ਮੁੱਦਿਆਂ ਨੂੰ ਹਰ ਪੱਧਰ 'ਤੇ ਉਠਾਏਗਾ ਅਤੇ ਪੰਜਾਬ ਦੇ ਲੋਕਾਂ ਮੋਹਰੀ ਹੋ ਕੇ ਲੜਾਈ ਲੜੇਗਾ।

# ਵਿਸਾਖੀ ਤੇ ਖ਼ਾਲਸਾ ਸਾਜਨਾ ਦਿਹਾੜੇ ਮੌਕੇ ਵੱਡੀ ਗਿਣਤੀ 'ਚ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ



ਅੰਮ੍ਰਿਤਸਰ, 13 ਅਪ੍ਰੈਲ, (ਬਬਲੂ ਮਹਾਜਨ) : ਦੇਸ਼ ਭਰ 'ਚ ਵਿਸਾਖੀ 'ਤੇ ਖ਼ਾਲਸਾ ਸਾਜਨਾ ਦਿਹਾੜਾ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਪੰਜਾਬ ਦੇ ਗੁਰੂਘਰਾਂ 'ਚ ਵੀ ਸ਼ਰਧਾਲੂਆਂ ਦੀ ਰੌਣਕਾਂ ਵੇਖਣ ਨੂੰ ਮਿਲੀਆਂ। ਜੇਕਰ ਅੰਮ੍ਰਿਤਸਰ ਦੀ ਕਰੀਏ ਤਾਂ ਸੱਚਖੰਡ ਹਰਿਮੰਦਰ ਸਾਹਿਬ ਵਿੱਚ ਵੀ ਦੇਸ਼ ਵਿਦੇਸ਼ਾਂ 'ਚੋਂ ਸੰਗਤਾਂ ਨਤਮਸਤਕ ਹੋਣ ਲਈ ਪੁੱਜੀਆਂ। ਸੰਗਤਾਂ ਨੇ ਅੰਮ੍ਰਿਤ ਵੇਲੇ ਤੋਂ ਹੀ ਸੱਚਖੰਡ ਸ੍ਰੀ ਦਰਬਾਰ ਸਾਹਿਬ 'ਚ ਮੱਥਾ ਟੇਕ ਕੇ ਪਵਿੱਤਰ ਸਰੋਵਰ 'ਚ ਇਸ਼ਨਾਨ ਕਰਕੇ ਗੁਰਬਾਣੀ ਕੀਰਤਨ ਸਰਵਣ ਕੀਤਾ,ਇਸ ਦੌਰਾਨ ਐਸ. ਜੀ. ਪੀ. ਸੀ. ਦੇ ਮੈਂਬਰ ਭਾਈ ਮਨਜੀਤ ਸਿੰਘ ਨੇ ਖ਼ਾਲਸਾ ਸਾਜਨਾ ਦਿਵਸ 'ਤੇ ਸੰਗਤ ਨੂੰ ਵਧਾਈ ਦਿੰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਕਿਹਾ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੰਨ 1699 ਦੀ ਵਿਸਾਖੀ ਵਾਲੇ ਦਿਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਖ਼ਾਲਸੇ ਦੀ ਸਿਰਜਣਾ ਕਰਕੇ ਸਵੈਮਾਣ ਨਾਲ ਜੀਣ ਦਾ ਰਾਹ ਦਿਖਾਇਆ। ਸਿੱਖ ਇਤਿਹਾਸ ਦਾ ਇਹ ਪੰਨਾ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਵੱਡੀ ਅਹਿਮੀਅਤ ਰੱਖਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਆਪਣੇ ਇਸ ਪਵਿੱਤਰ ਦਿਹਾੜੇ 'ਤੇ ਗੁਰੂ ਸਾਹਿਬ ਨਾਲ ਜੁੜ ਕੇ ਕੌਮੀ ਹਿੰਤਾਂ ਦੀ ਪਹਿਰੇਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੂਰੇ ਵਿਸ਼ਵ ਅੰਦਰ ਵਸਦੀ ਸਿੱਖ ਸੰਗਤ ਇਸ ਦਿਹਾੜੇ ਨੂੰ ਉਤਸ਼ਾਹ ਨਾਲ ਮਨਾਉਂਦਿਆਂ ਆਪਣੇ ਬੱਚਿਆਂ ਨੂੰ ਇਤਿਹਾਸ ਦੇ ਇਸ ਸੁਨਹਿਰੀ ਪੰਨੇ ਤੋਂ ਜ਼ਰੂਰ ਜਾਣੂ ਕਰਵਾਏ, ਤਾਂ ਜੋ ਭਵਿੱਖ ਦੀਆਂ ਪੀੜ੍ਹੀਆਂ ਅੰਦਰ ਸਿੱਖੀ ਸਰੋਕਾਰ ਦ੍ਰਿੜ੍ਹ ਹੋ ਸਕਣ। ਇਸ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਅੱਜ ਦੇ ਦਿਨ ਜਲਿਆਂਵਾਲਾ ਬਾਗ ਚ ਅੰਗਰੇਜ਼ਾਂ ਵੱਲੋਂ ਨਿਰਦੋਸ਼ ਲੋਕਾਂ ਨੂੰ ਵੀ ਸ਼ਹੀਦ ਕੀਤਾ ਗਿਆ ਸੀ ਤੇ ਅੱਜ ਦੇ ਦਿਨ ਉਨ੍ਹਾਂ ਸ਼ਹੀਦਾਂ ਨੂੰ ਵੀ ਸ਼ਰਧਾਂਜਲੀ ਦਿੱਤੀ ਜਾ ਰਹੀ ਹੈ।

# ਰਮਦਾਸ ਨੇੜੇ ਪੁਲਿਸ ਨਾਲ ਮੁਕਾਬਲੇ ਵਿੱਚ ਨਸ਼ਾ ਤਸਕਰ ਜ਼ਖ਼ਮੀ, 523 ਗ੍ਰਾਮ ਹੈਰੋਇਨ ਅਤੇ ਪਿਸਤੌਲ ਬਰਾਮਦ



ਅਜਨਾਲਾ, 13 ਅਪ੍ਰੈਲ, (ਸੁਖਦੇਵ ਸਿੰਘ ਖ਼ਾਲਸਾ) : ਪੰਜਾਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਦੌਰਾਨ ਅੱਜ ਰਮਦਾਸ ਪੁਲਿਸ ਨੂੰ ਅੱਜ ਉਸ ਵੇਲੇ ਵੱਡੀ ਪ੍ਰਾਪਤੀ ਹੋਈ, ਜਦੋਂ ਉਨ੍ਹਾਂ ਨੇ ਇਕ ਨਸ਼ਾ ਤਸਕਰ ਦੀ ਜਾਣਕਾਰੀ ਦੇ ਆਧਾਰ 'ਤੇ ਕਸੋਵਾਲ ਧੁੱਸੀ ਤੋਂ 523 ਗ੍ਰਾਮ ਹੈਰੋਇਨ ਅਤੇ ਇੱਕ ਪਿਸਤੌਲ ਬਰਾਮਦ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ। ਇਹ ਜਾਣਕਾਰੀ ਦਿੰਦੇ ਡੀਐਸਪੀ ਗੁਰਵਿੰਦਰ ਸਿੰਘ ਔਲਖ ਨੇ ਦੱਸਿਆ ਕਿ ਕੱਲ੍ਹ ਘੋਨੇਵਾਲ ਤੋਂ ਪੁਲਿਸ ਨੇ ਦੋ ਨੌਜਵਾਨਾਂ ਨੂੰ 30 ਬੋਰ ਦੇ ਗਲੋਕ ਪਿਸਤੌਲ ਸਮੇਤ ਕਾਬੂ ਕੀਤਾ ਸੀ ਅਤੇ ਇਹਨਾਂ ਖਿਲਾਫ ਥਾਣਾ ਰਮਦਾਸ ਵਿੱਚ ਕੇਸ ਦਰਜ ਕਰਕੇ ਅੱਜ ਅਦਾਲਤ ਵਿੱਚ ਪੇਸ਼ ਕਰਕੇ ਅਸੀਂ ਰਿਮਾਂਡ ਲਿਆ। ਦੌਰਾਨ ਤਫਤੀਸ਼ ਕਥਿਤ ਦੋਸ਼ੀ ਪਲਵਿੰਦਰ ਸਿੰਘ ਪਾਲਾ ਪੁੱਤਰ ਗੁਰਚਰਨ ਸਿੰਘ ਵਾਸੀ ਜੱਟਾਂ ਨੇ ਦੱਸਿਆ ਕਿ ਉਹਨਾਂ ਨੇ ਕੱਸੋਵਾਲ ਧੁੱਸੀ ਵਿਖੇ ਹੈਰੋਇਨ ਅਤੇ ਹਥਿਆਰ ਲੁਕੋ ਕੇ ਰੱਖੇ ਹਨ। ਉਹਨਾਂ ਦੱਸਿਆ ਕਿ ਅੱਜ ਦੋਸ਼ੀ ਕੋਲੋਂ ਇਹ ਬਰਾਮਦਗੀ ਲਈ ਜਦ ਅਸੀਂ ਉਸ ਨੂੰ ਉਕਤ ਸਥਾਨ ਉੱਤੇ ਲੈ ਕੇ ਆਏ ਤਾਂ ਇਸ ਨੇ 523 ਗ੍ਰਾਮ ਹੈਰੋਇਨ ਦੀ ਰਿਕਵਰੀ ਕਰਵਾਈ। ਇਸੇ ਦੌਰਾਨ ਜਦ ਇਹ ਪਿਸਤੌਲ ਦੀ ਰਿਕਵਰੀ ਕਰਵਾਉਣ ਲੱਗਾ ਤਾਂ ਇਸ ਨੇ ਉਕਤ ਪਿਸਟਲ ਹੱਥ ਵਿੱਚ ਆਉਂਦੇ ਸਾਰ ਹੀ ਪੁਲਿਸ ਉੱਤੇ ਗੋਲੀ ਚਲਾਈ। ਉਹਨਾਂ ਦੱਸਿਆ ਕਿ ਇਸੇ ਦੌਰਾਨ ਪੁਲਿਸ ਨੇ ਜਵਾਬੀ ਕਾਰਵਾਈ ਕੀਤੀ ਤਾਂ ਪਲਵਿੰਦਰ ਸਿੰਘ ਪਾਲਾ ਦੀ ਲੱਤ ਵਿੱਚ ਗੋਲੀ ਵੱਜ ਗਈ ਜਿਸ ਨੂੰ ਤੁਰੰਤ ਰਮਦਾਸ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।

# ਡੀ.ਏ.ਵੀ. ਸਕੂਲ ਦੀਨਾਨਗਰ 'ਚ ਵਿਸਾਖੀ ਮਨਾਈ

ਦੀਨਾਨਗਰ, 13 ਅਪ੍ਰੈਲ, (ਡਾ.ਰਮੇਸ਼ ਸਰੰਗਲ) : ਐਸ. ਐਸ. ਡੀ. ਏ. ਵੀ. ਸੀ. ਸੈਕੰਡਰੀ ਸਕੂਲ ਅਵਾਂਖਾ, ਦੀਨਾਨਗਰ ਦੇ ਵਿਹੜੇ ਵਿੱਚ ਸਕੂਲ ਦੇ ਪ੍ਰਬੰਧਕ ਕਾਰਨੀ ਸਭਾ ਦੇ ਪ੍ਰਧਾਨ ਸ੍ਰੀ ਅਰਵਿੰਦ ਮਹਿਤਾ ਜੀ ਦੀ ਪ੍ਰਧਾਨਗੀ ਹੇਠ ਵਿਸਾਖੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ 'ਤੇ ਬੱਚਿਆਂ ਨੇ ਰੰਗ ਬਿਰੰਗੇ ਪੋਸ਼ਾਕਾਂ ਵਿੱਚ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਹੋਏ। ਵਾਈਸ ਪ੍ਰਿੰਸੀਪਲ ਸ਼੍ਰੀਮਤੀ ਰਚਨਾ ਸੈਣੀ ਨੇ ਦੱਸਿਆ ਕਿ 13 ਅਪ੍ਰੈਲ ਵਿਸਾਖੀ ਵਾਲੇ ਦਿਨ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ 13 ਅਪ੍ਰੈਲ 1699 ਨੂੰ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ ਅਤੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਪਿਲਾਇਆ ਸੀ। ਇਸ ਮੌਕੇ 'ਤੇ ਸਮੂਹ ਸਟਾਫ ਹਾਜ਼ਰ ਸੀ।

# ਵਿਸਾਖੀ ਅਤੇ ਖਾਲਸੇ ਦੇ ਸਾਜਨਾ ਦਿਵਸ ਤੇ ਕੋਹਾੜਾ-ਸਾਹਨੇਵਾਲ ਤੋਂ ਵਿਸ਼ੇਸ਼ ਸਪਲੀਮੈਂਟ






























































## ਪੀ.ਐਮ.ਆਰ.ਏ. ਨੇ ਐਮ.ਪੀ. ਅਰੋੜਾ ਨੂੰ ਮੰਗ ਪੱਤਰ ਦਿੱਤਾ



ਲੁਧਿਆਣਾ, 13 ਅਪ੍ਰੈਲ (ਕਰਨੈਲ ਸਿੰਘ ਐੱਮ.ਏ.): ਪੰਜਾਬ ਮੈਡੀਕਲ ਪ੍ਰਤੀਨਿਧੀ ਐਸੋਸੀਏਸ਼ਨ, ਲੁਧਿਆਣਾ ਨੇ ਆਪਣੀ ਆਮ ਮੀਟਿੰਗ ਪੰਜਾਬੀ ਭਵਨ, ਭਾਰਤ ਨਗਰ ਚੌਕ ਵਿਖੇ ਕੀਤੀ ਜਿੱਥੇ ਇਸ ਦੇ ਮੈਂਬਰਾਂ ਦੀ ਇੱਕ ਵੱਡੀ ਭੀੜ ਨੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ, ਜੋ ਕਿ ਲੁਧਿਆਣਾ ਪੱਛਮੀ ਤੋਂ ਵਿਧਾਇਕ ਚੋਣ ਲੜ ਰਹੇ ਹਨ, ਦਾ ਸਵਾਗਤ ਕੀਤਾ ਅਤੇ ਆਪਣੇ ਸਮਰੱਥਨ ਦਾ ਭਰੋਸਾ ਦਿੱਤਾ। ਅੱਜ ਦੀ ਮੀਟਿੰਗ ਦੀ ਪ੍ਰਧਾਨਗੀ ਆਮ ਆਦਮੀ ਪਾਰਟੀ ਦੇ ਆਗੂ ਵਿਜੇ ਦਾਨਵ ਨੇ ਕੀਤੀ। ਪੀਐਮਆਰਏ ਲੀਡਰਸ਼ਿਪ ਵੱਲੋਂ ਦਾਨਵ ਨੇ ਡੀਐਮਸੀ ਐਂਡ ਐਚ ਵਿੱਚ ਆਪਣੇ ਮੈਂਬਰਾਂ ਲਈ ਦਾਖਲਾ ਖੋਲ੍ਹਣ ਅਤੇ ਕੰਮ ਕਰਨ ਦੀ ਆਪਣੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਮੁੱਖ ਮਹਿਮਾਨ ਸੰਜੀਵ ਅਰੋੜਾ ਨੂੰ ਸੌਂਪੀ। ਜਿਨ੍ਹਾਂ ਨੇ ਪੀਐਮਆਰਏ ਹਾਊਸ ਨੂੰ ਸੰਬੋਧਨ ਕਰਦੇ ਹੋਏ ਪੀਐਮਆਰਏ ਦੀ ਏਕਤਾ ਅਤੇ ਕੰਮ ਦੀ ਪ੍ਰਸੰਸਾ ਕੀਤੀ। ਉਨ੍ਹਾਂ ਨੇ ਪੀਐਮਆਰਏ ਨੂੰ ਇਸਦੇ ਮੈਂਬਰਾਂ ਦੁਆਰਾ ਡੀਐਮਸੀ ਐਂਡ ਐਚ ਦੇ ਹੱਕ ਵਿੱਚ ਕੰਮ ਕਰਨ ਦੇ ਚੱਲ ਰਹੇ ਮੁੱਦੇ 'ਤੇ ਆਪਣਾ ਪੂਰਾ ਸਮਰੱਥਨ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਆਮ ਆਦਮੀ ਆਗੂ ਬਿੰਦੀਆ ਮਦਾਨ ਨੇ ਵੀ ਪ੍ਰਮੁੱਖਤਾ ਨਾਲ ਸ਼ਿਰਕਤ ਕੀਤੀ। ਇਸ ਮੌਕੇ ਸੂਬਾ ਪ੍ਰਧਾਨ ਕਾਮਰੇਡ ਅਨੁਰਾਗ ਸਿੰਘ, ਇਕਾਈ ਸਕੱਤਰ ਕਾਮਰੇਡ ਵਿਕਾਸ ਪਰਾਸ਼ਰ, ਕਾਮਰੇਡ ਰਾਜੇਸ਼ ਪੁਰੀ (ਸੂਬਾ ਕਾਨੂੰਨੀ ਸਲਾਹਕਾਰ), ਕਾਮਰੇਡ ਬ੍ਰਜੇਸ਼ ਪਾਠਕ ਪ੍ਰਧਾਨ ਜਲੰਧਰ ਇਕਾਈ, ਕਾਮਰੇਡ ਯੋਗੇਸ਼ ਪਾਠਕ ਪ੍ਰਧਾਨ ਬਠਿੰਡਾ, ਕਾਮਰੇਡ ਦੀਪਕ ਅਰੋੜਾ ਪ੍ਰਧਾਨ ਮੋਗਾ, ਕਾਮਰੇਡ ਪਵਨ ਸ਼ਰਮਾ ਪ੍ਰਧਾਨ ਖੰਨਾ ਇਕਾਈ, ਕਾਮਰੇਡ ਪਵਨ ਸ਼ਰਮਾ ਪ੍ਰਧਾਨ ਖੰਨਾ ਇਕਾਈ, ਕਾਮਰੇਡ ਜਗਜੀਤ ਮਾਨਵ ਇਕਾਈ, ਕਾਮਰੇਡ ਕਾਮਰੇਡ ਜਗਵੇਸ਼ ਮਾਨਵਾ, ਕਾਮਰੇਡ ਸੰਜੇ ਸ਼ਰਮਾ ਕੌਮ, ਕਾਮ ਗੁਰਚਰਨ ਕੌਮ, ਕਾਮ ਸੰਜੀਵ ਸ਼ਰਮਾ ਕੌਮ, ਜਤਿਨ ਕਾਲੜਾ ਕੌਮ, ਕਾਮ ਅਮਨਦੀਪ ਕੌਮ, ਕਾਮ ਜਗਦੀਪ ਕੌਮ, ਲੁਧਿਆਣਾ ਇਕਾਈ ਦੇ ਵਿਨੀਤ ਬਹਿਲ, ਰਮਨ ਮਹਾਜਨ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਵਕਫ ਸੰਸੋਧਨ ਬਿੱਲ ਦਾ ਨਾਮਧਾਰੀ ਸਿੱਖਾਂ ਨੇ ਕੀਤਾ ਸਮਰਥਨ



ਲੁਧਿਆਣਾ,13 ਅਪ੍ਰੈਲ (ਵਿਸ਼ਾਲ ਸ਼ਰਮਾ): ਵਕਫ ਸੰਸ਼ੋਧਨ ਬਿੱਲ 2025 ਦਾ ਸਮੱਰਥਨ ਕਰਦਿਆਂ ਵਰਤਮਾਨ ਨਾਮਧਾਰੀ ਮੁਖੀ ਠਾਕੁਰ ਦਲੀਪ ਸਿੰਘ ਜੀ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅਸੀਂ ਨਾਮਧਾਰੀ ਸਿੱਖ ਭਾਜਪਾ ਵੱਲੋਂ ਪਾਸ ਕੀਤੇ ਗਏ ਵਕਫ਼ ਸੰਸ਼ੋਧਨ ਬਿੱਲ ਦਾ ਖੁੱਲ੍ਹ ਕੇ ਸਮੱਰਥਨ ਕਰਦੇ ਹਾਂ ਅਤੇ ਐਸਾ ਉੱਤਮ ਕਾਰਜ ਕਰਨ ਲਈ ਭਾਜਪਾ ਸਰਕਾਰ ਨੂੰ ਵਧਾਈ ਵੀ ਦਿੰਦੇ ਹਾਂ। ਪਹਿਲਾ "ਵਕਫ਼ ਬੋਰਡ ਬਿੱਲ"ਗੈਰ-ਸੰਵਿਧਾਨਿਕ ਸੀ ਇਸ ਸੋਧ ਕੀਤੇ ਬਿੱਲ ਵਿੱਚ ਭਾਜਪਾ ਨੇ ਕਾਫੀ ਗਲਤੀਆਂ ਸੁਧਾਰ ਦਿੱਤੀਆਂ ਹਨ ਭਾਵੇਂ ਅਜੇ ਹੋਰ ਵੀ ਗਲਤੀਆਂ ਸੁਧਾਰਨ ਵਾਲੀਆਂ ਰਹਿੰਦੀਆਂ ਹਨ। ਠਾਕੁਰ ਜੀ ਨੇ ਕਿਹਾ ਕਿ "ਵਕਫ ਸੰਸ਼ੋਧਨ ਬਿੱਲ ਅਨੁਸਾਰ ਪਹਿਲੋਂ ਕਿਸੇ ਵੀ ਇਸਤਰੀ ਨੂੰ ਵਕਫ-ਬੋਰਡ ਵਿੱਚ ਸ਼ਾਮਿਲ ਕਰਨਾ ਜਰੂਰੀ ਨਹੀਂ ਸੀ। ਭਾਜਪਾ ਸਰਕਾਰ ਨੇ ਮੁਸਲਮਾਨ ਇਸਤਰੀਆਂ ਨੂੰ ਵਕਫ-ਬੋਰਡ ਪ੍ਰਬੰਧ ਵਿੱਚ ਸ਼ਾਮਿਲ ਕਰਨਾ ਜਰੂਰੀ ਕਰ ਕੇ ਇਸਤਰੀ-ਸਸ਼ਕਤੀਕਰਨ ਕੀਤਾ ਹੈ ਅਤੇ ਮੁਸਲਮਾਨ ਇਸਤਰੀਆਂ ਨੂੰ ਉਚਿੱਤ ਅਸਥਾਨ ਦਿਵਾਇਆ ਹੈ। ਜਿਵੇਂ ਭਾਜਪਾ ਨੇ "ਤੀਨ ਤਲਾਕ"ਦੀ ਗਲਤ ਪ੍ਰਥਾ ਖਤਮ ਕਰ ਕੇ, ਮੁਸਲਮਾਨ ਇਸਤਰੀਆਂ ਦੀ ਪਹਿਲਾਂ ਵੀ ਸਹਾਇਤਾ ਕੀਤੀ ਸੀ। ਪਹਿਲੋਂ ਵਕਫ ਬੋਰਡ ਦੇ ਸਦੱਸਯ ਕੇਵਲ ਇਸਲਾਮ ਦੇ ਸੁੰਨੀ ਫਿਰਕੇ ਦੇ ਲੋਕ ਹੀ ਹੁੰਦੇ ਸਨ। ਹੁਣ ਭਾਜਪਾ ਨੇ ਵਕਫ਼-ਬੋਰਡ ਵਿੱਚ ਇਸਲਾਮ ਦੇ ਘੱਟ ਗਿਣਤੀ ਵਾਲੇ ਫ਼ਿਰਕਿਆਂ ਦੇ ਮੁਸਲਮਾਨਾਂ ਨੂੰ ਵੀ ਸ਼ਾਮਿਲ ਕਰਨਾ ਜਰੂਰੀ ਕਰ ਕੇ, ਮੁਸਲਮਾਨਾਂ ਦੀ ਸਹਾਇਤਾ ਕੀਤੀ ਹੈ। ਗਰੀਬ ਮੁਸਲਮਾਨਾਂ ਨੂੰ ਵਕਫ਼ ਦੀ ਜਾਇਦਾਦ ਤੋਂ ਲਾਭ ਦੇਣ ਲਈ ਐਸੇ ਹੋਰ ਵੀ ਬਹੁਤ ਸਾਰੇ ਸੁਧਾਰ ਕੀਤੇ ਗਏ ਹਨ ਜੋ ਸਾਰੇ ਬਹੁਤ ਹੀ ਸ਼ਲਾਘਾਯੋਗ ਹਨ। ਕਿਉਂਕਿ ਵਕਫ-ਬੋਰਡ ਲੋਕ-ਭਲਾਈ ਵਾਸਤੇ ਹੁੰਦਾ ਹੈ। ਵਕਫ਼-ਬੋਰਡ ਲਈ ਜੋ ਕੋਈ, ਕੁਝ ਵੀ ਦਾਨ ਕਰਦਾ ਹੈ ਉਹ 'ਅੱਲ੍ਹਾ' ਦੇ ਨਾਮ ਉੱਪਰ ਲੋਕ ਭਲਾਈ ਲਈ ਹੀ ਦਿੰਦਾ ਹੈ। ਪਰੰਤੂ, ਵਕਫ਼-ਬੋਰਡ ਦੇ ਪ੍ਰਬੰਧਕ ਮੁਲਤਵੀਆਂ ਆਦਿ ਵੱਲੋਂ ਪ੍ਰਬੰਧ ਠੀਕ ਨਾ ਕਰਨ ਕਰਕੇ ਲੋਕ-ਭਲਾਈ ਲਈ ਦਿੱਤੇ ਦਾਨ ਨਾਲ ਮੁੱਖ ਰੂਪ ਵਿੱਚ ਗਰੀਬਾਂ ਦੀ ਸਹਾਇਤਾ ਨਹੀਂ ਸੀ ਹੋ ਰਹੀ। ਵਕਫ਼-ਬੋਰਡ ਪ੍ਰਬੰਧ ਵਿੱਚ ਗਰੀਬ ਮੁਸਲਮਾਨ ਫਿਰਕੇ ਦੇ ਲੋਕਾਂ ਨੂੰ ਤਾਂ ਕੋਈ ਵੜਨ ਹੀ ਨਹੀਂ ਸੀ ਦਿੰਦਾ। ਕੁਝ ਚਲਾਕ ਲਾਲਚੀ ਲੋਕ ਹੀ ਵਕਫ਼-ਬੋਰਡ ਦੀ ਆਮਦਨ ਅਤੇ ਜਾਇਦਾਦਾਂ ਨੂੰ ਆਪਸ ਵਿੱਚ ਰਲ-ਮਿਲ ਕੇ ਖਾ ਪੀ ਜਾਂਦੇ ਸਨ। ਵਕਫ਼-ਬੋਰਡ ਕੋਲ ਧਾਰਾ 40 ਅਧੀਨ ਦੂਸਰਿਆਂ ਦੀ ਜਮੀਨ ਹੜੱਪਣ ਦੀਆਂ ਜੋ ਗੈਰ-ਸੰਵਿਧਾਨਿਕ ਬਹੁਤ ਵੱਡੀਆਂ ਸ਼ਕਤੀਆਂ ਪਹਿਲੇ ਬਿੱਲ ਰਾਹੀਂ ਦਿੱਤੀਆਂ ਗਈਆਂ ਸਨ ਜਿਨਾਂ ਦੇ ਆਧਾਰ ਉੱਪਰ ਵਕਫ਼-ਬੋਰਡ ਦੇ ਪ੍ਰਬੰਧਕ ਕਿਸੇ ਵੀ ਜਾਇਦਾਦ ਨੂੰ 'ਆਪਣਾ' ਕਹਿ ਕੇ ਉਸ ਉੱਪਰ ਕਬਜ਼ਾ ਕਰ ਸਕਦੇ ਸਨ ਅਤੇ ਉਸ ਦੀ ਆਮ ਕਚਹਿਰੀ ਵਿੱਚ ਸੁਣਵਾਈ ਨਹੀਂ ਸੀ ਹੋ ਸਕਦੀ। ਐਸੀਆਂ ਸ਼ਕਤੀਆਂ ਸਰਕਾਰ ਨੇ ਉਹਨਾਂ ਤੋਂ ਖੋਹ ਕੇ ਵਕਫ਼-ਬੋਰਡ ਨੂੰ ਸੰਵਿਧਾਨ ਦੇ ਦਾਇਰੇ ਵਿੱਚ ਲਿਆਉਣ ਦੀ ਕੋਸ਼ਿਸ਼ ਕੀਤੀ ਹੈ, ਤਾਂ ਕਿ ਵਕਫ਼-ਬੋਰਡ ਦੇ ਰਾਹੀਂ ਗਰੀਬ ਮੁਸਲਮਾਨਾਂ ਦੀ ਸਹਾਇਤਾ ਹੋ ਸਕੇ ਅਤੇ ਇਸਤਰੀਆਂ ਨੂੰ ਵੀ ਪ੍ਰਤੀਨਿਧਤਾ ਮਿਲ ਸਕੇ। ਇਹ 'ਵਕਫ਼ ਸੰਸ਼ੋਧਨ ਬਿੱਲ' ਸਮੁੱਚੇ ਭਾਰਤੀ ਮੁਸਲਮਾਨਾਂ ਵਾਸਤੇ ਅਤਿਅੰਤ ਲਾਭਦਾਇਕ ਹੈ। ਮੁਸਲਮਾਨ-ਵਿਰੋਧੀ ਨਹੀਂ ਹੈ। ਅਕਾਲ ਤਖਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਵਰਗੀਆਂ ਵੱਡੀਆਂ ਸਿੱਖ ਸੰਸਥਾਵਾਂ ਨੂੰ ਇਸ ਮੁਸਲਮਾਨ-ਸਮਰਥਕ ਬਿੱਲ ਦਾ ਖੁੱਲ੍ਹ ਕੇ ਸਮੱਰਥਨ ਕਰਨਾ ਚਾਹੀਦਾ ਸੀ, ਨਾ ਕਿ ਵਿਰੋਧ। ਕਿਉਂਕਿ ਇਹ ਬਿੱਲ ਘੱਟ ਗਿਣਤੀਆਂ ਦਾ ਸਮੱਰਥਕ ਹੈ। ਅਖੀਰ ਵਿੱਚ ਠਾਕੁਰ ਦਲੀਪ ਸਿੰਘ ਜੀ ਨੇ ਆਪਣੀ ਗੱਲ ਦੁਹਰਾਉਂਦਿਆਂ ਕਿਹਾ "ਅਸੀਂ ਨਾਮਧਾਰੀ ਸਿੱਖ ਸਤਿਗੁਰੂ ਰਾਮ ਸਿੰਘ ਜੀ ਦੀ ਕਿਰਪਾ ਨਾਲ ਪੂਰਨ ਰੂਪ ਵਿੱਚ ਇਸ ਸ਼ੁਭ ਕਾਰਜ ਵਾਸਤੇ ਭਾਜਪਾ ਦਾ ਸਮਰਥਨ ਕਰਦੇ ਹਾਂ। ਅਸੀਂ ਭਾਜਪਾ ਸਰਕਾਰ ਨੂੰ ਵਧਾਈ ਦਿੰਦੇ ਹਾਂ ਕਿ ਉਹਨਾਂ ਨੇ ਵਕਫ਼-ਬੋਰਡ ਦੇ ਪੁਰਾਣੇ ਬਿੱਲ ਵਿੱਚ ਸੋਧ ਕਰਕੇ ਇਸ ਨੂੰ ਕੁਝ ਠੀਕ ਕਰ ਦਿੱਤਾ ਹੈ। ਪਰੰਤੂ, ਵਕਫ਼-ਬੋਰਡ ਬਿੱਲ ਪੂਰੀ ਤਰ੍ਹਾਂ ਖਤਮ ਕੀਤਾ ਜਾਣਾ ਚਾਹੀਦਾ ਹੈ।

## ਐਮ ਪੀ ਅਰੋੜਾ ਨੇ ਨਾਗਰਿਕ ਮੁੱਦਿਆਂ ਦੇ ਤੁਰੰਤ ਹੱਲ ਲਈ ਐਲਆਈਟੀ ਚੇਅਰਮੈਨ ਨੂੰ ਮੌਕੇ 'ਤੇ ਫੋਨ ਕੀਤਾ



ਲੁਧਿਆਣਾ,13 ਅਪ੍ਰੈਲ (ਵਿਸ਼ਾਲ ਸ਼ਰਮਾ): ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਅੱਜ ਸ਼ਾਮ ਇੱਥੇ ਰਿਸ਼ੀ ਨਗਰ, ਹੰਬਰਾਂ ਰੋਡ 'ਤੇ ਸਥਿਤ ਪਿੰਕ ਫਲੈਟਸ ਵਿਖੇ ਰਿਸ਼ੀ ਇਨਕਲੇਵ ਵੈਲਫੇਅਰ ਸੋਸਾਇਟੀ ਦੇ ਨਿਵਾਸੀਆਂ ਨਾਲ ਇੱਕ ਮੀਟਿੰਗ ਕੀਤੀ। ਗੱਲਬਾਤ ਦੌਰਾਨ, ਸੋਸਾਇਟੀ ਦੇ ਪ੍ਰਧਾਨ ਜਸਪਾਲ ਸਿੰਘ ਨੇ ਅਰੋੜਾ ਨੂੰ ਇਲਾਕੇ ਨੂੰ ਪ੍ਰਭਾਵਿਤ ਕਰਨ ਵਾਲੇ ਵੱਖ-ਵੱਖ ਨਾਗਰਿਕ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ। ਤੁਰੰਤ ਜਵਾਬ ਦਿੰਦੇ ਹੋਏ, ਅਰੋੜਾ ਨੇ ਲੁਧਿਆਣਾ ਇੰਪਰੂਵਮੈਂਟ ਟਰੱਸਟ (LIT) ਦੇ ਚੇਅਰਮੈਨ ਤਰਸੇਮ ਸਿੰਘ ਭਿੰਡਰ ਨਾਲ ਫ਼ੋਨ 'ਤੇ ਸੰਪਰਕ ਕੀਤਾ, ਜਿਨ੍ਹਾਂ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ। ਅਰੋੜਾ ਨੇ ਇਹ ਵੀ ਯਕੀਨੀ ਬਣਾਉਣ ਲਈ ਵਚਨਬੱਧ ਕੀਤਾ ਕਿ ਬਾਕੀ ਬਚੇ ਕੰਮ ਸਕੀਮ ਦੇ ਫੰਡਾਂ ਦੀ ਵਰਤੋਂ ਕਰਕੇ ਪੂਰਾ ਕੀਤਾ ਜਾਵੇਗਾ। ਨਿਵਾਸੀਆਂ ਨੇ ਆਪਣੀਆਂ ਚਿੰਤਾਵਾਂ ਪ੍ਰਤੀ ਅਰੋੜਾ ਦੇ ਤੇਜ਼ ਅਤੇ ਸਰਗਰਮ ਜਵਾਬ ਦੀ ਸ਼ਲਾਘਾ ਕੀਤੀ। ਇਹ ਮੀਟਿੰਗ ਖੁੱਲ੍ਹੇ ਅਸਮਾਨ ਹੇਠ ਇੱਕ ਹਰੇ ਭਰੇ ਪਾਰਕ ਵਿੱਚ ਹੋਈ। ਚੰਗੀ ਤਰ੍ਹਾਂ ਸੰਭਾਲੇ ਗਏ ਵਾਤਾਵਰਣ ਤੋਂ ਪ੍ਰਭਾਵਿਤ ਹੋ ਕੇ, ਅਰੋੜਾ ਨੇ ਹਰਿਆਲੀ ਅਤੇ ਵਾਤਾਵਰਣ ਸੰਭਾਲ ਪ੍ਰਤੀ ਸਮਰਪਣ ਲਈ ਸਮਾਜ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਜਨਤਕ ਸਿਹਤ ਨੂੰ ਉਤਸ਼ਾਹਿਤ ਕਰਨ ਵਿੱਚ ਅਜਿਹੇ ਪਾਰਕਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਨਗਰ ਨਿਗਮ ਵੱਲੋਂ ਹਾਲ ਹੀ ਵਿੱਚ ਕੀਤੀਆਂ ਗਈਆਂ ਪਹਿਲਕਦਮੀਆਂ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਨੇ ਇਸ ਸਾਲ ਫੌਗਿੰਗ ਅਤੇ ਸੀਵਰੇਜ ਦੀ ਸਫਾਈ ਦੀ ਜਲਦੀ ਸ਼ੁਰੂਆਤ ਦਾ ਜ਼ਿਕਰ ਕੀਤਾ - ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਨੂੰ ਰੋਕਣ ਦੇ ਉਦੇਸ਼ ਨਾਲ ਕੀਤੇ ਗਏ ਉਪਾਅ। ਇਸ ਸਮਾਗਮ ਵਿੱਚ ਮੌਜੂਦ ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਅਰੋੜਾ ਦੀਆਂ ਪ੍ਰਾਪਤੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਆਉਣ ਵਾਲੀਆਂ ਲੁਧਿਆਣਾ (ਪੱਛਮੀ) ਵਿਧਾਨ ਸਭਾ ਚੋਣਾਂ ਲਈ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਵਜੋਂ ਉਨ੍ਹਾਂ ਦਾ ਸਮੱਰਥਨ ਕਰਨ ਦੀ ਅਪੀਲ ਕੀਤੀ।

## ਗੁਰਦਆਰਾ ਸਾਹਿਬ ਹਾਊਸਿੰਗ ਬੋਰਡ ਕਲੋਨੀ ਵਿਖੇ ਖ਼ਾਲਸਾ ਸਾਜਨਾ ਦਿਵਸ ਮਨਾਇਆ



ਲੁਧਿਆਣਾ, 13 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਤਿਸੰਗ ਸਭਾ ਹਾਊਸਿੰਗ ਬੋਰਡ ਕਲੋਨੀ ਭਾਈ ਰਣਧੀਰ ਸਿੰਘ ਨਗਰ ਵਿੱਖੇ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦਾ ਦਿਹਾੜਾ ਬੜੀ ਹੀ ਸ਼ਰਧਾ ਸਤਿਕਾਰ ਸਹਿਤ ਮਨਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦੀਵਾਨ ਸਜਾਏ ਗਏ। ਇਸ ਸਮੇ ਭਾਈ ਸੁਖਜੀਵਨ ਸਿੰਘ ਹਜ਼ੂਰੀ ਰਾਗੀ , ਭਾਈ ਨਛੱਤਰ ਸਿੰਘ ਲੀਲਾ ਵਾਲੇ , ਇਸਤਰੀ ਸਤਿਸੰਗ ਸਭਾ ਦੀਆ ਬੀਬੀਆ ਦੇ ਜਥੇ , ਗੁਰਦੁਆਰਾ ਸਾਹਿਬ ਜੀ ਦੇ ਸ਼ਬਦੀ ਜਥੇ ਅਤੇ ਕੁਲਦੀਪ ਕੌਰ ਭਾਟੀਆ ਨੇ ਸੰਗਤਾਂ ਨੂੰ ਕੀਰਤਨ ਰਾਹੀ ਗੁਰ ਸ਼ਬਦ ਨਾਲ ਜੋੜਿਆ। ਕਥਾ ਵਾਚਕ ਭਾਈ ਅਵਤਾਰ ਸਿੰਘ ਅਤੇ ਭਾਈ ਦਵਿੰਦਰਪਾਲ ਸਿੰਘ ਨੇ ਕਥਾ ਵਿਚਾਰਾਂ ਰਾਹੀ ਸਿੱਖ ਇਤਿਹਾਸ ਤੇ ਚਾਨਣਾ ਪਾਇਆ। ਢਾਡੀ ਜਥੇ ਭਾਈ ਜਰਨੈਲ ਸਿੰਘ ਬੈਂਸ ਦੇ ਜਥੇ ਨੇ ਵਾਰਾਂ ਗਾ ਕੇ ਸਿੱਖ ਇਤਿਹਾਸ ਤੇ ਚਾਨਣਾ ਪਾਇਆ। ਭਾਈ ਅਵਤਾਰ ਸਿੰਘ ਨੇ ਅਰਦਾਸ ਕੀਤੀ। ਭਾਈ ਗੁਰਜੀਤ ਸਿੰਘ ਨੇ ਸੰਗਤਾਂ ਨੂੰ ਹੁਕਮਨਾਮਾ ਸਰਬਣ ਕਰਾਇਆ। ਗੁਰੂ ਕਾ ਲੰਗਰ ਅਤੁੱਟ ਵਰਤਿਆ। ਗੁਰਦਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਨਛੱਤਰ ਸਿੰਘ ਸਿੱਧੂ ਅਤੇ ਜਨਰਲ ਸਕੱਤਰ ਗੁਰਦੀਪ ਸਿੰਘ ਲੀਲ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਤੇ ਖਾਲਸਾ ਸਾਜਨਾ ਦਿਵਸ ਦੀ ਸੰਗਤਾ ਨੂੰ ਵਧਾਈ ਦਿੱਤੀ। ਇਸ ਸਮੇਂ ਗੁਰਦੀਪ ਸਿੰਘ ਘੁਮਾਣ, ਜਥੇਦਾਰ ਚਰਨ ਸਿੰਘ, ਗੁਰਮੀਤ ਸਿੰਘ ਕੋਚਰ , ਪ੍ਰੀਤਮ ਸਿੰਘ ਭਰੋਵਾਲ , ਬੀਬੀ ਨਿੱਕੀ ਕੋਹਲੀ , ਬੂਟਾ ਸਿੰਘ, ਕਮਲਜੀਤ ਸਿੰਘ ਕੋਚਰ, ਜਥੇਦਾਰ ਜੋਰਾ ਸਿੰਘ , ਡਾਕਟਰ ਮਹਿੰਦਰ ਸਿੰਘ , ਡਾਕਟਰ ਮੰਗਲ ਸਿੰਘ , ਗੁਰਦੇਵ ਸਿੰਘ , ਕਮਲਜੀਤ ਸਿੰਘ , ਕੁਲਵੰਤ ਸਿੰਘ ਕਨੇਡਾ , ਹਰਮੰਦਰ ਸਿੰਘ ਸੇਠੀ ,ਅਮਨਦੀਪ ਸਿੰਘ ਭੱਠਲ, ਜਗਦੀਸ ਸਿੰਘ ਬਿੱਟੂ , ਅਮਨਦੀਪ ਸਿੰਘ ਸੱਪਲ , ਸੰਦੀਪ ਸਿੰਘ, ਭਗਤ ਸਿੰਘ , ਮਨਮੋਹਣ ਸਿੰਘ ਮਨੀ , ਹਰਜਿੰਦਰ ਸਿੰਘ , ਰਵਿੰਦਰ ਸਿੰਘ ਬੇਦੀ , ਹਰਪ੍ਰੀਤ ਕੌਰ ਲਵਲੀ , ਗੁਰਮੀਤ ਕੌਰ, ਬੀਬੀ ਭਾਟੀਆ , ਦਲਜੀਤ ਕੌਰ ਕੌਰ , ਇੰਦਰਪ੍ਰੀਤ ਕੌਰ, ਤਰਨਪ੍ਰੀਤ ਕੌਰ. ਮਨਸੀਰਤ ਕੌਰ, ਪ੍ਰਭਨੂਰ ਕੌਰ, ਗੁਰਜੀਤ ਕੌਰ ਅਤੇ ਹਰਪ੍ਰੀਤ ਕੌਰ ਆਦਿ ਨੇ ਵੀ ਗੁਰੂ ਘਰ ਹਾਜ਼ਰੀ ਭਰੀ।

## ਜਵੱਦੀ ਟਕਸਾਲ ਵਿਖੇ ਖਾਲਸਾ ਸਾਜਨਾ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ



ਲੁਧਿਆਣਾ,13 ਅਪ੍ਰੈਲ (ਵਿਸ਼ਾਲ ਸ਼ਰਮਾ) : ਪਰਮ ਸੰਤ ਬਾਬਾ ਸੁਚਾ ਸਿੰਘ ਜੀ ਵਲੋਂ ਸਿਰਜਿਤ ਗੁਰਬਾਣੀ ਪ੍ਰਚਾਰ ਪ੍ਰਸਾਰ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰਗਿਆਨ ਪ੍ਰਕਾਸ਼ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ, ਮੌਜੂਦਾ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਵਲੋਂ ਸਹਿਯੋਗੀ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਭਾਵਨਾ ਮਨਾਇਆ ਗਿਆ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਅੰਮ੍ਰਿਤ ਵੇਲੇ ਸ਼੍ਰੀ ਅਖੰਡ ਪਾਠ ਦੇ ਭੋਗ ਪਏ, ਉਪਰੰਤ ਗੁਰੂ ਸ਼ਬਦ ਦੀ ਕਥਾ, ਉਪਰੰਤ ਗੁਰ ਸ਼ਬਦ ਸੰਗੀਤ ਅਕੈਡਮੀ ਜਵੱਦੀ ਟਕਸਾਲ ਦੇ ਹੋਣਹਾਰ ਵਿਦਿਆਰਥੀਆਂ ਨੇ ਗੁਰਬਾਣੀ ਸ਼ਬਦ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਉਪਰੰਤ ਡਾ. ਚਰਨਜੀਤ ਕੌਰ ਜਵੱਦੀ ਟਕਸਾਲ ਦੇ ਪ੍ਰੋਫੈਸਰ ਸਾਹਿਬ ਨੇ ਕੀਰਤਨ ਦੀ ਹਾਜ਼ਰੀ ਲਵਾਈ, ਇਸ ਤੋਂ ਇਲਾਵਾ ਜਵੱਦੀ ਟਕਸਾਲ ਦੇ ਛੋਟੇ ਬੱਚਿਆਂ ਨੇ ਸੰਗਤਾਂ ਨੂੰ ਕਵਿਤਾਵਾਂ ਸੁਣਾਈਆਂ, । ਟਕਸਾਲ ਦੇ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰਮਤਿ ਤੇ ਪੰਜਾਬੀ ਸਾਹਿਤ ਦੀ ਪ੍ਰਥਮ ਤੇ ਪ੍ਰਮੁੱਖ ਰਚਨਾ ਬਾਰਹ ਮਾਹ ਤੁਖਾਰੀ ਦੀ ਪਉੜੀ ਦੇ ਹਵਾਲੇ ਨਾਲ ਪ੍ਰਭੂ ਤੋਂ ਵਿਛੜੇ ਜੀਵਾਂ ਨੂੰ ਪ੍ਰਭੂ-ਪਰਮਾਤਮਾ ਦਾ ਮਿਲਾਪ ਕਰਨ ਲਈ ਸ਼ਬਦ ਨੂੰ ਸੁਰਤਿ ਵਿੱਚ ਟਿਕਾਉਣ ਦੀਆਂ ਜੁਗਤਾਂ ਸਮਝਾਉਂਦਿਆ ਸਪੱਸ਼ਟ ਕੀਤਾ ਕਿ ਵੈਸਾਖ ਦਾ ਮਹੀਨਾ ਕੁਦਰਤ ਦੇ ਮੌਲਣ ਤੇ ਮੌਸਮ ਪਰਿਵਰਤਨ ਦਾ ਹੈ, ਕਿਉਂਕਿ ਇਸ ਮਹੀਨੇ ਕੁਦਰਤ ਨਵੀਂ ਪੋਸ਼ਾਕ ਪਹਿਨਦੀ ਹੈ, ਰੁੱਖਾਂ ਦੀਆਂ ਟਾਣੀਆਂ ਤੇ ਨਵੀਂ ਪੁੰਗਾਰ ਫੁੱਟਦੀ ਹੈ, ਜਿਸ ਦੀ ਹਰਿਆਵਲ ਮਨ ਨੂੰ ਮੋਹ ਲੈਂਦੀ ਹੈ। ਇਸ ਕਰਕੇ ਵੈਸਾਖ ਦਾ ਮਹੀਨਾ ਸੁਹਾਵਣਾ ਹੈ, ਭਲਾ ਹੈ। ਇਸੇ ਆਸ 'ਚ ਪ੍ਰਭੂ ਤੋਂ ਵਿਛੜੀ ਜੀਵ ਆਤਮਾ ਵੀ ਮਿਲਾਪ ਦੀ ਤਾਂਘ ਵੱਸ, ਪ੍ਰਭੂ ਦਾ ਰਾਹ ਤੱਕਦੀ, ਪ੍ਰਭੂ ਚਰਨਾਂ। 'ਚ ਬੇਨਤੀ ਕਰਦੀ ਹੈ, ਕਿ ਦਇਆ ਕਰੋ ਮੇਰੇ ਹਿਰਦੇ 'ਚ ਵਸ ਜਾਵੋ। ਬਾਬਾ ਜੀ ਨੇ ਜ਼ੋਰ ਦਿੱਤਾ ਕਿ ਵੈਸਾਖ ਸੁਹਾਵਣਾ ਤਦ ਹੈ, ਜੇਕਰ ਗੁਰਬਾਣੀ ਸ਼ਬਦ ਸਾਡੇ ਹਿਰਦੇ ਵਿੱਚ ਵਸ ਜਾਵੇ ਅਤੇ ਜਿਸਦੇ ਅੰਤਰ ਕਰਨ ਵਿੱਚ ਸ਼ਬਦ ਦਾ ਵਾਸਾ ਹੋ ਗਿਆ ਉਸ ਲਈ ਪ੍ਰਕਿਰਤੀ ਦੀ ਸੁੰਦਰਤਾ ਪ੍ਰਭੂ-ਮਿਲਾਪ ਲਈ ਸਹਾਇਕ ਸਾਬਤ ਹੁੰਦੀ ਹੈ। ਬਾਬਾ ਜੀ ਨੇ ਸਿੱਖ ਇਤਿਹਾਸ 'ਚ ਵੈਸਾਖੀ ਦੇ ਮਹੱਤਵ, ਅਜੋਕੀ ਦਸ਼ਾ ਤੇ ਦਸ਼ਾ ਆਦਿ ਪੱਖਾਂ ਤੋਂ ਵੀ ਹਲੂਣੇ ਦਿੰਦੇ ਬੋਲਾਂ ਦੁਆਰਾ ਮੌਜੂਦਾ ਦੌਰ 'ਚ ਕੌਮ ਸਨਮੁੱਖ ਮੁਸ਼ਕਲਾਂ ਅਤੇ ਭਵਿੱਖ ਦੀਆਂ ਚਣੌਤੀਆਂ ਤੋਂ ਸੁਚੇਤ ਕੀਤਾ।

## ਕਰਾਟੇ ਚੈਂਪੀਅਨਸ਼ਿਪ 'ਚ ਵਿਭੂ ਭਾਸਕਰ ਜਿੱਤੇ ਸੋਨੇ ਦੇ 2 ਤਮਗੇ



ਮੁੱਲਾਂਪੁਰ ਦਾਖਾ, 13 ਅਪ੍ਰੈਲ (ਦਵਿੰਦਰ ਸਿੰਘ ਲੰਮੇਂ): ਹਰਿਆਣਾ ਸੂਬੇ ਦੇ ਗੁਰੂਗ੍ਰਾਮ ਵਿਖੇ ਆਯੋਜਿਤ ਓਪਨ ਇੰਟਰਨੈਸ਼ਨਲ ਕਰਾਟੇ ਚੈਂਪੀਅਨਸ਼ਿਪ ਵਿੱਚ ਸੇਂਟ ਮਾਰਥਾ ਬੈਥਨੀ ਵਿਦਿਆਲਿਆ ਰੁੜਕਾ ਕਲਾਂ ਸਕੂਲ ਦੇ ਚੌਥੀ ਜਮਾਤ ਦੇ ਵਿਦਿਆਰਥੀ ਵਿਭੂ ਭਾਸਕਰ ਨੇ ਨੌ ਸਾਲ ਦੇ ਉਮਰ ਵਰਗ ਅਤੇ ਦਸ ਸਾਲ ਦੇ ਉਮਰ ਵਰਗ ਵਿੱਚ ਹੋਈ ਪ੍ਰਤੀਯੋਗਤਾ ਵਿੱਚ ਦੋਵੇਂ ਵਰਗਾਂ ਵਿੱਚ ਸੋਨੇ ਦੇ ਤਗਮੇ ਜਿੱਤ ਕੇ ਇੱਕ ਵਾਰ ਫਿਰ ਇਤਿਹਾਸ ਰਚਦਿਆਂ ਗੋਲਡ ਬੁਆਏ ਬਣਿਆ ਅਤੇ ਇੱਕ ਵਾਰ ਫਿਰ ਉਸਨੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਇਲਾਕੇ ਵਿੱਚ ਰੌਸ਼ਨ ਕੀਤਾ। ਦੋ ਰੋਜ਼ਾ ਇੰਡੋਸਟੋਕਨ ਕਰਾਟੇ ਡੂ ਫੈਡਰੇਸ਼ਨ ਦੁਆਰਾ ਆਯੋਜਿਤ ਇਸ ਪ੍ਰਤੀਯੋਗਤਾ ਵਿੱਚ ਵਿਭੂ ਭਾਸਕਰ ਨੇ ਆਪਣੇ ਕਰਾਟੇ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਇਹ ਪ੍ਰਾਪਤੀ ਹਾਸਲ ਕੀਤੀ । ਸਕੂਲ ਪ੍ਰਿੰਸੀਪਲ ਫਾਦਰ ਪਾਲ ਜੌਰਜ਼ (ਓ ਆਈ ਸੀ) ਅਤੇ ਸਕੂਲ ਮੈਨੇਜਰ ਫਾਦਰ ਜਸਟਿਨ ਥੋਮਸ (ਓ ਆਈ ਸੀ) , ਸਕੂਲ ਅਧਿਆਪਕਾਂ ਵੱਲੋਂ ਵਿਭੂ ਭਾਸਕਰ, ਮਾਪਿਆਂ ਅਤੇ ਉਸਨੂੰ ਹਰ ਪ੍ਰਤੀਯੋਗਤਾ ਲਈ ਤਿਆਰ ਕਰਨ ਵਾਲੇ ਕੋਚਾਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਹੋਣ ਵਾਲੀਆਂ ਪ੍ਰਤੀਯੋਗਤਾਵਾਂ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ।

## ਐੱਸ ਸੀ ਭਾਈਚਾਰੇ ਵੱਲੋਂ ਲੁਧਿਆਣਾ ਜ਼ਿਮਨੀ ਚੋਣ ਵਿੱਚ ਕਾਂਗਰਸ ਨੂੰ ਸਮਰਥਨ ਦੇਣ ਦਾ ਐਲਾਨ



ਲੁਧਿਆਣਾ 13 ਅਪ੍ਰੈਲ (ਰਵਿੰਦਰ ਸਿੰਘ ਨਿੱਝਰ ) ਡਾ. ਅੰਬੇਡਕਰ ਦੇ 134ਵੇਂ ਜਨਮ ਦਿਹਾੜੇ ਮੌਕੇ ਅੱਜ ਐਸ ਸੀ ਡਿਪਾਰਟਮੈਂਟ ਲੁਧਿਆਣਾ ਦੇ ਚੇਅਰਮੈਨ ਅਤੇ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਰਾਹੁਲ ਡੁਲਗਚ ਦੀ ਅਗਵਾਈ ਵਿਚ ਸਥਾਨਕ ਘੁਮਾਰ ਮੰਡੀ ਵਿਖੇ ਸਮਾਜ ਜਾਗਰੂਕਤਾ ਰੈਲੀ ਕੱਢੀ ਗਈ। ਇਸ ਮੌਕੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦੋਂ ਕਾਂਗਰਸ ਪਾਰਟੀ ਦੇ ਹਲਕਾ ਦੱਖਣੀ ਇੰਚਾਰਜ ਈਸ਼ਵਰਜੋਤ ਸਿੰਘ ਚੀਮਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਸਭ ਤੋਂ ਪਹਿਲਾਂ ਸਾਰਿਆਂ ਵਲੋਂ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦੀ ਪ੍ਰਤਿਮਾ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਸ ਮੌਕੇ ਡੁਲਗਚ ਨੇ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਬਾਬਾ ਸਾਹਿਬ ਦੀ ਤਸਵੀਰ ਨੂੰ ਤਾਂ ਦੀਵਾਰਾਂ ਉਤੇ ਟੰਗਦੀ ਹੈ ਪ੍ਰੰਤੂ ਬਾਬਾ ਸਾਹਿਬ ਦੇ ਆਦਰਸ਼ਾਂ ਦਾ ਸਭ ਤੋਂ ਜਿਆਦਾ ਘਾਣ ਕਰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿਚ ਥਾਂ ਥਾਂ ਤੇ ਬਾਬਾ ਸਾਹਿਬ ਦੇ ਬੁੱਤਾਂ ਦੀ ਬੇਅਦਬੀ ਹੋ ਰਹੀ ਹੈ ਅਤੇ ਐਸ ਸੀ ਭਾਈਚਾਰੇ ਨੇ ਵਿਸ਼ੇਸ਼ ਐਲਾਨ ਕੀਤਾ ਕਿ ਉਹ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣ ਵਿਚ ਆਪਣਾ ਸਮਰਥਨ ਕਾਂਗਰਸ ਪਾਰਟੀ ਨੂੰ ਦੇਣ ਦਾ ਐਲਾਨ ਕੀਤਾ। ਇਸ ਮੌਕੇ ਭਾਰਤ ਭੂਸ਼ਣ ਆਸ਼ੂ ਨੇ ਕਿਹਾ ਕਿ ਡਾ. ਅੰਬੇਡਕਰ ਅਤੇ ਭਾਰਤੀ ਸੰਵਿਧਾਨ ਦਾ ਅਪਮਾਨ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜੋ ਕੋਈ ਵੀ ਅਜਿਹਾ ਕਰਕੇ ਉਹ ਆਪਣੇ ਆਪ ਮਿੱਟ ਜਾਵੇਗਾ। ਇਸ ਮੌਕੇ ਆਸ਼ੂ ਅਤੇ ਚੀਮਾ ਨੂੰ ਸਨਮਾਨਿਤ ਕੀਤਾ ਗਿਆ। ਬਾਬਾ ਸਾਹਿਬ ਦੇ ਬੁੱਤ ਨੂੰ ਦੁੱਧ ਨਾਲ ਇਸ਼ਨਾਨ ਕਰਾਇਆ ਗਿਆ। ਇਸ ਮੌਕੇ ਕੌਂਸਲਰ ਜਸਵਿੰਦਰ ਵੀਰੂ, ਸਤਿੰਦਰ ਲਾਹੌਰੀਆ, ਵਿਵੇਕ ਸੂਦ, ਰਾਮ ਕੁਮਾਰ ਪਾਰਚਾ, ਅਮਿਤ ਰੋਹਤਗੀ, ਸੰਦੀਪ ਢਿਲੋੜ, ਲਖਵਿੰਦਰ ਲੱਕੀ, ਸਾਹਿਬ ਚੌਹਾਨ,ਪ੍ਰਦੀਪ ਲਾਹੌਰ, ਵਿਸ਼ਾਲ, ਲਾਹੌਰੀਆ, ਅਮਨ ਸੋਦੇ, ਅਰੁਣ ਚੰਡਾਲਿਆ, ਮਨਦੀਪ ਹੰਬੜਾਂ, ਵਿਸ਼ਾਲ, ਸ਼ੋਦੇ, ਰਿੰਕੂ ਸੋਦੇ, ਅਰਪਿਤ ਚੁੰਬਰ, ਜਤਿੰਦਰ ਸੌਦਾਈ, ਨੀਰਜ ਸਿਰਸਵਾਲ, ਰੋਹਿਤ ਕੁਮਾਰ, ਗੁਰਰਾਜ ਚੀਮਾ, ਕੁਲਦੀਪ ਬਿਸਤ ਆਦਿ ਹਾਜ਼ਰ ਸਨ।

## ਮੁੰਡੀਆਂ ਵਿਕਾਸ ਕਾਰਜਾਂ ਦਾ ਉਦਘਾਟਨ



ਲੁਧਿਆਣਾ, 13 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿੱਖਿਆ, ਸਿਹਤ ਸੇਵਾਵਾਂ ਅਤੇ ਬੁਨਿਆਦੀ ਸਹੂਲਤਾਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਚੋਣਾਂ ਦੌਰਾਨ ਪੰਜਾਬੀਆਂ ਨਾਲ ਕੀਤਾ ਹਰ ਇੱਕ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ, ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਰਾਹੋਂ ਰੋਡ 'ਤੇ ਸੁਰਜੀਤ ਕਲੋਨੀ, ਮਾਡਲ ਕਲੋਨੀ ਅਤੇ ਪਿੰਡ ਜਹਾਂਗੀਰਪੁਰ ਵਿਖੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਦਿਆਂ ਕੀਤਾ। ਕੈਬਨਿਟ ਮੰਤਰੀ ਮੁੰਡੀਆਂ ਨੇ ਦੱਸਿਆ ਕਿ ਰਾਹੋਂ ਰੋਡ 'ਤੇ ਸੁਰਜੀਤ ਕਲੋਨੀ ਅਤੇ ਮਾਡਲ ਕਲੋਨੀ ਵਿੱਚ ਗਲੀਆਂ ਦੇ ਨਿਰਮਾਣ ਕਾਰਜ਼ਾਂ ਦਾ ਉਦਘਾਟਨ ਕੀਤਾ ਗਿਆ ਜਦਕਿ ਪਿੰਡ ਜਹਾਂਗੀਰਪੁਰ ਵਿਖੇ ਪੰਚਾਇਤ ਘਰ ਦੇ ਨਿਰਮਾਣ ਕਾਰਜ਼ ਸ਼ੁਰੂ ਕਰਵਾਏ ਗਏ ਹਨ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਕਰੀਬ 80 ਲੱਖ ਰੁਪਏ ਦੀ ਵਿਵੇਕੀ ਗ੍ਰਾਂਟ ਜਾਰੀ ਕੀਤੀ ਗਈ ਹੈ ਜਿਸਦੇ ਤਹਿਤ ਜੰਗੀ ਪੱਧਰ 'ਤੇ ਵਿਕਾਸ ਕਰਵਾਏ ਜਾਣੇ ਹਨ।

## ਗੁਰੂ ਨਾਨਕ ਕਾਲਜ ਦੋਰਾਹਾ ਦੀ 50 ਵੀ ਵਰੇਗੰਢ 'ਤੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ





ਪਾਇਲ,13 ਅਪ੍ਰੈਲ, (ਨਰਿੰਦਰ ਸ਼ਾਹਪੁਰ):ਇੱਥੋਂ ਦੇ ਗੁਰੂ ਨਾਨਕ ਨੈਸ਼ਨਲ, ਕਾਲਜ, ਦੋਰਾਹਾ ਦੇ ਡਾ. ਈਸ਼ਵਰ ਸਿੰਘ ਯਾਦਗਾਰੀ ਹਾਲ ਵਿਖੇ ਡਿਗਰੀਆਂ ਵੰਡਣ ਲਈ ਕਾਨਵੋਕੇਸ਼ਨ ਅਤੇ 2022 ਤੇ 2023 ਦਾ ਸਾਲਾਨਾ ਇਨਾਮ ਵੰਡ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ ਕੁਲਪਤੀ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਨੇ ਮੁੱਖ ਮਹਿਮਾਨ ਅਤੇ ਡਾ. ਉਪਿੰਦਰ ਸਿੰਘ, ਕੰਟਰੋਲਰ ਪਰੀਖਿਆਵਾਂ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਸਥਾਪਨਾ ਦੀ 50ਵੀਂ ਵਰ੍ਹੇਗੰਢ ਨੂੰ ਸਮਰਪਿਤ ਇਸ ਡਿਗਰੀ ਵੰਡ ਸਮਾਰੋਹ ਵਿੱਚ ਵੱਖ ਵੱਖ ਕਲਾਸਾਂ ਦੇ 283 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ ਸਮਾਰੋਹ ਦੇ ਆਰੰਭ ਵਿੱਚ ਕਾਲਜ ਦੇ ਸੰਸਥਾਪਕ ਪ੍ਰਧਾਨ ਡਾ. ਈਸ਼ਵਰ ਸਿੰਘ ਦੇ ਬੁੱਤ ਨੂੰ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ ਅਤੇ ਕਾਲਜ ਪ੍ਰਿੰਸੀਪਲ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਦਿੱਤੀ ਗਈ। ਇਸ ਉਪਰੰਤ ਕਾਲਜ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦੇ ਸਵਾਗਤ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਕਾਲਜ ਦੀਆਂ ਅਕਾਦਮਿਕ ਪ੍ਰਾਪਤੀਆਂ ਦੀ ਮੁਕੰਮਲ ਰਿਪੋਰਟ ਪੇਸ਼ ਕੀਤੀ। ਕੋ-ਆਰਡੀਨੇਟਰ ਪ੍ਰੋ. ਰਣਜੀਤ ਕੌਰ ਅਤੇ ਡਾ. ਨਿਰਲੇਪ ਕੌਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਡਿਗਰੀ ਅਤੇ ਇਨਾਮ ਵੰਡ ਸਮਾਰੋਹ ਵਿੱਚ ਵਿੱਦਿਅਕ ਸੈਸ਼ਨਾਂ 2022-2023 ਅਤੇ 2023-2024 ਦੌਰਾਨ ਪਰੀਖਿਆਵਾਂ ਪਾਸ ਕਰਨ ਵਾਲੇ ਵਿਭਿੰਨ ਫ਼ੈਕਲਟੀਆਂ ਦੇ 252 ਗ੍ਰੈਜੂਏਟ ਅਤੇ 31 ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੂੰ ਡਿਗਰੀਆਂ ਦਿੱਤੀਆਂ ਗਈਆਂ।

## ਖ਼ਾਲਸਾ ਸਾਜਨਾ ਦਿਵਸ ਮੌਕੇ ਠੰਡੇ ਜਲ ਅਤੇ ਜਲਜੀਰਾ ਦੀ ਛਬੀਲ ਲਗਾਈ



ਲੁਧਿਆਣਾ, 13 ਅਪ੍ਰੈਲ ( ਰਵਿੰਦਰ ਸਿੰਘ ਨਿੱਝਰ ): ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਖਾਲਸਾ ਸਾਜਨਾ ਦਿਵਸ ਮੌਕੇ ਯੂਨਾਈਟਿਡ ਯੂਥ ਫੈਡਰੇਸ਼ਨ ਅਤੇ ਦਲੇਅ ਡੇਅਰੀ ਵੱਲੋਂ ਦਸ਼ਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਮੰਜੀ ਸਾਹਿਬ, ਆਲਮਗੀਰ ਦੇ ਮੋੜ ਤੇ ਠੰਡੇ ਜਲ ਅਤੇ ਜਲਜੀਰਾ ਦੀ ਛਬੀਲ ਲਗਾਈ ਗਈ। ਇਸ ਮੌਕੇ ਫੈਡਰੇਸ਼ਨ ਦੇ ਪ੍ਰਧਾਨ ਸੋਹਣ ਸਿੰਘ ਗੋਗਾ ਨੇ ਦੱਸਿਆ ਕਿ ਪਿਛਲੇ ਇੱਕ ਦਹਾਕੇ ਤੋਂ ਵੱਧ ਦਾ ਸਮਾ ਹੋ ਚੁੱਕਿਆ ਹੈ ਜਦ ਤੋਂ ਹਰ ਸਾਲ ਇਸ ਅਸਥਾਨ ਤੇ ਗਰਮੀ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਠੰਡੇ ਜਲ ਅਤੇ ਜਲਜੀਰਾ ਦੀ ਛਬੀਲ ਲਗਾਈ ਜਾਂਦੀ ਹੈ ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਜਾਂ ਵਿੱਚ ਸੁਰਜੀਤ ਸਿੰਘ ਦਲੇਅ ਡੇਅਰੀ ਅਤੇ ਅੰਮ੍ਰਿਤਪਾਲ ਕੌਰ ਐਨਆਰਆਈ ਪ੍ਰੀਵਾਰ ਵੱਲੋਂ ਵੱਡਮੁੱਲਾ ਯੋਗਦਾਨ ਦਿੱਤਾ ਗਿਆ ਹੈ। ਇਸ ਮੌਕੇ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਚਰਨਜੀਤ ਸਿੰਘ ਅਟਵਾਲ ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ ਨੇ ਕਿਹਾ ਕਿ ਖਾਲਸਾ ਸੂਰਮਿਆਂ ਦਾ ਪੰਥ ਹੈ, ਜਿਹੜੇ ਨਾਮ ਅਤੇ ਸਿਮਰਨ ਵਾਲਾ ਅੰਤਰਮੁਖੀ ਜੀਵਨ ਜਿਊਂਦੇ ਹਨ। ਉਨ੍ਹਾਂ ਸੋਹਣ ਸਿੰਘ ਗੋਗਾ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸਲਾਘਾ ਕੀਤੀ। ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਗੁਰੂ, ਚਰਨਜੀਤ ਸਿੰਘ ਚੰਨ, ਸੁਰਜੀਤ ਸਿੰਘ ਸੰਤ, ਭਾਈ ਦਯਾ ਸਿੰਘ ਸੰਤ ਸੇਵਕ ਜੱਥਾ ਦੇ ਮੁਖੀ ਭਾਈ ਕੁਲਬੀਰ ਸਿੰਘ, ਕਸ਼ਮੀਰ ਸਿੰਘ, ਪ੍ਰੇਮ ਸਿੰਘ ਪੀ.ਐੱਸ, ਹਰਮਨਪ੍ਰੀਤ ਸਿੰਘ ਹੁੰਝਣ, ਹਰਕ੍ਰਿਸ਼ਨ ਸਿੰਘ, ਭੁਪਿੰਦਰ ਸਿੰਘ, ਮਨਜੀਤ ਸਿੰਘ ਰੂਪੀ, ਗੁਰਪ੍ਰੀਤ ਸਿੰਘ ਗੋਪੀ, ਕੁਲਵਿੰਦਰ ਸਿੰਘ ਕਲਸੀ ਨੇ ਛਬੀਲ ਤਿਆਰ ਕਰਨ ਅਤੇ ਵਰਤਾਉਣ ਦੀ ਸੇਵਾ ਨਿਭਾਈ।


## ਥਾਣਾ ਹਠੂਰ ਪੁਲਿਸ ਨੇ ਲੁੱਟ ਖੋਹ ਦੀ ਵਾਰਦਾਤ ਕਰਨ ਵਾਲੇ ਗਿਰੋਹ ਨੂੰ 6 ਘੰਟਿਆਂ ਵਿੱਚ ਹੀ ਕੀਤਾ ਕਾਬੂ



ਜਗਰਾਓਂ, 13 ਅਪ੍ਰੈਲ (ਦਵਿੰਦਰ ਜੈਨ): ਡਾ. ਅੰਕੁਰ ਗੁਪਤਾ ਆਈ.ਪੀ.ਐਸ. ਲੁਧਿਆਣਾ (ਦਿਹਾਤੀ) ਵੱਲੋਂ ਚੋਰੀ ਅਤੇ ਲੁੱਟ ਖੋਹ ਦੀਆਂ ਵਾਰਦਾਤਾਂ ਕਰਨ ਵਾਲੇ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਸ੍ਰੀਮਤੀ ਹਰਕਮਲ ਕੌਰ ਕਪਤਾਨ ਪੁਲਿਸ (ਡੀ) ਲੁਧਿਆਣਾ (ਦਿ) ਅਤੇ ਹਰਜਿੰਦਰ ਸਿੰਘ ਪੀ.ਪੀ.ਐਸ ਉਪਕਪਤਾਨ ਪੁਲਿਸ ਸਬ-ਡਵੀਜ਼ਨ ਰਾਏਕੋਟ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਇੰਸ. ਕੁਲਜਿੰਦਰ ਸਿੰਘ ਮੁੱਖ ਅਫਸਰ ਥਾਣਾ ਹਠੂਰ ਦੀ ਪੁਲਿਸ ਪਾਰਟੀ ਸ:ਥ ਸੁਲੱਖਣ ਸਿੰਘ ਥਾਣਾ ਹਠੂਰ ਵੱਲੋਂ ਲੁੱਟ ਖੋਹਾਂ ਅਤੇ ਚੋਰੀਦੀਆਂ ਵਾਰਦਾਤਾਂ ਕਰਨ ਵਾਲੇ ਗਿਰੋਹ ਦੇ 03 ਮੈਂਬਰਾਂ ਜੋਬਨਪ੍ਰੀਤ ਸਿੰਘ ਪੁੱਤਰ ਇੰਦਰਜੀਤ ਸਿੰਘ ਵਾਸੀ ਮੱਲਾ,ਅਕਾਸ਼ਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਚਕਰ ਅਤੇ ਰਵਿੰਦਰ ਸਿੰਘ ਉਰਫ ਬਿੱਲਾ ਪੁੱਤਰ ਰਾਜਸਿੰਘ ਵਾਸੀ ਮੱਲ੍ਹਾ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਹਨਾਂ ਦੀ ਗ੍ਰਿਫਤਾਰੀ ਉਸ ਸਮੇਂ ਹੋਈ ਜਦੋਂ ਇਹਨਾਂ ਦੇ ਖਿਲਾਫ ਮੁਕੱਦਮਾ ਨੰਬਰ 24 ਮਿਤੀ 12.04.25 ਅ/ਧ 309(4) 2ਵਾਧਾ ਜੁਰਮ317(2) ਥਾਣਾ ਹਠੂਰ ਦਰਜ ਰਜਿਸਟਰ ਕੀਤਾ ਗਿਆ ਸੀ, ਜਿਸ ਵਿੱਚ ਇਹਨਾਂ ਵੱਲੋਂ ਹਥਿਆਰਾਂ ਦੀ ਨੋਕ ਤੇ ਹਠੂਰ ਤੋਂ ਛੀਨੀਵਾਲ ਰੋਡ ਪਰ ਇੰਦਰਪ੍ਰੀਤ ਸਿੰਘ ਪੁੱਤਰ ਜਗਤਾਰ ਸਿੰਘ ਵਾਸ ਚੰਨਣਵਾਲ ਪਾਸੋਂ ਲੁੱਟਖੋਹ ਕੀਤੀ ਗਈ ਸੀ। ਜਿਸ ਸਬੰਧੀ ਇੰਦਰਪ੍ਰੀਤ ਸਿੰਘ ਵੱਲੋਂ ਇਤਲਾਹ ਮਿਤੀ 12.04.25 ਦੀ ਸ਼ਾਮ ਇਤਲਾਹ ਮਿਲਣ ਪਰ ਮੁਕੱਦਮਾ ਦਰਜ ਹੋਣ ਤੋਂ ਕ੍ਰੀਬ 06 ਘੰਟਿਆਂ ਦੇ ਅੰਦਰ-ਅੰਦਰ ਹੀ ਪੁਲਿਸ ਪਾਰਟੀ ਵੱਲੋਂ ਇਹਨਾਂਨੂੰ ਇੰਦਰਗੜ ਜਿਲਾ ਮੋਗਾ ਤੋਂ ਚੋਰੀ ਕੀਤੀ ਗਈ ਕਾਰ ਸਵਿਫਟ ਬਿਨਾਂ ਨੰਬਰੀ ਦੇ ਕਾਬੂ ਕਰਕੇ ਉਕਤ ਮੁਕੱਮਦਾ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। ਇਹਨਾਂ ਗ੍ਰਿਫਤਾਰ ਦੋਸ਼ੀਆਂ ਪਾਸੋਂ ਵਾਰਦਾਤ ਵਿੱਚ ਸ਼ਾਮਲ ਇਹਨਾ ਦੇ ਬਾਕੀ ਸਾਥੀਆਂ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਉਕਤਾਨ ਦੋਸ਼ੀਆਨ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾ ਚੁੱਕਾ ਹੈ, ਇਹਨਾਂ ਪਾਸੋਂ ਹੋਰ ਵੀ ਵਾਰਦਾਤਾਂ ਸਬੰਧੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਦਿਹਾੜੇ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਗਾਇਆ





ਲੁਧਿਆਣਾ, 13 ਅਪ੍ਰੈਲ(ਕਰਨੈਲ ਸਿੰਘ ਐੱਮ.ਏ.): ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੀ ਚਰਨ-ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਰੇਰੂ ਸਾਹਿਬ ਪਾ: ਦਸਵੀਂ, ਸਾਹਨੇਵਾਲ ਵਿਖੇ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ ਬਲਜੀਤ ਸਿੰਘ ਹਰਾ ਪ੍ਰਧਾਨ ਗੁ: ਰੇਰੂ ਸਾਹਿਬ ਦੀ ਪ੍ਰੇਰਣਾ ਸਦਕਾ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਵੱਲੋਂ ਸੁਸਾਇਟੀ ਦੇ ਸੇਵਾਦਾਰ ਬਲਦੇਵ ਸਿੰਘ ਸੰਧੂ ਦੀ ਦੇਖ-ਰੇਖ ਹੇਠ 793ਵਾਂ ਮਹਾਨ ਖ਼ੂਨਦਾਨ ਕੈਂਪ ਮਲਕੀਤ ਸਿੰਘ ਹਰਾ ਮੀਤ ਪ੍ਰਧਾਨ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਨ ਸਮੇਂ ਜੱਥੇਦਾਰ ਬਾਬਾ ਮੇਜਰ ਸਿੰਘ ਕਾਰ-ਸੇਵਾ ਵਾਲਿਆਂ ਨੇ ਲੋੜਵੰਦ ਮਰੀਜ਼ਾਂ ਲਈ ਮਨੁੱਖਤਾ ਦੇ ਭਲੇ ਲਈ ਲਗਾਏ ਗਏ ਮਹਾਨ ਖ਼ੂਨਦਾਨ ਕੈਂਪ ਦੀ ਸ਼ਾਲਾਘਾ ਕਰਦਿਆਂ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਸਰਟੀਫਿਕੇਟ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਦੱਸਿਆ ਖ਼ੂਨਦਾਨ ਕੈਂਪ ਦੌਰਾਨ 50 ਬਲੱਡ ਗੁਰੂ ਨਾਨਕ ਹਸਪਤਾਲ ਦੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਲੈ ਕੇ ਦਿੱਤਾ ਜਾਵੇਗਾ। ਇਸ ਮੌਕੇ ਤੇ ਪਰਵਿੰਦਰ ਸਿੰਘ, ਮਨਪ੍ਰੀਤ ਸਿੰਘ, ਬਲਜਿੰਦਰ ਸਿੰਘ, ਜਸਵੀਰ ਸਿੰਘ ਹਰਾ, ਸੁਰਿੰਦਰ ਸਿੰਘ ਹਰਾ,ਅਵਤਾਰ ਸਿੰਘ, ਕੁਲਦੀਪ ਸਿੰਘ ਦੀਪਾ, ਕੁਲਜੀਤ ਸਿੰਘ ਹਰਾ, ਜਸਵੀਰ ਸ਼ਾਹ, ਗੁਰਵਿੰਦਰ ਸਿੰਘ ਗੋਲਡੀ ਸੋਹਲ, ਯਾਦਵਿੰਦਰ ਸਿੰਘ ਸਾਹਨੇਵਾਲ, ਗੁਰਚਰਨ ਸਿਘ ਭੁੱਲਰ ਹਾਜ਼ਰ ਸਨ ।

## ਖ਼ਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ



ਲੁਧਿਆਣਾ, 13 ਅਪ੍ਰੈਲ( ਚ.ਨ.ਸ. ) ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਸਿਟੀ ਇਨਕਲੇਵ, ਦੁੱਗਰੀ ਧਾਂਦਰਾ ਰੋਡਵਿਖੇ ਖਾਲਸੇ ਦੇ ਸਿਰਜਣਾ ਦਿਵਸ ਦੇ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਰਵਿੰਦਰ ਪਾਲ ਸਿੰਘ ਗੋਲਡੀ ਦੀ ਅਗਵਾਈ ਵਿੱਚ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿਚ ਸਜੇ ਗੁਰਮਤਿ ਸਮਾਗਮ ਵਿੱਚ ਸ਼ਾਮਿਲ ਹੋਈਆਂ। ਇਸ ਮੌਕੇ ਭਾਈ ਗਗਨਪ੍ਰੀਤ ਸਿੰਘ , ਭਾਈ ਭੁਪਿੰਦਰ ਸਿੰਘ ਖਾਲਸਾ (ਲੁਧਿਆਣਾ ਵਾਲੇ) , ਅਤੇ ਇਲਾਕਾ ਨਿਵਾਸੀਆਂ ਦੀਆਂ ਇਸਤਰੀ ਸਤਿਸੰਗ ਜੱਥੇ ਨੇ ਰਸਭਿੰਨੇ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆਂ ਅਤੇ ਸੰਗਤਾਂ ਨੂੰ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ. ਵਿਸਾਖੀ ਵਾਲੇ ਦਿਨ ਅਨੰਦਪੁਰ ਸਾਹਿਬ ਵਿਖੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਖਾਲਸਾ ਪੰਥ ਦੀ ਸਾਜਣਾ ਕਰਕੇ ਮਨੁੱਖ ਦੇ ਅੰਦਰਲੇ ਡਰ ਤੇ ਖੌਫ ਨੂੰ ਸਦਾ ਵਾਸਤੇ ਖਤਮ ਕਰਦਿਆਂ ਰੂਹਾਨੀ ਰਹਿਬਰੀ ਨਾਲ ਨਿਵਾਜਿਆ ਅਤੇ ਕਿਹਾ ਕਿ ਹਰੇਕ ਖਾਲਸਾ ਜਾਤ-ਪਾਤ ਵਿੱਚ ਭੇਦ-ਭਾਵ ਨਹੀਂ ਰੱਖੇਗਾ ਅਤੇ ਉਹ ਆਪਸ ਵਿੱਚ ਪ੍ਰੇਮ ਭਾਵ ਨਾਲ ਰਹੇਗਾ। ਦੇਸ਼ ਅਤੇ ਧਰਮ ਦੀ ਰੱਖਿਆ ਲਈ ਆਪਣਾ ਸਰਬੰਸ ਵਾਰ ਦੇਣ ਲਈ ਸਦਾ ਤਿਆਰ ਰਹੇਗਾ।ਇਸ ਮੌਕੇ ਤੇ ਮੁੱਖ ਸੇਵਾਦਾਰ ਭਰਵਿੰਦਰ ਪਾਲ ਸਿੰਘ ਗੋਲਡੀ ਵਲੋਂ ਮੁਹੱਲਾ ਨਿਵਾਸੀਆਂ ਅਤੇਆਈਆਂ ਪ੍ਰਮੁੱਖ ਸ਼ਖਸੀਅਤਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਸਨਮਾਨਿਤ ਵੀ ਕੀਤਾਗਿਆ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਗੁਰੂ ਘਰ ਨਤਮਸਤਕ ਹੋਣਆਈਆਂ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ ਅਤੇ ਸੰਗਤਾਂ ਨੂੰ ਖੰਡੇ ਵਾਲੇ ਝੰਡੇ ਵਾਲੇ ਬੈਜ ਲਗਾਏ ਗਏ ਅਤੇ ਲੰਗਰ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਕਮਲਪ੍ਰੀਤ ਸਿੰਘ, ਬਲਬੀਰ ਸਿੰਘ ਮੱਲ, ਮਹਿੰਦਰ ਸਿੰਘ, ਮਨਪ੍ਰੀਤ ਸਿੰਘ ,ਹਰਨੇਕ ਸਿੰਘ,ਅਮਰਜੀਤ ਸਿੰਘ ਸੂਰੀ, ਦਲਜੀਤ ਸਿੰਘ, ਪਰਮਜੀਤ ਸਿੰਘ ਬੇਦੀ, ਸੰਦੀਪ ਆਹੂਜਾ,ਖੁਸ਼ਵਿੰਦਰ ਸਿੰਘ, ਜਗਪ੍ਰੀਤ ਸਿੰਘ, ਵਿਕਰਮਜੀਤ ਸਿੰਘ ਧਾਲੀਵਾਲ,ਯਾਦਵਿੰਦਰ ਸਿੰਘ ਤੇ ਹੋਰ ਵੀ ਸ਼ਾਮਲ ਸਨ.

# ਫਰਾਂਸ ਤੋਂ ਸਾਈਕਲ 'ਤੇ 11 ਦੇਸ਼ਾਂ ਦੀ ਯਾਤਰਾ ਕਰਨ ਵਾਲਾ ਜੋੜਾ ਪੁੱਜਾ ਡੇਰਾ ਬਾਬਾ ਨਾਨਕ

### ☛ 9 ਮਹੀਨੇ ਪਹਿਲਾਂ ਫਰਾਂਸ ਸਿਟੀ ਵੈਂਨਜ ਤੋਂ ਸ਼ੁਰੂ ਕੀਤੀ ਸੀ ਯਾਤਰਾ

ਡੇਰਾ ਬਾਬਾ ਨਾਨਕ, 13 ਅਪ੍ਰੈਲ (ਚ.ਨ.ਸ): ਫਰਾਂਸ ਤੋਂ ਸਾਈਕਲ 'ਤੇ 11 ਦੇਸ਼ਾਂ ਦੀ ਯਾਤਰਾ ਕਰਨ ਵਾਲਾ ਜੋੜਾ ਸ਼ਨਿਚਰਵਾਰ ਨੂੰ ਨੈਸ਼ਨਲ ਹਾਈਵੇ 354 ਰਾਹੀਂ ਡੇਰਾ ਬਾਬਾ ਨਾਨਕ ਵਿਖੇ ਪੁੱਜਿਆ। ਇਸ ਮੌਕੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਫਰਾਂਸ ਤੋਂ ਸਾਈਕਲ 'ਤੇ ਚੱਲੇ ਪਤੀ ਐਟੋਇਨ ਅਤੇ ਉਸਦੀ ਪਤਨੀ ਮਯਾਮੀ ਨੇ ਦੱਸਿਆ ਕਿ ਉਹ ਸਾਈਕਲ ਰਾਹੀਂ ਏਸ਼ੀਆ ਯਾਤਰਾ 'ਤੇ ਨਿਕਲੇ ਹੋਏ ਹਨ। ਉਹਨਾਂ ਦੱਸਿਆ ਕਿ 9 ਮਹੀਨੇ ਪਹਿਲਾਂ ਜੁਲਾਈ 2024 ਨੂੰ ਫਰਾਂਸ ਸਿਟੀ ਵੈਂਨਜ ਤੋਂ ਸਾਈਕਲ ਯਾਤਰਾ ਆਰੰਭ ਕੀਤੀ ਸੀ। ਇਸ ਮੌਕੇ ਐਟੋਇਨ ਨੇ ਦੱਸਿਆ ਕਿ ਉਹ ਲੌਜਿਸਟਿਕ ਮਿਡਰੀਅਮ ਨੌਕਰੀ ਕਰਦਾ ਹੈ ਅਤੇ ਉਸ ਦੀ ਪਤਨੀ ਮਯਾਮੀ ਜੋ ਇੰਜੀਨੀਅਰ ਹੈ, ਨੇ ਦੱਸਿਆ ਕਿ ਉਹ ਜੁਲਾਈ ਮਹੀਨੇ ਤੋਂ ਫਰਾਂਸ ਤੋਂ ਸਾਈਕਲ 'ਤੇ ਯਾਤਰਾ ਕਰ ਰਹੇ ਹਨ। ਉਪਰੰਤ ਉਹ ਇਟਲੀ, ਸਲੋਵੇਨੀਆ, ਅਲਬਾਨੀਆ, ਯੂਨਾਨ, ਤਾਜ਼ਿਕਸਤਾਨ, ਕਿਰਗਿਸਤਾਨ, ਕਜ਼ਾਕਿਸਤਾਨ, ਕ੍ਰੀਜ਼ੀਆ, ਚੀਨ ਰਾਹੀਂ ਹੁੰਦੇ ਹੋਏ ਭਾਰਤ ਸਾਈਕਲ 'ਤੇ ਪੁੱਜੇ। ਐਟੋਇਨ ਤੇ ਉਨ੍ਹਾਂ ਦੀ ਪਤਨੀ ਮਯਾਮੀ ਨੇ ਦੱਸਿਆ ਕਿ ਉਹ ਰੋਜ਼ਾਨਾ 90 ਕਿਲੋਮੀਟਰ ਸਾਈਕਲ 'ਤੇ ਪੈਂਡਾ ਤੈਅ ਕਰਦੇ ਹਨ ਅਤੇ ਹੁਣ ਤੱਕ 20 ਹਜ਼ਾਰ ਕਿਲੋਮੀਟਰ ਸਫ਼ਰ ਕਰ ਚੁੱਕੇ ਹਨ। ਉਹਨਾਂ ਦੱਸਿਆ ਕਿ ਹੁਣ ਤੱਕ ਉਹ 10 ਹਜ਼ਾਰ ਯੂਰੋ ਖਰਚ ਚੁੱਕੇ ਹਨ। ਉਹਨਾਂ ਦੱਸਿਆ ਕਿ ਉਹ ਗੂਗਲ ਮੈਪ ਰਾਹੀਂ ਰੋਜ਼ਾਨਾ 90 ਕਿਲੋਮੀਟਰ ਸਫਰ ਕਰਦੇ ਹਨ ਅਤੇ ਐਤਵਾਰ ਨੂੰ ਉਹ ਅਟਾਰੀ ਬਾਰਡਰ ਰਾਹੀਂ ਪਾਕਿਸਤਾਨ ਜਾਣਗੇ ਅਤੇ ਉਸ ਤੋਂ ਬਾਅਦ ਈਰਾਨ ਵਿੱਚ ਪਹੁੰਚਣ ਉਪਰੰਤ ਸਾਈਕਲ ਯਾਤਰਾ ਸਮਾਪਤ ਕਰਨਗੇ। ਉਹਨਾਂ ਦੱਸਿਆ ਕਿ ਪੰਜਾਬ ਦੇ ਲੋਕਾਂ ਦਾ ਪਹਿਰਾਵਾ ਅਤੇ ਪਰੌਂਠਾ ਬਹੁਤ ਚੰਗਾ ਲੱਗਾ। ਉਹਨਾਂ ਦੱਸਿਆ ਉਹ ਵੱਖ-ਵੱਖ ਦੇਸ਼ਾਂ ਵਿੱਚ ਸਾਈਕਲ ਚਲਾਉਣ ਉਪਰੰਤ ਪੰਜਾਬ ਦੇ ਲੋਕਾਂ ਵੱਲੋਂ ਰੋਕ-ਰੋਕ ਕੇ ਉਹਨਾਂ ਦਾ ਹਾਲ ਪੁੱਛਿਆ ਅਤੇ ਲੋਕਾਂ ਨੇ ਉਹਨਾਂ ਨੂੰ ਪਿਆਰ ਵੀ ਕੀਤਾ।

# ਕਾਰ ਸਰਹਿੰਦ ਨਹਿਰ 'ਚ ਡਿੱਗੀ, ਚਾਲਕ ਦੀ ਮੌਤ

ਚਮਕੌਰ ਸਾਹਿਬ, 13 ਅਪ੍ਰੈਲ (ਚ.ਨ.ਸ): ਇੱਥੇ ਚਮਕੌਰ ਸਾਹਿਬ-ਰੂਪਨਗਰ ਮਾਰਗ 'ਤੇ ਪੈਂਦੇ ਪਿੰਡ ਝਮਲੂਟੀ ਨੇੜੇ ਕਾਰ ਸਰਹਿੰਦ ਨਹਿਰ ਵਿੱਚ ਡਿੱਗਣ ਕਾਰਨ ਕਾਰ ਚਾਲਕ ਦੀ ਮੌਤ ਹੋ ਗਈ। ਜਦੋਂਕਿ ਕਾਰ ਨੂੰ ਕਾਫੀ ਮੁਸ਼ੱਕਤ ਮਗਰੋਂ ਬਾਹਰ ਕੱਢਿਆ ਗਿਆ। ਜਾਣਕਾਰੀ ਅਨੁਸਾਰ ਸ਼ਾਮ ਕਰੀਬ 5 ਵਜੇ ਇੱਕ ਆਲਟੋ ਕਾਰ ਸੜਕ ਤੋਂ ਕਰੀਬ 20 ਫੁੱਟ ਡੂੰਘੀ ਨਹਿਰ ਵਿੱਚ ਜਾ ਡਿੱਗੀ ਅਤੇ ਡੂੰਘੇ ਪਾਣੀ ਵਿੱਚ ਚਲੀ ਗਈ। ਇਸ ਦੌਰਾਨ ਕੋਲੋਂ ਲੰਘ ਰਹੇ ਇਕ ਵਿਅਕਤੀ ਨੇ ਰੌਲਾ ਪਾ ਦਿੱਤਾ, ਜਿਸ ਦੀ ਆਵਾਜ਼ ਸੁਣ ਕੇ ਕੋਲੋਂ ਲੰਘ ਰਹੇ ਪਿੰਡ ਜਰਗੜੀ,ਪਾਇਲ, ਦੇ ਪਰਮਿੰਦਰ ਪਿੰਦੀ ਤੇ ਸਾਥੀਆਂ ਨੇ ਨਹਿਰ ਵਿੱਚ ਉਤਰ ਕੇ ਕਾਰ ਚਾਲਕ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਪਾਣੀ ਦਾ ਵਹਾਅ ਤੇਜ਼ ਹੋਣ ਕਾਰਨ ਸਫ਼ਲ ਨਹੀਂ ਹੋ ਸਕੇ। ਮੌਕੇ 'ਤੇ ਪੁੱਜੇ ਡੀਐਸਪੀ ਮਨਜੀਤ ਸਿੰਘ ਔਲਖ ਅਤੇ ਥਾਣਾ ਮੁਖੀ ਗੁਰਪ੍ਰੀਤ ਸਿੰਘ ਨੇ ਬਾਹਰੋਂ ਬੁਲਾਏ ਗੋਤਖੋਰਾਂ ਤੇ ਮਸ਼ੀਨ ਦੀ ਸਹਾਇਤਾ ਨਾਲ ਆਲਟੋ ਕਾਰ ਨੰਬਰ ਸੀਐਚ 04 ਐਫ3929 ਤੇ ਕਾਰ ਚਾਲਕ ਨੂੰ ਬਾਹਰ ਕੱਢਿਆ, ਪਰ ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਪਛਾਣ ਜਤਿੰਦਰ ਸਿੰਘ ਵਾਸੀ ਪਿੰਡ ਭੱਕੂਮਾਜਰਾ ਵਜੋਂ ਹੋਈ ਹੈ ਜੋ ਚਮਕੌਰ ਸਾਹਿਬ ਵਿੱਚ ਹੀ ਜੰਗਲਾਤ ਵਿਭਾਗ 'ਚ ਨੌਕਰੀ ਕਰਦਾ ਸੀ। ਡੀਐਸਪੀ ਮਨਜੀਤ ਸਿੰਘ ਔਲਖ ਨੇ ਦੱਸਿਆ ਕਿ ਪੁਲਿਸ ਨੇ ਸਰਕਾਰੀ ਹਸਪਤਾਲ ਰੂਪਨਗਰ ਵਿੱਚ ਪੋਸਟਮਾਰਟਮ ਕਰਵਾਉਣ ਉਪਰੰਤ ਲਾਸ਼ ਵਾਰਿਸਾਂ ਹਵਾਲੇ ਕਰ ਦਿੱਤੀ ਹੈ।

# ਖ਼ਾਲਸਾ ਜਨਮ ਦਿਹਾੜੇ ਤੇ ਵਿਸਾਖੀ ਮੌਕੇ 2.50 ਲੱਖ ਦੀ ਲਾਗਤ ਵਾਲੇ ਕੰਮ ਦਾ ਕੀਤਾ ਉਦਘਾਟਨ



ਭੋਗਪੁਰ, 13 ਅਪ੍ਰੈਲ (ਅਮਰਜੀਤ ਸਿੰਘ ਸੈਣੀ): ਵਿਸਾਖੀ ਦੇ ਸ਼ੁਭ ਦਿਹਾੜੇ 'ਤੇ ਪਿੰਡ ਸੱਤੋਵਾਲੀ ਵਿੱਚ ਸਰਪੰਚ ਪਰਮਜੀਤ ਕੌਰ ਦੀ ਅਗਵਾਈ ਹੇਠ ਪੰਚਾਇਤ ਵੱਲੋਂ ਪਿੰਡ ਵਿੱਚ ਸੜਕ ਦੇ ਨਾਲ ਵਰਮਾ ਤੇ ਇੰਟਰਲੋਕ ਇੱਟਾਂ ਲਗਾ ਕੇ ਸੜਕ ਨੂੰ ਚੌੜਾ ਕਰਨ ਲਈ 2.50 ਲੱਖ ਰੁਪਏ ਦੀ ਲਾਗਤ ਨਾਲ ਕੰਮ ਦਾ ਉਦਘਾਟਨ ਚੇਅਰਮੈਨ ਪਰਮਜੀਤ ਸਿੰਘ ਰਾਜਪੂਤ ਮਾਰਕੀਟ ਕਮੇਟੀ ਆਦਮਪੁਰ ਵੱਲੋਂ ਹਲਕਾ ਇੰਚਾਰਜ ਜੀਤ ਲਾਲ ਭੱਟੀ/ਡਾਇਰੈਕਟਰ ਪਨਬਸ ਪੰਜਾਬ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੀਤਾ ਗਿਆ। ਹਲਕਾ ਇੰਚਾਰਜ ਜੀਤ ਲਾਲ ਭੱਟੀ ਵੱਲੋਂ ਕਾਫੀ ਮਿਹਨਤ ਕੀਤੀ ਜਾ ਰਹੀ ਹੈ। ਰੋਜ਼ਾਨਾ ਹੀ ਹਲਕੇ ਵਿਚ ਨੀਂਹ ਪੱਥਰ ਰੱਖੇ ਜਾ ਰਹੇ ਹਨ। ਇਸ ਮੌਕੇ ਉਹਨਾਂ ਦੇ ਨਾਲ ਕੁਲਵਿੰਦਰ ਸਾਬੀ ਐਸੀ ਵਿੰਗ ਜ਼ਿਲ੍ਹਾ ਜੁਆਇੰਟ ਸਕੱਤਰ, ਇੰਦਰਜੀਤ ਸਿੰਘ ਸੱਤੋਵਾਲੀ ਬਲਾਕ ਪ੍ਰਧਾਨ/ਸੈਕਟਰੀ ਦੁਆਬਾ ਸਰਪੰਚ ਯੂਨੀਅਨ ਆਦਮਪੁਰ, ਹਨਿੰਦਰ ਸਿੰਘ ਬਲਾਕ ਪ੍ਰਧਾਨ ਆਦਮਪੁਰ, ਬੂਟਾ ਰਾਮ ਪੰਚ, ਬਖਸ਼ਿਸ਼ ਕੌਰ ਪੰਚ, ਗੁਰਪਾਲ ਕੌਰ ਪੰਚ, ਸਾਬਕਾ ਸਰਪੰਚ ਕੁੰਦਨ ਲਾਲ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਜ਼ਿਲ੍ਹਾ ਪੁਲਿਸ ਮੁਖੀ ਨੇ ਦੋ ਵਿਅਕਤੀਆਂ ਨਾਲ ਕੁੱਟਮਾਰ ਕਰਨ ਵਾਲੇ ਪੁਲਿਸ ਮੁਲਾਜ਼ਮ ਕੀਤੇ ਸਸਪੈਂਡ



ਫ਼ਤਹਿਗੜ੍ਹ ਸਾਹਿਬ, 13 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਬੀਤੇ ਦਿਨੀਂ ਖੇੜਾ ਪੁਲਿਸ ਚੌਂਕੀ ਵਿੱਚ ਪੁਲਿਸ ਵੱਲੋਂ 02 ਵਿਅਕਤੀਆਂ 'ਤੇ ਕੀਤੇ ਤਸ਼ੱਦਦ ਦੇ ਮਾਮਲੇ 'ਤੇ ਫੌਰੀ ਕਾਰਵਾਈ ਕਰਦਿਆਂ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਵੱਲੋਂ ਸਿੱਟ ਦਾ ਗਠਨ ਕੀਤਾ ਗਿਆ ਹੈ ਅਤੇ ਇਸ ਮਾਮਲੇ ਵਿੱਚ ਸ਼ਾਮਲ 02 ਪੁਲਿਸ ਮੁਲਾਜ਼ਮਾਂ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ। ਪੁਲਿਸ ਵੱਲੋਂ ਇਸ ਮਾਮਲੇ ਵਿੱਚ ਕਥਿਤ ਦੋਸ਼ੀਆਂ ਵਿਰੁੱਧ ਸ਼ਿਕਾਇਤ ਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਐਫਆਈਆਰ ਵੀ ਦਰਜ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਐਸਪੀ (ਡੀ) ਰਾਕੇਸ਼ ਯਾਦਵ ਨੇ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ। ਉਹਨਾਂ ਕਿਹਾ ਕਿ ਇਸ ਮਾਮਲੇ ਬਾਰੇ ਪਹਿਲਾਂ ਕਿਸੇ ਵੀ ਧਿਰ ਵੱਲੋਂ ਪੁਲਿਸ ਨੂੰ ਕੋਈ ਸ਼ਿਕਾਇਤ ਨਹੀਂ ਦਿੱਤੀ ਗਈ ਸੀ ਅਤੇ ਅੱਜ ਜਦੋਂ ਇਸ ਮਾਮਲੇ ਬਾਰੇ ਸ਼ਿਕਾਇਤ ਕਰਤਾ ਨੇ ਮਾਮਲਾ ਜ਼ਿਲ੍ਹਾ ਪੁਲਿਸ ਮੁਖੀ ਦੇ ਧਿਆਨ ਵਿੱਚ ਲਿਆਂਦਾ ਤਾਂ ਉਹਨਾਂ ਵੱਲੋਂ ਉਹਨਾਂ ਦੀ ਗੱਲ ਸੁਣਨ ਉਪਰੰਤ ਇਹ ਫੈਸਲਾ ਲਿਆ ਗਿਆ ਹੈ। ਐਸਪੀ ਯਾਦਵ ਨੇ ਕਿਹਾ ਕਿ ਪੁਲਿਸ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਨਹੀਂ ਬਖਸ਼ੇਗੀ ਅਤੇ ਇਸ ਮਾਮਲੇ ਵਿੱਚ ਸ਼ਾਮਿਲ ਪੁਲਿਸ ਮੁਲਾਜ਼ਮਾਂ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਪੁਲਿਸ ਆਮ ਲੋਕਾਂ ਦੀ ਜਾਨ ਤੇ ਮਾਲ ਦੀ ਰਾਖੀ ਲਈ ਪੂਰੀ ਸੰਜੀਦਗੀ ਨਾਲ ਕੰਮ ਕਰ ਰਹੀ ਹੈ ਤੇ ਲੋਕਾਂ ਨਾਲ ਧੱਕਾ ਕਰਨ ਵਾਲਿਆਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ।

# ਪੁਲਿਸ ਨੇ ਪੂਰੀ ਰਾਤ ਓਪਰੇਸ਼ਨ ਸਤਰਕ ਤਹਿਤ ਕੀਤੀ ਵਾਹਨਾਂ ਦੀ ਚੈਕਿੰਗ ਤੇ ਸ਼ੱਕੀ ਵਿਅਕਤੀਆਂ ਦੀ ਪੁੱਛਗਿੱਛ



ਫ਼ਤਹਿਗੜ੍ਹ ਸਾਹਿਬ, 13 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਪੁਲਿਸ ਨੇ ਰਾਤ ਦੇ ਸਮੇਂ ਅਮਨ ਅਤੇ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ, ਓਪਰੇਸ਼ਨ ਸਤਰਕ ਦੀ ਸ਼ੁਰੂਆਤ ਕੀਤੀ ਹੈ। ਜ਼ਿਲ੍ਹੇ ਵਿੱਚ ਆਪਰੇਸ਼ਨ ਸਤਰਕ ਦੀ ਨਿਗਰਾਨੀ ਏਡੀਜੀਪੀ (ਅੰਦਰੂਨੀ ਚੌਕਸੀ) ਨੌਨਿਹਾਲ ਸਿੰਘ ਨੇ ਕੀਤੀ। ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਦੱਸਿਆ ਕਿ ਪੁਲਿਸ ਨੇ ਓਪਰੇਸ਼ਨ ਸਤਰਕ ਤਹਿਤ ਜ਼ਿਲ੍ਹੇ ਦੇ ਤਿੰਨ ਪ੍ਰਮੁੱਖ ਸਥਾਨਾਂ 'ਤੇ ਮਜ਼ਬੂਤ ਨਾਕਾਬੰਦੀ ਕੀਤੀ ਗਈ ਅਤੇ 13 ਪੈਟਰੋਲਿੰਗ ਪਾਰਟੀਆਂ ਤਾਇਨਾਤ ਕੀਤੀਆਂ ਗਈਆਂ। ਇਸ ਦੌਰਾਨ 175 ਪੁਲਿਸ ਕਰਮਚਾਰੀਆਂ ਨੇ 325 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ। ਉਨ੍ਹਾਂ ਦੱਸਿਆ ਕਿ ਓਪ੍ਰੇਸ਼ਨ ਸਤਰਕ ਤਹਿਤ ਪੁਲਿਸ ਨੇ ਆਵਾਜਾਈ ਨਿਯਮਾਂ ਦੀ ਉਲੰਘਣਾ ਤਹਿਤ 125 ਚਲਾਨ ਕੀਤੇ ਤੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਤੇ ਇੱਕ ਵਾਹਨ ਬੰਦ ਕੀਤਾ ਗਿਆ। ਐੱਸ ਐੱਸ ਪੀ ਨੇ ਦੱਸਿਆ ਕਿ ਆਪ੍ਰੇਸ਼ਨ ਦਾ ਮਕਸਦ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਸਮਾਜ ਵਿਰੋਧੀ ਤੱਤਾਂ ਉੱਪਰ ਨਕੇਲ ਕੱਸਣਾ ਹੈ। ਉਹਨਾਂ ਕਿਹਾ ਕਿ ਪੁਲਿਸ ਦਾ ਓਪਰੇਸ਼ਨ ਨਾਈਟ ਡੋਮੀਨੇਸ਼ਨ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਨੂੰ ਜ਼ਮੀਨੀ ਪੱਧਰ 'ਤੇ ਸਫਲ ਬਣਾਉਣ ਲਈ ਵੀ ਹੈ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਇਆ ਜਾ ਸਕੇ। ਜ਼ਿਲ੍ਹਾ ਪੁਲਿਸ ਮੁਖੀ ਨੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਪੁਲਿਸ ਵੱਲੋਂ ਸਟਰੀਟ ਕਰਾਈਮ ਤੇ ਨਸ਼ਿਆਂ ਦੇ ਖਾਤਮੇ ਲਈ ਚਲਾਏ ਜਾ ਰਹੇ ਆਪਰੇਸ਼ਨ ਨਾਈਟ ਡੋਮੀਨੇਸ਼ਨ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਿਲ ਵਿਅਕਤੀਆਂ ਬਾਰੇ ਸੂਚਨਾ ਪੁਲਿਸ ਨੂੰ ਦਿੱਤੀ ਜਾਵੇ। ਐੱਸ ਪੀ (ਡੀ) ਰਾਕੇਸ਼ ਯਾਦਵ ਦੀ ਅਗਵਾਈ ਹੇਠ ਚਲਾਏ ਓਪ੍ਰੇਸ਼ਨ ਸਤਰਕ ਤਹਿਤ ਪੁਲਿਸ ਅਧਿਕਾਰੀ ਤੇ ਮੁਲਾਜ਼ਮ ਸਾਰੀ ਰਾਤ ਪੁਲਿਸ ਚੌਕਸੀ ਨਾਲ ਡਿਊਟੀ ਕਰਦੇ ਰਹੇ, ਜਿਸ ਦੀ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ। ਫ਼ਤਹਿਗੜ੍ਹ ਸਾਹਿਬ ਵਿਖੇ ਡੀਐਸਪੀ ਸੁਖਨਾਜ਼ ਸਿੰਘ ਨੇ ਪੁਲਿਸ ਪਾਰਟੀ ਸਮੇਤ ਆਉਂਦੇ ਜਾਂਦੇ ਵਾਹਨਾਂ ਦੀ ਚੈਕਿੰਗ ਕੀਤੀ।

# ਪੰਜਾਬ ਦੇ ਪਿੰਡਾਂ ਦੀਆਂ ਲਿੰਕ ਸੜਕਾਂ ਦੀ 2873 ਕਰੋੜ ਰੁਪਏ ਨਾਲ ਬਦਲੇਗੀ ਨੁਹਾਰ : ਰਾਏ



ਫ਼ਤਹਿਗੜ੍ਹ ਸਾਹਿਬ, 13 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਵਿਕਾਸ ਪੱਖੀ ਸੋਚ ਸਦਕਾ ਪੰਜਾਬ ਸਰਕਾਰ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਦੀ ਤਰਜ਼ 'ਤੇ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਸਰਕਾਰ ਨੇ ਪਿੰਡਾਂ ਦੇ ਵਿਕਾਸ ਲਈ 3500 ਕਰੋੜ ਰੁਪਏ ਖਰਚ ਕਰਨ ਦਾ ਫੈਸਲਾ ਕੀਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪਿੰਡ ਪੋਲਾ ਵਿਖੇ 05 ਲੱਖ ਦੀ ਲਾਗਤ ਨਾਲ ਤਿਆਰ ਹੋਈ ਇੰਟਰਲਾਕ ਟਾਇਲਾਂ ਵਾਲੀ 550 ਫੁੱਟ ਲੰਬੀ ਗਲੀ ਦਾ ਉਦਘਾਟਨ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ। ਉਹਨਾਂ ਦੱਸਿਆ ਇਹ ਪਿੰਡਾਂ ਦੇ ਲੋਕਾਂ ਨੂੰ ਬਿਹਤਰ ਸੜਕੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ 2873 ਕਰੋੜ ਰੁਪਏ ਖਰਚ ਕੇ ਪੇਂਡੂ ਲਿੰਕ ਸੜਕਾਂ ਦਾ ਨਿਰਮਾਣ ਅਤੇ ਅਪਗ੍ਰੇਡੇਸ਼ਨ ਕੀਤਾ ਜਾਵੇਗਾ। ਵਿਧਾਇਕ ਰਾਏ ਨੇ ਦੱਸਿਆ ਇਹ ਪੇਂਡੂ ਵਿਕਾਸ ਲਈ ਰੱਖੇ ਗਏ 3500 ਕਰੋੜ ਰੁਪਏ ਨਾਲ ਪਿੰਡਾਂ ਦੇ ਛੱਪੜਾਂ ਦੀ ਸਫਾਈ ਤੇ ਨਵੀਨੀਕਰਨ ਕੀਤਾ ਜਾਵੇਗਾ, ਪਿੰਡਾਂ ਵਿੱਚ ਸੀਵਰੇਜ ਟਰੀਟਮੈਂਟ, ਖੇਡ ਮੈਦਾਨਾਂ ਦੀ ਉਸਾਰੀ ਕਰਵਾਈ ਜਾਵੇਗੀ ਅਤੇ ਮੁੱਖ ਮੰਤਰੀ ਸਟਰੀਟ ਲਾਈਟ ਯੋਜਨਾ ਤਹਿਤ ਪਿੰਡਾਂ ਵਿੱਚ ਸੋਲਰ ਲਾਈਟਾਂ ਲਗਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਆਉਂਦੇ 02 ਸਾਲਾਂ ਵਿੱਚ 12,581 ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾਵੇਗਾ ਅਤੇ ਸਾਰੀਆਂ ਟੁੱਟੀਆਂ ਪੇਂਡੂ ਲਿੰਕ ਸੜਕਾਂ ਨੂੰ ਬਣਾਇਆ ਜਾਵੇਗਾ। ਵਿਧਾਇਕ ਰਾਏ ਨੇ ਪਿੰਡਾਂ ਦੇ ਲੋਕਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪੂਰਨ ਸਹਿਯੋਗ ਦਿੱਤਾ ਜਾਵੇ ਤਾਂ ਜੋ ਆਪਣੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਕੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਮਨਦੀਪ ਸਿੰਘ ਪੋਲਾ, ਪੰਚ ਹਰਦੀਪ ਸਿੰਘ ਪੰਚ ਪਰਵਿੰਦਰ ਸਿੰਘ, ਪੰਚ ਸੁਰਿੰਦਰ ਸਿੰਘ, ਪ੍ਰੇਮ ਸਿੰਘ, ਭਰਪੂਰ ਸਿੰਘ, ਪੰਚ ਸਿਮਰਨਜੀਤ ਸਿੰਘ, ਪੰਚ ਪਰਵਿੰਦਰ ਕੌਰ, ਪੰਚ ਰਛਪਾਲ ਸਿੰਘ, ਓਵਿੰਦਰ ਸਿੰਘ, ਹਰਜੀਤ ਸਿੰਘ, ਜੀਤ ਸਿੰਘ ਤੇ ਸੈਕਟਰੀ ਰਜਿੰਦਰ ਸਿੰਘ ਮੌਜੂਦ ਸਨ।

# ਮਾਮਲਾ ਪਿੰਡ ਵਜ਼ੀਰਾਬਾਦ ਦੇ ਬੈਂਕ 'ਚੋਂ ਕਰੋੜਾਂ ਰੁਪਏ ਦੀ ਰਾਸ਼ੀ ਕਢਵਾਉਣ ਦਾ ਪਿੰਡ ਵਜ਼ੀਰਾਬਾਦ ਦਾ ਸਰਪੰਚ ਤੇ ਪੰਚਾਇਤ ਸਕੱਤਰ ਮੁਅੱਤਲ



ਫ਼ਤਹਿਗੜ੍ਹ ਸਾਹਿਬ, 13 ਅਪ੍ਰੈਲ (ਸੂਦ): ਪਿੰਡ ਵਜ਼ੀਰਾਬਾਦ ਦੇ ਸਰਪੰਚ ਅਤੇ ਪੰਚਾਇਤ ਸਕੱਤਰ ਨੂੰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ ਵੱਲੋਂ ਮੁਅੱਤਲ ਕਰ ਦਿੱਤਾ ਹੈ। ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਰਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਫਤਹਿਗੜ੍ਹ ਸਾਹਿਬ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੂੰ ਪੱਤਰ ਰਾਹੀਂ ਦੱਸਿਆ ਸੀ ਕਿ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਸਰਹੰਦ ਨੇ ਜਾਣਕਾਰੀ ਦਿੱਤੀ ਹੈ ਕਿ ਉਨ੍ਹਾਂ ਦੇ ਦਸਤਖਤਾਂ ਤੋਂ ਬਗੈਰ ਚੈੱਕ ਰਾਹੀਂ ਅਣ-ਅਧਿਕਾਰਤ ਅਦਾਇਗੀ ਕੀਤੀ ਗਈ ਹੈ। ਉਨ੍ਹਾਂ ਜਾਅਲੀ ਦਸਤਖਤ ਕਰਨ ਅਤੇ ਜਾਅਲੀ ਦਸਤਾਵੇਜ਼ ਰਾਹੀਂ ਰਾਸ਼ੀ ਕਢਵਾਉਣ ਦਾ ਵੀ ਦੋਸ਼ ਲਾਇਆ, ਜਿਸ ਦੌਰਾਨ ਪੰਚਾਇਤ ਸਕੱਤਰ ਰਾਜਵੀਰ ਸਿੰਘ ਅਤੇ ਵਜ਼ੀਰਾਬਾਦ ਦੇ ਸਰਪੰਚ ਯਾਦਵਿੰਦਰ ਸਿੰਘ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇ। ਬੀਡੀਪੀਓ ਸਰਹੰਦ ਨੇ ਜਾਅਲੀ ਦਸਤਖਤ ਕਰਨ ਅਤੇ ਜਾਅਲੀ ਦਸਤਾਵੇਜ਼ ਤਿਆਰ ਕਰਨ ਬਦਲੇ ਥਾਣਾ ਸਰਹਿੰਦ ਵਿਚ ਵੀ ਯਾਦਵਿੰਦਰ ਸਿੰਘ ਸਰਪੰਚ ਖਿਲਾਫ ਮਾਮਲਾ ਵੀ ਦਰਜ ਕਰਵਾਇਆ ਹੈ ਅਤੇ ਉਸ ਨੂੰ ਮੁੱਅਤਲ ਕਰਨ ਦੀ ਸਿਫ਼ਾਰਸ਼ ਕੀਤੀ ਹੈ। ਉਸ ਨੇ ਦੱਸਿਆ ਕਿ ਉਸ ਦੀ ਜਾਣਕਾਰੀ ਤੋਂ ਬਗੈਰ ਸਰਪੰਚ ਨੇ ਕਰੀਬ 3 ਕਰੋੜ 78 ਲੱਖ ਰੁਪਏ ਦੀ ਰਾਸ਼ੀ ਕਢਵਾਈ ਹੈ, ਜਿਸ ਨਾਲ ਗ੍ਰਾਮ ਪੰਚਾਇਤ ਦਾ ਵਿੱਤੀ ਨੁਕਸਾਨ ਕੀਤਾ ਗਿਆ। ਇਸ ਸਬੰਧੀ ਸਰਪੰਚ ਵੱਲੋਂ ਦਫਤਰ ਜਾਂ ਬਲਾਕ ਵਿਕਾਸ ਪੰਚਾਇਤ ਅਫਸਰ ਕੋਲ ਰਾਸ਼ੀ ਸਬੰਧੀ ਕੋਈ ਵੀ ਮਤਾ ਜਾਂ ਐਸਟੀਮੇਟ ਪੇਸ਼ ਨਹੀਂ ਕੀਤਾ ਗਿਆ। ਉਨ੍ਹਾਂ ਸਰਪੰਚ ਵੱਲੋਂ ਬੈਂਕ ਅਧਿਕਾਰੀਆਂ ਨਾਲ ਮਿਲੀ ਭੁਗਤ ਕਰਕੇ ਰੂਲਾਂ ਦੀ ਉਲੰਘਣਾ ਕਰਨ ਦਾ ਦੋਸ਼ ਲਾਇਆ। ਬੀਡੀਪੀਓ ਨੇ ਇਹ ਵੀ ਦੱਸਿਆ ਕਿ ਵਜ਼ੀਰਾਬਾਦ ਪੰਚਾਇਤ ਨੂੰ ਸ਼ਾਮਲਾਤ ਜ਼ਮੀਨ 130 ਏਕੜ ਇਕਵਾਇਰ ਹੋਣ ਬਦਲੇ 52 ਕਰੋੜ ਰੁਪਏ ਮਿਲੇ ਸਨ, ਜਦੋਂ ਪੰਚਾਇਤ ਦੀਆਂ ਬੈਂਕ ਸਟੇਟਮੈਂਟਾਂ ਨੂੰ ਵਾਚਿਆ ਗਿਆ ਤਾਂ ਮੂਲ ਰਾਸ਼ੀ ਵਿੱਚੋਂ 28 ਕਰੋੜ 21 ਲੱਖ 91 ਹਜ਼ਾਰ 2 ਰੁਪਏ ਦੀ ਰਾਸ਼ੀ ਸਰਪੰਚ ਵੱਲੋਂ ਕਢਵਾਈ ਗਈ ਹੈ। ਉਨ੍ਹਾਂ ਦੱਸਿਆ ਕਿ ਪੰਚਾਇਤ ਸਕੱਤਰ ਅਤੇ ਸਰਪੰਚ ਖਿਲਾਫ਼ ਕਾਰਵਾਈ ਦੀ ਕੀਤੀ ਸਿਫ਼ਾਰਸ਼ ਨੂੰ ਮੁੱਖ ਰੱਖ ਕੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ ਨੇ ਸਰਪੰਚ ਯਾਦਵਿੰਦਰ ਸਿੰਘ ਨੂੰ ਅਹੁਦੇ ਤੋਂ ਮੁਅੱਤਲ ਕਰ ਦਿਤਾ ਅਤੇ ਪੰਚਾਇਤ ਸਕੱਤਰ ਰਾਜਵੀਰ ਸਿੰਘ ਨੂੰ ਮੁਅੱਤਲ ਕਰਨ ਲਈ ਪੰਚਾਇਤ ਸਕੱਤਰ ਸ਼ਾਖਾ ਨੂੰ ਹਦਾਇਤ ਕੀਤੀ। ਉਨ੍ਹਾਂ ਦੱਸਿਆ ਕਿ ਸਰਪੰਚ ਹੁਣ ਪੰਚਾਇਤ ਦੀ ਕਿਸੇ ਵੀ ਕਾਰਵਾਈ ਵਿੱਚ ਭਾਗ ਨਹੀਂ ਲੈ ਸਕਦਾ। ਇਸ ਦੇ ਨਾਲ ਹੀ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨੂੰ ਹਦਾਇਤ ਕੀਤੀ ਕਿ ਬੈਂਕਾਂ ਵਿੱਚ ਸਰਪੰਚ ਦੇ ਨਾਮ 'ਤੇ ਗ੍ਰਾਮ ਪੰਚਾਇਤ ਦੇ ਖਾਤੇ ਚਲਦੇ ਨੇ ਉਹ ਤੁਰੰਤ ਸੀਲ ਕੀਤੇ ਜਾਣ।

# ਪਾਵਰਕਾਮ ਦੇ ਐੱਸ.ਡੀ.ਓ. ਤੇ ਜੇ.ਈ. ਨੂੰ ਲਾਪ੍ਰਵਾਹੀ ਕਾਰਨ ਇੱਕ ਵਿਅਕਤੀ ਦੇ ਸੱਟਾਂ ਲੱਗਣ 'ਤੇ ਕੀਤੀ ਸਜ਼ਾ

### ☛ ਦੋਵੇਂ ਅਧਿਕਾਰੀਆਂ ਨੂੰ ਕੀਤੀ 2 ਸਾਲ ਦੀ ਸਜ਼ਾ ਤੇ 1-1 ਹਜ਼ਾਰ ਰੁਪਏ ਜੁਰਮਾਨਾ

ਅਮਲੋਹ, 13 ਅਪ੍ਰੈਲ (ਜਸਵੰਤ ਸਿੰਘ): ਅਮਲੋਹ ਦੇ ਮਾਨਯੋਗ ਸਬ ਡਵੀਜ਼ਨਲ ਜੁਡੀਸ਼ੀਅਲ ਮੈਜਿਸਟਰੇਟ ਪਰਸਮੀਤ ਰਿਸ਼ੀ ਦੀ ਅਦਾਲਤ ਨੇ ਇਕ ਮਹੱਤਵਪੂਰਨ ਫ਼ੈਸਲੇ ਵਿਚ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਦੇ ਸਬ ਡਵੀਜ਼ਨਲ ਅਫ਼ਸਰ ਜਸਵਿੰਦਰ ਸਿੰਘ ਅਤੇ ਜੂਨੀਅਰ ਇੰਜਨੀਅਰ ਦਰਸ਼ਨ ਸਿੰਘ ਨੂੰ ਭਾਰਤੀ ਦੰਡਾਵਲੀ ਦੀ ਧਾਰਾ 338 ਦੇ ਤਹਿਤ ਲਾਪਰਵਾਹੀ ਨਾਲ ਸੱਟ ਪਹੁੰਚਾਉਣ ਦੇ ਦੋਸ਼ ਵਿਚ ਦੋਸ਼ੀ ਠਹਿਰਾਇਆ ਹੈ। ਇਹ ਕੇਸ 22 ਅਪ੍ਰੈਲ 2014 ਦਾ ਹੈ ਜਦੋਂ ਪਿੰਡ ਭਾਦਲਾ ਉਚਾ ਦੇ ਇਕ ਪ੍ਰਾਈਵੇਟ ਇਲੈਕਟ੍ਰੀਸ਼ਨ ਪਰਵਿੰਦਰ ਸਿੰਘ ਨੂੰ ਪਾਵਰਕਾਮ ਦੇ ਅਧਿਕਾਰੀਆਂ ਦੇ ਕਹਿਣ 'ਤੇ 11 ਕੇਵੀ ਦੇ ਟ੍ਰਾਂਸਫ਼ਾਰਮਰ ਦੀ ਮੁਰੰਮਤ ਕਰਦੇ ਸਮੇਂ ਗੰਭੀਰ ਬਿਜਲੀ ਦਾ ਝਟਕਾ ਲਗਿਆ ਸੀ। ਮਾਨਯੋਗ ਅਦਾਲਤ ਨੂੰ ਦਿੱਤੇ ਸਬੂਤਾਂ ਮੁਤਾਬਕ ਉਸ ਸਮੇਂ ਬਿਜਲੀ ਸਪਲਾਈ ਬੰਦ ਨਹੀਂ ਕੀਤੀ ਗਈ ਅਤੇ ਕੋਈ ਸੁਰੱਖਿਆ ਉਪਾਅ ਵੀ ਨਹੀਂ ਕੀਤਾ ਗਿਆ, ਜਿਸ ਦੇ ਨਤੀਜੇ ਵਜੋਂ ਪਰਵਿੰਦਰ ਸਿੰਘ ਦੀ ਸੱਜੀ ਬਾਂਹ ਵੱਢਣੀ ਪਈ ਅਤੇ ਉਸ ਦੀ ਸੱਜੀ ਅੱਖ ਦੀ ਰੌਸ਼ਨੀ ਚਲੀ ਗਈ। ਇਸ ਮਾਮਲੇ ਵਿਚ 12 ਸਰਕਾਰੀ ਗਵਾਹ ਜਿਨ੍ਹਾਂ ਵਿਚ ਮੈਡੀਕਲ ਮਾਹਰ ਅਤੇ ਪਾਵਰਕਾਮ ਦੇ ਲਾਈਨਮੈਨ ਸ਼ਾਮਲ ਸਨ, ਦੀ ਸੁਣਵਾਈ ਅਤੇ ਜਾਂਚ ਉਪਰੰਤ ਅਦਾਲਤ ਨੇ ਕਿਹਾ ਕਿ ਦੋਵੇਂ ਵਿਭਾਗ ਦੇ ਮੁਲਾਜ਼ਮਾਂ ਨੇ ਇਕ ਗੈਰ-ਸਿਖਲਾਈ ਪ੍ਰਾਪਤ ਨਾਗਰਿਕ ਨੂੰ ਬਗੈਰ ਸਹੀ ਕੁਨੈਕਸ਼ਨ ਕੱਟੇ ਜਾਂ ਸੁਰੱਖਿਆ ਉਪਕਰਣਾਂ ਤੋਂ ਉਚ-ਜ਼ੋਖਮ ਵਾਲਾ ਮੁਰੰਮਤ ਕਾਰਜ ਕਰਨ ਦੀ ਹਦਾਇਤ ਦੇ ਕੇ ਲਾਪਰਵਾਹੀ ਅਤੇ ਕਾਹਲੀ ਵਾਲਾ ਕੰਮ ਕੀਤਾ ਹੈ। ਮਾਨਯੋਗ ਅਦਾਲਤ ਨੇ ਟਿੱਪਣੀ ਕੀਤੀ ਕਿ ਜ਼ਿੰਮੇਵਾਰ ਹੁੰਦਿਆ ਤੇ ਬੈਠੇ ਸਰਕਾਰੀ ਕਰਮਚਾਰੀਆਂ ਵਲੋਂ ਅਜਿਹੀ ਘੋਰ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ, ਖਾਸ ਕਰਕੇ ਜਦੋਂ ਇਸ ਦੇ ਨਤੀਜੇ ਵਜੋਂ ਕਿਸੇ ਵਿਅਕਤੀ ਨੂੰ 100 ਪ੍ਰਤੀਸ਼ਤ ਸਥਾਈ ਅਪੰਗਤਾ ਹੋ ਜਾਵੇ। ਅਦਾਲਤ ਨੇ ਕਿਹਾ ਕਿ ਵਿਭਾਗ ਦੇ ਅਧਿਕਾਰੀਆਂ ਦੇ ਕੰਮਾਂ ਨੇ ਮੁਦਈ ਦੇ ਸਿਰਫ਼ ਜਾਨ ਨੂੰ ਖਤਰੇ ਵਿਚ ਨਹੀਂ ਪਾਇਆ ਸਗੋਂ ਸਰਕਾਰੀ ਅਧਿਕਾਰੀਆਂ ਤੋਂ ਉਮੀਦ ਕੀਤੀ ਜਾਂਦੀ ਦੇਖਭਾਲ ਦੇ ਬੁਨਿਆਦੀ ਫਰਜ਼ ਦੀ ਵੀ ਉਲੰਘਣਾ ਕੀਤੀ ਹੈ। ਮਾਨਯੋਗ ਅਦਾਲਤ ਨੇ ਦੋਵੇਂ ਵਿਭਾਗੀ ਅਧਿਕਾਰੀਆਂ ਨੂੰ 2 ਸਾਲ ਦੀ ਸਜ਼ਾ ਅਤੇ 1 ਹਜ਼ਾਰ ਰੁਪਏ ਪ੍ਰਤੀ ਵਿਅਕਤੀ ਦੀ ਸਜ਼ਾ ਸੁਣਾਈ ਹੈ ਅਤੇ ਜੁਰਮਾਨੇ ਦੀ ਰਾਸ਼ੀ ਨਾ ਭਰਨ ਦੀ ਸੂਰਤ ਵਿਚ 7 ਦਿਨ ਦੀ ਹੋਰ ਸਜ਼ਾ ਕੱਟਣੀ ਪਵੇਗੀ। ਇਸ ਕੇਸ ਵਿਚ ਮੁੱਦਈ ਵਲੋਂ ਐਡਵੋਕੇਟ ਮਨੀਸ਼ ਮੋਦੀ ਨੇ ਪੈਰਵੀ ਕੀਤੀ ਜਦੋਂ ਕਿ ਵਿਭਾਗ ਦੇ ਅਧਿਕਾਰੀਆਂ ਵਲੋਂ ਸਰਕਾਰੀ ਵਕੀਲ ਭਵਨ ਕਥੂਰੀਆ ਕਰ ਰਹੇ ਸਨ। ਬਾਅਦ ਵਿਚ ਐਡਵੋਕੇਟ ਮੋਦੀ ਨੇ ਕਿਹਾ ਕਿ ਮਾਨਯੋਗ ਅਦਾਲਤ ਦੇ ਇਸ ਫ਼ੈਸਲੇ ਨੇ ਇਸ ਸਿਧਾਂਤ ਦੀ ਪੁਸ਼ਟੀ ਕੀਤੀ ਹੈ ਕਿ ਕੋਈ ਵੀ ਅਧਿਕਾਰੀ ਜਵਾਬਦੇਹੀ ਤੋਂ ਪਿਛੇ ਨਹੀਂ ਹੱਟ ਸਕਦਾ ਅਤੇ ਜੇਕਰ ਕਿਸੇ ਸਰਕਾਰੀ ਕਰਮਚਾਰੀ ਦੀ ਲਾਪਰਵਾਹੀ ਕਾਰਣ ਕਿਸੇ ਨੂੰ ਨੁਕਸਾਨ ਪਹੁੰਚਦਾ ਹੈ ਤਾਂ ਉਸ ਨੂੰ ਕਨੂੰਨ ਦਾ ਸਾਹਮਣਾ ਕਰਨਾ ਪਵੇਗਾ।

# ਨਗਰ ਕੌਂਸਲ ਨੇ ਮੀਟਿੰਗ ਦੌਰਾਨ ਨਸ਼ਿਆਂ ਖ਼ਿਲਾਫ਼ ਲਏ ਅਹਿਮ ਫੈਸਲੇ

### ☛ ਨਸ਼ੇ ਵੇਚਣ ਵਾਲੇ ਵਿਅਕਤੀ ਦਾ ਸਮਾਜਿਕ ਤੌਰ 'ਤੇ ਕੀਤਾ ਜਾਵੇਗਾ ਬਾਈਕਾਟ : ਪ੍ਰਧਾਨ ਜੀਤਾ



ਸ੍ਰੀ ਅਨੰਦਪੁਰ ਸਾਹਿਬ, 13 ਅਪ੍ਰੈਲ (ਤਰਲੋਚਨ ਸਿੰਘ): ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਸਮੂਹ ਕੌਂਸਲਰਾਂ ਵੱਲੋਂ ਪ੍ਰਧਾਨ ਹਰਜੀਤ ਸਿੰਘ ਜੀਤਾ ਦੀ ਅਗਵਾਈ ਹੇਠ ਹਾਊਸ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਸਮੂਹ ਮੈਂਬਰ ਸਾਹਿਬਾਨ ਵੱਲੋਂ ਨਸ਼ਿਆਂ ਖਿਲਾਫ ਸਰਬ ਸੰਮਤੀ ਨਾਲ ਸਖ਼ਤ ਮਤੇ ਪਾਸ ਕੀਤੇ ਗਏ। ਇਹ ਜਾਣਕਾਰੀ ਪ੍ਰਧਾਨ ਹਰਜੀਤ ਸਿੰਘ ਜੀਤਾ ਵੱਲੋਂ ਦਿੱਤੀ ਗਈ। ਉਨਾਂ ਦੱਸਿਆ ਕਿ ਸ੍ਰੀ ਆਨੰਦਪੁਰ ਸਾਹਿਬ ਖਾਲਸੇ ਜਨਮ ਭੂਮੀ ਜਿਸ ਵਿੱਚ ਦੇਸ਼ ਵਿਦੇਸ਼ ਤੋਂ ਸ਼ਰਧਾਲੂ ਨਤਮਸਤਕ ਹੋਣ ਲਈ ਆਉਂਦੇ ਹਨ ਅਤੇ ਇੱਥੇ ਨਸ਼ਿਆਂ ਦੀ ਵਰਤੋਂ ਇੱਕ ਵੱਡੀ ਗੰਭੀਰ ਸਮੱਸਿਆ ਬਣ ਗਈ ਹੈ, ਜਿਸ ਨੂੰ ਦੇਖਦੇ ਹੋਏ ਨਗਰ ਕੌਂਸਲ ਦੇ ਹਾਊਸ ਵੱਲੋਂ ਫ਼ੈਸਲੇ ਲਏ ਗਏ ਕਿ ਸ਼ਹਿਰ ਵਿੱਚ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਖਰੀਦਦਾ ਅਤੇ ਨਸ਼ੇ ਦੀ ਵਰਤੋਂ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਦੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸ਼ਹਿਰ ਵਿੱਚ ਕੋਈ ਵੀ ਮੋਹਤਬਰ ਵਿਅਕਤੀ ਕਿਸੇ ਨਸ਼ਾ ਵੇਚਣ ਵਾਲੇ ਦੀ ਬਤੌਰ ਜ਼ਮਾਨਤ ਨਹੀਂ ਦੇਵੇਗਾ ਅਤੇ ਨਾ ਹੀ ਜ਼ਮਾਨਤ ਨੂੰ ਤਸਦੀਕ ਕਰੇਗਾ। ਉਨ੍ਹਾਂ ਨੇ ਦੱਸਿਆ ਕਿ ਨਸ਼ਾ ਵੇਚਣ ਵਾਲਾ ਵਿਅਕਤੀ ਅਗਰ ਕੋਈ ਆਉਂਦਾ ਹੈ ਤਾਂ ਉਸਦੀ ਛੁੱਟੀ ਤਸਦੀਕ ਨਹੀਂ ਕਰੇਗਾ ਅਤੇ ਨਾ ਹੀ ਛੁੱਟੀ ਆਉਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਵੇਚਣ ਵਾਲੇ ਵਿਅਕਤੀ ਦਾ ਸਮਾਜਿਕ ਬਾਈਕਾਟ ਕੀਤਾ ਜਾਵੇਗਾ। ਇਸ ਮੌਕੇ ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਹੈ ਜੇਕਰ ਕੋਈ ਵਿਅਕਤੀ ਜਾਂ ਉਸਦਾ ਪਰਿਵਾਰਿਕ ਮੈਂਬਰ ਨਸ਼ਾ ਕਰਨ ਦਾ ਆਦੀ ਹੈ ਅਤੇ ਉਹ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਉਸਨੂੰ ਪ੍ਰਸ਼ਾਸਨ ਦੀ ਮਦਦ ਨਾਲ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਜਾਵੇਗਾ।

# ਪਵਿੱਤਰ ਸੁੰਦਰ ਕਾਂਡ ਦਾ ਪਾਠ ਸਿੱਧਪੀਠ ਸ੍ਰੀ ਇੱਛਾ ਪੂਰਨਾ ਪੀਪਲ ਹਨੂੰਮਾਨ ਮੰਦਰ ਵਿਖੇ ਹੋਇਆ



ਮੰਡੀ ਗੋਬਿੰਦਗੜ੍ਹ, 13 ਅਪ੍ਰੈਲ (ਸੂਦ): ਸ਼੍ਰੀ ਸੁੰਦਰਕਾਂਡ ਦਾ ਪਵਿੱਤਰ ਪਾਠ ਸ਼੍ਰੀ ਸੁੰਦਰਕਾਂਡ ਸੇਵਾ ਮੰਡਲ ਵੱਲੋਂ ਸਿੱਧਪੀਠ ਸ਼੍ਰੀ ਇੱਛਾਪੂਰਨ ਪੀਪਲ ਵਾਲੇ ਹਨੂੰਮਾਨ ਮੰਦਿਰ, ਅਮਲੋਹ ਰੋਡ, ਮੰਡੀ ਗੋਬਿੰਦਗੜ੍ਹ ਵਿਖੇ ਕੀਤਾ ਗਿਆ, ਜਿਸ ਵਿੱਚ ਮੰਦਰ ਦੇ ਪੁਜਾਰੀ ਪੰਡਿਤ ਗਣੇਸ਼ ਸ਼ਰਮਾ ਨੇ ਮੁੱਖ-ਮਹਿਮਾਨ ਨੀਨਾ ਕਾਜਲਾ, ਰਾਜੇਸ਼ ਕਾਜਲਾ ਅਤੇ ਹਰੀਸ਼ ਕਾਜਲਾ ਨੇ ਸ਼੍ਰੀ ਹਨੂੰਮਾਨ ਜੀ ਅਤੇ ਸ਼੍ਰੀ ਰਾਮਾਇਣ ਦੀ ਰਸਮੀ ਪੂਜਾ ਕੀਤੀ। ਇਸ ਮੌਕੇ ਸੰਕੀਰਤਨ ਕਰਦੇ ਹੋਏ ਮੰਡਲ ਦੇ ਸਰਪ੍ਰਸਤ ਅਰੁਣ ਸ਼ਰਮਾ, ਓਮ ਸੈਨ, ਸੰਜੇ ਗਰਗ ਅਤੇ ਗਾਇਕਾ ਪੂਜਾ ਮਿੱਤਲ ਨੇ ਸ਼੍ਰੀ ਬਾਲਾ ਜੀ ਦਾ ਭਜਨ, 'ਅੰਜਨੀ ਕੇ ਲਾਲ ਤੁਸੀਂ ਅਚੰਭੇ ਕੀਤੇ ਹਨ', 'ਦੇਖੋ ਬਹਾਦਰ ਹਨੂੰਮਾਨ ਦਾ ਨਾਚ ਛਮ ਛਮ', 'ਰਾਮ ਦਾ ਨਾਮ ਰਾਮ ਤੋਂ ਵੱਡਾ ਹੈ' ਆਦਿ ਭੇਟਾਂ ਦਾ ਗੁਣਗਾਣ ਕੀਤਾ। ਅਰਦਾਸ ਤੋਂ ਬਾਅਦ, ਸ਼ਰਧਾਲੂਆਂ ਵਿੱਚ ਫਲ ਅਤੇ ਮਠਿਆਈਆਂ ਦਾ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਮੰਦਰ ਦੇ ਸੇਵਾਦਾਰਾਂ ਤੋਂ ਇਲਾਵਾ ਭਗਤ ਨਰੇਸ਼ ਘਈ, ਰਾਮ ਕਿਸ਼ਨ ਤਿਵਾੜੀ, ਸੁਸ਼ੀਲ ਕੌਸ਼ਿਕ, ਸੁਰਿੰਦਰ ਮਿੱਤਲ, ਮਹਿੰਦਰ ਮਿੱਤਲ, ਰੋਹਿਤ ਗਰਗ, ਦਿਨੇਸ਼ ਮਨਕੋਟੀਆ, ਸ਼ਿਵ ਸ਼ੰਕਰ, ਦਿਨੇਸ਼ ਕਾਜਲਾ, ਸਾਰਥਕ ਕਾਜਲਾ, ਸੁਮਿਤ ਕਾਜਲਾ, ਪ੍ਰਦੀਪ ਵਰਮਾ, ਕਮਲ ਵਰਮਾ, ਗੋਪਾਲ ਚੰਦਰ ਮਿੱਤਲ, ਗੋਪਾਲ ਕਾਜਲਾ, ਮੀਤ ਚੰਦਰ ਸਿੰਘ, ਬੀਨੂੰ ਕਾਕੜੀਆ, ਰਾਕੇਸ਼ ਵਰਮਾ, ਮਾਸਟਰ ਹਰਮਿੰਦਰ ਸਿੰਘ ਮਾਹੀ ਅਤੇ ਮਾਸਟਰ ਜਗਪਾਲ ਤਲਵਾੜ ਆਦਿ ਹਾਜ਼ਰ ਸਨ।

# ਸ਼ੋਭਾ ਯਾਤਰਾ ਨੂੰ ਵਿਧਾਇਕ ਗੈਰੀ ਬੜਿੰਗ ਨੇ ਕੀਤਾ ਰਵਾਨਾ



ਅਮਲੋਹ, 13 ਅਪ੍ਰੈਲ (ਜਸਵੰਤ ਸਿੰਘ): ਅਮਲੋਹ ਦੇ ਸ੍ਰੀ ਸੀਤਲਾ ਮਾਤਾ ਮੰਦਰ ਵਿਖੇ ਹੋਣ ਵਾਲੀ ਰਾਮਚਰਿੱਤਮਾਨਸ ਕਥਾ ਗਿਆਨ ਯੱਗ ਦੇ ਸਬੰਧ ਵਿੱਚ ਸ਼ਹਿਰ ਵਿਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ ਜਿਸ ਨੂੰ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਰਵਾਨਾ ਕੀਤਾ, ਜਿਨ੍ਹਾਂ ਦਾ ਪ੍ਰਬੰਧਕਾਂ ਨੇ ਸਨਮਾਨ ਵੀ ਕੀਤਾ। ਇਸ ਮੌਕੇ ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਸ੍ਰੀ ਸੀਤਲਾ ਮਾਤਾ ਮੰਦਰ ਕਮੇਟੀ ਅਤੇ ਟਰੱਸਟ ਵੱਲੋਂ ਕਰਵਾਏ ਜਾਂਦੇ ਧਾਰਮਿਕ ਕਾਰਜ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਸਾਨੂੰ ਧਾਰਮਿਕ ਕਾਰਜਾਂ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ। ਇਹ ਸ਼ੋਭਾ ਯਾਤਰਾ ਅਮਲੋਹ ਦੇ ਮੇਨ ਬਾਜ਼ਾਰ ਵਿਚੋਂ ਦੀ ਲੰਘੀ ਜਿਸਦਾ ਸ਼ਹਿਰ ਵਾਸੀਆਂ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਟਰੱਸਟ ਦੇ ਚੇਅਰਮੈਨ ਵਿਨੇ ਪੁਰੀ ਨੇ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ 20 ਅਪ੍ਰੈਲ ਤੱਕ ਹੋਣ ਵਾਲੀ ਕਥਾ ਵਿੱਚ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਸਮੀਤ ਸਿੰਘ ਰਾਜਾ, ਸੀਤਲਾ ਮਾਤਾ ਵੈਲਫੇਅਰ ਟਰੱਸਟ ਦੇ ਚੇਅਰਮੈਨ ਵਿਨੈ ਪੁਰੀ, ਚੇਅਰਮੈਨ ਸੁਸ਼ੀਲ ਬਾਂਸਲ, ਪ੍ਰਧਾਨ ਰਜਨੀਸ਼ ਗਰਗ, ਕੌਂਸਲ ਪ੍ਰਧਾਨ ਸਿਕੰਦਰ ਸਿੰਘ ਗੋਗੀ, ਕੌਂਸਲਰ ਅਤੁੱਲ ਲੁਟਾਵਾ, ਲਵਪ੍ਰੀਤ ਸਿੰਘ ਲਵੀ, ਪਾਲੀ ਅਰੋੜਾ, ਅਮਰ ਢੰਡ, ਕੈਸ਼ੀਅਰ ਹਰੀਸ਼ ਸਿੰਗਲਾ, ਪ੍ਰੇਮ ਚੰਦ ਸ਼ਰਮਾ, ਅਸ਼ੋਕ ਬਾਤਿਸ਼, ਜਤਿੰਦਰ ਲੁਟਾਵਾ, ਦਿਨੇਸ਼ ਪੁਰੀ, ਗੁਲਸ਼ਨ ਤੱਗੜ, ਦੀਪਕ ਮੜਕਣ, ਸੁਖਦੇਵ ਕੱਕੜ, ਅਮਿਤ ਬਾਂਸਲ, ਰਾਜੀਵ ਕਰਕਰਾ, ਰਾਜੀਵ ਧੰਮੀ, ਕਰਮਜੀਤ ਬੌਬੀ , ਗੁਰਪਾਲ ਸਿੰਘ ਬੌਬੀ, ਮੋਨੀ ਪੰਡਿਤ, ਵਿਸ਼ਾਲ ਖੁੱਲਰ, ਸੰਦੀਪ ਖੁੱਲਰ, ਧੀਰਜ ਵਰਮਾ, ਪ੍ਰਦੀਪ ਵਰਮਾ, ਪੰਕਜ ਅਰੋੜਾ ਅਤੇ ਕੁਲਦੀਪ ਧੀਮਾਨ ਆਦਿ ਹਾਜ਼ਰ ਸਨ।

# ਮਿਆਰੀ ਸਿੱਖਿਆ ਤੇ ਸਿਹਤ ਸਹੂਲਤਾਂ ਬਰੂਹਾਂ 'ਤੇ ਮੁਹੱਈਆ ਕਰਵਾਉਣਾ ਮਾਨ ਸਰਕਾਰ ਦੀ ਤਰਜੀਹ : ਬੈਂਸ



ਸ੍ਰੀ ਅਨੰਦਪੁਰ ਸਾਹਿਬ, 13 ਅਪ੍ਰੈਲ (ਸੇਵਾ ਸਿੰਘ/ਸਤਿੰਦਰਪਾਲ ਸਿੰਘ): ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ, ਭਾਸ਼ਾ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਤਿੰਨ ਸਾਲ ਪਹਿਲਾ 2022 ਵਿੱਚ ਸ਼ੁਰੂ ਕੀਤੀ ਵਿਸੇਸ਼ ਮੁਹਿੰਮ 'ਸਾਡਾ.ਐਮ.ਐਲ.ਏ.ਸਾਡੇ ਵਿੱਚ' ਲਗਾਤਾਰ ਜਾਰੀ ਹੈ। ਕੈਬਨਿਟ ਮੰਤਰੀ ਬਣਨ ਤੋਂ ਬਾਅਦ ਵੀ ਸ.ਬੈਂਸ ਲਗਾਤਾਰ ਪਿੰਡ ਦੀ ਸਾਂਝੀ ਸੱਥ ਵਿਚ ਬੈਠ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣਦੇ ਤੇ ਹੱਲ ਕਰਦੇ ਹਨ। ਉਨ੍ਹਾਂ ਵੱਲੋਂ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਤਹਿਤ ਹਲਕੇ ਦੇ ਲਗਭਗ ਹਰੇਕ ਪਿੰਡ ਦਾ ਦੌਰਾ ਕੀਤਾ ਗਿਆ ਹੈ, ਜਿੱਥੇ ਉਹ ਜ਼ਿਲ੍ਹਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨਾਲ ਪਹੁੰਚ ਕੇ ਵਿਸੇਸ਼ ਕੈਂਪ ਸਥਾਪਿਤ ਕਰਦੇ ਰਹੇ ਹਨ। ਜਿੱਥੇ ਆਮ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਨ ਤੋਂ ਇਲਾਵਾ ਸਰਕਾਰ ਦੀਆਂ ਲੋਕ ਪੱਖੀ ਤੇ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਵੀ ਸਟਾਲ ਲਗਾਏ ਜਾਂਦੇ ਹਨ। ਉਨ੍ਹਾਂ ਦਾ ਇਹ ਉਪਰਾਲਾ ਦੂਰ ਦੁਰਾਡੇ ਖੇਤਰਾਂ ਵਿੱਚ ਰਹਿ ਰਹੇ ਲੋਕਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣ ਲਈ ਬਹੁਤ ਕਾਰਗਰ ਸਿੱਧ ਹੋਇਆ ਹੈ। ਆਮ ਤੌਰ 'ਤੇ ਜਾਣਕਾਰੀ ਦੀ ਅਣਹੋਂਦ ਜਾਂ ਦਫਤਰਾਂ ਵਿੱਚ ਆਉਣ ਜਾਣ ਦੀ ਖੱਜਲ-ਖੁਆਰੀ ਤੋਂ ਬਚਣ ਲਈ ਜਿਹੜੇ ਲੋਕ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ, ਉਨ੍ਹਾਂ ਨੂੰ ਇਹ ਸਹੂਲਤਾਂ ਉਪਲੱਬਧ ਕਰਵਾਉਣ ਲਈ ਕੈਬਨਿਟ ਮੰਤਰੀ ਹਰਜੋਤ ਬੈਂਸ ਲਗਾਤਾਰ ਉਪਰਾਲੇ ਕਰਦੇ ਹਨ ਤੇ ਅੱਜ ਮੋਹੀਵਾਲ ਵਿੱਚ ਉਨ੍ਹਾਂ ਦਾ ਦੌਰਾ, ਇਸੇ ਕੜ੍ਹੀ ਤਹਿਤ ਕੀਤਾ ਗਿਆ ਹੈ। ਇਸ ਮੌਕੇ ਸਰਪੰਚ ਰਾਜਪਾਲ ਮੋਹੀਵਾਲ ਬਲਾਕ ਪ੍ਰਧਾਨ ਚੰਗਰ ਜ਼ੋਨ 1, ਰਾਮਪਾਲ ਕਾਹੀਵਾਲ, ਦਲੇਰ ਸਿੰਘ ਸਰਪੰਚ ਮਹਿੰਦਲੀ, ਦਵਿੰਦਰ ਸਿੰਘ ਸਰਪੰਚ ਨੱਕੀਆਂ, ਹਰਜੀਤ ਕੌਰ ਸਰਪੰਚ ਥੱਪਲ, ਗੁਰਚਰਨ ਸਿੰਘ ਲੰਬੜਦਾਰ ਰਾਮਪੁਰ, ਸ਼ਮਸ਼ੇਰ ਲਖੇੜ, ਭਗਤ ਰਾਮ ਸਰਪੰਚ ਪਹਾੜਪੁਰ, ਗੁਰਬਚਨ ਲਾਲ ਸਰਪੰਚ ਸਮਲਾਹ, ਦਿਲਬਾਗ ਰਾਏਪੁਰ ਸਾਹਨੀ,ਕਮਲ ਬਲੌਲੀ, ਨਿਰਮਲ ਸਿੰਘ ਮੋਹੀਵਾਲ, ਮੋਹਨ ਲਾਲ ਪੰਚ, ਮਾਸਟਰ ਰਾਮ ਲਾਲ, ਰਤਨ ਲਾਲ, ਸੋਹਨ ਲਾਲ ਹਾਜ਼ਰ ਸਨ।

# ਏ.ਡੀ.ਸੀ. (ਪੇਂਡੂ ਵਿਕਾਸ) ਨੇ ਡੀ.ਡੀ.ਯੂ.,ਜੀ.ਕੇ.ਵਾਈ. ਸਕੀਮ ਅਧੀਨ ਦਾਖ਼ਲ ਉਮੀਦਵਾਰਾਂ ਨੂੰ ਕਿਤਾਬਾਂ ਤੇ ਵਰਦੀਆਂ ਵੰਡੀਆਂ



ਫ਼ਿਰੋਜ਼ਪੁਰ, 13 ਅਪ੍ਰੈਲ (ਤਿਵਾੜੀ): ਜ਼ਿਲ੍ਹਾ ਫਿਰੋਜ਼ਪੁਰ ਵਿੱਚ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲਿਆ ਯੋਜਨਾ ਅਧੀਨ ਇੱਕ ਸਵਾਗਤ ਕਿੱਟ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਵਾਮੀ ਪ੍ਰਗਿਆਨੰਦ ਜੀ ਐਜੂਕੇਸ਼ਨਲ ਸੋਸਾਇਟੀ ਵੱਲੋਂ ਲਾਗੂ ਕੀਤੇ ਗਏ ਇਸ ਸਮਾਗਮ ਵਿੱਚ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਹਰਜਿੰਦਰ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਹੁਨਰ ਵਿਕਾਸ ਪਹਿਲਕਦਮੀ ਦੇ ਹਿੱਸੇ ਵਜੋਂ, ਗਰੀਬੀ ਰੇਖਾ ਤੋਂ ਹੇਠਾਂ (ਬੀ.ਪੀ.ਐਲ.) ਪਰਿਵਾਰਾਂ ਦੀਆਂ ਪੇਂਡੂ ਕੁੜੀਆਂ ਵੇਅਰਹਾਊਸ ਐਸੋਸੀਏਟ ਦੀ ਨੌਕਰੀ ਦੀ ਭੂਮਿਕਾ ਲਈ ਮੁਫ਼ਤ ਸਿਖਲਾਈ ਪ੍ਰਾਪਤ ਕਰ ਰਹੀਆਂ ਹਨ। ਸਿਖਲਾਈ ਪ੍ਰੋਗਰਾਮ ਵਿੱਚ ਮੁੱਖ ਨੌਕਰੀ ਦੇ ਹੁਨਰ ਅੰਗਰੇਜ਼ੀ ਸਾਫਟ ਸਕਿੱਲ ਤੇ ਆਈ.ਟੀ. ਸਿਖਲਾਈ ਸ਼ਾਮਲ ਹਨ, ਜਿਸਦਾ ਉਦੇਸ਼ ਭਾਗੀਦਾਰਾਂ ਦੀ ਸਮੁੱਚੀ ਰੁਜ਼ਗਾਰ ਯੋਗਤਾ ਨੂੰ ਵਧਾਉਣਾ ਹੈ। ਉਮੀਦਵਾਰਾਂ ਨੂੰ ਕੋਰਸ ਦੌਰਾਨ ਮੁਫ਼ਤ ਬੋਰਡਿੰਗ ਤੇ ਰਿਹਾਇਸ਼ ਦੀਆਂ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਇਹ ਪ੍ਰੋਗਰਾਮ ਸਿਖਲਾਈ ਦੇ ਸਫਲਤਾਪੂਰਵਕ ਪੂਰਾ ਹੋਣ 'ਤੇ ਪਲੇਸਮੈਂਟ ਸਹਾਇਤਾ ਨੂੰ ਯਕੀਨੀ ਬਣਾਉਂਦਾ ਹੈ, ਜੋ ਕਿ ਪੇਂਡੂ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਤੇ ਟਿਕਾਊ ਰੋਜ਼ੀ-ਰੋਟੀ ਨੂੰ ਉਤਸ਼ਾਹਿਤ ਕਰਨ ਦੇ ਇਸ ਯੋਜਨਾ ਦੇ ਉਦੇਸ਼ ਦੇ ਅਨੁਸਾਰ ਹੈ। ਇਕੱਠ ਨੂੰ ਸੰਬੋਧਨ ਕਰਦੇ ਹੋਏ ਏ.ਡੀ.ਸੀ. ਹਰਜਿੰਦਰ ਸਿੰਘ ਨੇ ਦਾਖਲ ਹੋਏ ਉਮੀਦਵਾਰਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਭਵਿੱਖ ਦੀ ਸਫਲਤਾ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਸਮਾਰੋਹ ਵਿੱਚ ਸਰਬਜੀਤ ਸਿੰਘ, ਨਰਿੰਦਰ (ਪ੍ਰੋਜੈਕਟ ਕੋਆਰਡੀਨੇਟਰ), ਪੁਸ਼ਪੇਂਦਰ ਸੈਂਟਰ ਹੈੱਡ ਤੇ ਹਰਪ੍ਰੀਤ ਕੌਰ, ਜਸਬੀਰ ਕੌਰ ਦੀਕਸ਼ਾ ਹੁਨਰ ਕੇਂਦਰ ਦੇ ਸਟਾਫ ਮੈਂਬਰ ਵੀ ਮੌਜੂਦ ਸਨ।

# ਪੋਸਟਰ ਮੇਕਿੰਗ ਤੇ ਰੰਗੋਲੀ ਦੇ ਮੁਕਾਬਲੇ ਕਰਵਾਏ



ਫ਼ਿਰੋਜ਼ਪੁਰ, 13 ਅਪ੍ਰੈਲ (ਤਿਵਾੜੀ): ਮਾਣਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਸਿ) ਫਰੋਜ਼ਪੁਰ ਮੁਨੀਲਾ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਕੂਲਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤਾ ਲਈ ਵਿਦਿਆਰਥੀਆਂ ਦੇ ਰੰਗੋਲੀ ਤੇ ਪੋਸਟਰ ਮੇਕਿੰਗ ਦੇ ਮੁਕਾਬਲੇ ਕਰਵਾਏ ਗਏ। ਜਿਸ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਲੱਖੋ ਕੇ ਬਹਿਰਾਮ ਵਿਖੇ ਵਿਦਿਆਰਥੀਆਂ ਦੇ ਰੰਗੋਲੀ ਦੇ ਮੁਕਾਬਲੇ ਕਰਵਾਏ ਗਏ। ਸਕੂਲ ਮੁਖੀ ਸ਼੍ਰੀਮਤੀ ਰੇਖਾ ਦੀ ਮੌਜੂਦਗੀ ਵਿਚ ਨੌਵੀਂ ਤੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਨੋਡਲ ਇੰਚਾਰਜ ਪਰਮਜੀਤ ਕੌਰ ਅਤੇ ਸਹਾਇਕ ਨੋਡਲ ਇੰਚਾਰਜ ਜਸਬੀਰ ਕੌਰ ਨੇ ਬੱਚਿਆਂ ਨੂੰ ਰੰਗੋਲੀ ਬਣਾਉਣ ਵਿੱਚ ਮਦਦ ਕੀਤੀ। ਇਨਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ। ਇਸ ਤੋਂ ਇਲਾਵਾ ਸਕੂਲ ਆਫ ਐਮੀਨੈਂਸ ਗੁਰੂਹਰਸਹਾਏ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਤਹਿਤ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਫ਼ਿਰੋਜ਼ਪੁਰ ਮੁਨੀਲਾ ਅਰੋੜਾ ਨੇ ਕਿਹਾ ਕਿ ਸਕੂਲਾਂ ਵਿੱਚ ਲਗਾਤਾਰ ਇਸ ਤਰ੍ਹਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ ਤਾਂ ਜੋ ਵਿਦਿਆਰਥੀ ਨਸ਼ਿਆਂ ਤੋਂ ਦੂਰ ਰਹਿ ਕੇ ਇੱਕ ਚੰਗਾ ਭਵਿੱਖ ਬਣਾ ਸਕਣ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇਸ ਤਰ੍ਹਾਂ ਦੇ ਮੁਕਾਬਲੇ ਰੋਜ਼ਾਨਾ ਵੱਖ-ਵੱਖ ਸਕੂਲਾਂ ਵਿੱਚ ਕਰਵਾਏ ਜਾ ਰਹੇ ਹਨ।

# ਸ੍ਰੀ ਹੇਮਕੁੰਟ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ




ਜ਼ੀਰਾ, 13 ਅਪ੍ਰੈਲ (ਦੀਪਕ ਭਾਰਗੋ): ਵਿਸਾਖੀ ਪੰਜਾਬ ਦਾ ਪ੍ਰਸਿੱਧ ਤਿਉਹਾਰ ਹੈ। ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਸਕੂਲ ਵਿਖੇ ਵਿਸਾਖੀ ਦੇ ਦਿਹਾੜੇ 'ਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ। ਵਿਦਿਆਰਥੀ ਜਿਹੜੇ ਕਿ ਪੰਜਾਬੀ ਪਹਿਰਾਵੇ ਵਿੱਚ ਬੇਹੱਦ ਖ਼ੂਬਸੂਰਤ ਲੱਗ ਰਹੇ ਸਨ। ਮੁੰਡਿਆਂ ਨੇ ਢੋਲ ਦੀ ਤਾਲ ਤੇ ਭੰਗੜਾ ਅਤੇ ਕੁੜੀਆਂ ਨੇ ਗਿੱਧਾ ਪਾਇਆ। ਸੋਹਣੇ ਪੰਜਾਬ ਦੀ ਧਰਤੀ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ: ਕੁਲਵੰਤ ਸਿੰਘ ਸੰਧੂ ਜੀ ਨੇ ਕਿਸਾਨਾਂ ਦੀ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਬੱਚਿਆਂ ਨੂੰ ਦੱਸਿਆ ਕਿ ਕਿਵੇਂ ਕਿਸਾਨ ਆਪਣੀ ਪੱਕੀ ਫ਼ਸਲ ਨੂੰ ਦੇਖ ਕੇ ਖੁਸ਼ ਹੁੰਦੇ ਹਨ ਤੇ ਇਸ ਦਿਨ ਵਾਢੀ ਦਾ ਸ਼ਗਨ ਕਰਦੇ ਹਨ। ਉਹਨਾਂ ਤੋਂ ਆਪਣੀ ਖੁਸ਼ੀ ਸੰਭਾਲੀ ਨਹੀਂ ਜਾਂਦੀ ਤੇ ਆਪਣੀਆਂ ਕਣਕਾਂ ਦੇ ਖੇਤ ਲਹਿਰਾਉਂਦੇ ਵੇਖ ਸਭ ਨੱਚ-ਟੱਪ ਵਿਸਾਖੀ ਮਨਾਉਂਦੇ ਹਨ। ਐਮ.ਡੀ.ਮੈਡਮ ਰਣਜੀਤ ਕੌਰ ਸੰਧੂ ਨੇ ਇਸ ਦਿਨ ਦੀ ਇਤਿਹਾਸਿਕ, ਸੱਭਿਆਚਾਰਕ ਅਤੇ ਧਾਰਮਿਕ ਮਹੱਤਤਾ ਦਰਸਾਉਂਦੇ ਹੋਏ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਅੱਜ ਦੇ ਦਿਨ ਹੀ ਅਨੰਦਪੁਰ ਵਿਖੇ ਭਾਰੀ ਦੀਵਾਨ ਲਗਾਇਆ ਤੇ ਗੁਰੂ ਜੀ ਨੇ ਪੰਜਾਂ ਸਿੱਖਾਂ ਨੂੰ ਅੰਮ੍ਰਿਤ ਛਕਾ ਕੇ ਪੰਜ ਪਿਆਰਿਆਂ ਦਾ ਨਾਂ ਦਿੱਤਾ ਤੇ ਖੁਦ ਉਹਨਾਂ ਕੋਲੋਂ ਅੰਮ੍ਰਿਤ ਛਕਿਆ ਅਤੇ ਖਾਲਸਾ ਪੰਥ ਦੀ ਸਥਾਪਨਾ ਕੀਤੀ। ਇਸ ਦਿਨ ਬ੍ਰਿਟਿਸ਼ ਫੌਜਾਂ ਨੇ ਪੰਜਾਬ ਦੇ ਅੰਮ੍ਰਿਤਸਰ ਦੇ ਜਲ੍ਹਿਆਂ ਵਾਲੇ ਬਾਗ ਵਿਖੇ ਨਿਹੱਥੇ ਭਾਰਤੀਆਂ ਦੇ ਇੱਕ ਵੱਡੇ ਇੱਕਠ 'ਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ ਹਜ਼ਾਰਾਂ ਲੋਕਾਂ ਦੀ ਹੱਤਿਆ ਕੀਤੀ। ਇਸ ਮੌਕੇ ਸ਼ਹੀਦ ਹੋਏ ਸ਼ਹੀਦਾਂ ਨੂੰ ਯਾਦ ਕੀਤਾ ਗਿਆ। ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਬੱਚਿਆਂ ਨੂੰ ਵਿਰਾਸਤੀ ਦਿਹਾੜਿਆਂ ਨਾਲ ਜੋੜਨਾ ਸਾਡਾ ਫਰਜ਼ ਬਣਦਾ ਹੈ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਦੱਸੇ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਇਸ ਵਿਸਾਖੀ ਦੇ ਦਿਹਾੜੇ ਤੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।

# ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦਾਸਪੁਰ ਤੋਂ ਵਿਸ਼ੇਸ ਸਪਲੀਮੈਂਟ

ਜਸਵਿੰਦਰ ਸਿੰਘ
ਪੱਤਰਕਾਰ ਗੁਰਦਾਸਪੁਰ
9814444375

ਅਸ਼ੋਕ ਕੁਮਾਰ ਬੰਗਰਾਲ

ਉਹਨਾਂ ਸੱਜਣਾਂ ਮਿੱਤਰਾਂ ਦਾ ਧੰਨਵਾਦ, ਜਿਨਾਂ ਨੇ ਸਪਲੀਮੈਂਟ ਕੱਢਣ ਵਿੱਚ ਸਹਿਯੋਗ ਦਿੱਤਾ, ਉਮੀਦ ਕਰਦੇ ਹਾਂ ਕਿ ਅੱਗੇ ਤੋਂ ਵੀ ਸਹਿਯੋਗ ਦਿੰਦੇ ਰਹੋਗੇ।

ਬਿਕਰਮਜੀਤ ਸਿੰਘ ਖਾਲਸਾ ਪੱਤਰਕਾਰ ਉਧਨਵਾਲ
ਰੈਪੀ ਵਿਨਸੈਂਟ ਕੈਮਰਾਮੈਨ ਗੁਰਦਾਸਪੁਰ
ਇੰਦਰ ਜੀਤ ਪੱਤਰਕਾਰ
ਮਾਈਕਲ ਸਰੋਤਾ ਯੂਥ ਆਗੂ
ਅਰੁਣ ਕੁਮਾਰ
ABHAY MAHAJAN GURU KIRPA COMPUTER MAIN BAZAR GURDASPUR

ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ
ਚੇਅਰਮੈਨ ਜਗਰੂਪ ਸਿੰਘ ਸੇਖਵਾਂ
ਅਸ਼ਵਨੀ ਦੁੱਗਲ ਪ੍ਰਧਾਨ ਨਗਰ ਕੌਂਸਲ

## ਸਹਿਯੋਗੀ

ਗੁਰਪ੍ਰੀਤ ਸਿੰਘ ਰੰਧਾਵਾ
ਰਿਤਪਾਲ ਸਰਪੰਚ ਬੱਬਰੀ
ਸਰਪੰਚ ਜਸਬੀਰ ਕੌਰ ਅਹਿਮਦਾਬਾਦ
ਜੌਹਨ ਭੱਟੀ
ਸਰਦਾਰੀ ਲਾਲ ਸਿਟੀ ਪ੍ਰਧਾਨ ਕਾਂਗਰਸ
ਅਰੁਣ ਕੁਮਾਰ
ਗੁਰਸਿਰਤ ਕੌਰ

ਸ. ਨਿਸ਼ਾਨ ਸਿੰਘ ਬਲਾਕ ਪ੍ਰਧਾਨ ਆਪ ਅਤੇ ਸਰਪੰਚ ਜੌੜਾ ਛੱਤਰਾਂ
ਇੰਜੀ. ਅਮਨਦੀਪ ਸਿੰਘ ਐਸ.ਡੀ.ਓ
ਇੰਜੀ. ਲਵਜੀਤ ਸਿੰਘ ਐਸ.ਡੀ.ਓ
Dr Satwinder Singh Sandhu Chairman
Sh. Rishabdeep Singh Sandhu (MD)
BHARAT BHUSHAN CHAIRMAN
SHARANJIT SINGH
EKAMJEET SINGH

May the joyous festival of Baisakhi fill your life with happiness, love, and success.
Happy Vaisakhi
Sh. Rajiv Sharma
Chairman Improvement Trust and Incharge Lok Sabha Constituency Gurdaspur

DALA LAND PROMOTER & BUILDERS PVT. LTD
Jail Road, Gurdaspur (Pb)
Telefax +81 1874 224477
Ph.+91 1874 221177, 221277
S. Manjit Singh Dala
Chairman
M. 9464000007

GURU KIRPA COMPUTERS
ਬਾਜ਼ਾਰ ਨਾਲੋਂ ਸਸਤੇ ਕੈਮਰੇ ਅਤੇ ਲੈਪਟਾਪ ਇੱਥੋਂ ਖ੍ਰੀਦੋ
BAJAJ FINSERV
LAPTOPS, CCTV CAMERAS, COMPUTERS, ACCESSORIES etc.
CCTV CAMERA'S
CP PLUS
HIKVISION
MAIN BAZAR, SAREEN WALI GALI, GURDASPUR
Mob. 99887-15222, 95921-44466

ANAND MODERN SEN.SEC. SCHOOL
GOPAL SHAH ROAD, GURDASPUR.
E-mail: anandmodernschool@gmail.com
RECOGNISED AND AFFILIATED WITH PSEB
Nursery to 10 & 10+1, +2 Medical, Non-Medical, Arts Group (Co-Educational)
ADMISSION OPEN
बैसाखी पर्व की हार्दिक शुभकामनाएं
100% Board Result in 10th & +2 Board Examination
Ravinder Anand (M.D) 8427861009
Mrs. Nargis Anand (Principal) 9888145324

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਐਸ ਐਚ ਓ ਸੁਰਿੰਦਰ ਪਾਲ ਸਿੰਘ
ਥਾਣਾ ਧਾਰੀਵਾਲ

BABA GURDIT SINGH KALSI
Children Hospital
ਬੱਚਿਆਂ ਦੇ ਰੋਗਾਂ ਦੇ ਮਾਹਿਰ
Dr. Gurkhel Singh Kalsi
M.B.B.S, M.D. (Paed.) PCMS-I Ex.
Child Specialist & Neonatologist
Dera Baba Nanak Road, Gurdaspur M. 95010-41701

ਸੁਖਮਨੀ ਸਰਜੀਕਲ ਹਸਪਾਲ
ਪੰਡੋਰੀ ਰੋਡ ਨੇੜੇ ਚਰਚ ਗੁਰਦਾਸਪੁਰ
(ਹੱਡੀਆਂ ਅਤੇ ਜੋੜਾਂ ਦਾ ਇਲਾਜ ਕੇਂਦਰ)

ਆਰਥੋ ਦੀਆਂ ਸੇਵਾਵਾਂ
- ਕਮਰ ਦਰਦ, ਸਰਵਾਈਕਲ ਅਤੇ ਗਰਦਨ ਦੀ ਦਰਦ ਅਤੇ ਜੋੜਾਂ ਦਾ ਇਲਾਜ
- ਐਕਸੀਡੈਂਟ ਕੇਸਾਂ ਦਾ ਇਲਾਜ
- ਛੋਟੇ ਚੀਰੇ ਰਾਹੀਂ ਟੁੱਟੀਆਂ ਹੱਡੀਆਂ ਦਾ ਇਲਾਜ
- ਗੋਡੇ ਅਤੇ ਚੂਲੇ ਦੇ ਜੋੜ ਬਦਲਣ ਦੀ ਸਹੂਲਤ
- ਚੂਲੇ ਦੀ ਟੁੱਟੀ ਹੱਡੀ ਦਾ ਇਲਾਜ
- ਰੂਸੀ ਤਕਨੀਕ ਨਾਲ ਪੁਰਾਣੀ ਟੁੱਟੀ ਅਤੇ ਰੇਸ਼ੇ ਨਾਲ ਗਲੀ ਹੱਡੀ ਦਾ ਇਲਾਜ
- ਬੱਚਿਆਂ ਦੇ ਜਮਾਂਦਰੂ ਵਿੰਗੇ ਪੈਰਾਂ ਦਾ ਇਲਾਜ
- ਮੋਢੇ ਅਤੇ ਗੋਡੇ ਦੀ ਟੁੱਟੀ ਨੰਗਲੀਆਂ ਦਾ ਇਲਾਜ
- ਸ਼ੂਗਰ ਦੇ ਮਰੀਜਾਂ ਦੇ ਗਲੇ ਅੰਗਾਂ ਦਾ ਇਲਾਜ

ਹੋਰ ਸੇਵਾਵਾਂ
- ਡਿਜੀਟਲ ਐਕਸ-ਰੇ (Digital X-Ray)
- ਕੰਪਿਊਟਰਾਈਜ਼ਡ ਲੈਬ ਟੈਸਟ
- ਫਿਜੀਓਥੈਰੇਪੀ (Physiotherapy)

ਡਾ. ਰਾਜਕਰਨ ਸਿੰਘ
ਐਮ.ਬੀ.ਬੀ.ਐਸ, ਐਮ.ਐਸ (ਆਰਥੋਪੈਡਿਕਸ)
Ex-ਰਜਿਸਟਰਾਰ ਸ੍ਰੀ ਗੁਰੂ ਰਾਮਦਾਸ ਹਸਪਤਾਲ ਅੰਮ੍ਰਿਤਸਰ
ਸੰਪਰਕ-9888758797, 8054188670

SIMRAN HOSPITAL
ਐਕਸੀਡੈਂਟ ਇਲਾਜ ਕੇਂਦਰ
ਵਰਲਡ ਕਲਾਸ ਮਾਡਯੂਲਰ ਆਪਰੇਸ਼ਨ ਥੀਏਟਰ ਅਤੇ ਆਈਸੀਯੂ
ਸਾਹਮਣੇ ਕ੍ਰਿਸਟਲ ਫਾਰਮ ਬਟਾਲਾ ਰੋਡ ਗੁਰਦਾਸਪੁਰ
ਸਹੂਲਤਾਂ-ਨਿਊਰੋ ਸਰਜਰੀ, ਕੱਟੇ ਹੋਏ ਅੰਗਾਂ ਦਾ ਇਲਾਜ, ਜੋੜ ਬਦਲੇ ਜਾਂਦੇ ਹਨ, ਟੁੱਟੀਆਂ ਹੱਡੀਆਂ ਦਾ ਇਲਾਜ, ਮਲਟੀਸਲਾਈਸ ਸੀ.ਟੀ ਸਕੈਨ, ਜਰਨਲ ਸਰਜਰੀ, ਫਿਜੀਓਥੈਰਪੀ ਕੇਂਦਰ
ਐਮਰਜੈਂਸੀ 24 ਘੰਟੇ
ਐਕਸ-ਰੇ ਅਤੇ ਕਲੀਨੀਕਲ ਲੈਬੋਰਟਰੀ ਦੀ ਸਹੂਲਤ
9501856622
ਡਾ. ਸਿਮਰਜੀਤ ਸਿੰਘ ਸਰਾਂ
ਐਮਐਸ ਆਰਥੋ
ਹੱਡੀਆਂ ਦੇ ਰੋਗਾਂ ਦੇ ਮਾਹਿਰ

S. Ram Singh Memorial Babbar
Multispeciality Hospital in Gurdaspur
ਐਸ.ਆਰ.ਐਸ.ਐਮ ਬੱਬਰ ਮਲਟੀ ਸਪੈਸ਼ਲੀਸਟ ਹਸਪਤਾਲ ਦਾ ਗੁਰਦਾਸਪੁਰ ਵਾਸੀਆਂ ਲਈ ਵੱਡਾ ਐਲਾਨ।
ਗੁਰਦਾਸਪੁਰ ਵਿੱਚ ਪਹਿਲੀ ਵਾਰ ਸ਼ੁਰੂ ਹੋਈ ਮਰੀਜ਼ਾਂ ਲਈ ਮੁਫ਼ਤ Pickup / Drop ਸਹੂਲਤ।
ਬੀ.ਪੀ, ਸ਼ੂਗਰ, ਹੈਪੇਟਾਈਟਸ, ਡੇਂਗੂ, ਜਿਗਰ ਦੀ ਬਿਮਾਰੀ, ਦਮਾ, ਦਿਲ ਦੇ ਰੋਗਾ ਆਦਿ ਦੇ ਇਲਾਜ਼ ਲਈ ਸੰਪਰਕ ਕਰੋ।
Dr. Manjinder Singh Babbar
MD Medicine, Medical Intensivist
+91 78891-10244, 01874-245100
Opp Crystal Farm, Jivanwal Byepass, Batala Road, Gurdaspur

Best Computer Centre in Gurdaspur
CBA INFOTECH
3 ਮਹੀਨਿਆਂ ਵਿੱਚ ਬਣੋ ਡਿਜਿਟਲ ਮਾਰਕੀਟਿੰਗ ਐਕਸਪ੍ਰਟ
STOP WASTING YOUR TIME
Off Page
On Page
Google ADS
SEO
Meta ADS
YouTube ADS
Er. Sandeep Kumar
FOR MORE INFORMATION CONTACT US ON THE NUMBER BELOW
Kalanaur Road, Gurdaspur
+91-9888353434

WISH YOU A HAPPY VAISAKHI
GURDASPUR PUBLIC SCHOOL
Affiliated to CBSE, New Delhi
Together... We Make a Difference
ADMISSION OPEN 2025-26 FOR PLAY PEN, KINDERGARTEN TO CLASSES 12th
Behrampur Road, Gurdaspur. Ph.: 01874-246190, 6284795001
E-mail: gps.gspr@gmail.com www.gpsgurdaspur.com

SHIVALIK INTERNATIONAL SCHOOL
MUSTAFABAD JATTAN, DISTT. GURDASPUR (PB.)
Co- Educational Play Way/Nursery to 12th
ADMISSION OPEN
SALIENT FEATURES
- Smart Classes & Computer Classes
- Games & Yoga
- Transport Facility
- Co-Curricular Activities
- CCTV Surveillance
- Spacious Building with Adequate Play Ground
- Experienced Devoted and creative Staff.
- Well Equipped and Spacious Science Labs.

ENROLL NOW
8264607777, 9463708562, 8198892495
VILLAGE MUSTAFABAD JATTAN, DISTT. GURDASPUR (PB.)

SENIOR WING
JUNIOR WING
HAPPY BAISAKHI
DOON INTERNATIONAL SCHOOL
CRYSTAL EUROKIDS SCHOOL
CRYSTAL FARM (MARRIAGE PALACE)
BHOLA LAND PROMOTORS

H.R.A Lotus School
Gurdaspur
AFFILIATED TO I.C.S.E, NEW DELHI
SCHOOL ADMISSION OPEN FOR 2025
YOUR CHILD'S ROAD TO SUCCESS BEGINS HERE!
OUR SCHOOL HAS A BIG PLAYGROUND
OUR SCHOOLS HAS BEST EDUCATION PLANS
SPORTS-BADMINTON, BASKETBALL, CRICKET
ENROLL NOW
9216744496
BEHRAMPUR ROAD
hralotusschool@gmail.com

H.R.A. INTERNATIONAL SCHOOL
By Pass Road, Gurdaspur
Affiliated to ICSE & ISC Board, New Delhi
(Purely English Medium)
- Lush Green& Vast School Campus with modern infrastructure
- 100% Board Results (ICSE & ISC)
- ATAL Tinkering Lab
- Highly Qualified & Experienced Staff
- Huge Labs for Physics, Chemistry, Biology & Computer
- Well Stocked Library
- Air-Conditioned Rooms
- Smart Classes
- Sprawling playground with Athletics Tracks, Basket-Ball & Badminton Court, Cricket Ground
- Thrust on Spoken English, Co-Curricular Activities & Competitive Exams
- Door to Door Transport Facility
- CCTV Surveillance with High tech IP Cameras
- All Streams Available in Class +1 & +2 (Medical, Non-Medical, Commerce, Arts & Computer)
- ICSE & ISC certificate recognized by Foreign Educational System

Sh. Hira Mani Aggarwal (Chairman)
Sh. Satya Sen Raje Aggarwal (Director)
Mr. Jatinder Kumar (Principal) M. 9256059995

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਨਵਦੀਪ ਸਿੰਘ ਅਹਿਮਦਾਬਾਦ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਬਲਜਿੰਦਰ ਸਿੰਘ ਕਲੇਰ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਭਗਵੰਤ ਸਿੰਘ ਸੀਨੀਅਰ ਮੈਨੇਜਰ ਅਹਿਮਦਾਬਾਦ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਹਨੀ ਮਹਾਜਨ ਯੂਥ ਪ੍ਰਭਾਰੀ
ਸ਼ਿਵ ਸੈਨਾ ਉਧਵ ਬਾਲਾ ਸਾਹਿਬ ਠਾਕਰੇ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਰਾਖਲ ਸਰਪੰਚ ਤਰੀਜਾ ਨਗਰ
ਰਾਕੇਸ਼ ਵਿਲੀਅਮ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਨਾਨਕਸ਼ਾਹੀ ਸਿੱਖ ਸੇਵਾ ਸੋਸਾਇਟੀ
ਬੁਰਜ ਸਾਹਿਬ ਰੋਡ, ਪੁਰਾਣਾ ਧਾਰੀਵਾਲ
ਨੇੜੇ ਸਭਰਵਾਲ ਐਚਪੀ ਗੈਸ ਏਜੰਸੀ
ਧਾਰੀਵਾਲ ਜਿਲ੍ਹਾ ਗੁਰਦਾਸਪੁਰ ਪੰਜਾਬ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਸ੍ਰੀ ਸੁੰਦਰ ਕਾਂਡ ਪਾਠ ਪ੍ਰਚਾਰਣੀ ਸਭਾ
ਸ੍ਰੀ ਸੰਕਟ ਮੋਚਨ ਹਨੂਮਾਨ ਜੀ ਮੰਦਰ
ਰੈਸਟ ਰੋਡ ਧਾਰੀਵਾਲ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਡਾਕਟਰ ਕੰਵਲਜੀਤ ਸਿੰਘ
ਕੇਜੇ ਧਾਰੀਵਾਲ

ਕੀ ਤੁਹਾਡਾ ਬੱਚਾ ਪੜ੍ਹਾਈ ਵਿੱਚ ਕਮਜ਼ੋਰ ਹੈ?
ਸ਼ਿਫਾ ਆਯੂਰਵੈਦਾ ਦਾ ਬ੍ਰੇਨ ਸ਼ਕਤੀ
ਯਾਦਦਾਸ਼ਤ ਵਧਾਏ
ਇਕਾਗਰਤਾ ਲਿਆਏ
ਇੱਥੇ ਉਪਲੱਬਧ ਹੈ।
Brain Shakti
A Brain Tonic
Shifa Sundari
ALOE NEEM TULSI
SHIFA AYURVEDA
NEAR TAMARIND RESTAURANT BYPASS CHOWNK GURDASPUR ROAD DHARIWAL

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਅਸ਼ਵਨੀ ਫ਼ਜੂਪੁਰ
ਜਿਲਾ ਪ੍ਰਧਾਨ ਐਲੀਮੈਂਟਰੀ ਟੀਚਰ ਯੂਨੀਅਨ ਰਜਿ. ਪੰਜਾਬ ਗੁਰਦਾਸਪੁਰ

BABA BANDA SINGH BAHADUR PUBLIC SCHOOL DHARIWAL (CBSE)
ADMISSION OPEN
For 10+1 NO ADMISSION CHARGES
ONLY ANNUAL CHARGES
10+1 Medical, Non Medical, & Arts
Highly Qualified and Dedicated Staff....
Free Coaching For:- IELTS, NDA
Age 2+ Little Sprouts Play School
FULLY A.C. CAMPUS
Contact:- 94634-94634, 79864-74577, 98141-98234
www.bbsbps.com bbsbps@gmail.com

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਪੀਟਰ ਮੱਟੂ
ਟਰੱਸਟੀ ਇੰਪਰੋਮੈਂਟ ਟਰੱਸਟ ਗੁਰਦਾਸਪੁਰ

ਵਿਸਾਖੀ ਦੀਆਂ ਲੱਖ ਲੱਖ ਵਧਾਈਆਂ
ਲਲਿਤਾ ਕਮਲ
ਵਾਈਸ ਪ੍ਰਧਾਨ ਭਾਰਤੀਯ ਅੰਬੇਦਕਰ ਮਿਸ਼ਨ ਪੰਜਾਬ
ਨਵਿਤਾ ਕੁਮਾਰੀ
ਵਾਈਸ ਪ੍ਰਧਾਨ ਮਹਿਲਾ ਵਿੰਗ ਭਾਰਤੀਯ ਅੰਬੇਡਕਰ ਮਿਸ਼ਨ ਪੰਜਾਬ
ਮਨਪ੍ਰੀਤ ਬੁੱਟਰ
ਜ਼ਿਲ੍ਹਾ ਯੂਥ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ ਪੰਜਾਬ

## ਸਿਲੇਕਵਾਰ ਇਸ਼ਤਿਹਾਰ/Classified Advertisements

(U/o 5 Rule 20 CPC)
In the Court of
**Sh. Jagmohan Singh Sanghe**
**Principal Judge, Family Court, Jalandhar**
CNR No. PBJL01-012388-2023
Next Date: 23.05.2025
DMC/1678/2023
Dimple W/o Tirath Ram Address: 9 Kala Sanghia Road, Ishwar Colony, Jalandhar
Versus
Tirath Ram S/o Joginder Ram Address: 9 Kala Sanghia road, ishwar colony, Jalandhar at present confined in modern jail Kapurthala
Petition Under section 13 of Hindu Marriage Act for dissolution of Marriage by a decree of divorce
Notice to: Tirath Ram Father:- Joginder Ram R/o 9, Kala Sanghia Raod, Ishwar Colony, Jalandhar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 23.05.2025 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 27-03-2025
**Sd/- Principal Judge, Family Court, Jalandhar**

(U/o 5 Rule 20 CPC)
In the Court of
**Dr. Monika Goyal**
**Principal Judge Family Court, Rupnagar**
CNR No. PBRO01-001730-2024
Next Date: 15.05.2025
Jaspal Singh Aged About 36 Years S/o Gurcharan Singh S/o Pritam Singh R/o H.No. 242, Ward No. 2, Morinda, Tehsil Morinda District Rupnagar Now Residing at Village Sillo Masko, Tehsil Sri Chamkaur Sahib District Rupnagar
Versus
1. Amandeep Kaur W/o Jaspal Singh S/o Gurcharan Singh R/o H.No. 242, Ward No. 2, Morinda Tehsil Morinda District Rupnagar, Now Residing With Her Father Dalbara Singh R/o Village Chaklan, Tehsil Morinda District Rupnagar 2. Dalbara Singh (Father of Amandeep Kaur) 3.Bikramjit Singh @Bicky S/o Dalbara Singh 4.Ravinder Singh @ Ravi S/o Dalbara Singh 5. Baljit Kaur W/o Dalbara Singh All Residents of Village Chaklan, Tehsil Morinda District Rupnagar 6. General Public
Petition u/s 7, 10 & 25 of The Guardian Wards Act, 1890 For the Custody of Minor Daughter Namely Japjot Singh Aged About 12 Years (DOB 11-05-2012)
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 15.05.2025 at 10:00 A.M.
For details logon to https://highcourtchd.gov.in/?mod=district_notice&district=Rupnagar
Dated, this day of 01-04-2025
**Sd/- Principal Judge Family Court, Rupnagar**

(U/o 5 Rule 20 CPC)
In the Court of
**Ms. Harsimranjit Kaur**
**Civil Judge (Junior Division), Nakodar**
CNR No. PBJLA0-000714-2024
Next Date: 27.05.2025
Union Bank of india
Versus
Karishna Rani
Notice to: 1. Krishna Rani W/o Amarjit Singh 2.Amarjit Singh S/o Jaswant Singh Both R/o Village Kamalke, Dharamkot, Distt. Moga.
In above titled case the defendant(s) could not be served. It is ordered that defendant(s) should appear in person or through counsel on 27.05.2025 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 04-04-2025
**Sd/- Civil Judge (Junior Division), Nakodar**

(U/o 5 Rule 20 CPC)
In the Court of
**Ms. Saru Mehta Kaushik**
**Additional District and Sessions Judge,Ludhiana**
CNR No. PBLD01-022266-2021
Next Date: 26.05.2025
Punjab State power Corporation Ltd.
Versus
Swaran Kumari
Notice to:1.Swaran Kumari Spouse: Charanjit Lal 2. Suresh Kumar @ Bunty S/o late Sh. Charanjit Lal R/o H.No. 3570, Gali No. 4, Nirai Nagar (Heera Nagar), Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 26.05.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 05-04-2025
**Sd/- Additional District and Sessions Judge,Ludhiana**

(U/o 5 Rule 20 CPC)
In the Court of
**Ms. Vibha Rana**
**Civil Judge (Junior Division), Ludhiana**
CNR No. PBLD02-003738-2023
Next Date: 21.05.2025
Canara Bank
Versus
Vipul@ Vipul Singh
Mortgage Suit U/o 34 of cpc for Recovery of Rs. 14,39,659.26
Notice to:Vipul@ Vipul Singh Son:- Raj Bahadur @ Bahadur Singh R/o H.No.458/4. Street No. 2, Ward No. 74,Guru Teg Bahadar, Giaspura, Ludhiana
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 21.05.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 26-03-2025
**Sd/- Civil Judge (Junior Division),Ludhiana**

In the Court of
**Ms.Palvi Rana**
**Civil Judge Junior Division, Ajnala**
CNR No. PBASA0-000493-2023
Next Date: 22.05.2025
CIS No.: CS/376/2023
State Bank of india, Branch at Chogawan (Vaniake), Teh. Ajnala, Distt. Amritsar ......Plaintiff
Versus
Rosedeep Kaur W/o Sarwan Singh R/o Vill. Saurian,P.o. Saurian,Distt. Amritsar ......Defendant
Suit for Recovery
Notice to:Rosedeep Kaur W/o Sarwan Singh R/o Vill. Saurian,P.o. Saurian, Distt. Amritsar
In above titled case the defendants could not be served. It is ordered that defendants should appear in person or through counsel on 22.05.2025 at 10:00 A.M.
For details logon to https://highcourtchd.gov.in/?trs=district_notice&district=amritsar
**Sd/- Civil Judge Junior Division, Ajnala**

(U/o 5 Rule 20 CPC)
In the Court of
**Sh. Hira Singh Gill**
**Addl. Principal Judge Family Court, Dasuya**
CNR No. PBHOF2-000227-2023
Next Date:26.05.2025
CIS No. HMA/149/2023
U/s: 13 of Hindu Marriage Act
Ravinder Singh
Versus
Harjinder Kaur
Notice to:Harjinder Kaur S/o Ravinder Singh D/o Ramji resident of Village Dehariwal Bancha, Teh. Dasuya, Distt. Hoshiarpur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 26.05.2025 at 10:00 A.M.
For details logon to https://highcourtchd.gov.in/?mod=district_notice&district=Hoshiarpur
Dated, this day of 25-03-2025
**Sd/- Addl. Principal Judge Family Court, Dasuya**

(U/o 5 Rule 20 CPC)
In the Court of
**Sh. Ravi Inder Singh**
**Principal Judge Family Court, Sardulgarh**
CNR No. PBMNF3-000066-2025
Next Date: 26.05.2025
Simarjit Kaur
Versus
General Public
Notice to: General Public
In above titled case the defendant(s) could not be served. It is ordered that defendant(s)/respondent(s) should appear in person or through counsel on 26.05.2025 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 24-03-2025
**Sd/- Principal Judge Family Court, Sardulgarh**

(U/o 5 Rule 20 CPC)
In the Court of
**Sh. Lakhbir Singh**
**Civil Judge (Junior Division), Bathinda**
CNR No. PBBT02-001686-2024
Next Date: 21.05.2025
Jaswinder Singh
Versus
Bhupinder Singh
Notice to:Bhupinder Singh :- S/o Hakam Singh S/o Gurdev Singh r/o Village Katron, Jeji Patti, Teh. Dhuri Sangrur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 21.05.2025 at 10:00 A.M.
For details logon to https://highcourtchd.gov.in/?mod=district_notice&district=Bathinda
Dated, this day of 07-04-2025
**Sd/- Civil Judge (Junior Division), Bathinda**

(U/o 5 Rule 20 CPC)
In the Court of
**Sh. Sham Lal**
**Additional District and Sessions Judge,Rupnagar**
Macp No. 166 Dated 20.07.2023
CNR No. PBRO01-003573-2023
Next Date: 22.05.2025
Gian Kaur
Versus
Surjit
Notice to : Ram Kumar Father : Partap Kumar Vill. Bainsa Teh. Nurpur Bedi Distt. Ropar (Driver of Honda Activa No. PB-16 F 6196)
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 22.05.2025 at 10:00 A.M.
For details logon to https://highcourtchd.gov.in/?mod=district_notice&district=Rupnagar
Dated, this day of 07-04-2025
**Sd/- Additional District and Sessions Judge,Rupnagar**

ਵੱਲੋਂ ਅਦਾਲਤ
ਇਸ਼ਾ ਕੱਕੜ, ਐਚ.ਸੀ.ਐਸ.
ਉਪ-ਡਿਵੀਜ਼ਨਲ ਮੈਜਿਸਟ੍ਰੇਟ (ਐਸ)-ਕਮ-ਵਿਆਹ ਅਧਿਕਾਰੀ, ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ
[illegible] ਸੈਕਟਰ 56, ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ
ਅਤੇ
[illegible] 122, ਸੈਕਟਰ 38-ਏ, ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ
[illegible] 1954 [illegible] 9/4/25 [illegible]
ਸਹੀ/- ਉਪ-ਡਿਵੀਜ਼ਨਲ ਮੈਜਿਸਟ੍ਰੇਟ (ਐਸ)-ਕਮ-ਵਿਆਹ ਅਧਿਕਾਰੀ, ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ

# ਵਿਸਾਖੀ ਦੇ ਸ਼ੁਭ ਦਿਹਾੜੇ ਮੌਕੇ ਹਰਜੋਤ ਸਿੰਘ ਬੈਂਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ

## ਕੈਬਨਿਟ ਮੰਤਰੀ ਨੇ ਵੱਖ ਵੱਖ ਲੰਗਰਾਂ ਵਿੱਚ ਕੀਤੀ ਸੇਵਾ

ਸ੍ਰੀ ਅਨੰਦਪੁਰ ਸਾਹਿਬ, 13 ਅਪ੍ਰੈਲ (ਤਰਲੋਚਨ ਸਿੰਘ) :ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ, ਭਾਸ਼ਾ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਸਮੁੱਚੀ ਲੋਕਾਈ ਨੂੰ ਖਾਲਸਾ ਸਿਰਜਣਾ ਦਿਵਸ ਦੀ ਵਧਾਈ ਦਿੱਤੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਅਸੀ ਬਹੁਤ ਭਾਗਾਂ ਵਾਲੇ ਹਾਂ ਜਿਨ੍ਹਾਂ ਨੂੰ ਸਰਬੰਸ ਦਾਨੀ ਸਾਹਿਬ-ਏ-ਕਮਾਲ ਦਸ਼ਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਦੀ ਸੇਵਾ ਦਾ ਮੌਕਾ ਮਿਲਿਆ ਹੈ। ਜਿੱਥੇ ਗੁਰੂ ਸਾਹਿਬ ਨੇ ਆਪਣੇ ਜੀਵਨ ਦਾ ਸਭ ਤੋਂ ਵੱਧ ਸਮਾਂ ਬਤੀਤ ਕੀਤਾ ਹੈ ਅਤੇ 1699 ਨੂੰ ਵਿਸਾਖੀ ਵਾਲੇ ਦਿਨ ਖਾਲਸਾ ਪੰਥ ਦੀ ਸਿਰਜਣ ਕੀਤੀ ਹੈ। ਅੱਜ ਵਿਸਾਖੀ ਦੇ ਤਿਉਹਾਰ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਪਹੁੰਚੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਵਿਸਾਖੀ ਬਰਕਤਾਂ ਵਾਲਾ ਤਿਉਹਾਰ ਹੈ, ਹਰ ਦੇਸ਼ ਵਾਸੀ ਇਸ ਨੂੰ ਬਹੁਤ ਸ਼ੁਭ ਦਿਹਾੜਾ ਮੰਨਦਾ ਹੈ।ਅਸੀਂ ਅੱਜ ਦੇ ਦਿਨ ਗੁਰੂ ਘਰਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਲੈਂਦੇ ਹਾਂ। ਉਨ੍ਹਾਂ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਸੁਸ਼ੋਭਿਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸਾਡਾ ਸਾਰਿਆਂ ਦਾ ਘਰ ਹੈ, ਅਸੀਂ ਸਾਰੇ ਗੁਰੂ ਸਾਹਿਬਾਨ ਦੇ ਧੀਆਂ ਪੁੱਤਰ ਹਾਂ। ਮੈਂ ਆਪਣੇ ਆਪ ਨੂੰ ਖੁਸ਼ਕਿਸਮਤ ਸਮਝਦਾਂ ਹਾਂ, ਜਿਸ ਨੂੰ ਗੁਰੂ ਨਗਰੀ ਦੀ ਸੇਵਾ ਦਾ ਮੌਕਾ



ਮਿਲਿਆ ਹੈ। ਇਹ ਸਮੁੱਚਾ ਇਲਾਕਾ ਇੱਥੋਂ ਦੇ ਹਰ ਕਣ-ਕਣ ਵਿੱਚ ਧਰਮ ਦਾ ਵਾਸ ਹੈ। ਉਨ੍ਹਾਂ ਨੇ ਸਮੁੱਚੀ ਸੰਗਤ ਨੂੰ ਵਿਸਾਖੀ ਦੇ ਦਿਹਾੜੇ ਦੀ ਵਧਾਈ ਦਿੱਤੀ ਅਤੇ ਵੱਖ ਵੱਖ ਲੰਗਰਾਂ ਵਿੱਚ ਜਾ ਕੇ ਲੰਗਰ ਵਰਤਾਇਆ ਤੇ ਸੇਵਾ ਕੀਤੀ। ਮੀਡੀਆ ਨਾਲ ਗੱਲਬਾਤ ਕਰਦੇ ਹੋਏ ਬੈਂਸ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਲਗਾਤਾਰ ਜਾਰੀ ਰਹੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਸ਼ਿਆ ਨੂੰ ਜੜ੍ਹ ਤੋਂ ਖਤਮ ਕਰਨ ਦਾ ਤਹੱਈਆ ਕੀਤਾ ਹੈ, ਹੁਣ ਵੱਡੇ ਮਗਰਮੱਛਾਂ ਨੂੰ ਕਾਬੂ ਕਰਕੇ ਜੇਲ੍ਹਾਂ ਵਿਚ ਡੱਕਿਆ ਜਾਵੇਗਾ। ਸਿੱਖਿਆ ਕ੍ਰਾਂਤੀ ਨਾਲ ਪੰਜਾਬ ਦੀ ਬਦਲ ਰਹੀ ਨੁਹਾਰ ਬਾਰੇ ਬੈਂਸ ਨੇ ਕਿਹਾ ਕਿ 14 ਅਪ੍ਰੈਲ ਨੂੰ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਦਕਰ ਸੰਵਿਧਾਨ ਨਿਰਮਾਤਾ ਦੇ ਜਨਮ ਦਿਹਾੜੇ ਮੌਕੇ ਨੰਗਲ ਦੇ ਸਕੂਲ ਆਫ ਐਮੀਨੈਂਸ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ ਹੋਵੇਗਾ। ਸਕੂਲਾਂ ਦੀ ਬਦਲਦੀ ਤਸਵੀਰ ਅੱਜ ਸਾਰੇ ਪੰਜਾਬ ਵਿੱਚ ਨਜ਼ਰ ਆ ਰਹੀ ਹੈ। ਇਸ ਮੌਕੇ ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੂਰਵੈਦਿਕ ਯੂਨੀਵਰਸਿਟੀ,ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਸ਼ੰਮੀ ਬਰਾਰੀ ਯੂਥ ਆਗੂ, ਜਸਪਾਲ ਸਿੰਘ ਢਾਹੇ ਬਲਾਕ ਪ੍ਰਧਾਨ, ਜਗਜੀਤ ਸਿੰਘ ਜੱਗੀ ਠੇਕੇਦਾਰ, ਕੁਲਦੀਪ ਸਿੰਘ, ਦਲਜੀਤ ਸਿੰਘ ਕਾਕਾ ਨਾਨਗਰਾਂ ਮੌਜੂਦ ਸਨ।

# 'ਆਪ' ਆਗੂਆਂ ਨੇ ਪ੍ਰਤਾਪ ਬਾਜਵਾ 'ਤੇ ਕੀਤਾ ਤਿੱਖਾ ਹਮਲਾ, ਬਾਜਵਾ ਜਿਹੜੇ 50 ਬੰਬਾਂ ਦੀ ਗੱਲ ਕਰ ਰਹੇ ਹਨ, ਉਨ੍ਹਾਂ ਨੂੰ ਪੰਜਾਬ ਦੀ ਸ਼ਾਂਤੀ ਦੀ ਨਹੀਂ, ਸਗੋਂ ਆਪਣੀ ਰਾਜਨੀਤੀ ਦੀ ਜ਼ਿਆਦਾ ਚਿੰਤਾ ਹੈ

ਚੰਡੀਗੜ੍ਹ, 13 ਅਪ੍ਰੈਲ (ਅੰਮ੍ਰਿਤਪਾਲ ਸਿੰਘ) ਕਾਂਗਰਸ ਆਗੂ ਅਤੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਪੰਜਾਬ ਵਿੱਚ ਸਰਹੱਦ ਪਾਰ ਤੋਂ 50 ਗ੍ਰਨੇਡ ਬੰਬ ਆਉਣ ਦੇ ਦਾਅਵੇ 'ਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਆਗੂਆਂ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ ਅਤੇ ਬਾਜਵਾ 'ਤੇ ਪਾਕਿਸਤਾਨ ਨਾਲ ਸਬੰਧ ਹੋਣ ਦਾ ਦੋਸ਼ ਲਗਾਇਆ ਹੈ। ਆਪ' ਪੰਜਾਬ ਦੇ ਸੀਨੀਅਰ ਆਗੂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪ੍ਰਤਾਪ ਬਾਜਵਾ ਇੰਨੇ ਵੱਡੇ ਸੰਵਿਧਾਨਕ ਅਹੁਦੇ 'ਤੇ ਹਨ।

ਉਨ੍ਹਾਂ ਨੂੰ ਅਜਿਹੇ ਝੂਠੇ ਬਿਆਨ ਨਹੀਂ ਦੇਣੇ ਚਾਹੀਦੇ। ਜੇਕਰ ਉਨ੍ਹਾਂ ਕੋਲ ਅਜਿਹੀ ਕੋਈ ਜਾਣਕਾਰੀ ਹੈ, ਤਾਂ ਉਨ੍ਹਾਂ ਨੂੰ ਤੁਰੰਤ ਪੁਲਿਸ ਨੂੰ ਇਸ ਬਾਰੇ ਸੂਚਿਤ ਕਰਨਾ ਚਾਹੀਦਾ ਹੈ ਅਤੇ ਜੇਕਰ ਉਹ ਕੋਈ ਜਾਣਕਾਰੀ ਨਹੀਂ ਦਿੰਦੇ ਹਨ, ਤਾਂ ਇਹ ਸਾਬਤ ਹੋ ਜਾਵੇਗਾ ਕਿ ਉਨ੍ਹਾਂ ਦੇ ਪਾਕਿਸਤਾਨ ਦੇ ਉਨ੍ਹਾਂ ਗੈਂਗਸਟਰਾਂ ਨਾਲ ਸਬੰਧ ਹਨ ਜੋ ਪੰਜਾਬ ਦੀ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਭੰਗ ਕਰਨ ਦੀ ਲਗਾਤਾਰ ਕੋਸ਼ਿਸ਼ ਕਰ ਰਹੇ ਹਨ। ਚੀਮਾ ਨੇ ਕਿਹਾ ਕਿ ਪੁਲਿਸ ਅਧਿਕਾਰੀਆਂ ਨੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਹੈ। ਜੇਕਰ ਉਨ੍ਹਾਂ ਦਾ ਬਿਆਨ ਗ਼ਲਤ ਨਿਕਲਦਾ ਹੈ, ਤਾਂ ਉਨ੍ਹਾਂ ਦੇ ਖ਼ ?ਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਾਂਗਰਸ ਪਾਰਟੀ ਨੂੰ ਪ੍ਰਤਾਪ ਬਾਜਵਾ ਖ਼ਿਲਾਫ਼ ਕਾਰਵਾਈ ਕਰਨ ਅਤੇ ਉਨ੍ਹਾਂ ਨੂੰ ਵਿਰੋਧੀ ਧਿਰ ਦੇ ਨੇਤਾ ਦੇ ਅਹੁਦੇ ਤੋਂ ਹਟਾਉਣ ਦੀ ਵੀ ਅਪੀਲ ਕੀਤੀ। 'ਆਪ' ਦੇ ਬੁਲਾਰੇ ਨੀਲ ਗਰਗ ਨੇ ਪ੍ਰਤਾਪ ਬਾਜਵਾ 'ਤੇ ਪਲਟਵਾਰ ਕਰਦਿਆਂ ਪੁੱਛਿਆ ਕਿ ਜੇਕਰ ਉਨ੍ਹਾਂ ਕੋਲ ਇਹ ਜਾਣਕਾਰੀ ਪਹਿਲਾਂ ਹੀ ਸੀ, ਤਾਂ ਉਨ੍ਹਾਂ ਨੇ ਪੰਜਾਬ ਪੁਲਿਸ ਜਾਂ ਕੇਂਦਰੀ ਸੁਰੱਖਿਆ ਏਜੰਸੀਆਂ ਨੂੰ ਇਸ ਬਾਰੇ ਸੂਚਿਤ ਕਿਉਂ ਨਹੀਂ ਕੀਤਾ। ਇੰਨੀ ਸੰਵੇਦਨਸ਼ੀਲ ਜਾਣਕਾਰੀ ਨੂੰ ਇੰਨੇ ਲੰਬੇ ਸਮੇਂ ਤੱਕ ਕਿਉਂ ਲੁਕਾਇਆ ਗਿਆ।

ਉਨ੍ਹਾਂ ਸਵਾਲ ਕੀਤਾ ਕਿ ਪ੍ਰਤਾਪ ਬਾਜਵਾ ਕੋਲ ਅਜਿਹੀ ਜਾਣਕਾਰੀ ਆਉਣ ਨਾਲ ਇਹ ਸ਼ੱਕ ਪੈਦਾ ਹੁੰਦਾ ਹੈ ਕਿ ਕੀ ਉਨ੍ਹਾਂ ਦੇ ਤਾਰ ਪਾਕਿਸਤਾਨ ਨਾਲ ਤਾਂ ਨਹੀਂ ਜੁੜੇ ਹੋਏ ਹਨ ਜਾਂ ਉਹ ਇਸ ਸਾਜ਼ਿਸ਼ ਦਾ ਹਿੱਸਾ ਤਾਂ ਨਹੀਂ ਹਨ? ਨੀਲ ਗਰਗ ਨੇ ਕਾਂਗਰਸ ਪਾਰਟੀ ਦੀ ਉੱਚ ਲੀਡਰਸ਼ਿਪ, ਖ਼ਾਸ ਕਰਕੇ ਰਾਹੁਲ ਗਾਂਧੀ ਅਤੇ ਮਲਿਕਾਰਜੁਨ ਖੜਗੇ ਨੂੰ ਇਸ ਮਾਮਲੇ 'ਤੇ ਸਪੱਸ਼ਟੀਕਰਨ ਦੇਣ ਲਈ ਕਿਹਾ ਅਤੇ ਪ੍ਰਤਾਪ ਬਾਜਵਾ ਖਿਲਾਫ ਇਸ ਮਾਮਲੇ ਦੀ ਜਾਂਚ ਕਰਨ ਦੀ ਅਪੀਲ ਕੀਤੀ। ਆਪ ਆਗੂ ਬਲਤੇਜ ਪੰਨੂ ਨੇ ਕਿਹਾ ਕਿ ਜੇਕਰ ਪ੍ਰਤਾਪ ਬਾਜਵਾ ਨੂੰ 50 ਬੰਬਾਂ ਦੇ ਆਉਣ ਦੀ ਜਾਣਕਾਰੀ ਹੈ ਤਾਂ ਉਨ੍ਹਾਂ ਨੂੰ ਲੋਕੇਸ਼ਨ ਵੀ ਪੱਤਾ ਹੋਵੇਗੀ ਕਿ ਬਾਕੀ 32 ਬੰਬ ਕਿੱਥੇ-ਕਿੱਥੇ ਰੱਖੇ ਗਏ ਹਨ ਅਤੇ ਅੱਗੇ ਉਨ੍ਹਾਂ ਦੀ ਵਰਤੋਂ ਕਿਹੜੀਆਂ ਥਾਵਾਂ 'ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਬਹੁਤ ਗੰਭੀਰ ਮਾਮਲਾ ਹੈ ਕਿ ਕਾਂਗਰਸ ਦੇ ਇੰਨੇ ਵੱਡੇ ਨੇਤਾ ਕੋਲ ਪਾਕਿਸਤਾਨ ਬਾਰੇ ਜਾਣਕਾਰੀ ਹੈ।

ਇਸ ਨਾਲ ਇਹ ਸ਼ੱਕ ਪੈਦਾ ਹੁੰਦਾ ਹੈ ਕਿ ਕੀ ਪ੍ਰਤਾਪ ਬਾਜਵਾ ਦਾ ਪੁਰਾਣੇ ਸਮਗਲਰਾਂ ਅਤੇ ਗੈਂਗਸਟਰਾਂ ਨਾਲ ਕੋਈ ਸਬੰਧ ਹੈ? ਜੇਕਰ ਕੋਈ ਲਿੰਕ ਨਹੀਂ ਹੈ ਤਾਂ ਉਨ੍ਹਾਂ ਨੂੰ ਪੰਜਾਬ ਪੁਲਿਸ ਨੂੰ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਨੂੰ ਇਹ ਜਾਣਕਾਰੀ ਕਿੱਥੋਂ ਮਿਲੀ।

ਉਨ੍ਹਾਂ ਕਿਹਾ ਕਿ ਪ੍ਰਤਾਪ ਬਾਜਵਾ ਨੂੰ ਪੁਲਿਸ ਜਾਂਚ ਵਿੱਚ ਸਹਿਯੋਗ ਕਰਨਾ ਚਾਹੀਦਾ ਹੈ ਤਾਂ ਜੋ ਬਾਕੀ ਬਚੇ ਬੰਬਾਂ ਦਾ ਪਤਾ ਲਗਾਇਆ ਜਾ ਸਕੇ। ਉਨ੍ਹਾਂ ਕਾਂਗਰਸ ਲੀਡਰਸ਼ਿਪ ਨੂੰ ਵੀ ਇਸ ਮਾਮਲੇ ਦਾ ਨੋਟਿਸ ਲੈਣ ਲਈ ਕਿਹਾ।

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਖ਼ਾਲਸਾ ਸਾਜਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਨਵੀਂ ਦਿੱਲੀ, 13 ਅਪ੍ਰੈਲ: (ਅੰਮ੍ਰਿਤਪਾਲ ਸਿੰਘ) ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖਾਲਸਾ ਸਾਜਨਾ ਦਿਵਸ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਧਾਰਮਿਕ ਦੀਵਾਨ ਸਜਾਏ ਗਏ ਜਦੋਂ ਕਿ ਮੁੱਖ ਸਮਾਗਮ ਗੁਰਦੁਆਰਾ ਮਜਨੂੰ ਕਾ ਟਿੱਲਾ ਵਿਖੇ ਕਰਵਾਇਆ ਗਿਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ 13 ਅਪ੍ਰੈਲ 1699 ਨੂੰ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਖਾਲਸਾ ਪੰਥ ਦੀ ਸਾਜਨਾ ਕੀਤੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਜ਼ਬਰ ਤੇ ਜ਼ੁਲਮ ਦੇ ਖਿਲਾਫ ਲੜਨ ਵਾਸਤੇ ਖਾਲਸਾਈ ਫੌਜ ਖੜ੍ਹੀ ਕੀਤੀ ਸੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ 14 ਜੰਗਾਂ ਲੜੀਆਂ ਤੇ ਸਾਰੀਆਂ ਵਿਚ ਫਤਿਹ ਹਾਸਲ ਕੀਤੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਸਾਨੂੰ ਵਿਲੱਖਣ ਰੂਪ ਦੇ ਕੇ ਖਾਲਸਾ ਸਾਜਿਆ। ਉਹਨਾਂ ਕਿਹਾ ਕਿ ਅੱਜ ਸਾਡੀ




ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਗੁਰੂ ਸਾਹਿਬ ਨਾਲ ਜੁੜੇ ਸਾਰੇ ਦਿਹਾੜੇ ਮਨਾਈਏ ਤੇ ਗੁਰੂ ਸਾਹਿਬ ਦਾ ਜਸ ਗਾਇਨ ਕਰੀਏ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਖਾਲਸਾ ਰੂਪ ਨੂੰ ਬਹੁਤ ਵਡਿਆਈ ਦਿੱਤੀ ਹੈ। ਗੁਰੂ ਸਾਹਿਬ ਨੇ ਸਾਨੂੰ ਗੁਰੂ ਗ੍ਰੰਥ ਸਾਹਿਬ ਤੋਂ ਬਾਣੀ ਪੜ੍ਹਨ ਤੇ ਅਕਾਲ ਪੁਰਖ ਦੀ ਉਸਤਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਦੋਵਾਂ ਆਗੂਆਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਦੀ ਆਰੰਭਤਾ 15 ਅਪ੍ਰੈਲ ਨੂੰ ਸਵੇਰੇ 11.00 ਵਜੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਕੀਤੀ ਜਾਵੇਗੀ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਇਸ ਪ੍ਰੋਗਰਾਮ ਵਿਚ ਸ਼ਾਮਲ ਹੋਣ। ਉਹਨਾਂ ਕਿਹਾ ਕਿ ਜਦੋਂ ਅਸੀਂ ਬਾਣੀ ਪੜ੍ਹਾਂਗੇ ਤਾਂ ਸਾਡਾ ਜੀਵਨ ਬਦਲੇਗਾ। ਉਹਨਾਂ ਕਿਹਾ ਕਿ ਸਹਿਜ ਪਾਠਾਂ ਦੀ ਲੜੀ ਵਾਸਤੇ ਅਸੀਂ ਸੰਗਤਾਂ ਨੂੰ ਘਰਾਂ ਵਾਸਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਵੀ ਉਪਲੱਬਧ ਕਰਾਵਾਂਗੇ। ਜਿਹੜੇ ਘਰਾਂ ਵਿਚ ਸਰੂਪ ਸੁਸ਼ੋਭਿਤ ਕਰਨ ਲਈ ਥਾਂ ਨਹੀਂ, ਉਹਨਾਂ ਵਾਸਤੇ ਸੈਂਚੀਆਂ ਵੀ ਉਪਲਬਧ ਕਰਾਵਾਂਗੇ। ਉਹਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ 200 ਦਿਨ ਦਾ ਸਮਾਂ ਸੰਗਤਾਂ ਕੋਲ ਹੈ, ਜਿਸ ਦੌਰਾਨ ਉਹ ਆਪਣੇ ਸਹਿਜ ਪਾਠ ਸੰਪੰਨ ਕਰ ਸਕਦੇ ਹਨ। ਉਹਨਾਂ ਦੱਸਿਆ ਕਿ 25 ਨਵੰਬਰ ਨੂੰ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਲਾਲ ਕਿਲ੍ਹੇ 'ਤੇ ਬਹੁਤ ਵੱਡੀ ਪੱਧਰ 'ਤੇ ਮਨਾਇਆ ਜਾਵੇਗਾ। ਇਸ ਮੌਕੇ ਉਹਨਾਂ ਇਹ ਵੀ ਦੱਸਿਆ ਕਿ 18 ਅਪ੍ਰੈਲ ਨੂੰ ਗੁਰੂ ਤੇਗ ਬਹਾਦਰ ਸਾਹਿਬ ਦਾ ਜਨਮ ਦਿਹਾੜਾ ਹੈ ਜਿਸ ਦੌਰਾਨ ਗੁਰਦੁਆਰਾ ਸੀਸ਼ਗੰਜ ਸਾਹਿਬ ਵਿਖੇ ਦੀਵਾਨ ਸਜਾਏ ਜਾਣਗੇ।

## ਖਾਲਸਾ ਸਥਾਪਨਾ ਦਿਵਸ ਮੌਕੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਗੁਰਦੁਆਰਾ ਸ੍ਰੀ ਰਕਾਬਗੰਜ ਵਿਖੇ ਹੋਏ ਨਤਮਸਤਕ



ਨਵੀਂ ਦਿੱਲੀ, 13 ਅਪ੍ਰੈਲ : (ਅੰਮ੍ਰਿਤਪਾਲ ਸਿੰਘ)

ਖਾਲਸਾ ਸਥਾਪਨਾ ਦਿਵਸ ਅਤੇ ਵਿਸਾਖੀ ਮੌਕੇ ਭਾਰਤੀ ਜਨਤਾ ਪਾਰਟੀ ਦੇ ਨੈਸ਼ਨਲ ਜਨਰਲ ਸਕੱਤਰ ਤਰੁਣ ਚੁੱਘ ਅੱਜ ਗੁਰਦੁਆਰਾ ਸ੍ਰੀ ਰਕਾਬਗੰਜ ਦਿੱਲੀ ਵਿਖੇ ਨਤਮਸਤਕ ਹੋਏ। ਸ੍ਰੀ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਦੇ ਹੋਏ ਵਹਿਗੁਰੂ ਅੱਗੇ ਸਭ ਦੇ ਭਲੇ ਦੀ ਅਰਦਾਸ਼ ਕੀਤੀ। ਇਸ ਮੌਕੇ ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸਮੂਹ ਸਿੱਖ ਕੌਮ ਅਤੇ ਦੇਸ਼ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਬੋਲਦੇ ਹੋਏ ਕਿਹਾ ਕਿ ਅੱਜ ਦੇ ਦਿਨ 326 ਸਾਲ ਪਹਿਲਾਂ ਸ੍ਰੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸਾ ਦੀ ਸਥਾਪਨਾ ਕੀਤੀ ਗਈ ਸੀ। ਸਿੱਖ ਕੌਮ ਹਮੇਸ਼ਾ ਉਚ ਨੀਮ ਮੁਕਤ, ਭੇਦਭਾਵ ਮੁਕਤ ਵਾਲੀ ਕੌਮ ਹੈ। ਇਹ ਹਮੇਸ਼ਾ ਅੱਤਿਆਚਾਰ ਦੇ ਖਤਮਾ ਕਰਨ ਲਈ ਲੜਦੇ ਰਹੇ ਅਤੇ ਦੇਸ਼ ਦੀ ਸੁਰੱਖਿਆ ਲਈ ਅੱਗੇ ਵਧਕੇ ਲੜਦੇ ਰਹੇ ਹਨ। ਉਨ੍ਹਾਂ ਕਿਹਾ ਕਿ ਗਰੀਬਾਂ ਦੀ ਸੇਵਾ ਕਰਨ ਵਾਲਿਆਂ ਦੀ ਇਹ ਖੁਸ਼ਬੂ ਅੱਜ ਪੂਰੇ ਵਿਸ਼ਵ ਵਿੱਚ ਫੈਲ੍ਹੀ ਹੋਈ ਹੈ।

ਉਨ੍ਹਾਂ ਕਿਹਾ ਕਿ ਮੈਂ ਗੁਰੂ ਘਰ ਵਿੱਚ ਇਹ ਅਰਦਾਸ਼ ਕੀਤੀ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਦੀ ਚਮਕ ਪੂਰੇ ਵਿਸ਼ਵ ਵਿੱਚ ਹੋਰ ਵਧੇ।

## ਬਾਜਵਾ ਨੇ ਨਹੀਂ ਦਿੱਤਾ ਪੁਲਿਸ ਨੂੰ ਸਹਿਯੋਗ, ਹੁਣ ਭਵਿੱਖ ਵਿੱਚ ਹਰ ਗ੍ਰਨੇਡ ਧਮਾਕੇ ਲਈ ਜ਼ਿੰਮੇਵਾਰ ਹੋਣਗੇ ਬਾਜਵਾ : ਅਰੋੜਾ

ਚੰਡੀਗੜ੍ਹ, 13 ਅਪ੍ਰੈਲ: (ਹਰਦੀਪ ਕੌਰ) ਆਮ ਆਦਮੀ ਪਾਰਟੀ (ਆਪ) ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਪੰਜਾਬ ਵਿੱਚ 50 ਗਰਨੇਡਾਂ ਦੀ ਮੌਜੂਦਗੀ ਸੰਬੰਧੀ ਉਨ੍ਹਾਂ ਦੇ ਹਾਲੀਆ ਦਾਅਵਿਆਂ ਲਈ ਸਖ਼ਤ ਆਲੋਚਨਾ ਕੀਤੀ ਹੈ। ਅਰੋੜਾ ਨੇ ਬਾਜਵਾ ਦੇ ਬਿਆਨਾਂ 'ਤੇ ਗੰਭੀਰ ਚਿੰਤਾਵਾਂ ਜ਼ਾਹਿਰ ਕੀਤੀਆਂ ਅਤੇ ਉਨ੍ਹਾਂ ਦੀ ਭਰੋਸੇਯੋਗਤਾ ਅਤੇ ਜਾਣਕਾਰੀ ਦੇ ਸਰੋਤ 'ਤੇ ਸਵਾਲ ਉਠਾਏ। ਐਤਵਾਰ ਨੂੰ ਚੰਡੀਗੜ੍ਹ ਸਥਿਤ ਮੁੱਖ ਦਫ਼ਤਰ ਵਿਖੇ ਇਕ ਪ੍ਰੈੱਸ ਕਾਨਫ਼ਰੰਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਅਰੋੜਾ ਨੇ ਕਿਹਾ ਜੇ ਬਾਜਵਾ ਨੂੰ ਪਤਾ ਹੈ ਕਿ ਪੰਜਾਬ ਵਿੱਚ 32 ਗ੍ਰਨੇਡ ਆਏ ਹਨ, ਤਾਂ ਉਨ੍ਹਾਂ ਨੂੰ ਇਹ ਵੀ ਪਤਾ ਹੋਣਾ ਚਾਹੀਦਾ ਹੈ ਕਿ ਉਹ ਕਿੱਥੇ ਰੱਖੇ ਹੋਏ ਹਨ ਅਤੇ ਉਨ੍ਹਾਂ ਦਾ ਟਾਰਗੇਟ ਕੌਣ ਹੈ।

ਵਿਰੋਧੀ ਧਿਰ ਦੇ ਨੇਤਾ ਹੋਣ ਦੇ ਨਾਤੇ, ਇਹ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਇਸ ਮਹੱਤਵਪੂਰਨ ਜਾਣਕਾਰੀ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨਾਲ ਸਾਂਝਾ ਕਰਨ ਤਾਂ ਜੋ ਸੂਬੇ ਅਤੇ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ,। ਉਨ੍ਹਾਂ ਅੱਗੇ ਕਿਹਾ ਕਿ ਨਾ ਤਾਂ ਪੰਜਾਬ ਦੇ ਮੁੱਖ ਮੰਤਰੀ ਅਤੇ ਨਾ ਹੀ ਪੁਲਿਸ ਕੋਲ ਅਜਿਹੀ ਜਾਣਕਾਰੀ ਹੈ।

ਜੇਕਰ ਪ੍ਰਤਾਪ ਬਾਜਵਾ ਕੋਲ ਇਹ ਖ਼ੁਫ਼ੀਆ ਜਾਣਕਾਰੀ ਹੈ, ਤਾਂ ਇਹ ਅੱਤਵਾਦੀਆਂ ਅਤੇ ਪਾਕਿਸਤਾਨ ਦੀ ਆਈਐਸਆਈ - ਪਿਛਲੇ ਗ੍ਰਨੇਡ ਧਮਾਕਿਆਂ ਲਈ ਜ਼ਿੰਮੇਵਾਰ ਏਜੰਸੀ ਨਾਲ ਉਨ੍ਹਾਂ ਸਬੰਧਾਂ ਬਾਰੇ ਗੰਭੀਰ ਸ਼ੱਕ ਪੈਦਾ ਕਰਦੀ ਹੈ। ਬਾਜਵਾ ਦਾ ਪੰਜਾਬ ਪੁਲਿਸ ਦੇ ਸੀਨੀਅਰ ਅਧਿਕਾਰੀਆਂ, ਜਿਨ੍ਹਾਂ ਨੇ ਉਨ੍ਹਾਂ ਦੇ ਦਾਅਵਿਆਂ ਦੀ ਪੁਸ਼ਟੀ ਕਰਨ ਲਈ ਉਨ੍ਹਾਂ ਨਾਲ ਸੰਪਰਕ ਕੀਤਾ ਸੀ ਨਾਲ ਸਹਿਯੋਗ ਨਾ ਕਰਨਾ ਵੀ ਡੂੰਘਾ ਸ਼ੱਕ ਪੈਦਾ ਕਰਦਾ ਹੈ। ਅਰੋੜਾ ਨੇ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਵਿੱਚ ਬੰਬ ਨਾਲ ਸਬੰਧਿਤ ਕੋਈ ਘਟਨਾ ਵਾਪਰਦੀ ਹੈ, ਤਾਂ ਸਿੱਧੇ ਤੌਰ 'ਤੇ ਬਾਜਵਾ ਉਸ ਦੇ ਜ਼ਿੰਮੇਵਾਰ ਹੋਣਗੇ। ਉਨ੍ਹਾਂ ਕਿਹਾ ਜੇਕਰ ਤੁਹਾਨੂੰ 32 ਗ੍ਰਨੇਡਾਂ ਦੀ ਮੌਜੂਦਗੀ ਬਾਰੇ ਪਤਾ ਹੈ, ਤਾਂ ਤੁਹਾਨੂੰ ਉਨ੍ਹਾਂ ਦੀ ਲੋਕੇਸ਼ਨ ਅਤੇ ਟਾਰਗੇਟ ਵੀ ਪਤਾ ਹੋਣਾ ਚਾਹੀਦਾ ਹੈ।

ਜਾਂ ਤਾਂ ਇਹ ਜਾਣਕਾਰੀ ਪੁਲਿਸ ਨਾਲ ਸਾਂਝੀ ਕਰੋ ਜਾਂ ਆਪਣੀ ਘਟਦੀ ਰਾਜਨੀਤਿਕ ਪ੍ਰਸੰਗਿਕਤਾ ਨੂੰ ਮੁੜ ਸੁਰਜੀਤ ਕਰਨ ਦੀ ਬੇਚੈਨ ਕੋਸ਼ਿਸ਼ ਵਿੱਚ ਅਜਿਹੇ ਗੈਰ-ਜ਼ਿੰਮੇਵਾਰਾਨਾ ਬਿਆਨ ਦੇਣਾ ਬੰਦ ਕਰੋ। ਉਨ੍ਹਾਂ ਬਾਜਵਾ ਨੂੰ ਬੇਬੁਨਿਆਦ ਟਿੱਪਣੀਆਂ ਨਾਲ ਡਰ ਫੈਲਾਉਣ ਲਈ ਪੰਜਾਬ ਦੇ ਲੋਕਾਂ ਤੋਂ ਮੁਆਫ਼ੀ ਮੰਗਣ ਲਈ ਵੀ ਕਿਹਾ।

# ਬਾਜਵਾ ਦਾ 'ਤਜਰਬਾ' ਖ਼ੁਦ ਬਹੁਤ ਕੁਝ ਦੱਸਦਾ ਹੈ ਕਿ ਸਰਹੱਦ ਪਾਰ ਤੋਂ ਸਪਲਾਈ ਕਿਵੇਂ ਕੀਤੀ ਜਾਂਦੀ ਹੈ - ਦੀਪਕ ਬਾਲੀ

ਚੰਡੀਗੜ੍ਹ, 13 ਅਪ੍ਰੈਲ: (ਹਰਦੀਪ ਕੌਰ) ਆਮ ਆਦਮੀ ਪਾਰਟੀ (ਆਪ) ਦੇ ਆਗੂਆਂ ਨੇ ਸ਼ੁੱਕਰਵਾਰ ਨੂੰ ਪੰਜਾਬ ਦੇ ਵਿਰੋਧੀ ਧਿਰ ਦੇ ਨੇਤਾ (ਐਲਓਪੀ) ਪ੍ਰਤਾਪ ਸਿੰਘ ਬਾਜਵਾ ਦੀ ਪੰਜਾਬ ਵਿੱਚ 50 ਗ੍ਰਨੇਡਾਂ (ਜਿਨ੍ਹਾਂ ਵਿੱਚੋਂ 18 ਕਥਿਤ ਤੌਰ 'ਤੇ ਵਰਤੇ ਗਏ ਸਨ, ਅਤੇ 32 ਅਜੇ ਵੀ ਬਾਕੀ ਹਨ) ਦੀ ਕਥਿਤ ਮੌਜੂਦਗੀ ਬਾਰੇ ਉਨ੍ਹਾਂ ਦੇ ਗੈਰ-ਜ਼ਿੰਮੇਵਾਰਾਨਾ ਅਤੇ ਡਰਾਉਣ ਵਾਲੇ ਬਿਆਨ ਲਈ ਸਖ਼ਤ ਆਲੋਚਨਾ ਕੀਤੀ ਹੈ। ਸੀਨੀਅਰ ਆਪ ਨੇਤਾ ਦੀਪਕ ਬਾਲੀ ਨੇ ਬਾਜਵਾ ਦੀਆਂ ਟਿੱਪਣੀਆਂ ਦੀ ਸਖ਼ਤ ਨਿੰਦਾ ਕਰਦਿਆਂ ਉਨ੍ਹਾਂ ਦੇ ਇਨ੍ਹਾਂ ਦਾਅਵਿਆਂ ਨੂੰ ਜਨਤਾ ਵਿੱਚ ਦਹਿਸ਼ਤ ਪੈਦਾ ਕਰਨ ਅਤੇ ਪੰਜਾਬ ਦੀ ਸ਼ਾਂਤੀ ਅਤੇ ਸਥਿਰਤਾ ਨੂੰ ਕਮਜ਼ੋਰ ਕਰਨ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਕਿਹਾ। ਦੀਪਕ ਬਾਲੀ ਨੇ ਬਾਜਵਾ ਦੇ ਬਿਆਨ ਦੇ ਪਿੱਛੇ ਦੇ ਇਰਾਦੇ 'ਤੇ ਸਵਾਲ ਉਠਾਉਂਦੇ ਹੋਏ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇੱਕ ਸੱਚਾ ਨੇਤਾ ਜੋ ਸੱਚਮੁੱਚ ਪੰਜਾਬ ਦੀ ਭਲਾਈ ਬਾਰੇ ਚਿੰਤਤ ਹੈ, ਜ਼ਿੰਮੇਵਾਰੀ ਨਾਲ ਕੰਮ ਕਰਦਾ। ਜੇਕਰ ਬਾਜਵਾ ਸੱਚਮੁੱਚ ਪੰਜਾਬ ਦੀ ਸੁਰੱਖਿਆ ਬਾਰੇ ਚਿੰਤਤ ਸੀ, ਤਾਂ ਉਨ੍ਹਾਂ ਨੂੰ ਤੁਰੰਤ ਪੁਲਿਸ, ਖ਼ੁਫ਼ੀਆ ਏਜੰਸੀਆਂ ਜਾਂ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਨੂੰ ਸੂਚਿਤ ਕਰਨਾ ਚਾਹੀਦਾ ਸੀ। ਬਾਲੀ ਨੇ ਕਿਹਾ ਇਸ ਦੇ ਉਲਟ ਉਨ੍ਹਾਂ ਨੇ ਮੀਡੀਆ ਵਿੱਚ ਇੱਕ ਚਿੰਤਾਜਨਕ ਬਿਆਨ ਦੇਣਾ ਚੁਣਿਆ, ਜੋ ਸਿਰਫ਼? ਡਰ ਅਤੇ ਅਨਿਸ਼ਚਿਤਤਾ ਫੈਲਾਉਣ ਦਾ ਕੰਮ ਕਰਦਾ ਹੈ,। ਬਾਲੀ ਨੇ ਬਾਜਵਾ ਦੀ ਪੰਜਾਬ ਦੀ ਸ਼ਾਂਤੀ ਉੱਤੇ ਆਪਣੇ ਰਾਜਨੀਤਿਕ ਏਜੰਡੇ ਨੂੰ ਤਰਜੀਹ ਦੇਣ ਲਈ ਵੀ ਆਲੋਚਨਾ ਕੀਤੀ। ਉਨ੍ਹਾਂ ਅੱਗੇ ਕਿਹਾ ਬਾਜਵਾ ਦੀਆਂ ਟਿੱਪਣੀਆਂ ਤੋਂ ਸਪੱਸ਼ਟ ਹੈ ਕਿ ਉਹ ਪੰਜਾਬ ਦੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਨਾਲੋਂ ਮੀਡੀਆ ਦਾ ਧਿਆਨ ਆਪਣੇ ਵੱਲ ਖਿੱਚਣ ਵਿੱਚ ਜ਼ਿਆਦਾ ਦਿਲਚਸਪੀ ਰੱਖਦੇ ਹਨ। ਇਹ ਇੱਕ ਰਾਜਨੀਤਿਕ ਸਟੰਟ ਤੋਂ ਵੱਧ ਕੁਝ ਨਹੀਂ ਹੈ ਜਿਸ ਦਾ ਉਦੇਸ਼ ਬੇਲੋੜੀ ਦਹਿਸ਼ਤ ਪੈਦਾ ਕਰਨਾ ਅਤੇ ਪ੍ਰਚਾਰ ਕਰਨਾ ਹੈ,। 'ਆਪ' ਨੇਤਾ ਨੇ ਪੰਜਾਬ ਪੁਲਿਸ ਅਤੇ ਰਾਜ ਸਰਕਾਰ ਦੀ ਕਾਨੂੰਨ ਵਿਵਸਥਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲਣ ਦੀ ਸਮਰੱਥਾ 'ਤੇ ਆਪਣੇ ਵਿਸ਼ਵਾਸ ਦੀ ਪੁਸ਼ਟੀ ਕੀਤੀ।ਬਾਲੀ ਨੇ ਕਿਹਾ ਪੰਜਾਬ ਪੁਲਿਸ ਬਹੁਤ ਸਮਰੱਥ ਹੈ, ਅਤੇ ਸਰਕਾਰ ਕਿਸੇ ਵੀ ਚੁਣੌਤੀ ਦਾ ਸਾਹਮਣਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

# ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਜਲਿਆਂਵਾਲਾ ਬਾਗ ਪਹੁੰਚ ਕੇ ਕੀਤਾ ਸ਼ਹੀਦਾਂ ਨੂੰ ਯਾਦ

ਅੰਮ੍ਰਿਤਸਰ, 13 ਅਪੈਲ (ਬਬਲੂ ਮਹਾਜਨ):ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਅੱਜ ਜੱਲ੍ਹਿਆਂਵਾਲਾ ਬਾਗ ਸਾਕੇ ਦੀ 106ਵੀਂ ਵਰ੍ਹੇਗੰਢ ਮੌਕੇ ਜੱਲ੍ਹਿਆਂਵਾਲਾ ਬਾਗ ਪਹੁੰਚ ਕੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ। ਉਹਨਾਂ ਨੇ ਸ਼ਹੀਦਾਂ ਦੀ ਯਾਦ ਵਿੱਚ ਬਣੀ ਯਾਦਗਾਰ ਅਤੇ ਖੂਹ ਜਿਸ ਵਿੱਚ ਕਈ ਲੋਕ ਜ਼ਿੰਦਾ ਮਾਰੇ ਗਏ ਸਨ, ਵਿਖੇ ਫੁੱਲ ਮਾਲਾ ਚੜ੍ਹਾ ਕੇ ਸ਼ਹੀਦਾਂ ਨੂੰ ਯਾਦ ਕੀਤਾ। ਉਸ ਦਿਨ ਨੂੰ ਯਾਦ ਕਰਕੇ ਭਾਵੁਕ ਹੋਏ ਡਿਪਟੀ ਕਮਿਸ਼ਨਰ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਇਹ ਮਨੁੱਖਤਾ ਦੇ ਇਤਿਹਾਸ ਦਾ ਘਿਨਾਉਣਾ ਸਾਕਾ ਸੀ, ਜਦੋਂ ਮੌਕੇ ਦੀ ਅੰਗਰੇਜ਼ ਹਕੂਮਤ ਨੇ ਨਿਹੱਥੇ ਲੋਕਾਂ ਉੱਤੇ ਗੋਲੀਆਂ ਚਲਾ ਕੇ ਅਨੇਕਾਂ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ।




ਉਹਨਾਂ ਕਿਹਾ ਕਿ ਇਹ ਲੋਕ ਵਿਸਾਖੀ ਦੇ ਮੌਕੇ ਉੱਤੇ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਣ ਆਏ ਸਨ, ਪਰ ਜਾਬਰ ਹਕੂਮਤ ਨੇ ਗੋਲੀਆਂ ਚਲਾ ਕੇ ਜੱਲ੍ਹਿਆਂਵਾਲਾ ਬਾਗ ਲਾਸ਼ਾਂ ਨਾਲ ਭਰ ਦਿੱਤਾ। ਉਹਨਾਂ ਕਿਹਾ ਕਿ ਇਸ ਸਾਕੇ ਵਿੱਚ ਹਰੇਕ ਉਮਰ ਵਰਗ ਅਤੇ ਹਰੇਕ ਭਾਈਚਾਰੇ ਦੇ ਜਵਾਨ, ਬੱਚੇ, ਔਰਤਾਂ, ਬਜ਼ੁਰਗ ਸ਼ਹੀਦ ਹੋਏ। ਉਹਨਾਂ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨੇ ਦੇਸ਼ ਵਿੱਚ ਅੰਗਰੇਜ਼ ਹਕੂਮਤ ਵਿਰੁੱਧ ਵੱਡਾ ਰੋਸ ਪੈਦਾ ਕਰ ਦਿੱਤਾ ਅਤੇ ਸਾਰੇ ਦੇਸ਼ ਵਿੱਚ ਆਜ਼ਾਦੀ ਨੂੰ ਲੈ ਕੇ ਸੰਘਰਸ਼ ਹੋਰ ਤੇਜ਼ ਹੋ ਗਿਆ।

ਸ਼ਹੀਦ ਊਧਮ ਸਿੰਘ ਨੇ ਜੱਲ੍ਹਿਆਂਵਾਲੇ ਬਾਗ ਦੇ ਜ਼ਿੰਮੇਵਾਰ ਅਧਿਕਾਰੀ ਨੂੰ ਲੰਡਨ ਜਾ ਕੇ ਮੌਤ ਦੀ ਸਜ਼ਾ ਦੇ ਕੇ ਸ਼ਹੀਦਾਂ ਦੇ ਖੂਨ ਦਾ ਬਦਲਾ ਲੈ ਲਿਆ ਅਤੇ ਅੰਗਰੇਜ਼ਾਂ ਵਿਰੁੱਧ ਉੱਠੇ ਭਾਰਤੀਆਂ ਦੇ ਰੋਹ ਦੇ ਸਿੱਟੇ ਵਜੋਂ 1947 ਵਿੱਚ ਦੇਸ਼ ਨੂੰ ਆਜ਼ਾਦੀ ਮਿਲ ਗਈ। ਉਹਨਾਂ ਕਿਹਾ ਕਿ ਅੱਜ ਵੀ ਇਸ ਸਥਾਨ 'ਤੇ ਆ ਕੇ ਮਨ ਭਰ ਆਉਂਦਾ ਹੈ। ਉਹਨਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਸਾਡੇ ਵਡੇਰਿਆਂ ਦੀਆਂ ਅਜਿਹੀਆਂ ਕੁਰਬਾਨੀਆਂ ਤੋਂ ਜਾਣੂੰ ਕਰਵਾਉਣਾ ਸਾਡਾ ਫਰਜ਼ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ, ਬਹਾਦਰਗੜ੍ਹ ਵਿਖੇ ਮਨਾਇਆ ਵਿਸਾਖੀ ਦਾ ਤਿਉਹਾਰ।

ਪਟਿਆਲਾ 13 ਅਪ੍ਰੈਲ: (ਚ.ਨ.ਸ) ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ, ਬਹਾਦਰਗੜ੍ਹ ਪਟਿਆਲਾ ਵਿਖੇ 12 ਅਪ੍ਰੈਲ 2025 ਨੂੰ ਵਿਸਾਖੀ ਦਾ ਤਿਉਹਾਰ ਬੜੀ ਧੂਮ ਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਪਦਮ ਸ਼੍ਰੀ ਡਾ. ਜਗਜੀਤ ਸਿੰਘ ਜੀ ਦਰਦੀ ਅਤੇ ਡਾਇਰੈਕਟਰ ਮੈਡਮ ਡਾ. ਜਸਵਿੰਦਰ ਕੌਰ ਜੀ ਦਰਦੀ ਨੇ ਤਿਉਹਾਰ ਸਬੰਧੀ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।




ਵਿਦਿਆਰਥੀਆਂ ਵੱਲੋਂ ਅਕਾਲ ਪੁਰਖ ਦੀ ਅਸੀਸ ਸਦਕਾ ਸ਼ਬਦ ਨਾਲ ਕੀਤੀ ਗਈ। ਇਸ ਤੋਂ ਬਾਅਦ ਚੌਥੀ ਅਤੇ ਪੰਜਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਕਵਿਤਾਵਾਂ ਰਾਹੀਂ ਵਿਸਾਖੀ ਦੇ ਤਿਉਹਾਰ ਦੀ ਮਹਾਨਤਾ ਨੂੰ ਦਰਸਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਭੰਗੜੇ ਅਤੇ ਗਿੱਧੇ ਰਾਹੀਂ ਪੰਜਾਬੀ ਸੱਭਿਆਚਾਰ ਦਾ ਇੱਕ ਨਵਾਂ ਰੰਗ ਬੰਨਿਆ ਗਿਆ। ਪੰਜਾਬ ਦੇ ਲੋਕ ਸਾਜ ਢੋਲ ਦੀ ਤਰਜ ਤੇ ਵੀ ਲੋਕ ਗੀਤਾਂ ਦੀ ਪੇਸ਼ਕਾਰੀ ਕੀਤੀ ਗਈ। ਜਿਸ ਰਾਹੀਂ ਪੰਜਾਬੀ ਸੱਭਿਆਚਾਰ ਦੀ ਇੱਕ ਸਮੁੱਚੀ ਤਸਵੀਰ ਦੀ ਪੇਸ਼ਕਾਰੀ ਕੀਤੀ ਗਈ। ਸਕੂਲ ਵੱਲੋਂ ਵਿਦਿਆਰਥੀਆਂ ਨੂੰ ਵਿਸਾਖੀ ਦੇ ਮੌਕੇ ਤੇ ਕਣਕ ਦੀ ਫਸਲ ਦੇ ਖੇਤ ਦਿਖਾਏ ਗਏ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਵਾਲੀਆ ਜੀ ਦੁਆਰਾ ਵਿਦਿਆਰਥੀਆਂ ਨੂੰ ਖਾਲਸਾ ਪੰਥ ਦੀ ਸਥਾਪਨਾ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੰਦਿਆਂ ਡਾਕਟਰ ਬੀ .ਆਰ. ਅੰਬੇਦਕਰ ਦੇ ਜੀਵਨ ਬਾਰੇ ਵੀ ਜਾਣੂੰ ਕਰਵਾਇਆ ਗਿਆ। ਇਸ ਤੋਂ ਇਲਾਵਾ ਹਾੜ੍ਹੀ ਦੀ ਫਸਲ ਅਤੇ ਵਿਸਾਖੀ ਦੇ ਮੇਲੇ ਦੀ ਆਪਸੀ ਸਬੰਧਤਾਂ ਨੂੰ ਦਰਸਾਉਂਦੇ ਹੋਏ ਵਿਦਿਆਰਥੀਆਂ ਨੂੰ ਵਿਸਾਖੀ ਸਬੰਧੀ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

## ਪੰਜਾਬ ਵਿਧਾਨ ਸਭਾ ਦੇ ਸਪੀਕਰ ਸ.ਕੁਲਤਾਰ ਸੰਧਵਾਂ ਵੱਲੋਂ ਲੋਕਾਂ ਨੂੰ ਵਿਸਾਖੀ ਦੀ ਵਧਾਈ

ਚੰਡੀਗੜ੍ਹ 13 ਅਪ੍ਰੈਲ:: (ਹਰਦੀਪ ਕੌਰ) ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਸ਼ੁਭ ਅਵਸਰ 'ਤੇ ਦੇਸ਼-ਵਿਦੇਸ਼ 'ਚ ਵਸਦੇ ਸਮੂਹ ਪੰਜਾਬੀ ਭਾਈਚਾਰੇ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ ਹਨ। ਉਨ੍ਹਾਂ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਾਹਿਗੁਰੂ ਸਮੂਹ ਪੰਜਾਬੀਆਂ 'ਤੇ ਆਪਣੀ ਅਪਾਰ ਕਿਰਪਾ ਬਣਾ ਕੇ ਰੱਖਣ ਅਤੇ ਉਨ੍ਹਾਂ ਦੀ ਜ਼ਿੰਦਗੀ ਖੁਸ਼ੀਆਂ-ਖੇੜੇ, ਖੁਸ਼ਹਾਲੀ, ਸ਼ਾਂਤੀ ਅਤੇ ਸੇਵਾ- ਭਾਵਨਾ ਨਾਲ ਭਰਨ ਦੇਣ।

ਉਨ੍ਹਾਂ ਇਹ ਅਰਦਾਸ ਵੀ ਕੀਤੀ ਕਿ ਹਾੜ੍ਹੀ ਦੀ ਫਸਲ ਦੀ ਵਾਢੀ ਦੇ ਸੀਜ਼ਨ ਦੌਰਾਨ ਕੁਦਰਤ ਕਿਸਾਨਾਂ 'ਤੇ ਮਿਹਰਬਾਨ ਰਹੇ।

**ਜ਼ਰੂਰੀ ਸੂਚਨਾ**
ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਰਚਨਾਵਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।
-ਇਸ਼ਤਿਹਾਰ ਮੈਨੇਜਰ

**ਡਾਇਰੈਕਟੋਰੇਟ ਪੰਜਾਬ ਸਟੇਟ ਲਾਟਰੀਜ਼**
ਡਰਾਅ ਸਮਾਂ : ਸ਼ਾਮ 06:00 ਵਜੇ ਤੋਂ
ਡਰਾਅ ਮਿਤੀ : 13.04.2025
ਪੰਜਾਬ ਸਟੇਟ ਡੀਅਰ 10 ਆਇਰਨ ਐਤਵਾਰ ਹਫ਼ਤਾਵਾਰੀ ਲਾਟਰੀ ਦਾ ਨਤੀਜਾ
ਮੁੱਲ ਰੁਪਏ 10/- ਪ੍ਰਤੀ ਟਿਕਟ

ਪਹਿਲੇ ਇਨਾਮ ਦੀ ਰਾਸ਼ੀ (10) ਰੁਪਏ 10,000/-, ਸਾਰੀਆਂ ਲੜੀਆਂ ਲਈ ਸਾਂਝੀ (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ.500/-, ਕੁੱਲ ਇਨਾਮੀ ਰਾਸ਼ੀ ਰੁ. 10,500/- ਹਰੇਕ)
**3240**

ਦੂਜੇ ਇਨਾਮ ਦੀ ਰਾਸ਼ੀ (10) ਰੁਪਏ 2,000/-, ਸਾਰੀਆਂ ਲੜੀਆਂ ਲਈ ਸਾਂਝੀ (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ.200/-, ਕੁੱਲ ਇਨਾਮੀ ਰਾਸ਼ੀ ਰੁ. 2200/- ਹਰੇਕ)
**7686**

ਤੀਜੇ ਇਨਾਮ ਦੀ ਰਾਸ਼ੀ (100) ਰੁਪਏ 500/-, ਸਾਰੀਆਂ ਲੜੀਆਂ ਲਈ ਸਾਂਝੀ (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ.50/-, ਕੁੱਲ ਇਨਾਮੀ ਰਾਸ਼ੀ ਰੁ. 550/- ਹਰੇਕ)

| | | | | | | | | | |
|---|---|---|---|---|---|---|---|---|---|
| 0628 | 2777 | 6160 | 6889 | 7269 | 7300 | 7334 | 7762 | 7884 | 8876 |

ਚੌਥੇ ਇਨਾਮ ਦੀ ਰਾਸ਼ੀ (100) ਰੁਪਏ 200/-, ਸਾਰੀਆਂ ਲੜੀਆਂ ਲਈ ਸਾਂਝੀ (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ.20/-, ਕੁੱਲ ਇਨਾਮੀ ਰਾਸ਼ੀ ਰੁ. 220/- ਹਰੇਕ)

| | | | | | | | | | |
|---|---|---|---|---|---|---|---|---|---|
| 2476 | 2791 | 3419 | 4088 | 4166 | 4593 | 5466 | 8153 | 9349 | 9474 |

ਪੰਜਵੇਂ ਇਨਾਮ ਦੀ ਰਾਸ਼ੀ (2000) ਰੁਪਏ 100/-, ਸਾਰੀਆਂ ਲੜੀਆਂ ਲਈ ਸਾਂਝੀ (ਆਖ਼ਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ.10/-, ਕੁੱਲ ਇਨਾਮੀ ਰਾਸ਼ੀ ਰੁ. 110/- ਹਰੇਕ)

| | | | | | | | | | |
|---|---|---|---|---|---|---|---|---|---|
| 0044 | 0186 | 0194 | 0206 | 0233 | 0265 | 0297 | 0401 | 0404 | 0551 |
| 0599 | 0635 | 0671 | 0702 | 0727 | 0816 | 0974 | 0978 | 1020 | 1038 |
| 1072 | 1185 | 1292 | 1307 | 1319 | 1357 | 1543 | 1707 | 1734 | 1821 |
| 1825 | 1831 | 1889 | 1917 | 1969 | 1994 | 2028 | 2139 | 2150 | 2156 |
| 2231 | 2317 | 2423 | 2453 | 2503 | 2593 | 2600 | 2622 | 2633 | 2678 |
| 2702 | 2735 | 2749 | 2887 | 2928 | 2979 | 3003 | 3060 | 3078 | 3116 |
| 3303 | 3311 | 3325 | 3338 | 3344 | 3368 | 3369 | 3408 | 3422 | 3430 |
| 3451 | 3562 | 3659 | 3739 | 3855 | 3905 | 3921 | 3966 | 3981 | 3990 |
| 4006 | 4086 | 4136 | 4162 | 4261 | 4343 | 4361 | 4387 | 4391 | 4481 |
| 4557 | 4671 | 4816 | 4832 | 4834 | 4933 | 4946 | 5125 | 5195 | 5201 |
| 5324 | 5387 | 5395 | 5471 | 5473 | 5486 | 5631 | 5692 | 5700 | 5714 |
| 5723 | 5733 | 5754 | 5767 | 5854 | 5866 | 5874 | 5931 | 5963 | 6006 |
| 6019 | 6114 | 6127 | 6178 | 6195 | 6199 | 6279 | 6326 | 6337 | 6419 |
| 6423 | 6471 | 6521 | 6527 | 6552 | 6588 | 6737 | 6743 | 6754 | 6758 |
| 6782 | 6836 | 6863 | 7006 | 7109 | 7129 | 7147 | 7164 | 7181 | 7395 |
| 7470 | 7477 | 7535 | 7581 | 7606 | 7713 | 7759 | 7803 | 7823 | 7952 |
| 8015 | 8027 | 8070 | 8089 | 8114 | 8147 | 8166 | 8177 | 8249 | 8345 |
| 8427 | 8433 | 8570 | 8602 | 8659 | 8789 | 8828 | 8893 | 8933 | 8958 |
| 8995 | 9055 | 9158 | 9268 | 9284 | 9290 | 9335 | 9341 | 9376 | 9482 |
| 9483 | 9560 | 9572 | 9591 | 9641 | 9647 | 9817 | 9833 | 9935 | 9975 |

ਜਾਰੀ ਕਰਤਾ ਡਾਇਰੈਕਟੋਰੇਟ ਪੰਜਾਬ ਸਟੇਟ ਲਾਟਰੀਜ਼
ਕਿਰਪਾ ਕਰਕੇ ਅੰਤਿਮ ਨਤੀਜਾ ਅਧਿਕਾਰਤ ਗਜ਼ਟ ਅਧਿਸੂਚਨਾ ਤੋਂ ਪੜਤਾਲ ਲਓ
RO. No. PR-Advt. No. 26/11/184/2023/43260/Dated CHD 4.4.2025

# ਉਪ-ਦਫ਼ਤਰ ਚੜ੍ਹਦੀਕਲਾ ਟਾਇਮ ਟੀ.ਵੀ. ਬਰਨਾਲਾ ਵਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ

ਬਘੇਲ ਸਿੰਘ ਧਾਲੀਵਾਲ
ਬਿਊਰੋ ਚੀਫ਼
99142-58142

## ਸੰਦੇਸ਼

ਮੈਂ ਸਮੂਹ ਇਲਾਕਾ ਵਾਸੀਆਂ ਨੂੰ ਵਿਸਾਖੀ ਦੀਆਂ ਲੱਖ-ਲੱਖ ਵਧਾਈਆਂ ਦਿੰਦੇ ਹੋਏ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਲਾਕੇ ਵਿਚ ਸੁੱਖ ਸ਼ਾਂਤੀ ਬਣੀ ਰਹੀ ਤੇ ਵਿਸਾਖੀ ਸਭ ਲਈ ਖੁਸ਼ੀਆਂ ਖੇੜੇ ਲੈ ਕੇ ਆਵੇ, ਨਾਲ ਹੀ ਅਸੀਂ ਇਲਾਕਾ ਵਾਸੀਆਂ ਨੂੰ ਅਪੀਲ ਕਰਦੇ ਹਾਂ ਕਿ ਵਿਸਾਖੀ ਨੂੰ ਆਪਸੀ ਪ੍ਰੇਮ ਅਤੇ ਭਾਈਚਾਰੇ ਨਾਲ ਰਲ ਕੇ ਮਨਾਈਏ।

ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ
ਜਥੇਦਾਰ ਤਖ਼ਤ ਸ਼੍ਰੀ ਦਮਦਮਾ ਸਾਹਿਬ

## ਸੰਦੇਸ਼

ਸਮੂਹ ਇਲਾਕਾ ਵਾਸੀਆਂ ਨੂੰ ਖ਼ਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਦਿੰਦੇ ਹੋਏ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਲਾਕੇ ਵਿਚ ਸੁੱਖ ਸ਼ਾਂਤੀ ਬਣੀ ਰਹੀ ਤੇ ਵਿਸਾਖੀ ਸਭ ਲਈ ਖੁਸ਼ੀਆਂ ਖੇੜੇ ਲੈ ਕੇ ਆਵੇ, ਇਲਾਕਾ ਵਾਸੀਆਂ ਨੂੰ ਅਪੀਲ ਕਰਦੇ ਹਾਂ ਕਿ ਵਿਸਾਖੀ ਨੂੰ ਆਪਸੀ ਪ੍ਰੇਮ ਅਤੇ ਭਾਈਚਾਰੇ ਨਾਲ ਰਲ ਕੇ ਮਨਾਈਏ।

ਸੰਤ ਬਾਬਾ ਕਾਕਾ ਸਿੰਘ
ਮੁੱਖ ਸੇਵਾਦਾਰ ਬੁੰਗਾ ਮਸਤੂਆਣਾ ਦਮਦਮਾ ਸਾਹਿਬ ਤਲਵੰਡੀ ਸਾਬੋ






ਦੇਸ਼-ਵਿਦੇਸ ਵਿਚ ਵਸਦੇ ਸਮੂਹ ਪੰਜਾਬੀਆਂ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ

**ਦਰਸ਼ਨ ਸਿੰਘ ਸੰਘੇੜਾ**
ਜ਼ਿਲ੍ਹਾ ਪ੍ਰਧਾਨ ਆੜ੍ਹਤੀਆ ਐਸ਼ੋ: ਬਰਨਾਲਾ

ਦੇਸ਼-ਵਿਦੇਸ ਵਿਚ ਵਸਦੇ ਸਮੂਹ ਪੰਜਾਬੀਆਂ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ

ਮਹੰਤ ਬਾਬਾ ਪਿਆਰਾ ਸਿੰਘ
ਮੁਖੀ ਡੇਰਾ ਬਾਬਾ ਗਾਂਧਾ ਸਿੰਘ ਬਰਨਾਲਾ

ਗੁਰਨਾਮ ਸਿੰਘ
ਸਰਦਾਰ ਹੈਂਡਲੂਮ ਵਾਲੇ






## ਵਿਸਾਖੀ ਮੌਕੇ ਉੱਪ ਦਫ਼ਤਰ ਚੜ੍ਹਦੀਕਲਾ ਟਾਈਮ ਟੀ ਵੀ ਬਰਨਾਲਾ ਵੱਲੋਂ ਵਿਸ਼ੇਸ਼ ਸਪਲੀਮੈਂਟ

ਪੰਜ ਆਬ
ਜ਼ਿਲ੍ਹਾ ਪ੍ਰੈਸ ਕਲੱਬ ਬਰਨਾਲਾ

## ਪੰਜ ਆਬ ਜ਼ਿਲ੍ਹਾ ਪ੍ਰੈੱਸ ਕਲੱਬ ਬਰਨਾਲਾ ਵੱਲੋਂ ਖ਼ਾਲਸਾ ਸਾਜਨਾ ਦਿਵਸ ਅਤੇ ਡਾ ਬੀ.ਆਰ ਅੰਬੇਡਕਰ ਜੈਅੰਤੀ ਮੌਕੇ ਲੱਖ-ਲੱਖ ਵਧਾਈ

ਬਘੇਲ ਸਿੰਘ ਧਾਲੀਵਾਲ
ਪ੍ਰਧਾਨ ਪੰਜ ਆਬ ਜ਼ਿਲ੍ਹਾ ਪ੍ਰੈੱਸ ਕੱਲਬ ਬਰਨਾਲਾ 99142-58142

ਕੁਲਦੀਪ ਸਿੰਘ ਗਰੇਵਾਲ
ਜਨਰਲ ਸਕੱਤਰ ਪੰਜ ਆਬ ਜ਼ਿਲ੍ਹਾ ਪ੍ਰੈੱਸ ਕੱਲਬ ਬਰਨਾਲਾ 98887-41007

ਕਪਿਲ ਗਰਗ
ਖ਼ਜ਼ਾਨਚੀ ਪੰਜ ਆਬ ਜ਼ਿਲ੍ਹਾ ਪ੍ਰੈੱਸ ਕੱਲਬ ਬਰਨਾਲਾ 70095-03003

ਦਵਿੰਦਰ ਦੇਵ
ਸੀਨੀ.ਮੀਤ ਪ੍ਰਧਾਨ
ਪੰਜ ਆਬ ਜ਼ਿਲ੍ਹਾ ਪ੍ਰੈੱਸ ਕੱਲਬ

ਬਲਵਿੰਦਰ ਸ਼ਰਮਾ
ਮੀਤ ਪ੍ਰਧਾਨ
ਪੰਜ ਆਬ ਜ਼ਿਲ੍ਹਾ ਪ੍ਰੈੱਸ ਕੱਲਬ

ਲਖਵਿੰਦਰ ਸ਼ਰਮਾ
ਸੀਨੀ.ਮੀਤ ਪ੍ਰਧਾਨ
ਪੰਜ ਆਬ ਜ਼ਿਲ੍ਹਾ ਪ੍ਰੈੱਸ ਕੱਲਬ

ਵਿਵੇਕ ਸਿੰਧਵਾਨੀ
ਸਰਪ੍ਰਸਤ

ਯਾਦਵਿੰਦਰ ਸਿੰਘ ਭੁੱਲਰ
ਚੇਅਰਮੈਨ

ਚਮਕੌਰ ਸਿੰਘ ਗੱਗੀ
ਦਫ਼ਤਰ ਸਕੱਤਰ

ਅਮਜ਼ਦ ਖਾਨ ਦੁੱਗਾਂ
ਪ੍ਰੈੱਸ ਸਕੱਤਰ

ਕਰਨਪ੍ਰੀਤ ਧੰਦਰਾਲ
ਪ੍ਰੈੱਸ ਸਕੱਤਰ

ਦਰਸ਼ਨ ਸਿੰਘ ਖੇੜੀ ਸ਼ੇਰਪੁਰ
ਜਥੇਬੰਦਕ ਸਕੱਤਰ

ਨਵਦੀਪ ਸੇਖਾ
ਸਹਾਇਕ ਖ਼ਜ਼ਾਨਚੀ

ਮਨਿੰਦਰ ਸਿੰਘ
ਸਹਾਇਕ ਸਕੱਤਰ

ਸ਼ਾਮ ਲਾਲ ਗਰਗ
ਸਰਪ੍ਰਸਤ

ਮੋਹਿਤ ਸਿੰਗਲਾ
ਜਥੇਬੰਦਕ ਸਕੱਤਰ

ਸਨੀ ਸਦਿਓੜਾ
ਸਕੱਤਰ ਕਮ ਪੀ.ਆਰ.ਓ. ਧਨੌਲਾ

ਕਰਮਜੀਤ ਸਿੰਘ ਸਾਗਰ
ਸਹਾਇਕ ਸਕੱਤਰ

ਸਤਪਾਲ ਕਾਲਾਬੂਲਾ
ਪੀ.ਆਰ.ਓ. ਸ਼ੇਰਪੁਰ

ਜਸਵੀਰ ਸਿੰਘ ਜੱਸਾ ਮਾਣਕੀ
ਪੀ.ਆਰ.ਓ. ਮਹਿਲ ਕਲਾਂ

ਮਹਿਮੂਦ ਮਨਸੂਰੀ
ਸਹਾਇਕ ਸਕੱਤਰ

ਸੁਖਵਿੰਦਰ ਪਲਾਹਾ
ਪੀ.ਆਰ.ਓ. ਭਦੌੜ

ਰਾਕੇਸ਼ ਕੁਮਾਰ ਜੇਠੀ
ਪੀ.ਆਰ.ਓ. ਹੰਡਿਆਇਆ

ਧਰਮਿੰਦਰ ਸਿੰਘ ਧਾਲੀਵਾਲ
ਸਹਾਇਕ ਸਕੱਤਰ

### ਅਨੁਸ਼ਾਸਨ ਕਮੇਟੀ

ਤਨਵੀਰ ਸਿੰਘ ਦਾਨੀ

ਕਮਲਜੀਤ ਸਿੰਘ ਮਾਨ

ਭੂਸ਼ਨ ਘੜੈਲਾ

ਯੋਗੇਸ਼ ਸ਼ਰਮਾ

ਸੰਜੀਵ ਗਰਗ ਕਾਲੀ

ਤੁਸ਼ਾਰ ਸ਼ਰਮਾ

ਸੁਖਵਿੰਦਰ ਸਿੰਘ ਧਾਲੀਵਾਲ
ਪੀ.ਆਰ.ਓ. ਸ਼ਹਿਣਾ

ਲੁਭਾਸ਼ ਸਿੰਗਲਾ
ਪੀ.ਆਰ.ਓ. ਤਪਾ

ਤੇਜਿੰਦਰ ਸ਼ਰਮਾ
ਸਹਾਇਕ ਪੀ.ਆਰ.ਓ.ਭਦੌੜ

ਅਮਨਦੀਪ ਸਿੰਘ ਰਾਠੌੜ
ਸਹਾਇਕ ਸਕੱਤਰ

ਹਰਮਨਜੀਤ ਸਿੰਘ

ਦੀਪਕ ਬਾਂਸਲ

ਬੇਅੰਤ ਸਿੰਘ ਧਾਲੀਵਾਲ ਬਖਤਗੜ੍ਹ

ਰਾਕੇਸ਼ ਗਰਗ ਮਾੜੀ

ਵਿਕਾਸ਼ ਗਰਗ

ਅਮਨਦੀਪ ਸਿੰਘ

ਬਲਵਿੰਦਰ ਸਿੰਘ ਛੰਨਾ

ਰਾਜੂ ਸਿੰਘ ਮਹਿਰਾ

ਅਮਨਦੀਪ ਸਿੰਘ ਭਟੋਏ

ਵਿਕਰਮ ਸਿੰਘ ਗਿੱਲ

ਜਨਕ ਰਾਜ ਗੋਇਲ

ਗੋਪਾਲ ਮਿੱਤਲ

ਜਤਿੰਦਰ ਗਰਗ ਭਦੌੜ

ਵੀਰਪਾਲ ਕੌਰ

ਗੁਰਪ੍ਰੀਤ ਸਿੰਘ ਹੰਡਿਆਇਆ

ਤੁਸ਼ਾਰ ਅਰੀਆ ਗੋਇਲ

ਹਿਮਾਂਸ਼ੂ ਗਰਗ

ਹਰਦੀਪ ਸਿੰਘ ਹੈਰੀ ਧਨੌਲਾ

ਪ੍ਰਦੀਪ ਕੁਮਾਰ ਮਿੱਤਲ

ਗੁਰਜੀਤ ਸਿੰਘ ਸਿੱਧੂ ਫਰਵਾਹੀ

ਸੁਮਿੱਤ ਕੁਮਾਰ ਸਿੰਗਲਾ

ਹਰਪ੍ਰੀਤ ਸ਼ਰਮਾ

**ਜਾਰੀ ਕਰਤਾ : - ਸੁਖਵਿੰਦਰ ਸਿੰਘ ਭੰਡਾਰੀ ਸਰਪ੍ਰਸਤ ਪੰਜ ਆਬ ਜ਼ਿਲ੍ਹਾ ਪ੍ਰੈੱਸ ਕਲੱਬ ਬਰਨਾਲਾ ਸੰਪਰਕ 98760-90942**
















# ਵਿਸਾਖੀ ਮੌਕੇ ਵੈਨਕੂਵਰ 'ਚ ਸਜਾਇਆ ਵਿਸ਼ਾਲ ਨਗਰ ਕੀਰਤਨ

## ਬੀ.ਸੀ. ਦੇ ਪ੍ਰੀਮੀਅਰ ਡੇਵਿਡ ਐਬੀ ਵੱਲੋਂ ਕੀਤੀ ਗਈ ਖਾਸ ਤੌਰ 'ਤੇ ਸ਼ਿਰਕਤ

## ਚੜ੍ਹਦੀਕਲਾ ਟਾਈਮ ਟੀ.ਵੀ. ਵੱਲੋਂ ਰਵੀ ਕਾਂਤ ਸ਼ਰਮਾ ਨੇ ਨਿਭਾਈ ਵਿਸ਼ੇਸ਼ ਕਵਰੇਜ ਦੀ ਸੇਵਾ












ਵੈਨਕੂਵਰ, 13 ਅਪਰੈਲ (ਰਵੀ ਕਾਂਤ ਸ਼ਰਮਾ) : ਖਾਲਸਾ ਦੀਵਾਨ ਸੁਸਾਇਟੀ ਰੌਸ ਸਟਰੀਟ ਵੈਨਕੂਵਰ ਵੱਲੋਂ ਹਰ ਸਾਲ ਦੀ ਤਰ੍ਹਾਂ ਵਿਸਾਖੀ ਨਗਰ ਕੀਰਤਨ ਸਜਾਇਆ ਗਿਆ। 46 ਸਾਲ ਪਹਿਲਾਂ 1979 ਵਿੱਚ ਸ਼ੁਰੂ ਹੋਇਆ ਵਿਸਾਖੀ ਨਗਰ ਕੀਰਤਨ ਵਿਸਾਖੀ ਤੋਂ ਪਹਿਲੇ ਐਤਵਾਰ ਨੂੰ ਸਜਾਇਆ ਜਾਂਦਾ ਹੈ।

ਗੁਰਦੁਆਰਾ ਸਾਹਿਬ ਵਿਖੇ ਸਜੇ ਦੀਵਾਨ ਤੋਂ ਬਾਅਦ ਨਗਰ ਕੀਰਤਨ ਦੀ ਅਰੰਭਤਾ ਅਰਦਾਸ ਕੀਤੀ ਗਈ। ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਬੜੇ ਮਨਮੋਹਕ ਢੰਗ ਨਾਲ ਸਜਾਈ ਗਈ ਪਾਲਕੀ ਵਿਚ ਬਿਰਾਜਮਾਨ ਕਰਕੇ ਚੁਫੇਰਿਓਂ ਖੁੱਲ੍ਹੇ ਤੇ ਸਜੇ ਹੋਏ ਵਾਹਨ ਵਿਚ ਸੁਸ਼ੋਭਿਤ ਕੀਤਾ ਗਿਆ, ਜਿਸ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ। ਪ੍ਰਸ਼ਾਸਨ ਵਲੋਂ ਨਗਰ ਕੀਰਤਨ ਦੇ ਨਿਰਧਾਰਿਤ ਰੂਟ ਬਾਰੇ ਲੋਕਾਂ ਨੂੰ ਅਗਾਊਂ ਸੂਚਿਤ ਕਰ ਦਿੱਤਾ ਗਿਆ ਸੀ।

ਦੁਪਹਿਰੇ 11-30 ਵਜੇ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋਇਆ ਨਗਰ ਕੀਰਤਨ ਸ਼ਹਿਰ ਦੀ ਰੌਸ ਸਟਰੀਟ, ਮਰੀਨ ਡਰਾਈਵ, ਮੇਨ ਸਟਰੀਟ, 49 ਸਟਰੀਟ ਤੋਂ ਮੁੜ ਕੇ ਫਰੇਜਰ ਸਟਰੀਟ ਰਸਤੇ ਹੁੰਦੇ ਹੋਏ ਸ਼ਾਮ ਨੂੰ ਵਾਪਸ ਗੁਰਦੁਆਰਾ ਸਾਹਿਬ ਪਹੁੰਚ ਕੇ ਸਮਾਪਤ ਹੋਇਆ। ਨਗਰ ਕੀਰਤਨ ਦੌਰਾਨ ਵੈਨਕੂਵਰ ਪੁਲਿਸ ਟੁਕੜੀ ਵੱਲੋਂ ਵੀ ਸਲਾਮੀ ਦਿੱਤੀ ਗਈ ਤੇ ਬੈਂਡ ਧੁਨਾਂ ਨਾਲ ਸਵਾਗਤ ਕੀਤਾ ਗਿਆ। ਗਤਕਾ ਪਾਰਟੀਆਂ ਨੇ ਵੀ ਆਪਣੇ ਜੌਹਰ ਵਿਖਾਏ। ਸਾਰੇ ਰਸਤੇ 'ਚ ਸ਼ਰਧਾਲੂਆਂ ਨੇ ਵੱਖ ਵੱਖ ਸਵਾਦੀ ਪਕਵਾਨਾਂ ਦੇ ਲੰਗਰ ਲਾਏ ਹੋਏ ਸਨ। ਹਜ਼ਾਰਾਂ ਦੀ ਗਿਣਤੀ ਵਿਚ ਸੰਗਤ ਗੁਰਬਾਣੀ ਜਾਪ ਕਰਦੀ ਹੋਈ ਨਾਲ-ਨਾਲ ਪੈਦਲ ਚਲ ਰਹੀ ਸੀ। ਇਸ ਮੌਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਅਤੇ ਸ਼ਰਧਾ ਦੇਖਣ ਨੂੰ ਮਿਲੀ।

ਇਸ ਸਾਰੇ ਨਗਰ ਕੀਰਤਨ ਦੀ ਵਿਸ਼ੇਸ਼ ਕਵਰੇਜ਼ ਰੋਜ਼ਾਨਾ ਚੜ੍ਹਦੀਕਲਾ ਅਤੇ ਚੜ੍ਹਦੀਕਲਾ ਟਾਈਮ ਟੀ.ਵੀ. ਵੱਲੋਂ ਰਵੀ ਕਾਂਤ ਸ਼ਰਮਾ ਅਤੇ ਸ੍ਰ. ਓਂਕਾਰ ਸਿੰਘ ਖਾਲਸਾ ਵੱਲੋਂ ਕੀਤੀ ਗਈ। ਜਿਸ ਦੀ ਸੰਗਤਾਂ ਵੱਲੋਂ ਭਰਪੂਰ ਸ਼ਲਾਘਾ ਵੀ ਕੀਤੀ ਗਈ। ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸੁਸਾਇਟੀ ਵੈਨਕੂਵਰ ਦੇ ਪ੍ਰਧਾਨ ਹਰਜੀਤ ਸੋਪਾਲ ਅਤੇ ਜਨਰਲ ਸਕੱਤਰ ਅਮਰਜੀਤ ਸਿੰਘ ਨੇ ਖਾਲਸਾ ਸਾਜਨਾ ਦਿਵਸ ਦੀਆਂ ਸਮੁੱਚੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਅਤੇ ਖਾਲਸਾ ਦੀਵਾਨ ਸੁਸਾਇਟੀ ਵੈਨਕੂਵਰ ਦਾ ਵਿਸ਼ੇਸ਼ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਹਰ ਸਾਲ ਸਜਾਏ ਜਾ ਰਹੇ ਨਗਰ ਕੀਰਤਨ ਨਾਲ ਪੰਜਾਬੀ ਡਾਇਸਪੋਰਾ ਦਾ ਕੈਨੇਡਾ ਵਿਖੇ ਸਨਮਾਨ ਵੱਧ ਰਿਹਾ ਹੈ। ਇਸ ਮੌਕੇ ਸੰਗਤਾਂ ਵੱਲੋਂ ਵੱਖ-ਵੱਖ ਥਾਂਵਾਂ 'ਤੇ ਗੁਰੂ ਕੇ ਲੰਗਰ ਲਗਾਏ ਗਏ ਅਤੇ ਨਗਰ ਦੇ ਰਸਤੇ ਦੀ ਸ਼ਾਨਦਾਰ ਸਜਾਵਟ ਕੀਤੀ ਗਈ। ਇਸ ਮੌਕੇ ਸੈਂਕੜਿਆਂ ਦੀ ਗਿਣਤੀ 'ਚ ਵਲੰਟੀਅਰਾਂ ਨੇ ਨਗਰ ਕੀਰਤਨ ਦੀ ਵਿਵਸਥਾ ਵਿੱਚ ਸੇਵਾ ਕੀਤੀ। ਜਗਜੀਤ ਸੰਘੇੜਾ ਮੀਤ ਪ੍ਰਧਾਨ ਖਾਲਸਾ ਦੀਵਾਨ ਸੁਸਾਇਟੀ ਵੈਨਕੂਵਰ ਨੇ ਦੱਸਿਆ ਕਿ ਨਗਰ ਕੀਰਤਨ ਦੀ ਸ਼ੁਰੂਆਤ ਤੋਂ ਪਹਿਲਾ ਪੰਜ ਪਿਆਰਿਆਂ ਦੀ ਅਗਗਵਾਈ 'ਚ ਨਿਸ਼ਾਨ ਸਾਹਿਬ ਦੀ ਸੇਵਾ ਵੀ ਕੀਤੀ ਗਈ। ਮੈਂਬਰ ਪਾਰਲੀਮੈਂਟ ਰਣਦੀਪ ਸਰਾਏ ਤੇ ਸੁੱਖ ਧਾਲੀਵਾਲ ਨੇ ਕੀਤਾ ਸੰਗਤਾਂ ਦਾ ਸਵਾਗਤ। ਉਨ੍ਹਾਂ ਕਿਹਾ ਕਿ ਲਿਬਰਲ ਸਰਕਾਰ ਹਮੇਸ਼ਾ ਪੰਜਾਬੀ ਭਾਈਚਾਰੇ ਅਤੇ ਇਮੀਗਰੈਂਟਸ ਦੇ ਨਾਲ ਖੜੀ ਰਹੀ ਹੈ ਅਤੇ ਹਰ ਤਰ੍ਹਾਂ ਦੀ ਉਨ੍ਹਾਂ ਨੂੰ ਸਹਾਇਤਾ ਦਿੰਦੀ ਰਹੀ ਹੈ, ਕੈਨੇਡਾ ਦੀ ਤਰੱਕੀ 'ਚ ਲਿਬਰਲ ਸਰਕਾਰ ਦਾ ਬਹੁਤ ਵੱਡਾ ਯੋਗਦਾਨ ਹੈ। ਹਜ਼ਾਰਾਂ ਸੰਗਤਾਂ ਨਿਸ਼ਾਨ ਸਾਹਿਬ ਤੇ ਕੈਨੇਡੀਅਨ ਝੰਡੇ ਲੈ ਕੇ ਨਗਰ ਕੀਰਤਨ ਵਿੱਚ ਪਹੁੰਚੀਆਂ।

## ਲੋਕ ਨਿਰਮਾਣ ਵਿਭਾਗ ਵਿੱਚ ਪਾਰਦਰਸ਼ੀ ਪ੍ਰਸ਼ਾਸਨ ਸਦਕਾ ਲਾਗਤਾਂ ਵਿੱਚ ਭਾਰੀ ਕਟੌਤੀ ਹੋਈ: ਹਰਭਜਨ ਸਿੰਘ ਈ.ਟੀ.ਓ.

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਲੋਕ ਨਿਰਮਾਣ ਵਿਭਾਗ ਨੇ ਪਾਰਦਰਸ਼ੀ ਪ੍ਰਸ਼ਾਸਨ ਅਤੇ ਭ੍ਰਿਸ਼ਟਾਚਾਰ ਵਿਰੋਧੀ ਠੋਸ ਕਦਮਾਂ ਲਈ ਵਿੱਢੀ ਮੁਹਿੰਮ ਰਾਹੀਂ ਸ਼ਾਨਦਾਰ ਨਤੀਜੇ ਹਾਸਲ ਕੀਤੇ ਹਨ। ਇਹ ਜਾਣਕਾਰੀ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਇੱਥੇ ਜਾਰੀ ਪ੍ਰੈਸ ਬਿਆਨ ਰਾਹੀਂ ਦਿੱਤੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਹਾਲ ਹੀ ਵਿੱਚ ਕੀਤੇ ਅੰਕੜਿਆਂ ਦੇ ਵਿਸ਼ਲੇਸ਼ਣ ਤੋਂ ਸਪੱਸ਼ਟ ਤੌਰ 'ਤੇ ਪਤਾ ਚਲਦਾ ਹੈ ਕਿ ਠੇਕੇਦਾਰ ਹੁਣ ਵੱਧ ਤੋਂ ਵੱਧ ਰਿਬੇਟ ਦੇ ਨਾਲ ਟੈਂਡਰ ਜਮ$ਹਾ ਕਰ ਰਹੇ ਹਨ, ਜਿਸ ਦੇ ਨਤੀਜੇ ਵਜੋਂ ਲਾਗਤਾਂ ਵਿੱਚ ਭਾਰੀ ਕਟੌਤੀ ਹੋ ਰਹੀ ਹੈ ਜੋ ਸੂਬੇ ਦੇ ਅਰਥਚਾਰੇ ਲਈ ਕਾਫੀ ਲਾਹੇਬੰਦ ਹੈ। ਸਾਲ 2021-22 ਦੇ ਮੁਕਾਬਲੇ ਵੱਖ-ਵੱਖ ਪ੍ਰੋਜੈਕਟ ਵਰਗ ਵਿੱਚ ਰਿਬੇਟ ਦੀ ਫੀਸਦ ਵਿੱਚ ਸਾਲ-ਦਰ-ਸਾਲ ਹੋਏ ਪ੍ਰਭਾਵਸ਼ਾਲੀ ਸੁਧਾਰਾਂ 'ਤੇ ਚਾਨਣਾ ਪਾਉਂਦਿਆਂ, ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪਲਾਨ ਰੋਡ ਦੇ ਕੰਮਾਂ ਸਬੰਧੀ ਛੋਟਾਂ ਵਿੱਚ 3 ਫੀਸਦ ਤੋਂ 19.73 ਫੀਸਦ ਤੱਕ ਵਾਧਾ ਹੋਇਆ ਹੈ, ਨਾਬਾਰਡ ਪ੍ਰੋਜੈਕਟ ਦੇ ਕੰਮਾਂ ਸਬੰਧੀ ਛੋਟਾਂ ਵਿੱਚ 8.56 ਫੀਸਦ ਤੋਂ 24.91 ਫੀਸਦ ਤੱਕ ਵਾਧਾ, ਨੈਸ਼ਨਲ ਹਾਈਵੇ ਦੇ ਕੰਮਾਂ ਸਬੰਧੀ ਛੋਟਾਂ ਵਿੱਚ 19.2 ਫੀਸਦ ਤੋਂ 27.42 ਫੀਸਦ ਵਾਧਾ ਹੋਇਆ ਹੈ ਅਤੇ ਸੀ.ਆਈ.ਆਰ.ਐਫ. ਪ੍ਰੋਜੈਕਟਾਂ ਦੀ ਛੋਟ 2.8 ਫੀਸਦ ਤੋਂ 27.69 ਫੀਸਦ ਹੋ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸੁਧਾਰਾਂ ਦੇ ਨਤੀਜੇ ਵਜੋਂ ਟੈਂਡਰ ਅਲਾਟਮੈਂਟ ਸਮੇਂ ਵਿੱਤੀ ਸਾਲ 2024-25 ਦੌਰਾਨ ਕੁੱਲ 234.78 ਕਰੋੜ ਰੁਪਏ ਦੀ ਬਚਤ ਹੋਈ ਹੈ ਅਤੇ ਪਿਛਲੇ ਕੁਝ ਸਾਲਾਂ ਵਿੱਚ ਰਿਬੇਟ ਵਿੱਚ ਵਾਧਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਦਕਾ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਲੋਕਾਂ ਦਾ ਵਿਸ਼ਵਾਸ ਵਧ ਰਿਹਾ ਹੈ ਅਤੇ ਅਸੀਂ ਪਾਰਦਰਸ਼ਤਾ ਅਤੇ ਪ੍ਰਭਾਵੀ ਸ਼ਾਸਨ ਲਈ ਵਚਨਬੱਧ ਹਾਂ।

## ਨਗਰ ਸੁਧਾਰ ਟਰੱਸਟਾਂ ਦੇ ਅਲਾਟੀਆਂ ਲਈ ਗੈਰ-ਨਿਰਮਾਣ ਫੀਸ ਅਤੇ ਬਕਾਇਆ ਅਲਾਟਮੈਂਟ ਰਕਮ ਸਬੰਧੀ ਯਕਮੁਸ਼ਤ ਰਾਹਤ ਨੀਤੀ ਨੂੰ ਦਿੱਤੀ ਪ੍ਰਵਾਨਗੀ: ਡਾ. ਰਵਜੋਤ ਸਿੰਘ

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇੱਕ ਮਹੱਤਵਪੂਰਨ ਫੈਸਲਾ ਕਰਦਿਆਂ ਸੂਬੇ ਦੇ ਨਗਰ ਸੁਧਾਰ ਟਰੱਸਟਾਂ ਦੇ ਅਲਾਟੀਆਂ ਲਈ ਗੈਰ-ਨਿਰਮਾਣ ਫੀਸ ਅਤੇ ਬਕਾਇਆ ਅਲਾਟਮੈਂਟ ਰਕਮ ਸਬੰਧੀ ਯਕਮੁਸ਼ਤ ਰਾਹਤ (ਓ.ਟੀ.ਆਰ.) ਦੇਣ ਦੀ ਨੀਤੀ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਫੈਸਲੇ ਨਾਲ ਅਲਾਟੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਉਨ੍ਹਾਂ ਦਾ ਵਿਆਜ ਮੁਆਫ਼ ਹੋਵੇਗਾ। ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਸਰਕਾਰ ਨੇ ਲੋਕ ਹਿੱਤ ਨੂੰ ਧਿਆਨ 'ਚ ਰੱਖਦਿਆਂ ਨਗਰ ਸੁਧਾਰ ਟਰੱਸਟਾਂ ਦੀਆਂ ਰਿਹਾਇਸ਼ੀ ਅਤੇ ਵਪਾਰਕ ਪ੍ਰਾਪਰਟੀਆਂ ਦੇ ਅਲਾਟੀਆਂ ਤੋਂ ਬਕਾਇਆ ਰਹਿੰਦੀ ਰਕਮ ਜਮ$ਹਾਂ ਕਰਾਉਣ ਲਈ ਯਕਮੁਸ਼ਤ ਰਾਹਤ ਨੀਤੀ (ਓ.ਟੀ.ਆਰ.) ਪ੍ਰਵਾਨ ਕੀਤੀ ਹੈ ਤਾਂ ਜੋ ਆਮ ਲੋਕਾਂ ਨੂੰ ਉਨ੍ਹਾਂ ਦੀਆਂ ਪ੍ਰਾਪਰਟੀਆਂ ਦੀ ਬਕਾਇਆ ਰਕਮ ਜਮ$ਹਾਂ ਕਰਵਾਉਣ ਦਾ ਮੌਕਾ ਮਿਲ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਯਕਮੁਸ਼ਤ ਰਾਹਤ ਨੀਤੀ ਦੀਆਂ ਕੁੱਝ ਸ਼ਰਤਾਂ ਨਿਰਧਾਰਤ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਪਾਲਣ ਕਰਨਾ ਜ਼ਰੂਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਅਲਾਟੀਆਂ ਨੂੰ ਅਲਾਟਮੈਂਟ ਪੱਤਰ ਜਾਰੀ ਹੋਣ ਦੀ ਮਿਤੀ ਤੋਂ 15 ਸਾਲ ਤੋਂ ਘੱਟ ਜਾਂ 15 ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਾ ਹੈ, ਨੂੰ ਬਣਦੀ ਗੈਰ ਨਿਰਮਾਣ ਫੀਸ ਦੀ ਕੁੱਲ (ਮੂਲ ਰਕਮ ਜਮ$ਹਾਂ ਵਿਆਜ) 'ਤੇ 50 ਫੀਸਦੀ ਛੋਟ ਦਿੱਤੀ ਗਈ ਹੈ।ਇਸੇ ਤਰ੍ਹਾਂ ਸਬੰਧਤਾਂ ਦੀ 15 ਸਾਲ ਤੋਂ ਵੱਧ ਸਮੇਂ ਦੀ ਬਣਦੀ ਗੈਰ ਨਿਰਮਾਣ ਫੀਸ, ਰਿਜ਼ਰਵ ਰੇਟ ਦੇ 5 ਫੀਸਦੀ ਦੀ ਦਰ ਨਾਲ ਮੁਕੱਰਰ ਕੀਤੀ ਜਾਵੇਗੀ।

## ਖਾਲਸਾ ਪੰਥ ਦੀ ਸਥਾਪਨਾ ਨੇ ਲੋਕਾਂ ਵਿੱਚ ਹਿੰਮਤ ਅਤੇ ਬਲਿਦਾਨ ਦੀ ਭਾਵਨਾ ਪੈਦਾ ਕੀਤੀ : ਸੈਣੀ

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.) : ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 13 ਅਪ੍ਰੈਲ, 1699 ਨੂੰ ਖਾਲਸਾ ਪੰਥ ਦੀ ਸਥਾਪਨਾ ਕਰ ਕੇ ਲੋਕਾਂ ਵਿੱਚ ਹਿੰਮਤ ਅਤੇ ਬਲਿਦਾਨ ਦੇ ਨਾਲ ਜੀਣ ਦੀ ਭਵਾਨਾ ਪੈਦਾ ਕੀਤੀ। ਉਨ੍ਹਾਂ ਨੇ ਵੀਰਤਾ ਅਤੇ ਵੀਰ ਭਾਵਨਾ ਨੂੰ ਅਧਿਆਤਮਕ ਸੋਚ ਦੇ ਨਾਲ ਜੋੜ ਕੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਦਿੱਤੀ।

ਮੁੱਖ ਮੰਤਰੀ ਅੱਜ ਵਿਸਾਖੀ ਦੇ ਮੌਕੇ ਤੇ ਗੁਰੂਗ੍ਰਾਮ ਦੇ ਸਾਊਥ ਸਿਟੀ-1 ਸਥਿਤ ਗੁਰੂਦੁਆਰਾ ਵਿੱਚ ਸਾਧ ਸੰਗਤ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਤੇ ਮੁੱਖ ਮੰਤਰੀ ਨੇ ਗੁਰੂਦੁਆਰੇ ਵਿੱਚ ਮੱਥਾ ਟੇਕਿਆ ਅਤੇ ਸਾਰਿਆਂ ਨੂੰ ਪਵਿੱਤਰ ਦਿਨ ਦੀ ਵਧਾਈ ਦਿੱਤੀ।

ਉਨ੍ਹਾਂ ਨੇ ਕਿਹਾ ਕਿ ਵਿਸਾਖੀ ਇੱਕ ਬਹੁਤ ਹੀ ਸੁੰਦਰ ਤਿਊਹਾਰ ਹੈ, ਜਿਸ ਨੂੰ ਪੂਰੇ ਉੱਤਰ ਭਾਰਤ ਵਿੱਚ ਬਹੁਤ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਵਿਸਾਖੀ ਦਾ ਤਿਊਹਾਰ ਵੱਖ-ਵੱਖ ਸੂਬਿਆਂ ਵਿੱਚ ਵੱਖ-ਵੱਖ ਨਾਮਾਂ ਨਾਲ ਜਾਣਿਆ ਜਾਂਦਾ ਹੈ। ਖਰੀਫ ਦੀ ਫਸਲ ਪੱਕਣ ਦੀ ਖੁਸ਼ੀ ਦਾ ਪ੍ਰਤੀਕ ਹੋਣ ਦੇ ਕਾਰਨ ਇਹ ਤਿਊਹਾਰ ਕਿਸਾਨਾਂ ਲਈ ਬਹੁਤ ਮਹਤੱਵ ਰੱਖਦਾ ਹੈ।ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕੁਰੂਕਸ਼ੇਤਰ ਵਿੱਚ 4 ਏਕੜ ਖੇਤਰ ਵਿੱਚ ਸਿੱਖ ਅਜਾਇਬਘਰ ਸਥਾਪਿਤ ਕੀਤਾ ਜਾਵੇਗਾ, ਤਾਂ ਜੋ ਸਿੱਖ ਕਮਿਊਨਿਟੀ ਆਪਣੇ ਇਤਿਹਾਸ ਨਾਲ ਜੁੜੀ ਰਹਿ ਸਗੇ ਅਤੇ ਆਉਣ ਵਾਲੀ ਪੀੜੀਆਂ ਨੂੰ ਸਾਡੇ ਗੁਰੂਆਂ ਦੇ ਮਹਾਨ ਬਲਿਦਾਨਾਂ ਦੇ ਬਾਰੇ ਵਿੱਚ ਜਾਣਕਾਰੀ ਮਿਲ ਸਕੇ।ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਦਾ ਲਗਾਤਾਰ ਵਿਕਾਸ ਹੋ ਰਿਹਾ ਹੈ ਅਤੇ ਇਹੀ ਕਾਰਨ ਹੈ ਕਿ ਅੱਜ ਹੇਮਕੁੰਟ ਸਾਹਿਬ ਵਰਗੇ ਗੁਰੂਦੁਆਰਿਆਂ ਦੇ ਦਰਸ਼ਨ ਕਰਨ ਬਹੁਤ ਆਸਾਨ ਹੋ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ 14 ਅਪ੍ਰੈਲ ਨੂੰ ਹਰਿਆਣਾ ਆਉਣਗੇ ਅਤੇ ਹਿਸਾਰ ਵਿੱਚ ਮਹਾਰਾਜਾ ਅਗਰਸੇਨ ਹਵਾਈ ਅੱਡੇ ਤੋਂ ਹਵਾਈ ਸੇਵਾ ਦੀ ਸ਼ੁਰੂਆਤ ਕਰਣਗ ਅਤੇ ਯਮੁਨਾਨਗਰ ਵਿੱਚ ਦੀਨਬੰਧੂ ਛੋਟੂ ਰਾਮ ਥਰਮਲ ਪਾਵਰ ਪਲਾਂਟ ਦੀ ਤੀਜੀ ਯੂਨਿਟ ਦਾ ਨੀਂਹ ਪੱਥਰ ਰੱਖਣਗੇ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਪੰਜਾਬ ਦੇ ਆਨੰਦਪੁਰ ਸਾਹਿਬ ਦਾ ਵੀ ਦੌਰਾ ਕੀਤਾ ਅਤੇ ਵਿਸਾਖੀ ਦੇ ਮੌਕੇ ਤੇ ਉੱਥੇ ਗੁਰੂਦੁਆਰੇ ਵਿੱਚ ਮੱਥਾ ਟੇਕਿਆ।

## ਗੁਲਾਬ ਚੰਦ ਕਟਾਰੀਆ ਵੱਲੋਂ ਲੋਕਾਂ ਨੂੰ ਅੰਬੇਡਕਰ ਜਯੰਤੀ ਦੀ ਵਧਾਈ

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਅੰਬੇਡਕਰ ਜਯੰਤੀ ਦੀ ਪੂਰਵ ਸੰਧਿਆ ਤੇ ਦੇਸ਼ ਅਤੇ ਵਿਦੇਸ਼ ਵਿੱਚ ਵਸਦੇ ਸਾਰੇ ਪੰਜਾਬੀਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਹਨ।
ਬਾਬਾ ਸਾਹਿਬ ਦੇ ਜਨਮ ਦਿਵਸ ਤੇ ਜਾਰੀ ਆਪਣੇ ਸੰਦੇਸ਼ ਵਿੱਚ ਸ੍ਰੀ ਕਟਾਰੀਆ ਨੇ ਕਿਹਾ ਕਿ ਬਾਬਾ ਸਾਹਿਬ ਨੇ ਹਮੇਸ਼ਾ ਸਾਡੇ ਲੋਕਾਂ ਦੇ ਹਿੱਤਾਂ ਅਤੇ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤੀ ਸਮੱਸਿਆਵਾਂ ਦਾ ਹੱਲ ਭਾਰਤੀ ਢੰਗ-ਤਰੀਕਿਆ ਅਤੇ ਭਾਰਤੀ ਭਾਵਨਾ ਨਾਲ ਕਰਨ 'ਤੇ ਜ਼ੋਰ ਦਿੱਤਾ। ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੇ ਸੰਵਿਧਾਨ ਦਾ ਖਰੜਾ ਤਿਆਰ ਕਰਨ ਵਿੱਚ ਉਨ੍ਹਾਂ ਦਾ ਯੋਗਦਾਨ ਵਿਲੱਖਣ ਹੈ। ਬਾਬਾ ਸਾਹਿਬ ਦਾ ਪੂਰਾ ਜੀਵਨ ਸਮਾਜਿਕ ਨਿਆਂ, ਸਮਾਨਤਾ ਅਤੇ ਗਰੀਬਾਂ ਤੇ ਦੱਬੇ-ਕੁਚਲੇ ਲੋਕਾਂ ਦੇ ਉਦਾਰ ਵਰਗੇ ਉਦੇਸ਼ਾਂ ਲਈ ਸਮਰਪਿਤ ਸੀ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦਾ ਗਰੀਬ ਤੇ ਦੱਬੇ-ਕੁਚਲੇ ਵਰਗ ਨੂੰ ਸਸ਼ਕਤ ਕਰਨ ਦਾ ਨੇਕ ਕਾਰਜ ਮਿਸਾਲੀ ਸੀ ਅਤੇ ਉਨ੍ਹਾਂ ਵੱਲੋਂ ਗਰੀਬਾਂ ਅਤੇ ਹਾਸ਼ੀਏ ਵੱਲ ਧੱਕੇ ਲੋਕਾਂ ਦੇ ਹੱਕਾਂ ਲਈ ਲੜਨਾ ਸਾਡੇ ਲਈ ਹਮੇਸ਼ਾ ਪ੍ਰੇਰਨਾਸਰੋਤ ਰਹੇਗਾ। ਉਨ੍ਹਾਂ ਇਹ ਵੀ ਕਿਹਾ ਕਿ ਡਾ. ਅੰਬੇਡਕਰ ਦੇ ਵਿਚਾਰਾਂ ਨੇ ਸਾਨੂੰ ਸਿਖਾਇਆ ਕਿ ਆਰਥਿਕ ਸਸ਼ਕਤੀਕਰਨ ਅਤੇ ਉੱਦਮ, ਸਮਾਜਿਕ-ਆਰਥਿਕ ਸਸ਼ਕਤੀਕਰਨ ਦੇ ਮੁੱਖ ਥੰਮ੍ਹ ਹਨ। ਰਾਜਪਾਲ ਨੇ ਹੱਕ-ਸੱਚ ਅਤੇ ਸਮਾਜਿਕ-ਆਰਥਿਕ ਬਰਾਬਰਤਾ ਦੀ ਭਾਵਨਾ ਨਾਲ ਲੋਕਾਂ ਨੂੰ ਅੰਬੇਡਕਰ ਜਯੰਤੀ ਮਨਾਉਣ ਦੀ ਅਪੀਲ ਕੀਤੀ।

## ਬਾਜਵਾ ਨੂੰ ਜ਼ਿੰਮੇਵਾਰ ਵਿਰੋਧੀ ਧਿਰ ਦੇ ਆਗੂ ਦੀ ਭੂਮਿਕਾ ਨਿਭਾਉਣੀ ਚਾਹੀਦੀ ਹੈ : ਚੀਮਾ

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਦਿੱਤੇ ਬਿਆਨ ਉਤੇ ਸਖ਼ਤ ਪ੍ਰਤੀਕਿਰਿਆ ਜ਼ਾਹਰ ਕੀਤੀ ਹੈ। ਸ. ਚੀਮਾ ਨੇ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਸੰਵਿਧਾਨਿਕ ਅਹੁਦੇ ਉੱਤੇ ਬੈਠੇ ਹਨ ਅਤੇ ਉਹਨਾਂ ਨੂੰ ਤੁਰੰਤ ਇਸ ਬਾਰੇ ਪੁਖਤਾ ਜਾਣਕਾਰੀ ਲੋਕਾਂ ਦੀ ਸੁਰੱਖਿਆ ਹਿਤ ਪੰਜਾਬ ਪੁਲਿਸ ਨੂੰ ਦੇਣੀ ਚਾਹੀਦੀ ਹੈ। ਉਹਨਾਂ ਇਹ ਵੀ ਕਿਹਾ ਕਿ ਇਹ ਸਾਰਾ ਸਾਬਤ ਕਰਦਾ ਹੈ ਕਿ ਪ੍ਰਤਾਪ ਸਿੰਘ ਬਾਜਵਾ ਦੇ ਸਬੰਧ ਪਾਕਿਸਤਾਨ ਦੇ ਤਸਕਰਾਂ ਨਾਲ ਹਨ ਅਤੇ ਪਾਕਿਸਤਾਨ ਦੇ ਉਹਨਾਂ ਲੋਕਾਂ ਨਾਲ ਹਨ ਜਿਹੜੇ ਪੰਜਾਬ ਵਿੱਚ ਅਮਨ ਸ਼ਾਂਤੀ ਭੰਗ ਕਰਨਾ ਚਾਹੁੰਦੇ ਹਨ ਅਤੇ ਕਾਨੂੰਨ ਨੂੰ ਤੋੜਨਾ ਚਾਹੁੰਦੇ ਹਨ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਬਿਆਨ ਮੰਦ ਭਾਵਨਾ ਨਾਲ ਦਿੱਤਾ ਗਿਆ ਹੈ ਜੋ ਕਿ ਘਟੀਆ ਰਾਜਨੀਤਿਕ ਸੋਚ ਦਾ ਪ੍ਰਗਟਾਵਾ ਕਰਦਾ ਹੈ। ਉਹਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਹੈ ਕਿ ਇਸ ਬਿਆਨ ਦੀ ਜਾਂਚ ਕਰਕੇ ਕਾਨੂੰਨ ਮੁਤਾਬਿਕ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਬਾਜਵਾ ਨੂੰ ਜ਼ਿੰਮੇਵਾਰ ਵਿਰੋਧੀ ਧਿਰ ਆਗੂ ਦੀ ਭੂਮਿਕਾ ਨਿਭਾਉਣੀ ਚਾਹੀਦੀ ਹੈ ਕਿਉਂਕਿ ਪੰਜਾਬ ਦੇ ਅਮਨ ਅਤੇ ਸ਼ਾਂਤੀ ਨੂੰ ਬਰਕਰਾਰ ਰੱਖਣ ਦੇ ਯਤਨਾਂ ਵਿੱਚ ਸਰਕਾਰ ਦੇ ਨਾਲ ਵਿਰੋਧੀ ਧਿਰ ਦੀ ਜਿੰਮੇਵਾਰੀ ਵੀ ਬਣਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਮੌਕਾ ਪੰਜਾਬ ਵਿੱਚ ਬੜੀ ਮੁਸ਼ਕਿਲ ਨਾਲ ਆਈ ਸ਼ਾਂਤੀ ਨੂੰ ਸੰਭਾਲਣ ਅਤੇ ਪੰਜਾਬ ਵਿਰੋਧੀ ਤਾਕਤਾਂ ਦਾ ਸਮੁੱਚੇ ਤੌਰ 'ਤੇ ਡਟ ਕੇ ਟਾਕਰਾ ਕਰਨ ਦਾ ਹੈ, ਨਾ ਕਿ ਅਜਿਹੇ ਗੈਰ ਜਿੰਮੇਵਾਰਾਨਾ ਬਿਆਨ ਦੇ ਕੇ, ਪੁਲਿਸ ਅਤੇ ਪੰਜਾਬ ਵਾਸੀਆਂ ਦੇ ਹੌਂਸਲੇ ਨੂੰ ਢਾਹ ਲਾਉਣ ਦਾ।





ਆਤਮਾ ਸਿੰਘ ਪਮਾਰ
ਮੋ.89680 56200

## ਡਾ.ਬੀ.ਆਰ ਅੰਬੇਡਕਰ ਸਾਹਿਬ ਜੀ ਦੇ ਬੁੱਤਾਂ ਨਾਲ ਛੇੜ-ਛਾੜ, ਸੌੜੀਆਂ ਸਿਆਸੀ ਅਤੇ ਸ਼ਾਤਰੀ ਸਾਜ਼ਿਸ਼ਾਂ ਦਾ ਸਿੱਟਾ

ਭਾਰਤ ਦੀ ਇਸ ਮਹਾਨ ਧਰਤੀ ਤੇ ਜਦੋਂ ਵੀ ਅੱਤਿਆਚਾਰਾਂ ਅਤੇ ਜ਼ੁਲਮਾਂ ਦੀ ਇੰਤਹਾ ਹੋਈ,ਤਾਂ ਉਸ ਸਮੇਂ ਮਹਾਨ ਗੁਰੂਆਂ, ਪੀਰਾਂ, ਪੈਗੰਬਰਾਂ,ਯੋਧਿਆਂ, ਵਿਦਵਾਨਾਂ ਅਤੇ ਕਾਨੂੰਨ ਦਾਨਾਂ ਦੀ ਪੈਦਾਇਸ਼ ਵੀ ਹੋਈ।ਜਿਨਾਂ ਨੇ ਦੁੱਖਾਂ ਦਰਦਾਂ, ਹਉਕਿਆਂ ਹਿਟਕੋਰਿਆਂ, ਅੱਤਿਆਚਾਰਾਂ ਅਤੇ ਹਾਸ਼ੀਏ ਤੇ ਧੱਕੀ ਮਨੁੱਖਤਾ ਲਈ ਅਸਹਿ ਅਤੇ ਅਕਿਹ, ਕਸ਼ਟ ਸਹਿਣ ਤੋਂ ਵੀ ਅਗਾਂਹ ਲੰਘਦਿਆਂ,ਪਰਿਵਾਰਾਂ ਸਮੇਤ ਕੁਰਬਾਨੀਆਂ ਦੇਣ ਵਰਗੇ ਦਰਦਨਾਕ ਬਿਰਤਾਂਤ ਇਤਿਹਾਸ ਦੇ ਪੰਨਿਆਂ ਤੇ ਸੁਨਹਿਰੀ ਅੱਖਰਾਂ ਵਿੱਚ ਅੰਕਿਤ ਕਰਵਾਏ। ਇਹਨਾਂ ਚੋਂ ਹੀ ਇੱਕ ਨਾਮ ਹੈ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ, ਜੋ ਕਿਸੇ ਜਾਣ ਪਹਿਚਾਣ ਦੇ ਮੁਥਾਜ ਨਹੀਂ।ਡਾ. ਸਾਹਿਬ ਦਾ ਨਾਮ ਸਿਰਫ ਭਾਰਤ ਚ ਹੀ ਨਹੀਂ ਸਗੋਂ ਦੁਨੀਆ ਦੇ ਅੰਬਰ ਤੇ ਧਰੂ ਤਾਰੇ ਵਾਂਗ ਚਮਕਿਆ,ਅਤੇ ਚਮਕ ਵੀ ਰਿਹਾ ਹੈ। ਅਜਿਹੀ ਮਹਾਨ ਸ਼ਖ਼ਸੀਅਤ ਦੇ ਜੀਵਨ ਬਾਰੇ ਪੜ੍ਹ ਸੁਣ ਕੇ ਕਈ ਵਾਰ ਤਾਂ ਜਜ਼ਬਾਤੀ ਹੋ ਕੇ ਮਨ ਵੀ ਭਰ ਆਉਂਦਾ ਹੈ,ਅਤੇ ਐਨ ਉਸੇ ਸਮੇਂ ਹੀ ਉਨਾਂ ਵੱਲੋਂ ਆਪਣੇ ਪਿੰਡੇ ਤੇ ਹੰਢਾਏ ਅਕਹਿ ਸਰੀਰਕ, ਮਾਨਸਿਕ ਦੁੱਖਾਂ ਦਰਦਾਂ ,ਤਸੀਹਿਆਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਲਈ ਕੀਤੇ ਗਏ ਨਿਰਸਵਾਰਥ ਅਤੇ ਭੇਦ ਭਾਵ ਰਹਿਤ ਕਾਰਜਾਂ ਨੂੰ ਯਾਦ ਕਰਦਿਆਂ ਸਿਰ ਫ਼ਖ਼ਰ ਨਾਲ ਉੱਚਾ ਵੀ ਹੋ ਜਾਂਦਾ ਹੈ। ਇਸ ਮਹਾਨ ਰਹਿਬਰ ਦੀ 14 ਅਪ੍ਰੈਲ 1891 ਨੂੰ ਮਹਾਰਾਸ਼ਟਰ ਦੇ ਜ਼ਿਲ੍ਹਾ ਪੂਨਾ ਦੀ ਮਹੂ ਛਉਣੀ ਵਿਖੇ ਸੂਬੇਦਾਰ ਰਾਮ ਜੀ ਸਕਪਾਲ ਦੇ ਘਰ ਅਤੇ ਮਾਤਾ ਭੀਮਾ ਬਾਈ ਦੀ ਸੁਲੱਖਣੀ ਕੁੱਖੋਂ ਪੈਦਾਇਸ਼ ਹੋਈ। ਜੀਵਨ ਦੇ ਅਨਮੋਲ ਅਤੇ ਕੰਡਿਆਲੇ ਸਫ਼ਰ ਦੌਰਾਨ ਇਹਨਾਂ ਨੇ ਮਜਲੂਮਾਂ,ਲਿਤਾੜਿਆਂ ਅਤੇ ਹਾਸ਼ੀ‹ਏ ਤੇ ਧੱਕੀ ਹੋਈ ਮਨੁੱਖਤਾ ਦੀ ਬਿਹਤਰੀ ਲਈ ਆਪਣੇ ਸੰਘਰਸ਼ਾਂ ਅਤੇ ਲਿਖਤਾਂ ਰਾਹੀਂ ਜ਼ਿਕਰਯੋਗ ਸੇਧਾਂ/ ਸਿਧਾਂਤ ਦੁਨਿਆਵੀ ਮੰਚ 'ਦੇ ਸਨਮੁੱਖ ਪੇਸ਼ ਕੀਤੇ। 6 ਦਸੰਬਰ 1956 ਦੀ ਉਹ ਮਨਹੂਸ ਘੜੀ ਸਾਡੇ ਚੇਤਿਆਂ ਚੋਂ ਪਲ ਭਰ ਲਈ ਵੀ ਇੱਧਰ ਉੱਧਰ ਨਹੀਂ ਹੁੰਦੀ ਜਦੋਂ ਸਰੀਰਕ ਅਤੇ ਮਾਨਸਿਕ ਤੌਰ ਤੇ ਬਦਤਰ ਹਾਲਤਾਂ ਵਿੱਚ ਮਨੁੱਖਤਾ ਦਾ ਇਹ ਮਸੀਹਾ ਇਸ ਫਾਨੀ ਸੰਸਾਰ ਤੋਂ, ਜਾਨਵਰਾਂ ਵਰਗਾ ਜੀਵਨ ਬਸਰ ਕਰ ਰਹੇ ਅਤੇ ਨੀਚੇ ਸਮਝੇ ਜਾਣ ਵਾਲੇ ਸਮਾਜ ਨੂੰ ਰੋਂਦਿਆਂ ਕੁਰਲਾਂਦਿਆਂ ਛੱਡ ਕੇ ਸਦਾ ਸਦਾ ਲਈ ਇਸ ਫਾਨੀ ਸੰਸਾਰ ਤੋਂ ਰੁਖ਼ਸਤ ਹੋ ਗਿਆ। ਅੱਜ 134 ਵੇਂ ਆਗਮਨ ਦਿਵਸ ਮੌਕੇ ਉਨਾਂ ਨੂੰ ਸਜਦਾ ਅਤੇ ਨਮਨ ਕਰਦਿਆਂ ਸਮਾਜ ਦੇ ਅਛੂਤ ਕਹਾਉਣ ਵਾਲੇ ਲੋਕ, ਲਿੰਗ ਅਧਾਰਿਤ ਵਿਤਕਰੇ ਦੀਆਂ ਸ਼ਿਕਾਰ ਸਮੁੱਚੀਆਂ ਔਰਤਾਂ, ਮਜ਼ਦੂਰਾਂ ਅਤੇ ਹੋਰ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਲਈ ਕੀਤੇ ਲਾਸਾਨੀ ਭਲਾਈ ਕਾਰਜਾਂ ਤੋਂ ਇਲਾਵਾ ਭਾਰਤੀ ਸੰਵਿਧਾਨ ਦੀ ਸਰੰਚਨਾ ਵਰਗੇ ਅਹਿਮ ਅਤੇ ਇਤਿਹਾਸਿਕ ਮੀਲ ਪੱਥਰ ਗੱਡਣ ਵਰਗੇ ਦਿਸਹਿੱਦਿਆਂ ਦਾ ਵਿਸ਼ੇਸ਼ ਤੌਰ ਤੇ ਜਿਕਰ ਕਰਨਾ ਬੇਹੱਦ ਜਰੂਰੀ ਹੋ ਜਾਂਦਾ ਹੈ। ਬਾਬਾ ਸਾਹਿਬ ਉੱਚ ਕੋਟੀ ਦੇ ਲੇਖਕ, ਫਲਾਸਫਰ, ਬੁਲਾਰੇ ,ਕਾਨੂੰਨਦਾਨ ਅਤੇ ਕੁਸ਼ਲ ਪ੍ਰਸ਼ਾਸਕ ਵਜੋਂ ਜਾਣੇ ਜਾਂਦੇ ਹਨ। ਪ੍ਰੰਤੂ ਅਜੋਕੇ ਸਮਾਜ ਦੇ ਇੱਕ ਵੱਡੇ ਹਿੱਸੇ ਦੇ ਮਨਾਂ ਵਿੱਚ ਇਹ ਧਾਰਨਾ ਪੂਰੀ ਤਰ੍ਹਾਂ ਘਰ ਕਰ ਚੁੱਕੀ ਹੈ ਕਿ ਬਾਬਾ ਸਾਹਿਬ ਸਿਰਫ ਤੇ ਸਿਰਫ਼ ਅਛੂਤਾਂ ਅਤੇ ਦਲਿਤਾਂ ਦੇ ਹੀ ਮਸੀਹਾ ਹਨ। ਜਦੋਂ ਕਿ ਅਜਿਹਾ ਤੌਖਲਾ ਕਿਸੇ ਤਰ੍ਹਾਂ ਵੀ ਤਰਕ ਸੰਗਤ ਨਹੀਂ ਜਾਪਦਾ। ਕਿਉਂਕਿ ਜਦੋਂ ਅਸੀਂ ਉਹਨਾਂ ਦੇ ਸਮੁੱਚੇ ਜੀਵਨ ਅਤੇ ਫਲਸਫੇ ਦਾ ਫਿਰਾਖਦਿਲੀ ਅਤੇ ਨਿਰਪੱਖਤਾ ਨਾਲ ਅਧਿਐਨ ਕਰਦੇ ਹਾਂ ਤਾਂ ਉਕਤ ਧਾਰਨਾਵਾਂ ਦੀ ਪ੍ਰਸੰਗਕਿਤਾ/ ਸਾਰਥਕਿਤਾ ਕਿਧਰੇ ਵੀ ਨਜ਼ਰੀ ਨਹੀਂ ਪੈਂਦੀ।ਡਾ. ਸਾਹਿਬ ਦਾ ਸਮੁੱਚਾ ਜੀਵਨ ਇਸ ਗੱਲ ਦਾ ਸਾਖਸ਼ੀ ਹੈ ਕਿ ਉਨ੍ਹਾਂ ਖ਼ੁਦ ਆਪਣੇ ਮਨ ਮਸਤਕ ਅਤੇ ਪਰਿਵਾਰ'ਤੇ ਮੁਸੀਬਤਾਂ ਦੇ ਵੱਡੇ ਪਹਾੜਾਂ ਨੂੰ ਸਹਿੰਦਿਆਂ ਹਮੇਸ਼ਾ ਹੀ ਸਮਾਜਿਕ , ਆਰਥਿਕ ਅਤੇ ਸੱਭਿਆਚਾਰਕ ਤੌਰ ਤੇ ਲਿਤਾੜੇ ਅਤੇ ਅੱਤਿਆਚਾਰਾਂ ਦੇ ਸ਼ਿਕਾਰ ਵਰਗਾਂ, ਨਾਲ ਚਟਾਨ ਵਾਂਗ ਖੜਨ ਦਾ ਸਿਰਫ਼ ਸਿਧਾਂਤਕ ਹੀ ਨਹੀਂ ਸਗੋਂ ਅਮਲੀ ਰੂਪ ਚ ਵੀ ਦਮ ਭਰਿਆ ਹੈ। ਭਾਵੇਂ ਸਮੇਂ ਸਮੇਂ ਤੇ ਚੱਲੀਆਂ ਸਮਾਜ ਸੁਧਾਰ ਲਹਿਰਾਂ ,ਨੇ ਜਾਤ ਪਾਤ, ਅਮੀਰੀ ਗਰੀਬੀ ਅਤੇ ਵਿਸ਼ੇਸ਼ ਤੌਰ 'ਤੇ ਔਰਤ ਜਾਤੀ 'ਤੇ ਹੁੰਦੇ ਜਬਰ ਅਤੇ ਅੱਤਿਆਚਾਰਾਂ ਦਾ ਆਪਣੀਆਂ ਲਿਖਤਾਂ, ਤਰਕਾਂ ਅਤੇ ਗੋਸ਼ਟੀਆਂ ਆਦਿ ਰਾਹੀਂ ਸਿਧਾਂਤਕ ਤੌਰ 'ਤੇ ਖੰਡਨ ਕੀਤਾ। ਪ੍ਰੰਤੂ ਬਾਬਾ ਸਾਹਿਬ ਡਾ. ਅੰਬੇਡਕਰ ਨੂੰ ਜਿਉਂ ਹੀ ਭਾਰਤੀ ਸੰਵਿਧਾਨ ਦੀ ਰਚੇਤਾ ਖਰੜਾ ਕਮੇਟੀ ਦੇ ਚੇਅਰਮੈਨ ਵਜੋਂ ਜਿੰਮੇਵਾਰੀ ਮਿਲੀ ਤਾਂ ਉਹਨਾਂ ਨੇ ਬਗੈਰ ਕਿਸੇ ਪੱਖਪਾਤ, ਭੇਦ ਭਾਵ ਤੋਂ ਸਮੁੱਚੀ ਔਰਤ ਜਾਤੀ ਨੂੰ ਕਾਨੂੰਨੀ ਤੌਰ ਤੇ ਸਮਾਨਤਾ,, ਮਜ਼ਦੂਰਾਂ ਲਈ ਅੱਠ ਘੰਟੇ ਕੰਮ ਕਰਨ, ਮੁਜ਼ਾਰਿਆਂ ਨੂੰ ਜਾਇਦਾਦ ਦਾ ਹੱਕ, ਔਰਤਾਂ ਲਈ ਬਰਾਬਰ ਕੰਮ, ਬਰਾਬਰ ਤਨਖਾਹ ਦੀ ਵਿਵਸਥਾ,ਤੋਂ ਇਲਾਵਾ ਮਾਪਿਆਂ ਦੀ ਜਾਇਦਾਦ ਚੋਂ ਹਿੱਸੇਦਾਰੀ ਆਦਿ ਗੈਰਬਰਾਬਰੀ, ਤਰਕਹੀਣ ਅਤੇ ਗੈਰ ਮਨੁੱਖੀ ਵਿਵਹਾਰ ਵਰਗੇ ਪੇਚੀਦਾ



ਮਸਲਿਆਂ ਤੋਂ ਇਲਾਵਾ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਸੁਰੱਖਿਆ ਨੂੰ ਵੀ ਭਾਰਤੀ ਸੰਵਿਧਾਨ ਵਿੱਚ ਅੰਕਿਤ ਕੀਤਾ। ਕਾਨੂੰਨੀ ਤੌਰ ਤੇ ਅਜਿਹਾ ਕਰ ਸਕਣਾ ਸਿਰਫ ਤੇ ਸਿਰਫ ਡਾ.ਸਾਹਿਬ ਦੇ ਹਿੱਸੇ ਹੀ ਆਇਆ ਹੈ। ਉਨ੍ਹਾਂ ਦੀ ਦੂਰਅੰਦੇਸ਼ੀ ਹੀ ਸੀ ਕਿ ਉਨ੍ਹਾਂ ਨੇ ਸਦੀਆਂ ਤੋਂ ਮੰਨੂਵਾਦੀ ਵਿਚਾਰਧਾਰਾ ਦੀ ਰੌਸ਼ਨੀ ਵਿੱਚ ਸਿਰਜਤ ਵਰਣ ਵਿਵਸਥਾ ਵਰਗੀ ਅਣਮਨੁੱਖੀ, ਅਤੇ ਦਮਨਕਾਰੀ ਪਹੁੰਚ ਕਾਰਨ ਦੱਬੇ ਕੁਚਲੇ ਦਲਿਤ ਵਰਗ ਨੂੰ ਰਾਜਨੀਤਕ ਅਤੇ ਸਰਕਾਰੀ ਨੌਕਰੀਆਂ ਚ ਕੁੱਝ ਪ੍ਰਤੀਸ਼ਤ ਰਾਖਵਾਂਕਰਨ ਦਾ ਐਕਟ ਬਣਾਇਆ ਤਾਂ ਜੋ ਇਸ ਵਰਗ ਨੂੰ ਵੀ ਸਮਾਜਿਕ ਅਤੇ ਰਾਜਨੀਤਿਕ ਤੌਰ 'ਤੇ ਕੁੱਝ ਹੱਦ ਤੱਕ ਸਮਾਨਤਾ ਦਾ ਅਹਿਸਾਸ ਹੋ ਸਕੇ।ਜਿੰਨਾਂ ਲੋਕਾਂ ਨੂੰ ਸਕੂਲਾਂ,ਕਾਲਜਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਅੱਗੋਂ ਲੰਘਣ ਦੀ ਵੀ ਮਨਾਹੀ ਸੀ ,ਉਹ ਇੰਨ੍ਹਾਂ ਹੀ ਸੰਸਥਾਵਾਂ ਦੇ ਨਿਰਦੇਸ਼ਕਾਂ, ਮੁਖੀਆਂ, ਪ੍ਰੋਫੈਸਰਾਂ ,ਅਧਿਆਪਕਾਂ ਅਤੇ ਹੋਰ ਵਕਾਰੀ ਅਹੁਦਿਆਂ ਤੇ ਸੁਸ਼ੋਭਿਤ ਹੋਏ। ਉਧਰ ਦੂਜੇ ਪਾਸੇ ਰਾਜਨੀਤਿਕ ਖੇਤਰ ਚ ਸੂਬਿਆਂ ਅਤੇ ਕੇਂਦਰ ਸਰਕਾਰਾਂ ਚ ਹੇਠਲੇ ਅਹੁਦਿਆਂ ਤੋਂ ਲੈ ਕੇ ਉੱਚ ਅਹੁਦਿਆਂ ਤੱਕ ਦਾ ਅਨੰਦ ਵੀ ਮਾਣਿਆ ਅਤੇ ਮਾਣ ਰਹੇ ਹਨ।ਹਰ ਵਰਗ ਦੀਆਂ ਔਰਤਾਂ ਜ਼ਿਨ੍ਹਾਂ ਨੂੰ ਮੰਨੂਵਾਦੀ ਵਿਵਸਥਾ ਅਧੀਨ ਪੈਰ ਦੀ ਜੁੱਤੀ ਤੋਂ ਇਲਾਵਾ ਹੋਰ ਪਤਾ ਨਹੀਂ ਕਿਹੜੇ ਕਿਹੜੇ ਵਿਸ਼ੇਸ਼ਣਾਂ ਨਾਲ ਨਿਵਾਜ਼ਿਆ ਜਾਂਦਾ ਸੀ ਵੀ ਲਿੰਗਕ ਸਮਾਨਤਾ ਦੇ ਕਾਨੂੰਨ ਤਹਿਤ ਪ੍ਰਸ਼ਾਸਨਿਕ ਅਤੇ ਵੱਡੀਆਂ ਵੱਡੀਆਂ ਸੰਵਿਧਾਨਕ ਅਤੇ ਰਾਜਨੀਤਿਕ ਪਦਵੀਆਂ ਤੱਕ ਪਹੁੰਚਣ ਦਾ ਮਾਣ ਹਾਸਲ ਕਰ ਸਕੀਆਂ। ਪ੍ਰੰਤੂ ਬੜੇ ਹੀ ਦੁੱਖ ਅਤੇ ਅਫ਼ਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਮੇਂ ਸਮੇਂ ਤੇ ਸੂਬਿਆਂ ਅਤੇ ਕੇਂਦਰੀ ਸਤਾ 'ਤੇ ਕਾਬਜ ਸਰਕਾਰਾਂ ਵੱਲੋਂ ਹਰ ਪੱਖੋਂ ਕਾਬਲ ਇਸ ਮਹਾਨ ਸ਼ਖਸ਼ੀਅਤ ਨੂੰ ਉਨ੍ਹਾਂ ਦੇ ਕੱਦ ਬੁੱਤ ਅਨੁਸਾਰ ਬਣਦਾ ਮਾਣ ਸਤਿਕਾਰ ਦੇਣ ਤੋਂ ਹਮੇਸ਼ਾ ਟਾਲਾ ਹੀ ਵੱਟਿਆ ਜਾਂਦਾ ਰਿਹਾ ਹੈ। ਭਾਰਤ ਰਤਨ ਵਰਗਾ ਉੱਚ ਵਕਾਰੀ ਸਨਮਾਨ ਵੀ ਭਾਰਤੀ ਆਜ਼ਾਦੀ ਤੋਂ ਬਹੁਤ ਦੇਰ ਬਾਅਦ ਉਨਾਂ ਦੀ ਦੁਨੀਆਂ ਤੋਂ ਰੁਖਸਤੀ ਉਪਰੰਤ ਹੀ 31ਮਾਰਚ 1990 ਨੂੰ ਤੱਤਕਾਲੀ ਵਿਸ਼ਵਨਾਥ ਪ੍ਰਤਾਪ ਸਿੰਘ ਦੀ ਸਰਕਾਰ ਵਲੋਂ ਕਿਸੇ ਰਾਜਨੀਤਿਕ ਮਜਬੂਰੀ ਤਹਿਤ ਹੀ ਦਿੱਤਾ ਗਿਆ ਜਾਪਦਾ ਹੈ। ਭਾਰਤੀ ਸੰਵਿਧਾਨ ਚ ਹਰ ਵਰਗ ਦੇ ਹਿੱਤਾਂ/ਅਧਿਕਾਰਾਂ ਨੂੰ ਧਿਆਨ ਚ ਰੱਖਣ ਦੇ ਬਾਵਜੂਦ ਵੀ ਬਾਬਾ ਸਾਹਿਬ ਨਾਲ ਨਰਾਜ਼ਗੀ ਸਮਝੋਂ ਬਾਹਰੀ ਗੱਲ ਹੈ। ਕਿਉਂਕਿ ਪਿਛਲੇ ਕੁੱਝ ਸਮੇਂ ਤੋਂ ਦੇਸ਼ ਦੇ ਵੱਖ ਵੱਖ ਹਿੱਸਿਆਂ ਚ ਬਾਬਾ ਸਾਹਿਬ ਦੇ ਸਨਮਾਨ ਚ ਸਥਾਪਤ ਕੀਤੇ ਗਏ ਆਦਮ ਕੱਦ ਬੁੱਤਾਂ ਨੂੰ ਕਿਸੇ ਸੋਚੀ ਸਮਝੀ ਯੋਜਨਾ ਅਤੇ ਸੌੜੀ ਰਾਜਨੀਤੀ ਤਹਿਤ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ। ਜਿਸ ਨੂੰ ਬਹੁਤ ਮੰਦਭਾਗਾ ਕਿਹਾ ਜਾ ਸਕਦਾ ਹੈ। ਇਸ ਦੀ ਸਮੁੱਚੇ ਭਾਰਤ ਵਾਸੀਆਂ ਅਤੇ ਵਿਦੇਸ਼ੀਂ ਵਸਦੇ ਭਾਰਤੀ ਮੂਲ ਦੇ ਲੋਕਾਂ ਨੂੰ ਵੀ ਨਿੰਦਾ ਕਰਨੀ ਬਣਦੀ ਹੈ। ਇੱਥੇ ਇੱਕ ਗੱਲ ਸਪੱਸ਼ਟ ਹੈ ਕਿ ਜੇਕਰ ਸਮਾਂ ਰਹਿੰਦਿਆਂ ਕੇਂਦਰੀ ਅਤੇ ਰਾਜ ਸਰਕਾਰਾਂ ਵੱਲੋਂ ਇਸ ਗੰਭੀਰ ਮਸਲੇ ਤੇ ਇਸੇ ਤਰ੍ਹਾਂ ਰਾਜਨੀਤੀ ਕੀਤੀ ਜਾਂਦੀ ਰਹੀ ਤਾਂ ਦੇਸ਼ ਦੇ ਹੋਣ ਵਾਲੇ ਹਰ ਤਰ੍ਹਾਂ ਦੇ ਵੱਡੇ ਨੁਕਸਾਨ ਨੂੰ ਕੋਈ ਨਹੀਂ ਰੋਕ ਸਕਦਾ । ਇਸ ਅਵੇਸਲੇਪਣ ਅਤੇ ਬੱਜਰ ਗਲਤੀ ਲਈ ਭਵਿੱਖੀ ਪੀੜ੍ਹੀਆਂ ਅਤੇ ਇਤਿਹਾਸ,ਅਜੋਕੇ ਜਿੰਮੇਵਾਰ ਆਗੂਆਂ ਨੂੰ ਕਦੇ ਵੀ ਮੁਆਫ਼ ਨਹੀਂ ਕਰੇਗਾ।
ਇੰਨ੍ਹਾਂ ਵਾਪਰ ਰਹੀਆਂ ਘਟਨਾਵਾਂ ਨੂੰ ਪ੍ਰਿੰਟ ਅਤੇ ਇਲੈਕਟ੍ਰੋਨਿਕ ਮੀਡੀਏ, ਰਾਜਸੀ ਪੰਡਿਤਾਂ,ਆਮ ਜਨਤਾ ਅਤੇ ਰਾਜਨੀਤਕ ਦਲਾਂ ਵੱਲੋਂ ਆਪਣੇ ਆਪਣੇ ਨਜ਼ਰੀਏ ਤੋਂ ਦੇਖਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਕੁੱਝ ਸਾਧਾਰਨ ਲੋਕ ਇਸ ਨੂੰ ਦੇਸ਼ ਚ ਸਦੀਆਂ ਤੋਂ ਚੱਲ ਰਹੀ ਵਰਣ ਵਿਵਸਥਾ ਨਾਲ ਜੋੜ ਕੇ ਵੀ ਦੇਖ ਰਹੇ ਹਨ।ਕਿਉਂ ਕਿ ਸੰਸਦ ਦੇ ਚੱਲ ਰਹੇ ਪਿਛਲੇ ਸੈਸ਼ਨ ਦੌਰਾਨ ਭਾਰਤ ਦੇ ਗ੍ਰਹਿ ਮੰਤਰੀ ਵੱਲੋਂ ਜਿਸ ਤਰ੍ਹਾਂ ਦੀਆਂ ਟਿੱਪਣੀਆਂ ਡਾ.ਸਾਹਿਬ ਬਾਰੇ ਕੀਤੀਆਂ ਗਈਆਂ, ਅਤੇ ਮੀਡੀਆ ਅਦਾਰਿਆਂ ਤੇ ਜਨਤਾ ਵੱਲੋਂ ਇਸ ਸਬੰਧੀ ਆਏ ਪ੍ਰਤੀਕਰਮ ਵੀ ਕਿਸੇ ਤੋਂ ਲੁਕੇ ਛਿਪੇ ਨਹੀਂ। ਇਹ ਵੀ ਆਮ ਚਰਚਾ ਹੈ ਕਿ ਭਾਰਤੀ ਜਨਤਾ ਪਾਰਟੀ ਦੇ ਪ੍ਰੋਗਰਾਮ ਅਤੇ ਨੀਤੀਆਂ ਦਲਿਤਾਂ, ਪਛੜਿਆਂ, ਕਮਿਊਨਿਸਟਾਂ ਅਤੇ ਘੱਟ ਗਿਣਤੀਆਂ ਪ੍ਰਤੀ ਤਰ੍ਹਾਂ ਤਰ੍ਹਾਂ ਦੇ ਲਏ ਗਏ ਫੈਸਲਿਆਂ ਅਤੇ ਪਾਸ ਕੀਤੇ ਜਾ ਰਹੇ ਕਾਨੂੰਨ ਅਤੇ ਲਾਗੂ ਕੀਤੀ ਜਾ ਰਹੀ ਨਵੀਂ ਕੌਮੀ ਸਿੱਖਿਆ ਨੀਤੀ ਵਰਗੇ ਵਰਤਾਰਿਆਂ ਤੋਂ ਸਰਕਾਰ ਦਾ ਰੁੱਖ ਭਲੀਭਾਂਤ ਸਪੱਸ਼ਟ ਹੋ ਜਾਂਦਾ ਹੈ।ਪੂਰੇ ਦੇਸ਼ ਚ ਭਾਰਤੀ ਸੰਵਿਧਾਨ ਨੂੰ ਬਦਲਣ ਦੀਆਂ ਚੱਲ ਰਹੀਆਂ ਕਥਿਤ ਚਰਚਾਵਾਂ, ਜਾਤੀ ਅਧਾਰਿਤ ਜਨਗਣਨਾ ਤੋਂ ਆਨਾਕਾਨੀ ਕਰਨਾ,ਅਤੇ ਚੰਗੀਆਂ ਭਲੀਆਂ ਚੱਲ ਰਹੀਆਂ ਸੰਵਿਧਾਨਕ ਸੰਸਥਾਵਾਂ ਚ ਫੇਰ ਬਦਲ ਕਰਨ, ਰਾਸ਼ਟਰੀ ਮਾਰਗਾਂ ਅਤੇ ਸੜਕਾਂ ਆਦਿ ਦੇ ਨਾਂ ਬਦਲਣ ਵਰਗੀਆਂ ਵੱਡੀਆਂ ਕਾਰਵਾਈਆਂ ਉਕਤ ਸਭ ਕੁੱਝ ਨੂੰ ਚਿੱਟੇ ਦਿਨ ਵਾਂਗ ਸਾਫ ਕਰ ਰਹੀਆਂ ਹਨ। ਇਹਨਾਂ ਸਾਰੇ ਵਰਤਾਰਿਆਂ ਨੂੰ ਬਾਬਾ ਸਾਹਿਬ ਦੇ ਅਨੁਯਾਈਆਂ ਚ ਆ ਰਹੀ ਜਾਗਰੂਕਤਾ ਅਤੇ ਪ੍ਰਭਾਵਿਤ ਹੋ ਰਹੇ ਹੋਰ ਲੋਕਾਂ ਵੱਲੋਂ ਕਿਸੇ ਨਫ਼ਰਤੀ ਨੁਕਤਾ ਨਿਗਾਹ ਤੋਂ ਹੀ ਅਨੁਮਾਨਿਆ ਜਾ ਰਿਹਾ ਹੈ। ਜਿਸ ਨੂੰ ਦੁਨੀਆਂ ਦੇ ਸਭ ਤੋਂ ਵੱਡੇ ਲੋਕਤੰਤਰ ਲਈ ਖਤਰੇ ਦੀ ਘੰਟੀ ਵਜੋਂ ਵੀ ਲਿਆ ਜਾ ਰਿਹਾ ਹੈ।
ਇਸ ਤੋਂ ਇਲਾਵਾ ਜੇਕਰ ਗੱਲ ਪੰਜਾਬ ਦੀ ਕਰੀਏ ਤਾਂ ਇੱਥੇ ਵੀ ਬਾਬਾ ਸਾਹਿਬ ਦੀ ਪ੍ਰਤਿਮਾ ਨੂੰ ਲਗਾਤਾਰ ਸੋਚੀ ਸਮਝੀ ਸਾਜ਼ਿਸ਼ ਅਧੀਨ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ। ਇਸ ਬਾਰੇ ਵੀ ਸੰਜੀਦਾ ਅਤੇ ਗੰਭੀਰ ਲੋਕਾਂ ਤੋਂ ਇਲਾਵਾ ਸੂਬੇ ਦੀ ਬਹੁਜਨ ਪਾਰਟੀ ਵੱਲੋਂ ਵੀ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਇਨ੍ਹਾਂ ਸਾਰੀਆਂ ਧਿਰਾਂ ਦਾ ਮੰਨਣਾ ਹੈ ਕਿ ਸੂਬੇ ਚ ਸ਼ਾਂਤੀ ਪੂਰਵਕ ਅਤੇ ਭਾਈਚਾਰਕ ਸਾਂਝ ਵਾਲਾ ਜੀਵਨ ਬਸਰ ਕਰ ਰਹੇ ਵੱਖ ਵੱਖ ਤਬਕਿਆਂ ਚ ਨਫ਼ਰਤ ਦੇ ਬੀਜ ਬੀਜਣ ਲਈ ਕੁੱਝ ਏਜੰਸੀਆਂ ਕਾਰਜਸ਼ੀਲ ਹਨ। ਅਜਿਹੀਆਂ ਘਟਨਾਵਾਂ ਬਾਰੇ ਆਮ ਲੋਕਾਂ ਚ ਇਹ ਧਾਰਨਾ ਵੀ ਬਣ ਰਹੀ ਹੈ ਕੁੱਝ ਕੱਟੜਪੰਥੀ ਸ਼ਕਤੀਆਂ ਸੂਬੇ ਚ ਹਿੰਦੂ ਸਿੱਖ ਦਾ ਬਾ ਵੇਲਾ ਖੜਾ ਕਰਕੇ ਇਸ ਨੂੰ 80 ਵਿਆਂ ਦੇ ਦੌਰ ਚ ਲਿਜਾ ਕੇ ਅਫ਼ਰਾ ਤਫਰੀ ਵਾਲਾ ਮਾਹੌਲ ਪੈਦਾ ਕਰਨਾ ਚਾਹੁੰਦੀਆਂ ਹਨ। ਕੁੱਝ ਕੁ ਦਾ ਮੱਤ ਹੈ ਕਿ ਇਹ ਏਜੰਸੀਆਂ ਬਾਬਾ ਸਾਹਿਬ ਦੇ ਬੁੱਤਾਂ ਦੀ ਬੇਹੁਰਮਤੀ ਕਰਕੇ ਜੱਟ ਸਿੱਖਾਂ ਅਤੇ ਦਲਿਤ ਵਰਗ ਦੇ ਟਕਰਾਓ ਲਈ ਰਾਹ ਪੱਧਰਾ ਕਰ ਰਹੀਆਂ ਹਨ,ਕਿਉਂ ਕਿ ਦਲਿਤਾਂ ਦਾ ਇੱਕ ਵੱਡਾ ਹਿੱਸਾ ਡਾ.ਸਾਹਿਬ ਦਾ ਪੈਰੋਕਾਰ ਹੈ। ਇਸ ਦੇ ਨਾਲ ਹੀ ਵੱਖ ਵੱਖ ਡੇਰਿਆਂ ਚ ਜਾਣ ਤੋਂ ਇਲਾਵਾ ਹੋਰਨਾਂ ਧਰਮਾਂ ਚ ਤਬਦੀਲ ਹੋਣ ਲਈ ਵੀ ਇਹੋ ਵਰਗ ਸਭ ਤੋਂ ਵੱਧ ਰੁਚਿਤ ਸਮਝਿਆ ਜਾ ਰਿਹਾ ਹੈ। ਜਿਸ ਤੋਂ ਜਾਪਦਾ ਹੈ ਕਿ ਇਹ ਸ਼ਾਤਰ ਦਿਮਾਗ ਸ਼ਕਤੀਆਂ ਅਨੁਸੂਚਿਤ ਅਤੇ ਪਛੜੇ ਵਰਗਾਂ ਦੇ ਵੱਡੇ ਵੋਟ ਬੈਂਕ ਨੂੰ ਹਥਿਆਉਣ ਲਈ ਹੀ ਅਜਿਹੀਆਂ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਕੋਝੇ ਯਤਨ ਕਰ ਰਹੀਆਂ ਹਨ। ਜੇਕਰ ਦੂਸਰੇ ਸ਼ਬਦਾਂ ਚ ਕਿਹਾ ਜਾਵੇ ਤਾਂ ਉਕਤ ਵਰਤਾਰਿਆਂ ਨੂੰ ਧਰਮ,ਜਾਤ ਅਤੇ ਘੱਟ ਗਿਣਤੀਆਂ ਆਦਿ ਦੇ ਮੱਦੇਨਜ਼ਰੌਂ ਵੋਟ ਰਾਜਨੀਤੀ ਵੱਲ ਸੇਧਿਤ ਹੋਣਾ ਹੀ ਅਜਿਹੀਆਂ ਗਤੀਵਿਧੀਆਂ ਦਾ ਅਧਾਰ ਮੰਨਿਆ ਜਾ ਰਿਹਾ ਹੈ। ਇਸ ਲਈ ਅਜਿਹੇ ਬੇਹੂਦੇ ਮਨਸੂਬਿਆਂ ਨੂੰ ਭਾਂਜ ਦੇਣ ਲਈ ਆਮ ਜਨਤਾ ਨੂੰ ਸੁਚੇਤ ਹੋਣਾ ਹੀ ਪਵੇਗਾ।ਇਸ ਲਈ ਸਮੁੱਚੇ ਦੇਸ਼ ਵਾਸੀਆਂ ਅਤੇ ਵਿਸ਼ੇਸ਼ ਕਰਕੇ ਪੰਜਾਬ ਦੀ ਜਨਤਾ ਨੂੰ ਨਿਮਰਤਾ ਸਹਿਤ ਗੁਜ਼ਾਰਿਸ਼ ਅਤੇ ਸਲਾਹ ਵੀ ਹੈ ਕਿ ਇਸ ਤਰ੍ਹਾਂ ਦੀਆਂ ਚਾਲਾਂ/ਸਾਜ਼ਿਸ਼ਾਂ ਨੂੰ ਦਰਕਿਨਾਰ ਕਰਦਿਆਂ ਆਪਸੀ ਭਾਈਚਾਰਕ ਸਾਂਝ ਦੀ ਬਰਕਰਾਰੀ ਲਈ ਅਜਿਹੇ ਮਨੁੱਖਤਾ ਦੋਖੀ ਮਨਸੂਬਿਆਂ ਨੂੰ ਖੁੰਢਾ ਕਰਨ ਲਈ ਸ਼ਾਂਤੀਪੂਰਵਕ ਸੰਘਰਸ਼ ਲਈ ਤਿਆਰ ਬਰ ਤਿਆਰ ਰਹਿਣਾ ਹੀ ਇਸ ਦਾ ਢੁੱਕਵਾਂ ਹੱਲ ਹੈ। ਅਜਿਹਾ ਕਰਕੇ ਹੀ ਅਸੀਂ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਜੀ ਦੇ ਸੱਚੇ ਅਨੁਯਾਈ ਹੋਣ, ਦੇਸ਼ ਦੇ ਸੰਵਿਧਾਨ ਦੀ ਰਾਖੀ ਕਰਨ, ਡਾ. ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਹੰਭਲਾ ਮਾਰਨ ਦੇ ਨਾਲ ਉਨ੍ਹਾਂ ਨੂੰ ਸਹੀ ਅਰਥਾਂ ਚ ਸ਼ਰਧਾਂਜਲੀ ਦੇਣ ਦੇ ਅਸਲੋਂ ਹੱਕਦਾਰ ਹੋਵਾਂਗੇ।

# ਵਿਸਾਖੀ ਤੇ ਜਗਰਾਉਂ ਵਿਸ਼ੇਸ਼ ਸਪਲੀਮੈਂਟ

## ਸਹਿਯੋਗ ਲਈ ਵਿਸ਼ੇਸ਼ ਧੰਨਵਾਦ

ਸਮੂਹ ਇਲਾਕਾ ਨਿਵਾਸੀਆਂ ਨੂੰ ਵਿਸਾਖੀ ਦੇ ਦਿਹੜੇ ਤੇ ਲੱਖ-ਲੱਖ ਮੁਬਾਰਕਾਂ ਅਸੀਂ ਧੰਨਵਾਦ ਕਰਦੇ ਹਾਂ ਉਹਨਾਂ ਸੱਜਣਾ ਮਿੱਤਰਾਂ ਦਾ ਜਿਨ੍ਹਾਂ ਨੇ ਇਹ ਸਪਲੀਮੈਂਟ ਕੱਢਣ ਲਈ ਵਿਸ਼ੇਸ਼ ਸਹਿਯੋਗ ਦਿੱਤਾ ਹੈ ਅਤੇ ਆਸ ਕਰਦੇ ਹਾਂ ਕਿ ਅੱਗੇ ਤੋਂ ਵੀ ਸਹਿਯੋਗ ਦਿੰਦੇ ਰਹਿਣਗੇ।

ਵਿਸ਼ਾਲ ਅੱਤਰੇ
ਸੀਨੀਅਰ ਪੱਤਰਕਾਰ ਅਤੇ ਇੰਚਾਰਜ ਰੋਜ਼ਾਨਾ ਚੜ੍ਹਦੀ ਕਲਾ ਅੱਤੇ ਟਾਇਮ ਟੀਵੀ ਜਗਰਾਉਂ
94646-00901

ਆਰੀਅਨ ਅੱਤਰੇ
ਪੱਤਰਕਾਰ ਰੋਜ਼ਾਨਾ ਚੜ੍ਹਦੀ ਕਲਾ ਜਗਰਾਉਂ
94647-00901


**Satyam Jewellers**
Rajesh Katyal 98882-81324
Ramesh Katyal 98727-51990
Manufactures & wholesale
Dealer off : Gold Ornaments & Daimond Jewellery
Main Bazar Jagraon (142026)

+2 Results
Ekamreet Kaur 99.8% Punjab Topper & 3rd Rank in India
Harmanjit Singh Malhi (97.2%) City Topper Non Medical
Khushdeep Kaur 98% City Topper Commerce
Ekamjot Kaur 97.8% City Topper Commerce
Pari 98.4% City Topper & District 3rd Position
BLOSSOMS 'ROBOTICS LAB': A first Among Nearby Schools
"We nurture every child with love and care"
Since 2005 Beacon of Learning FULLY AC SCHOOL
BLOSSOMS CONVENT SCHOOL
ADMISSION OPEN 2025-26
100% Results
Play Way to IX & XI
All streams - Medical - Non Medical - Commerce - Humanities
ACHIEVEMENTS THAT INSPIRE
1 (3rd Rank in India) 2021-22
1 Punjab Topper 2021-22
4 District Toppers 2023-24
National-Level Achievements: ROWING, ARCHERY
State - Level Champions: VOLLEYBALL, BADMINTON
ACADEMIC EXCELLENCE
FOCUS ON VALUES AND DEVELOPMENT
BALANCED STUDENT-TEACHER RATIO
FOCUS ON SKILL SUBJECTS
Blossoms E-Learning Studio

ਸ੍ਰੀ ਅਰਵਿੰਦ ਕੇਜਰੀਵਾਲ 'ਆਪ' ਸੁਪਰੀਮੋ
ਸ: ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ
ਪ੍ਰੋ: ਸੁਖਵਿੰਦਰ ਸਿੰਘ ਸੀਨੀਅਰ ਆਪ ਨੇਤਾ
ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ
ਬੀਬੀ ਸਰਬਜੀਤ ਕੌਰ ਮਾਣੂੰਕੇ ਐਮ. ਐਲ. ਏ. ਜਗਰਾਉਂ
ਜਾਰੀ ਕਰਤਾ: ਆਮ ਆਦਮੀ ਪਾਰਟੀ ਜਗਰਾਉਂ

SWAMI ROOP CHAND JAIN SR. SEC. PUBLIC SCHOOL, JAGRAON
(Affiliated to P.S.E.B. Mohali, Chandigarh)
ADMISSION OPEN 2025-2026
From Pre Nsy. to XII (streams offered: Medical, Non-Medical, Humanities and Commerce).
HI-TECH WI-FI CAMPUS | ARTIFICIAL & INTELLIGENCE ROBOTICS LAB | NEP BASED CURRICULUM | FULLY SMART CLASS CAMPUS | ABACUS & MENTAL MATHS | REASONING & APTITUDE | EXPERIENTIAL & ACTIVITY BASED LEARNING | SELF DEVELOPMENT & SOCIAL SKILLS
Ramesh Kumar Jain President | Dharampal Jain Manager | Vijay Kumar Jain Secretary | Ms. Rajpal Kaur Principal
FOR ADMISSION ENQUIRIES CONTACT SCHOOL OFFICE
Contact us:- 84273-04487, 98147-00187, 01624-222535
Near Old Sabzi Mandi, JAGRAON (Ludhiana)

LAJPAT RAI DAV COLLEGE
JAGRAON-142026
NAAC Accredited
Manageed by DAV College Managing Committee, New Delhi
Affiliated to Panjab University, Patiala
FOR PRE-REGISTRATION SCAN QR CODE
UG AND PG COURSES | ADD ON COURSES | CERTIFICATE COURSES
NSDC APPROVED CERTIFICATE COURSES
100% PLACEMENT ASSISTANCE
FEATURES OF OUR COLLEGE
ADMISSION HELPLINE | GUIDANCE | FEE ENQUIRY
Dr. Anuj Kumar Sharma Principal

SHIVALIK MODEL SCHOOL
Keshav Kunj, Shivala Road, JAGRAON (LDH.)
Registration Open For Foundational To Middle Stage.
CLASSES - PRE-NURSERY TO IX
(SESSION : 2025-26)
ADMISSION OPEN HURRY UP! Time : 9.00 a.m. to 2 p.m.
Special discount for girl child To promote Beti Bachao Beti Padhao initiative 10% off on new admissions for girl child
So Hurry Up !
ON CAMPUS FACILITIES
E-LEARNING SCHOOL
COMPREHENSIVE CO-CURRICULAR ACTIVITIES
SAFE & CONDUCTIVE LEARNING ENVIRONMENT
WELL - EQUIPPED LABS, LIBRARIES & SPORTS FACILITIES
SMART CLASS ROOMS
ABACUS, DANCE, YOGA CLASSES ETC.
CCTV SURVILLANCE AT EVERY POINT
REGULAR CAREER COUNSELING SESSIONS
For More Details Contact : 01624-224544, 98725-02656

ESS KEY
Subhash 98145-25201 78888-23490
Prince 98784-41058
ਸੋਲਰ ਲਗਾਓ, ਬਿਜਲੀ ਦੇ ਬਿੱਲ ਤੋਂ ਛੁੱਟਕਾਰਾ ਪਾਓ
ਹੁਣ ਦਿਲ ਨਹੀ ਬਿੱਲ ਛੋਟਾ ਕਰੋ.......
ਸੋਲਰ ਲਗਾਓ, ਬਿਜਲੀ ਬਚਾਓ
LUMINOUS | MICROTEK
ਨੇੜੇ ਗਰਗ ਹਸਪਤਾਲ, ਚੁੰਗੀ ਨੰ: 5, ਰਾਏਕੋਟ ਰੋਡ, ਜਗਰਾਉਂ

AP REFINERY | Midas Naturals
Manufacturers of Best Quality Rice Bran Oil & Rice-Based Sweeteners
www.aprefinery.com | www.midasnaturals.in
Nakodar Road, Jagraon, District Ludhiana - 142027

Sanmati Vimal Jain Sr. Sec. Public School
Established Since : 1984
Opp. Municipal Council, Jagraon
JUSTIFIED EMPHASIS ON ACADEMIC, SPORTS & CO-CURRICULAR ACTIVITIES
ADMISSION OPEN 2025-26
Science, Commerce & Humanities Groups
NO ADMISSION FEE UPTO 5TH
Enhancing Character Nurturing Talent Boosting Academics
100% results with many punjab toppers

DAV CENTENARY PUBLIC SCHOOL (Jagraon)
Let your child be part of DAV networks
Affiliated to CBSE, New Delhi Vide Code No. 1630114
PAN INDIA PRESENCE OF DAV BRAND
Only School in Jagraon with ATAL Lab
Only school in Jagraon to insure all students for 2 Lakh
NEP Aligned Curriculum
Interactive Environment
21st Century Education
Affordable Fee Structure
School with Most Qualified Faculty
VED VRAT PLAH Principal
DR.(MRS.) SATWANT KAUR BHULLAR Manager
Helpline no. 01624-222834, 75288-12834

HP GAS
ਜੀ ਹਾਂ!
Rajshinder Singh Sidhu
ਸਿੱਧੂ ਗੈਸ ਸਰਵਿਸ
ਅੱਜ ਹੀ ਆ ਕੇ ਰਿਆਇਤੀ ਰੇਟਾਂ ਉੱਪਰ ਆਪਣਾ ਗੈਸ ਕਨੈਕਸ਼ਨ ਬੁੱਕ ਕਰਵਾਓ ਜੀ
M. 98141-17292, 98149-05292
OFF. 98148-18292, PH. 01624-223292

ਪੇਂਟ ਟਾਈਲ ਸੈਨਟਰੀ
ਸਾਰੇ ਹੀ ਬਰਾਂਡ ਇਕ ਛੱਤ ਹੇਠਾਂ
Big Name in Paint & Polish
ਮਲਟੀ ਸਟੋਰ
ਬੀ. ਐਨ. ਸੇਲਜ਼ ਕਾਰਪੋਰੇਸ਼ਨ
asianpaints | orientbell | ASTRAL PIPES | JK WALL PUTTY

ਨੈਸ਼ਨਲ ਕੁਆਲਿਟੀ ਅਵਾਰਡ ਵੱਲੋਂ ਵਰਲਡ ਬੈਸਟ ਬਰੈਂਡ ਅਤੇ ਬਿਜਨਸ ਅਵਾਰਡ
ਬੁਲਬੁਲ
ਕੱਚੀ ਘਾਣੀ ਸ਼ੁੱਧ ਸਰੋਂ ਦਾ ਤੇਲ ਅਤੇ ਸ਼ੁੱਧ ਸਰੋਂ ਦੀ ਖਲ
Call. 88020-00091, 92168-06091

ਵਿਕੀ ਕੁਮਾਰ ਚੇਅਰਮੈਨ | ਨਿਰਮਲ ਕੁਮਾਰ ਪ੍ਰਧਾਨ | ਅਰਵਿੰਦ ਕਰੂਰੀਆ ਵਾਇਸ ਪ੍ਰਧਾਨ | ਸੰਜੀਵ ਕੁਮਾਰ ਰਿਪੀ ਪਹਿਲਵਾਨ ਸੈਕਟਰੀ
ਵੱਲੋਂ: ਹਲਵਾਈ ਐਸੋਸੀਏਸ਼ਨ, ਜਗਰਾਉਂ

Bee Kay Filling Station
ਹਿੰਦੁਸਤਾਨ ਪੈਟ੍ਰੋਲੀਅਮ
V. Bodalwala, Sidhwan Bet Road
JAGRAON (LUDHIANA)
Tehsil Chowk to 2 KM. Left Hand Side
Contact : Rahul Sharma 73470-24103
24 HOURS OPEN
Karanjot Singh

SUNNY MOBILE POINT
All types of latest mobiles and accessories are available here.
Near Bikaner Sweet Shop. Teh: Road Jagraon
Buy new phones on 0% interest
M. 99145-82877, 87270-00042

Makkar Bakery
Anarkali Bazar, Jagraon 142026 (Ldh)
SPECIALIST IN: MARRIAGE CAKE, BIRTHDAY CAKE, NEW YEAR CAKE PASTRY, ICE CREAM, BISCUITS, NAMKEEN, PIZZA & COLD DRINKS
NEW BRANCH RAIKOT ROAD NEAR KAMAL CHOWK

Satti Di Hatti
ਸੱਤੀ ਦੀ ਹੱਟੀ
Prem: 98889-36127
VICKY: 98883-36127
ROHIT: 99144-36127
The Taste of Indian Sweets
ਵਿਆਹ ਤੇ ਹੋਰ ਖੁਸ਼ੀ ਦੇ ਮੌਕਿਆਂ ਤੇ ਵਧੀਆ ਕੁਆਲਿਟੀ ਦੀਆਂ ਮਿਠਾਈਆਂ ਦਾ ਖਾਸ ਪ੍ਰਬੰਧ।
Head Office:- OLD GRAIN MARKET, JAGRAON
Branch: SHERPURA ROAD, OPP. NEW GRAIN MARKET, FCI GODOWN, JAGRAON

ਸਾਰੇ ਦੇਸ਼ ਵਾਸੀਆਂ ਨੂੰ ਵਿਸਾਖੀ ਦੇ ਤਿਉਹਾਰ ਦੀਆਂ ਲੱਖ-ਲੱਖ ਵਧਾਈਆਂ
ਜਾਰੀ ਕਰਤਾ: ਇੰਚਾਰਜ ਅਤੇ ਸਮੂਹ ਸਟਾਫ਼ ਫੂਡ ਐਂਡ ਸਪਲਾਈ ਦਫ਼ਤਰ, ਕਾਲਜ ਰੋਡ ਜਗਰਾਉਂ

ਮਾਤਾ ਨੈਣਾ ਦੇਵੀ ਮੰਦਰ ਗਾਲਿਬ ਕਲਾਂ ਜਗਰਾਉਂ (ਲੁਧਿਆਣਾ)
ਦੇ ਨਵ-ਨਿਰਮਾਣ ਅਤੇ ਗਊਸ਼ਾਲਾ ਦੀ ਸਥਾਪਨਾ
ਮਾਤਾ ਨੈਣਾ ਦੇਵੀ ਜੀ
ਮਾਤਾ ਨੈਣਾ ਦੇਵੀ ਮੰਦਰ ਗਾਲਿਬ ਕਲਾਂ ਦੇ ਗੱਦੀਨਸ਼ੀਨ ਬ੍ਰਹਮਲੀਨ ਬਾਬਾ ਬਲਵੰਤ ਦਾਸ ਜੀ ਦੇ ਅਸ਼ੀਰਵਾਦ ਸਦਕਾ ਮੌਜੂਦਾ ਗੱਦੀਨਸ਼ੀਨ ਮਹੰਤ ਰਾਜੂ ਬਾਬਾ ਦੀ ਅਗਵਾਈ ਹੇਠ ਮੰਦਰ ਦੀ ਕਾਇਆ ਕਲਪ ਜ਼ੋਰਾਂ 'ਤੇ ਚੱਲ ਰਹੀ ਹੈ।
ਮੰਦਰ 'ਚ ਮਾਤਾ ਨੈਣਾ ਦੇਵੀ, ਸ਼ਿਵ ਪਰਿਵਾਰ ਅਤੇ ਮਹਾਰਿਸ਼ੀ ਵਾਲਮੀਕਿ ਜੀ ਦੇ ਮੰਦਿਰ ਅਤੇ ਮੂਰਤੀ ਸਥਾਪਨਾ ਕਰਵਾਈ ਜਾ
ਮੰਦਰ 'ਚ ਗਊਸ਼ਾਲਾ ਦਾ ਨਿਰਮਾਣ ਹੋ ਰਿਹਾ ਹੈ।
ਮਾਤਾ ਨੈਣਾ ਦੇਵੀ ਮੰਦਰ ਗਾਲਿਬ ਕਲਾਂ ਦੇ ਗੱਦੀਨਸ਼ੀਨ ਬ੍ਰਹਮਲੀਨ ਬਾਬਾ ਬਲਵੰਤ ਦਾਸ ਜੀ ਦੇ ਅਸ਼ੀਰਵਾਦ ਸਦਕਾ ਮੌਜੂਦਾ ਗੱਦੀਨਸ਼ੀਨ ਮਹੰਤ ਰਾਜੂ ਬਾਬਾ ਦੀ ਅਗਵਾਈ ਹੇਠ ਮੰਦਰ ਦੀ ਕਾਇਆ ਕਲਪ ਜ਼ੋਰਾਂ 'ਤੇ ਚੱਲ ਰਹੀ ਹੈ।
ਮਾਤਾ ਨੈਣੀ ਦੇਵ ਮੰਦਰ 'ਚ ਚੱਲ ਰਹੇ ਧਾਰਮਿਕ ਨਿਰਮਾਣ ਕਾਰਜਾਂ ਚ ਸੰਗਤਾਂ ਨੂੰ ਵੱਧ-ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ
ਸੰਪਰਕ : ਮੁੱਖ ਸੇਵਾਦਾਰ ਮਹੰਤ ਰਾਜੂ ਬਾਬਾ

# ਦੇਸ਼ ਭਗਤ ਯੂਨੀਵਰਸਿਟੀ ਦੀ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਬੱਚਿਆਂ ਨੂੰ ਦਸਤਾਰਾਂ ਭੇਟ ਕੀਤੀਆਂ



ਮੰਡੀ ਗੋਬਿੰਦਗੜ੍ਹ, 13 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਵਿਸਾਖੀ ਦੇ ਸ਼ੁਭ ਦਿਹਾੜੇ ਤੇ ਖ਼ਾਲਸਾ ਸਾਜਨਾ ਦਿਵਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ.ਚਾਂਸਲਰ ਡਾ. ਤਜਿੰਦਰ ਕੌਰ ਵੱਲੋਂ ਨੌਜਵਾਨ ਸਿੰਘਾਂ ਨੂੰ ਗੁਰਦੁਆਰਾ ਸਾਹਿਬ ਸੈਕਟਰ 8, ਚੰਡੀਗੜ੍ਹ ਵਿਖੇ ਦਸਤਾਰਾਂ ਭੇਟ ਕੀਤੀਆਂ ਗਈਆਂ। ਇਹ ਪ੍ਰੋਗਰਾਮ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਪੰਜਾਬ ਵਿੱਚ ਚਲਾਈ ਗਈ ਨਸ਼ਾ ਮੁਕਤ ਮੁਹਿੰਮ ਦਾ ਹਿੱਸਾ ਹੈ। ਵੱਧ ਤੋਂ ਵੱਧ ਨੌਜਵਾਨ ਗੁਰੂ ਦੇ ਲੜ ਲੱਗ ਕੇ ਸਿੱਖੀ ਅਪਣਾਉਣ। ਇਸ ਮੌਕੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਤੇ ਦੇਸ਼ ਭਗਤ ਰੇਡੀਓ ਸੰਸਥਾਵਾਂ ਸਮਾਜ ਭਲਾਈ ਦੇ ਕੰਮਾਂ ਵਿੱਚ ਆਪਣਾ ਹਿੱਸਾ ਪਾਉਣ ਲਈ ਤਤਪਰ ਰਹਿੰਦੀਆਂ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਕੋਸ਼ਿਸ਼ ਰਹਿੰਦੀ ਹੈ ਕਿ ਉਨ੍ਹਾਂ ਵੱਲੋਂ ਧਾਰਮਿਕ ਤੇ ਸਮਾਜਿਕ ਕੰਮਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਹਰ ਸਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਜਾਂਦੇ ਜਿਸ ਵਿੱਚ ਉਨ੍ਹਾਂ ਵੱਲੋਂ ਭਰਪੂਰ ਯੋਗਦਾਨ ਪਾਇਆ ਜਾਂਦਾ ਹੈ। ਇਸ ਮੌਕੇ ਟਰਾਈਸਿਟੀ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਸੱਤ ਤੋਂ ਸਤਾਰਾਂ ਸਾਲ ਵਰਗ ਦੇ ਬੱਚਿਆਂ ਦੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਡਾ. ਤਜਿੰਦਰ ਕੌਰ ਵੱਲੋਂ ਕ੍ਰਮਵਾਰ ਪਹਿਲੇ, ਦੂਜੇ ਤੇ ਤੀਜੇ ਨੰਬਰ 'ਤੇ ਆਉਣ ਵਾਲੇ ਕਮਲਪ੍ਰੀਤ ਸਿੰਘ (ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਸੈਕਟਰ 40-ਸੀ), ਹਰਤੇਜ ਸਿੰਘ (ਸਿਟੀ ਗਲੋਬਲ ਸਕੂਲ ਜ਼ੀਰਕਪੁਰ) ਤੇ ਜਪਮਨ ਸਿੰਘ (ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਸੈਕਟਰ 35-ਬੀ) ਨੂੰ ਦਸਤਾਰ ਤੇ ਸਰਟੀਫਿਕੇਟ ਦਿੱਤੇ ਗਏ। ਕੌਂਸੋਲੇਸ਼ਨ ਮੁਕਾਬਲਾ ਜਿੱਤਣ ਵਾਲੇ ਬੱਚਿਆਂ ਨੂੰ ਨਗਦ ਇਨਾਮ ਵੀ ਦਿੱਤੇ ਗਏ। ਕੁਲ 51 ਬੱਚਿਆਂ ਨੂੰ ਦਸਤਾਰਾਂ ਭੇਟ ਕੀਤੀਆਂ ਗਈਆਂ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਜਿੰਦਰ ਸਿੰਘ ਬਹਿਲ ਨੇ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜੋਕਾ ਨੌਜਵਾਨ ਸਮਾਜਿਕ ਬੁਰਾਈਆਂ ਤੋਂ ਦੂਰ ਰਹੇ ਤੇ ਸਿੱਖੀ ਨੂੰ ਅਪਨਾਏ। ਇਸ ਮੌਕੇ ਇਸਤਰੀ ਸਭਾ ਦੀ ਪ੍ਰਧਾਨ ਸ੍ਰੀਮਤੀ ਮਲਿਕਾ ਸਿੰਘ ਤੇ ਧਾਰਮਿਕ ਸਮਾਗਮਾਂ ਦੇ ਇੰਚਾਰਜ ਸਤਨਾਮ ਸਿੰਘ ਵੀ ਹਾਜ਼ਰ ਸਨ।

# ਡਾ.ਓਬਰਾਏ ਸ੍ਰੀ ਅਨੰਦਪੁਰ ਸਾਹਿਬ ਵਿਖੇ ਯੂਨੀਵਰਸਿਟੀ ਸਥਾਪਤ ਕਰਨਗੇ

ਸ੍ਰੀ ਅਨੰਦਪੁਰ ਸਾਹਿਬ, 13 ਅਪ੍ਰੈਲ (ਸੇਵਾ ਸਿੰਘ/ਸਤਿੰਦਰਪਾਲ ਸਿੰਘ): ਖ਼ਾਲਸਾ ਪੰਥ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ 1699 ਦੀ ਵਿਸਾਖੀ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਨੇ ਖ਼ਾਲਸੇ ਦੀ ਸਿਰਜਣਾ ਦਾ ਇਤਿਹਾਸ ਸਿਰਜ ਕੇ ਹਿੰਦੁਸਤਾਨ ਦੀ ਧਰਤ 'ਤੇ ਇਕ ਨਵਾਂ ਰੰਗ ਭਰ ਦਿੱਤਾ ਸੀ, ਜਿਸ ਨੇ ਆਉਣ ਵਾਲੇ ਸਮਿਆਂ ਵਿਚ ਹਿੰਦੂ ਸਮਾਜ ਦੇ ਭਾਗ ਬਦਲ ਦਿੱਤੇ ਸਨ ਤੇ ਮਨੁੱਖ ਨੂੰ ਮਨੁੱਖ ਹੋਣ ਦਾ ਅਹਿਸਾਸ ਕਰਵਾ ਦਿੱਤਾ ਸੀ। ਅੱਜ ਦੀ ਵਿਸਾਖੀ ਅਨੰਦਪੁਰ ਸਾਹਿਬ ਦੀ ਧਰਤੀ ਲਈ ਇਕ ਨਵੀਂ ਅੰਗੜਾਈ ਲੈ ਰਹੀ ਹੈ। ਸੁਪ੍ਰਸਿੱਧ ਦਾਨੀ ਡਾ.ਐੱਸ.ਪੀ. ਸਿੰਘ ਓਬਰਾਏ ਨੇ ਇਸ ਧਰਤੀ 'ਤੇ ਸੰਨੀ ਓਬਰਾਏ ਵਿਵੇਕ ਸਦਨ ਸਕੂਲ ਆਫ਼ ਯੂਨੀਵਰਸਿਟੀ ਦੀ ਸਥਾਪਨਾ ਦਾ ਸੁਪਨਾ ਲਿਆ ਹੈ, ਜੋ ਆਉਣ ਵਾਲੇ ਤਿੰਨ ਸਾਲਾਂ ਦੇ ਸਮੇਂ ਵਿੱਚ ਸੰਪੂਰਨ ਯੂਨੀਵਰਸਿਟੀ ਦਾ ਰੂਪ ਲੈ ਲਵੇਗੀ। ਜਾਣਕਾਰੀ ਦਿੰਦਿਆਂ ਮੈਡਮ ਭੁਪਿੰਦਰ ਕੌਰ ਮਾਂਗੇਵਾਲ ਨੇ ਦੱਸਿਆ ਕਿ ਇਸ ਯੂਨੀਵਰਸਿਟੀ ਵਿੱਚ ਵਿਦਿਆਰਥੀ ਬਿਨਾਂ ਫੀਸ ਪੜ੍ਹਾਈ ਕਰਨਗੇ। ਜਿਸ ਦਾ ਰਸਮੀ ਤੌਰ 'ਤੇ ਉਦਘਾਟਨ ਬੀਤੇ ਦਿਨੀਂ ਤਖ਼ਤ ਸ੍ਰੀ ਸਾਹਿਬ ਕੇਸਗੜ੍ਹ ਸਾਹਿਬ ਤੋਂ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸੰਤ ਬਾਬਾ ਸੁੱਚਾ ਸਿੰਘ ਦੀ ਸੰਤ ਬਾਬਾ ਗੁਰਦੇਵ ਸਿੰਘ ਤੇ ਸੰਤ ਬਾਬਾ ਸਤਨਾਮ ਸਿੰਘ ਵੱਲੋਂ ਨਵੀਂ ਬਿਲਡਿੰਗ ਬਣਾਉਣ ਲਈ ਟੱਕ ਲਗਾਉਣਗੇ।

# ਮੇਰੀ ਸਿਹਤ ਕਾਫ਼ੀ ਚੰਗੀ ਹੈ, ਸਾਲਾਨਾ ਮੈਡੀਕਲ ਜਾਂਚ ਕਰਵਾਈ : ਟਰੰਪ



ਵਾਸ਼ਿੰਗਟਨ, 13 ਅਪ੍ਰੈਲ (ਚ.ਨ.ਸ): ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਬੀਤੇ ਦਿਨ ਸਾਲਾਨਾ ਮੈਡੀਕਲ ਜਾਂਚ ਕਰਵਾਈ ਅਤੇ ਕਿਹਾ ਕਿ ਉਨ੍ਹਾਂ ਦੀ ਸਿਹਤ ਚੰਗੀ ਹੈ। ਉਨ੍ਹਾਂ ਆਪਣੇ ਦਿਲ ਰੂਹ ਤੇ ਸਮਰੱਥਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵ੍ਹਾਈਟ ਹਾਊਸ ਦੇ ਡਾਕਟਰਾਂ ਦੀ ਮੈਡੀਕਲ ਰਿਪੋਰਟ ਇਸ ਹਫ਼ਤੇ ਦੇ ਅੰਤ ਤੱਕ ਤਿਆਰ ਨਹੀਂ ਹੋ ਸਕਦੀ। ਜਨਵਰੀ ਵਿੱਚ 78 ਸਾਲ ਦੀ ਉਮਰ 'ਚ ਅਮਰੀਕਾ ਦੇ ਇਤਿਹਾਸ 'ਚ ਸਭ ਤੋਂ ਬਜ਼ੁਰਗ ਰਾਸ਼ਟਰਪਤੀ ਬਣਨ ਵਾਲੇ ਟਰੰਪ ਜਾਂਚ ਲਈ ਤਕਰੀਬਨ ਪੰਜ ਘੰਟੇ ਤੱਕ ਵਾਲਟਰ ਰੀਡ ਨੈਸ਼ਨਲ ਮਿਲਟਰੀ ਮੈਡੀਕਲ ਸੈਂਟਰ 'ਚ ਰਹੇ। ਉਨ੍ਹਾਂ ਕਿਹਾ ਕਿ ਜਿਸ ਦੀ ਵੀ ਤੁਸੀਂ ਕਲਪਨਾ ਕਰ ਸਕਦੇ ਹੋ, ਉਹ ਹਰ ਟੈਸਟ ਕੀਤਾ ਗਿਆ ਹੈ। ਟਰੰਪ ਜਾਂਚ ਮਗਰੋਂ ਸਿੱਧਾ ਏਅਰਫੋਰਸ ਵਨ 'ਤੇ ਸਵਾਰ ਹੋ ਕੇ ਫਲੋਰੀਡਾ ਰਵਾਨਾ ਹੋ ਗਏ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਮੈਂ ਕਾਫੀ ਸਮਾਂ ਉੱਥੇ ਸੀ। ਮੈਨੂੰ ਲੱਗਦਾ ਹੈ ਕਿ ਮੇਰੀ ਸਿਹਤ ਕਾਫੀ ਚੰਗੀ ਹੈ।' ਟਰੰਪ ਨੇ ਕਿਹਾ ਕਿ ਡਾਕਟਰਾਂ ਨੇ ਉਨ੍ਹਾਂ ਨੂੰ ਜੀਵਨਸ਼ੈਲੀ 'ਚ ਤਬਦੀਲੀ ਬਾਰੇ ਕੁਝ ਸਲਾਹ ਦਿੱਤੀ ਹੈ ਜਿਸ ਨਾਲ ਉਨ੍ਹਾਂ ਦੀ ਸਿਹਤ ਬਿਹਤਰ ਹੋ ਸਕਦੀ ਹੈ। ਸਾਬਕਾ ਰਾਸ਼ਟਰਪਤੀ ਜੋਅ ਬਾਇਡਨ ਦੀ ਸਰੀਰਕ ਤੇ ਮਾਨਸਿਕ ਸਮਰੱਥਾ 'ਤੇ ਲੰਮੇ ਸਮੇਂ ਤੱਕ ਸਵਾਲ ਉਠਾਉਣ ਦੇ ਬਾਵਜੂਦ ਟਰੰਪ ਆਪਣੀ ਸਿਹਤ ਬਾਰੇ ਬੁਨਿਆਦੀ ਤੱਥ ਲੰਮੇ ਸਮੇਂ ਤੋਂ ਗੁਪਤ ਰੱਖਦੇ ਆਏ ਹਨ। ਟਰੰਪ ਨੇ ਕਿਹਾ ਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਉਨ੍ਹਾਂ ਦੀ ਮੈਡੀਕਲ ਰਿਪੋਰਟ ਐਤਵਾਰ ਤੱਕ ਤਿਆਰ ਹੋ ਜਾਵੇਗੀ। ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲਿਨ ਲੈਵਿਟ ਨੇ ਕਿਹਾ ਕਿ ਟਰੰਪ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਉਸ ਦੀ ਸਿਹਤ ਬਾਰੇ ਵ੍ਹਾਈਟ ਹਾਊਸ ਦੇ ਡਾਕਟਰ ਵੱਲੋਂ ਵੇਰਵੇ ਜਿੰਨੀ ਜਲਦੀ ਸੰਭਵ ਹੋ ਸਕੇ, ਜਾਰੀ ਕੀਤੇ ਜਾਣਗੇ।

# ਵਿਧਾਇਕ ਵੱਲੋਂ ਗਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

ਹੁਸ਼ਿਆਰਪੁਰ, 13 ਅਪ੍ਰੈਲ (ਪਰਮਿੰਦਰ ਘੁੰਮਣ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਸਾਰੇ ਵਾਰਡਾਂ ਵਿਚ ਲਗਾਤਾਰ ਵਿਕਾਸ ਦੇ ਕੰਮ ਕੀਤੇ ਜਾ ਰਹੇ ਹਨ ਤਾਂ ਜੋ ਜਨਤਾ ਨੂੰ ਬਿਹਤਰ ਸੁਵਿਧਾਵਾਂ ਮਿਲ ਸਕਨ। ਇਸ ਦਿਸ਼ਾ ਵਿਚ ਵਾਰਡ ਨੰਬਰ 46 ਵਿਚ ਗਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਨਗਰ ਨਿਗਮ ਰਾਹੀਂ ਸ਼ਹਿਰ ਦੀਆਂ ਸੜਕਾਂ, ਗਲੀਆਂ, ਜਲ ਨਿਕਾਸੀ, ਸਫ਼ਾਈ ਵਿਵਸਥਾ ਤੇ ਹੋਰ ਜ਼ਰੂਰੀ ਢਾਂਚਾਗਤ ਸੁਵਿਧਾਵਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਯੋਜਨਾਬੱਧ ਢੰਗ ਨਾਲ ਕੰਮ ਕੀਤੇ ਜਾ ਰਹੇ ਹਨ। ਵਿਧਾਇਕ ਜਿੰਪਾ ਨੇ ਸਥਾਨਕ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸਾਰੇ ਲੰਬਿਤ ਵਿਕਾਸ ਕਾਰਜ ਜਲਦ ਪੂਰੇ ਕੀਤੇ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਗੁਣਵੱਤਾ ਵਿਚ ਕੋਈ ਸਮਝੌਤਾ ਨਾ ਹੋਵੇ ਤੇ ਕੰਮ ਨਿਰਧਾਰਤ ਸਮੇਂ ਵਿਚ ਪੂਰੇ ਕੀਤੇ ਜਾਣ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ ਆਦਿ ਹਾਜ਼ਰ ਸਨ।

# ਵਿਧਾਇਕ ਕਲਸੀ ਨੇ 35 ਲੱਖ ਦੀ ਲਾਗਤ ਨਾਲ ਬਣਨ ਵਾਲੀ ਅੰਡਰ ਗਰਾਊਂਡ ਸੀਵਰੇਜ ਪਾਈਪ ਲਾਈਨ ਦਾ ਨੀਂਹ ਪੱਥਰ ਰੱਖਿਆ




ਬਟਾਲਾ, 13 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਬਟਾਲਾ ਹਲਕੇ ਅੰਦਰ ਵਿਕਾਸ ਕਾਰਜਾਂ ਦੀ ਰਫਤਾਰ ਤੇਜ਼ੀ ਨਾਲ ਚੱਲ ਰਹੀ ਹੈ ਤੇ ਵਿਕਾਸ ਪੱਖੋਂ ਪਿੰਡਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਇਹ ਪ੍ਰਗਟਾਵਾ ਬਟਾਲਾ ਦੇ ਵਿਧਾਇਕ ਤੇ ਕਾਰਜਕਾਰੀ ਪ੍ਰਧਾਨ ਪੰਜਾਬ, ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਪਿੰਡ ਨੌਸ਼ਹਿਰਾ ਮੱਝਾ ਸਿੰਘ ਵਿਖੇ ਮਸੀਹੀ ਮੁਹੱਲੇ ਅੰਦਰ ਕਰੀਬ 35 ਲੱਖ ਦੀ ਲਾਗਤ ਨਾਲ ਬਣਨ ਵਾਲੀ ਅੰਡਰ ਗਰਾਊਂਡ ਸੀਵਰੇਜ ਪਾਈਪ ਲਾਈਨ ਦਾ ਨੀਂਹ ਪੱਥਰ ਰੱਖਣ ਉਪਰੰਤ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਰਹੀ ਹੈ ਕਿ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾਣ ਤੇ ਉਨ੍ਹਾਂ ਦੀਆਂ ਬੁਨਿਆਦੀ ਲੋੜਾਂ ਜਲਦ ਪੂਰੀਆਂ ਕੀਤੀਆਂ ਜਾਣ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡ ਦੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਪਈਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਪਿੰਡਾਂ ਅੰਦਰ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ। ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਸਟੇਡੀਅਮ ਉਸਾਰੇ ਗਏ ਗਏ ਹਨ ਤੇ ਨੌਜਵਾਨਾਂ ਨੂੰ ਖੇਡਣ ਦਾ ਪਲੇਟਫਾਰਮ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪਿੰਡਾਂ ਵਿੱਚ ਲੋਕਾਂ ਦੀ ਸਹੂਲਤ ਲਈ ਗਲੀਆਂ ਤੇ ਡੇਰਿਆਂ ਦੇ ਰਸਤੇ ਪੱਕੇ ਕੀਤੇ ਗਏ ਹਨ। ਪਿੰਡਾਂ ਅੰਦਰ ਸਟਰੀਟ ਲਾਈਟਸ ਲਗਾਈਆਂ ਜਾ ਰਹੀਆਂ ਹਨ। ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡਾਂ ਅੰਦਰ ਪਾਰਕਾਂ ਦੀ ਉਸਾਰੀ ਕਰਵਾਈ ਗਈ ਹੈ, ਜਿਥੇ ਲੋਕ ਸਵੇਰੇ ਤੇ ਸ਼ਾਮ ਵੇਲੇ ਸੈਰ ਕਰਦੇ ਹਨ। ਉਨ੍ਹਾਂ ਦੁਹਰਾਇਆ ਕਿ ਉਹ ਲੋਕਾਂ ਦੀ ਸੇਵਾ ਵਿੱਚ ਦਿਨ-ਰਾਤ ਹਾਜ਼ਰ ਹਨ ਤੇ ਹਲਕੇ ਦੇ ਵਿਕਾਸ ਲਈ ਦ੍ਰਿੜ ਸੰਕਲਪ ਹਨ। ਇਸ ਮੌਕੇ ਗੁਰਮੀਤ ਸਿੰਘ ਚਾਹਲ, ਬੀ.ਡੀ.ਪੀ.ਓ., ਸਰਪੰਚ ਮਨਦੀਪ ਕੌਰ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਜ਼ਿਲ੍ਹਾ ਯੂਥ ਆਗੂ ਮਨਦੀਪ ਸਿੰਘ ਗਿੱਲ ਤੇ ਪਾਰਟੀ ਦੀ ਸਮੁੱਚੀ ਟੀਮ ਮੌਜੂਦ ਸੀ।

# ਵਿਧਾਇਕ ਨਰੇਸ਼ ਕਟਾਰੀਆ ਨੇ ਬੋਤੀਆਂ ਵਾਲਾ ਪਿੰਡ 'ਚ ਰੱਖੇ ਨੀਂਹ ਪੱਥਰ



ਜ਼ੀਰਾ, 13 ਅਪ੍ਰੈਲ (ਦੀਪਕ ਭਾਰਗੋ): ਵਿਧਾਨ ਸਭਾ ਹਲਕਾ ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਜਗ੍ਹਾ-ਜਗ੍ਹਾ 'ਤੇ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਜਾ ਰਹੇ ਹਨ ਤੇ ਹੋ ਚੁੱਕੇ ਕੰਮਾਂ ਦੇ ਉਦਘਾਟਨ ਵੀ ਕੀਤੇ ਜਾ ਰਹੇ ਹਨ। ਇਸੇ ਤਰ੍ਹਾਂ ਪਿੰਡ ਬੋਤੀਆਂ ਵਾਲਾ ਵਿੱਚ ਪਹੁੰਚ ਕੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਨੀਂਹ ਪੱਥਰ ਰੱਖੇ ਗਏ ਤੇ ਹੋਏ ਕੰਮਾਂ ਦੇ ਉਦਘਾਟਨ ਕੀਤੇ। ਇਸ ਮੌਕੇ ਪਿੰਡ ਦੇ ਸਰਪੰਚ ਲਖਵੀਰ ਕੌਰ ਪਤਨੀ ਹਰਜੀਤ ਸਿੰਘ ਮੈਂਬਰ ਤੇ ਸਾਬਕਾ ਸਰਪੰਚ ਬਲਰਾਜ ਸਿੰਘ ਦੀ ਰਹਿਨੁਮਾਈ ਹੇਠ ਪਿੰਡ ਦੀ ਫਿਰਨੀ ਤੇ ਇੰਟਰਲਾਕ, ਨਵੀਆਂ ਆਬਾਦੀ ਵਾਲੇ ਇਲਾਕੇ ਨੂੰ ਪਾਈਪ ਲਾਈਨ ਪਾਉਣੀ, ਪਿੰਡ ਵਿਚ ਦੋ ਸੱਥਾਂ ਦਾ ਨਿਰਮਾਣ ਕੀਤਾ ਗਿਆ, ਜਿਸ ਦੇ ਉਦਘਾਟਨ ਅੱਜ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਪਿੰਡ ਵਿੱਚ ਪਹੁੰਚ ਕੇ ਕੀਤੇ ਗਏ ਤੇ ਉਸ ਪਿੰਡ ਦੇ ਸਰਪੰਚ ਲਖਵੀਰ ਕੌਰ ਦੇ ਕੰਮ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਕਾਰਜਾਂ ਵਾਸਤੇ ਜਿੰਨਾ ਵੀ ਫੰਡ ਚਾਹੀਦਾ ਹੈ ਉਹ ਵੱਧ ਤੋਂ ਵੱਧ ਲਿਆ ਕੇ ਦੇਣਗੇ ਪਰ ਸਰਕਾਰ ਦੀ ਨੀਤੀ ਹੈ ਕਿ ਕੰਮ ਇਮਾਨਦਾਰੀ ਨਾਲ ਕੀਤਾ ਜਾਵੇ। ਇਸ ਮੌਕੇ ਸਾਬਕਾ ਸਰਪੰਚ ਮੰਗਲ ਸਿੰਘ ਯੂ.ਐੱਸ.ਏ., ਕੁਲਵਿੰਦਰ ਸਿੰਘ ਯੂ.ਐੱਸ.ਏ., ਮੈਂਬਰ ਪੰਚਾਇਤ ਮਨਜੀਤ ਕੌਰ, ਮੈਂਬਰ ਪੰਚਾਇਤ ਮਨਜੀਤ ਕੌਰ, ਮੈਂਬਰ ਪੰਚਾਇਤ ਰਜਿੰਦਰ ਕੌਰ, ਮੈਂਬਰ ਪੰਚਾਇਤ ਸੁਖਵਿੰਦਰ ਸਿੰਘ, ਮੈਂਬਰ ਪੰਚਾਇਤ ਸੁਖਪਾਲ ਸਿੰਘ, ਮੈਂਬਰ ਪੰਚਾਇਤ ਉੱਤਮ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ। ਇਸ ਮੌਕੇ ਵਿਧਾਇਕ ਨਰੇਸ਼ ਕਟਾਰੀਆ ਨਾਲ ਖਾਸ ਤੌਰ 'ਤੇ ਪੁੱਜੇ ਬੀ.ਡੀ.ਪੀ.ਓ. ਸੁਰਜੀਤ ਸਿੰਘ ਤੋਂ ਇਲਾਵਾ ਬਲਾਕ ਪ੍ਰਧਾਨ ਹਰਭਗਵਾਨ ਸਿੰਘ ਭੋਲਾ, ਸਰਪੰਚ ਰਾਮ ਸਿੰਘ ਕੰਗ ਦੇਵਾ, ਮਨਪ੍ਰੀਤ ਸਿੰਘ ਸੇਖਵਾਂ ਸਰਪੰਚ, ਦਲੇਰ ਸਿੰਘ ਮਹੀਆਂਵਾਲਾ, ਗੁਰਪ੍ਰੀਤ ਸਿੰਘ ਸਰਪੰਚ ਮਹੀਆਂਵਾਲਾ, ਸੋਹਨ ਸਿੰਘ ਸਾਬਕਾ ਸਰਪੰਚ ਫੇਰੋਕੇ, ਸਤਨਾਮ ਸਿੰਘ ਸਰਪੰਚ ਕੋਠੇ ਗਾਦੜੀ ਵਾਲਾ, ਜੱਸਾ ਸਰਪੰਚ ਕੱਚਰ ਭਨ, ਰਘਵੀਰ ਸਿੰਘ, ਦਲਜੀਤ ਸਿੰਘ ਸਰਪੰਚ ਛੱਤਰਾ, ਸਤਨਾਮ ਸਿੰਘ ਸਰਪੰਚ ਮਨਸੂਰਵਾਲ, ਸੁੱਖਾ ਜ਼ੀਰਾ, ਦਰਬਾਰਾ ਸਿੰਘ ਪੀ.ਐੱਸ.ਓ. ਹਾਜ਼ਰ ਸਨ।

# ਭਾਰਤ ਮਾਲਾ ਸੜਕ ਲਈ ਜ਼ਮੀਨਾਂ ਦਾ ਕਬਜ਼ਾ ਲੈਣ ਦੇ ਵਿਰੋਧ 'ਚ ਕਿਸਾਨਾਂ ਨੇ ਕੀਤੀ ਮੀਟਿੰਗ



ਕਾਹਨੂੰਵਾਨ, 13 ਅਪ੍ਰੈਲ (ਕੁਲਜੀਤ ਸਿੰਘ ਖੋਖਰ): ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਗੁਰਦਾਸਪੁਰ ਦੇ ਜ਼ੋਨ ਸਠਿਆਲੀ ਪੁੱਲ ਦੀ ਇੱਕ ਅਹਿਮ ਮੀਟਿੰਗ ਗੁਰਦੁਆਰਾ ਨਾਨਕਸਰ ਸਾਹਿਬ ਭਿੱਟੇਵੱਡ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਜ਼ੋਨ ਪ੍ਰਧਾਨ ਗੁਰਮੁਖ ਸਿੰਘ ਖਾਲ ਮਲੱਕ ਨੇ ਕੀਤੀ। ਇਸ ਮੌਕੇ ਜਥੇਬੰਦੀ ਦੇ ਹੋਰ ਅਹਿਮ ਆਗੂ ਤੇ ਭਾਰਤ ਮਾਲਾ ਸੜਕ ਵਿੱਚ ਆਈਆਂ ਜ਼ਮੀਨਾਂ ਦੇ ਮਾਲਕਾਂ ਨੇ ਵੀ ਵਿਸ਼ੇਸ਼ ਤੌਰ 'ਤੇ ਹਿੱਸਾ ਲਿਆ। ਇਸ ਸਬੰਧੀ ਗੱਲਬਾਤ ਕਰਦੇ ਹੋਏ ਕਿਸਾਨ ਆਗੂ ਗੁਰਮੁਖ ਸਿੰਘ ਖਾਨ ਮਲੱਕ ਤੇ ਰਣਜੀਤ ਸਿੰਘ ਆਦਿ ਨੇ ਕਿਹਾ ਕਿ ਭਾਰਤ ਮਾਲਾ ਹਾਈਵੇਅ ਵਿੱਚ ਆਈ ਜ਼ਮੀਨ ਦੇ ਪ੍ਰਤੀ ਜੋ ਹਾਈ ਕੋਰਟ ਦਾ ਬੀਤੇ ਦਿਨ ਫੈਸਲਾ ਆਇਆ ਹੈ, ਉਹ ਕਿਸਾਨਾਂ ਲਈ ਤੇ ਇਨ੍ਹਾਂ ਜ਼ਮੀਨਾਂ ਦੀਆਂ ਕੀਮਤਾਂ ਲਈ ਜੂਝ ਰਹੇ ਜੁਝਾਰੂ ਆਗੂਆਂ ਲਈ ਕਾਫੀ ਚਿੰਤਾਜਨਕ ਤੇ ਸੰਘਰਸ਼ਸ਼ੀਲ ਕਰਨ ਵਾਲਾ ਹੈ। ਕਿਸਾਨ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਬਿਨਾਂ ਕੀਮਤਾਂ ਦੀ ਅਦਾਇਗੀ ਤੋਂ ਉਨ੍ਹਾਂ ਦੀ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਤੇ ਇਲਾਕੇ ਦੇ ਲੋਕ ਇਸ ਦਾ ਸਖਤ ਵਿਰੋਧ ਕਰਨਗੇ। ਉਨ੍ਹਾਂ ਨੇ ਕਿਹਾ ਕਿ ਕਿਸੇ ਵੀ ਕੀਮਤ ਵਿੱਚ ਕਿਸਾਨਾਂ ਦੀਆਂ ਜ਼ਮੀਨਾਂ ਉੱਤੇ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ, ਇਸ ਲਈ ਚਾਹੇ ਸਾਨੂੰ ਕੋਈ ਵੀ ਕੀਮਤ ਅਦਾ ਕਰਨੀ ਪਵੇ। ਉਨ੍ਹਾਂ ਨੇ ਕਿਹਾ ਕਿ ਸਾਲ 2013 ਵਿੱਚ ਜ਼ਮੀਨਾਂ ਐਕਵਾਇਰ ਕਰਨ ਸਬੰਧੀ ਬਣਾਏ ਗਏ ਕਾਨੂੰਨ ਤਹਿਤ ਹੀ ਕਿਸਾਨਾਂ ਦੀਆਂ ਜ਼ਮੀਨਾਂ ਦੀ ਕੀਮਤ ਅਦਾ ਕੀਤੀ ਜਾਵੇ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਲਈ ਆਪਸ ਵਿੱਚ ਭਾਈਵਾਲ ਬਣੀਆਂ ਹੋਈਆਂ ਹਨ ਤੇ ਪੰਜਾਬ ਦਾ ਸਮੁੱਚਾ ਸਿਵਲ ਪ੍ਰਸ਼ਾਸਨ ਵੀ ਕਿਸਾਨਾਂ ਪ੍ਰਤੀ ਮਤਰੇਈ ਮਾਂ ਵਾਲਾ ਸਲੂਕ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਕਿਸਾਨ ਸਾਲ 2013 ਵਾਲੇ ਕਾਨੂੰਨ ਅਨੁਸਾਰ ਹੀ ਕੀਮਤਾਂ ਪ੍ਰਾਪਤ ਕਰਨਗੇ। ਇਸ ਮੌਕੇ ਕਿਸਾਨ ਆਗੂ ਲਖਵਿੰਦਰ ਸਿੰਘ ਕਾਲਾ ਬਾਲਾ ਅਨੂਪ ਸਿੰਘ ਬਲੱਗਣ ਰਣਜੀਤ ਸਿੰਘ ਧੰਦਲ ਹਰਜੀਤ ਸਿੰਘ ਹਰਵੰਤ ਸਿੰਘ ਟੋਡਰਮੱਲ ਗੁਰਪ੍ਰੀਤ ਸਿੰਘ ਲਖਵਿੰਦਰ ਸਿੰਘ ਵੜੈਚ ਭਗਵੰਤ ਸਿੰਘ ਵੜੈਚ ਕਾਬਲ ਸਿੰਘ ਧੰਦਲ ਜਸਵੀਰ ਸਿੰਘ ਵੜੈਚ ਪ੍ਰਗਟ ਸਿੰਘ ਜਸਵੰਤ ਸਿੰਘ ਇਕਬਾਲ ਸਿੰਘ ਲਾਡੀ ਹਰਦੀਪ ਸਿੰਘ ਨਿਸ਼ਾਨ ਸਿੰਘ ਅਜੀਤ ਸਿੰਘ ਭਿੱਟੇਵੱਢ ਤੇ ਸ਼ਿੰਦਾ ਕੋਟ ਟੋਡਰਮੱਲ ਆਦਿ ਵੀ ਹਾਜ਼ਰ ਸਨ।

## ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿਖੇ ਹਿੰਸਾ

# ਸਿਹਤ ਮੰਤਰੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ




ਗੁਰਦਾਸਪੁਰ, 13 ਅਪ੍ਰੈਲ (ਜਗੀਰ ਸਿੰਘ ਮੰਡ): ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਵਿਖੇ ਬੀਤੀ ਰਾਤ ਹੋਈ ਹਿੰਸਾ ਵਿੱਚ ਤੁਰੰਤ ਕਾਰਵਾਈ ਕਰਦੇ ਹੋਏ, ਦੋਵਾਂ ਧਿਰਾਂ ਵਿਰੁੱਧ ਪਹਿਲੀ ਸੂਚਨਾ ਰਿਪੋਰਟ (ਐੱਫ.ਆਈ.ਆਰ.) ਦਰਜ ਕੀਤੀ ਗਈ ਹੈ। ਡੀ.ਸੀ. ਗੁਰਦਾਸਪੁਰ ਦਲਵਿੰਦਰਜੀਤ ਸਿੰਘ, ਆਈ.ਏ.ਐੱਸ., ਐੱਸ.ਐੱਸ.ਪੀ. ਗੁਰਦਾਸਪੁਰ ਆਦਿੱਤਿਆ, ਆਈ.ਪੀ.ਐੱਸ. ਤੇ ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਨੇ ਅੱਜ ਜ਼ਿਲ੍ਹਾ ਹਸਪਤਾਲ ਦਾ ਦੌਰਾ ਕੀਤਾ ਤੇ ਸਾਰੀ ਸਥਿਤੀ ਦਾ ਜਾਇਜ਼ਾ ਲਿਆ। ਇਸ ਘਟਨਾ ਦਾ ਸਖ਼ਤ ਨੋਟਿਸ ਲੈਂਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਸਪਤਾਲ ਇੱਕ ਸ਼ਾਂਤਮਈ ਸਥਾਨ ਹੈ ਤੇ ਹਸਪਤਾਲ ਦੇ ਅਹਾਤੇ ਵਿੱਚ ਕਿਸੇ ਵੀ ਤਰ੍ਹਾਂ ਦੀ ਹਿੰਸਾ, ਝੜਪਾਂ, ਝਗੜੇ ਜਾਂ ਭੰਨਤੋੜ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਮੈਡੀਕਲ ਕਰਮਚਾਰੀ ਵਿਰੁੱਧ ਹਿੰਸਾ ਤੇ ਹਸਪਤਾਲ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣਾ ਇੱਕ ਗੈਰ-ਜ਼ਮਾਨਤੀ ਅਪਰਾਧ ਹੈ ਤੇ ਹਸਪਤਾਲ ਦੇ ਪ੍ਰੋਟੋਕੋਲ ਦੀ ਉਲੰਘਣਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਹਸਪਤਾਲ ਨੂੰ ਹੋਏ ਸਾਰੇ ਨੁਕਸਾਨ ਦਾ 10 ਗੁਣਾ ਭੁਗਤਾਨ ਕਰਨਾ ਪਵੇਗਾ। ਇਸ ਮੌਕੇ ਉਨ੍ਹਾਂ ਹਸਪਤਾਲ ਦੇ ਡਾਕਟਰਾਂ ਅਤੇ ਸਿਹਤ ਸਟਾਫ਼ ਤੋਂ ਘਟਨਾ ਬਾਰੇ ਸਾਰੀ ਜਾਣਕਾਰੀ ਲਈ ਤੇ ਹਸਪਤਾਲ ਦੀ ਸੁਰੱਖਿਆ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਐੱਸ.ਐੱਸ.ਪੀ. ਗੁਰਦਾਸਪੁਰ ਆਦਿੱਤਿਆ ਨੇ ਕਿਹਾ ਕਿ ਹਸਪਤਾਲ ਵਿੱਚ ਹੋਈ ਝੜਪ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਮੁਲਜ਼ਮਾਂ ਖ਼ਿਲਾਫ਼ ਪੰਜਾਬ ਪ੍ਰੋਟੈਕਸ਼ਨ ਆਫ਼ ਮੈਡੀਕੇਅਰ ਸਰਵਿਸ ਪਰਸਨਜ਼ ਐਂਡ ਮੈਡੀਕੇਅਰ ਸਰਵਿਸ ਇੰਸਟੀਚਿਊਸ਼ਨਜ਼ (ਪ੍ਰੀਵੈਂਸ਼ਨ ਆਫ਼ ਵਾਇਲੈਂਸ ਐਂਡ ਡੈਮੇਜ ਟੂ ਪ੍ਰਾਪਰਟੀ) ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਨੇ ਕਿਹਾ ਕਿ ਇਹ ਘਟਨਾ ਕੱਲ੍ਹ ਰਾਤ ਵਾਪਰੀ ਜਦੋਂ ਝਗੜੇ ਵਿੱਚ ਸ਼ਾਮਲ ਇੱਕ ਧਿਰ ਇਲਾਜ ਲਈ ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਪਹੁੰਚੀ ਸੀ ਤਾਂ ਇਸੇ ਦੌਰਾਨ ਦੂਜੀ ਧਿਰ ਦੇ ਲੋਕ ਹਸਪਤਾਲ ਵਿੱਚ ਆ ਕੇ ਝਗੜਾ ਕਰਨ ਲੱਗ ਪਏ। ਇਸ ਦੌਰਾਨ ਹਸਪਤਾਲ ਦਾ ਵੀ ਨੁਕਸਾਨ ਹੋਇਆ ਹੈ।

# ਪੁਲਿਸ ਨੇ ਵੱਖ-ਵੱਖ ਮੁਕੱਦਮਿਆਂ 'ਚ ਲੋੜੀਂਦਾ ਤਸਕਰ 5.97 ਮਿਲੀਗ੍ਰਾਮ ਹੈਰੋਇਨ ਸਮੇਤ ਕੀਤਾ ਕਾਬੂ



ਬਟਾਲਾ, 13 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਸਿੰਘ ਕਲਸੀ): ਹਲਕਾ ਸ੍ਰੀ ਹਰਗੋਬਿੰਦਪੁਰ ਅਧੀਨ ਆਉਂਦੇ ਪੁਲਿਸ ਥਾਣਾ ਰੰਗੜ-ਨੰਗਲ ਦੇ ਐੱਸ.ਐੱਚ.ਓ. ਗਗਨ ਢੀਂਡਸਾ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਵੱਖ-ਵੱਖ ਮੁਕੱਦਮਿਆਂ 'ਚ ਲੋੜੀਂਦਾ ਨਿੱਕੀ ਉਮਰੇ ਨਸ਼ੇ ਦਾ ਵੱਡਾ ਕਾਰੋਬਾਰ ਕਰਨ ਵਾਲੇ ਨਸ਼ਾ ਸਮੱਗਲਰ ਕਿਰਪਾਲ ਸਿੰਘ (ਘੜੀਲੀ) ਨੂੰ ਗ੍ਰਿਫਤਾਰ ਕੀਤਾ। ਜਾਣਕਾਰੀ ਦਿੰਦੇ ਹੋਏ ਥਾਣਾ ਰੰਗੜ ਨੰਗਲ ਦੇ ਐੱਸ.ਐੱਚ.ਓ. ਗਗਨਦੀਪ ਸਿੰਘ ਨੇ ਕਿਹਾ ਕਿ ਐੱਸ.ਐੱਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ ਤੇ ਸ੍ਰੀ ਹਰਗੋਬਿੰਦਪੁਰ ਦੇ ਡੀ.ਐੱਸ.ਪੀ. ਹਰਕ੍ਰਿਸ਼ਨ ਸਿੰਘ ਦੀਆਂ ਸਖਤ ਹਦਾਇਤਾਂ ਤਹਿਤ ਅੱਜ ਏ.ਐੱਸ.ਆਈ. ਰਛਪਾਲ ਸਿੰਘ ਨੇ ਕਿਰਪਾਲ ਸਿੰਘ ਘੜੀਲੀ ਪੁੱਤਰ ਸਤਨਾਮ ਸਿੰਘ ਵਾਸੀ ਜੈਤੋ ਸਰਜਾ ਨੂੰ ਗ੍ਰਿਫਤਾਰ ਕਰਨ ਉਪਰੰਤ ਤਲਾਸ਼ੀ ਲੈਣ 'ਤੇ ਉਸ ਕੋਲੋਂ 5 ਗ੍ਰਾਮ 97 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਹੋਈ। ਵਧੇਰੇ ਗੱਲਬਾਤ ਕਰਦੇ ਹੋਏ ਥਾਣਾ ਰੰਗੜ ਰੰਗਲ ਦੇ ਐੱਸ.ਐੱਚ.ਓ. ਗਗਨਦੀਪ ਸਿੰਘ ਨੇ ਦੱਸਿਆ ਕਿ ਘੜੀਲੀ ਉੱਪਰ ਪਹਿਲਾਂ ਵੀ ਐੱਨ.ਡੀ.ਪੀ.ਐੱਸ. ਤਹਿਤ ਮੁਕੱਦਮੇ ਦਰਜ ਹਨ ਤੇ ਵੱਖ-ਵੱਖ ਥਾਣਿਆਂ ਦੀ ਪੁਲਿਸ ਨੂੰ ਲੋੜੀਂਦਾ ਹੈ, ਅੱਜ ਇਸ ਨੂੰ ਗ੍ਰਿਫਤਾਰ ਕਰਕੇ ਇਸ ਵਿਰੁੱਧ ਥਾਣਾ ਰੰਗੜ ਨੰਗਲ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ। ਇਸ ਮੌਕੇ ਏ.ਐੱਸ.ਆਈ. ਪਲਵਿੰਦਰ ਸਿੰਘ ਸੋਹਲ, ਏ.ਐੱਸ.ਆਈ. ਅਵਤਾਰ ਸਿੰਘ, ਗੁਰਸ਼ਰਨਬੀਰ ਸਿੰਘ, ਮੁਖਤਾਰ ਸਿੰਘ, ਪੀਸੀ ਅਮਰੀਕ ਸਿੰਘ ਆਦਿ ਹਾਜ਼ਰ ਸਨ।

# ਵਿਸ਼ਵ ਸਿੱਖ ਕਾਨਫਰੰਸ 'ਚ ਡਾ. ਸਰਵਣ ਸਿੰਘ ਆਪਣਾ ਖੋਜ ਭਰਪੂਰ ਖੋਜ-ਪੇਪਰ ਪੇਸ਼ ਕਰਨਗੇ



ਬਟਾਲਾ/ਅਲੀਵਾਲ, 13 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਤਨਾਮ ਸਿੰਘ ਸੰਧੂ): ਬਟਾਲਾ ਤੋਂ ਥੋੜੀ ਦੂਰ ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ ਕੋਟਲਾ ਸ਼ਰਫ ਦੇ ਡਾਇਰੈਕਟਰ ਤੇ ਅੰਤਰਰਾਸ਼ਟਰੀ ਵਿਦਵਾਨ ਡਾ. ਸਰਵਣ ਸਿੰਘ, ਗੁਰੂ ਗੋਬਿੰਦ ਸਿੰਘ ਚੇਅਰ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ, ਪੰਜਾਬੀ, ਯੂਨੀਵਰਸਿਟੀ ਪਟਿਆਲਾ ਵੱਲੋਂ ਸਿੱਖ ਅਧਿਐਨ ਵਿੱਚ ਮੌਜੂਦਾ ਰੁਝਾਨ ਵਿਸ਼ੇ 'ਤੇ 15,16 ਤੇ 17 ਅਪ੍ਰੈਲ ਨੂੰ ਕਰਵਾਈ ਜਾ ਰਹੀ ਵਿਸ਼ਵ ਸਿੱਖ ਕਾਨਫਰੰਸ ਵਿੱਚ ਆਪਣਾ ਖੋਜ ਭਰਪੂਰ ਪੇਪਰ 'ਪਿੰਗਲੇ ਅਤੇ ਉਸਦੀ ਪਤਨੀ ਦੀ ਕਥਾ-ਮੱਧਕਾਲੀਨ ਪੰਜਾਬੀ ਸ੍ਰੋਤਾ ਅਨੁਸਾਰ' ਪੇਸ਼ ਕਰਨਗੇ। ਯਾਦ ਰਹੇ ਕਿ ਡਾ. ਸਰਵਣ ਸਿੰਘ ਪਹਿਲਾਂ ਹੀ ਅਨੇਕਾਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਸੈਮੀਨਾਰਾਂ ਵਿੱਚ ਭਾਗ ਲੈ ਚੁੱਕੇ ਹਨ ਤੇ ਲਗਭਗ 50 ਦੇ ਕਰੀਬ ਆਪਣੇ ਖੋਜ ਪੇਪਰ ਪੇਸ਼ ਕਰ ਚੁੱਕੇ ਹਨ। ਡਾ. ਸਾਹਿਬ ਪੰਜਾਬੀ ਭਾਸ਼ਾ ਤੇ ਸਿੱਖ ਅਧਿਐਨ ਦੇ ਸ਼ਹਿਰਦ ਵਿਦਵਾਨ ਹਨ। ਇਹ ਅੰਤਰਰਾਸ਼ਟਰੀ ਕਾਨਫਰੰਸ ਡਾ. ਗੁਰਮੀਤ ਸਿੰਘ ਸਿੱਧੂ ਪ੍ਰੋਫੈਸਰ ਇੰਚਾਰਜ ਗੁਰੂ ਗੋਬਿੰਦ ਸਿੰਘ ਚੇਅਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਦੇ ਸਹਿਯੋਗ ਦੇ ਨਾਲ ਕਰਵਾਈ ਜਾ ਰਹੀ ਹੈ। ਇਸ ਕਾਨਫਰੰਸ ਦੇ ਵਿਸ਼ੇਸ਼ਤਾ ਇਹ ਹੈ ਕਿ ਖੋਜ ਪੇਪਰਾਂ ਦੇ ਨਾਲ-ਨਾਲ ਗੁਰਬਾਣੀ ਕਥਾ ਪੈਨਲ ਵਿਚਾਰ ਚਰਚਾ ਗੁਰਬਾਣੀ ਟੀਕਾਕਾਰੀ ਤੇ ਉਚ ਸਿੱਖਿਆ ਵਿੱਚ ਧਰਮ ਅਧਿਐਨ ਤੇ ਸਿੱਖ ਅਧਿਐਨ ਆਦਿ ਬਾਰੇ ਵੀ ਵਿਚਾਰ ਚਰਚਾ ਹੋਵੇਗੀ। ਅੰਤਰਰਾਸ਼ਟਰੀ ਪੱਧਰ ਦੇ ਧਰਮ, ਇਤਿਹਾਸ ਦਰਸ਼ਨ ਤੇ ਪੰਜਾਬੀ ਸਾਹਿਤ ਦੇ ਨਾਲ ਸਬੰਧਤ ਵਿਦਵਾਨ ਇਸ ਕਾਨਫਰੰਸ ਵਿੱਚ ਭਾਗ ਲੈਣਗੇ। ਡਾ. ਸਰਵਣ ਸਿੰਘ ਨੇ ਕਿਹਾ ਕਿ ਉਹ ਕਾਨਫਰੰਸ ਦੇ ਕਨਵੀਨਰ ਡਾ. ਗੁਰਮੀਤ ਸਿੰਘ ਸਿੱਧੂ ਤੇ ਵਿਭਾਗ ਦੇ ਬਹੁਤ ਧੰਨਵਾਦੀ ਹਨ, ਜਿਨ੍ਹਾਂ ਇੰਨੇ ਵੱਡੇ ਪਲੇਟਫਾਰਮ 'ਤੇ ਉਨ੍ਹਾਂ ਨੂੰ ਪੇਪਰ ਪੇਸ਼ਕਾਰੀ ਦਾ ਮੌਕਾ ਦਿੱਤਾ ਹੈ।

# ਗੁ. ਕਲਗੀਧਰ ਮੂਲਿਆਂਵਾਲ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਧਾਰੀਵਾਲ, 13 ਅਪ੍ਰੈਲ (ਅਸ਼ੋਕ ਕੁਮਾਰ): ਐੱਨ.ਆਰ.ਆਈ. ਅੰਮ੍ਰਿਤਬੀਰ ਸਿੰਘ ਤੇ ਅਮਰਬੀਰ ਸਿੰਘ ਕੈਨੇਡਾ ਸਪੁੱਤਰ ਪ੍ਰਗਟ ਸਿੰਘ ਜੇ.ਈ. ਵੱਲੋਂ ਆਪਣੀ ਨੇਕ ਕਮਾਈ ਦੇ ਭੇਜੇ ਦਸਵੰਦ ਨਾਲ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਕਲਗੀਧਰ ਮੂਲਿਆਂਵਾਲ ਵਿਖੇ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਉਣ ਦਾ ਨੇਕ ਉਪਰਾਲਾ ਕੀਤਾ। ਜਿਸ ਦੌਰਾਨ ਪਿੰਡ ਮੂਲਿਆਂਵਾਲ ਦੇ 33 ਬੱਚਿਆਂ ਨੇ ਗੁਰਬਾਣੀ ਕੰਠ ਮੁਕਾਬਲਿਆਂ ਵਿੱਚ ਹਿੱਸਾ ਲਿਆ। ਸੀਨੀਅਰ ਤੇ ਜੂਨੀਅਰ ਦੇ ਵੱਖ-ਵੱਖ ਦੋ ਗਰੁੱਪ ਬਣਾਏ ਗਏ। ਜਿਸ ਦੌਰਾਨ ਸੀਨੀਅਰ ਗਰੁੱਪ 'ਚ ਅਮਿਤੋਜਪ੍ਰੀਤ ਸਿੰਘ ਪੁੱਤਰ ਮਨਦੀਪ ਸਿੰਘ ਨੇ ਪਹਿਲਾ, ਕਰਨਜੋਤ ਸਿੰਘ ਪੁੱਤਰ ਗੁਰਸ਼ਰਨ ਸਿੰਘ ਨੇ ਦੂਸਰਾ ਤੇ ਮਨਜੋਤ ਕੌਰ ਪੁੱਤਰੀ ਸਤਨਾਮ ਸਿੰਘ ਦੇ ਤੀਸਰਾ ਸਥਾਨ ਹਾਸਲ ਕੀਤਾ ਜਦਕਿ ਜੂਨੀਅਰ ਗਰੁੱਪ 'ਚ ਗੁਰਸਾਹਿਬ ਸਿੰਘ ਪੁੱਤਰ ਹਰਜਿੰਦਰ ਸਿੰਘ ਨੇ ਪਹਿਲਾ, ਸਰਗੁਨਪ੍ਰੀਤ ਕੌਰ ਪੁੱਤਰੀ ਕੁਲਵਿੰਦਰ ਸਿੰਘ ਨੇ ਦੂਸਰਾ ਤੇ ਕੁਲਪ੍ਰੀਤ ਸਿੰਘ ਪੁੱਤਰ ਗੁਰਬੇਜ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਗੁਰਬਾਣੀ ਕੰਠ ਮੁਕਾਬਲਿਆਂ ਦੌਰਾਨ ਜੱਜ ਦੀ ਭੂਮਿਕਾ ਭਾਈ ਰਛਪਾਲ ਸਿੰਘ ਕੈਲੇ ਕਲਾਂ, ਭਾਈ ਹਰਜਾਪ ਸਿੰਘ ਔਜਲਾਅਤੇ ਭਾਈ ਜਗਦੀਪ ਸਿੰਘ ਮੰਗਲ ਸੈਨ ਵੱਲੋਂ ਨਿਰਪੱਖਤਾ ਨਾਲ ਨਿਭਾਈ। ਜਦਕਿ ਸੀਨੀਅਰ ਗਰੁੱਪ 'ਚੋਂ ਕ੍ਰਮਵਾਰ ਰਵਨੀਤ ਕੌਰ ਪੁੱਤਰ ਜਸਬੀਰ ਸਿੰਘ, ਦਿਲਰੋਜਪ੍ਰੀਤ ਸਿੰਘ ਪੁੱਤਰ ਮਨਦੀਪ ਸਿੰਘ, ਗੁਰਨੂਰ ਸਿੰਘ ਪੁੱਤਰ ਨਿਸ਼ਾਨ ਸਿੰਘ, ਜੂਨੀਅਰ ਗਰੁੱਪ 'ਚੋਂ ਸਹਿਨਾਜਦੀਪ ਕੌਰ ਪੁੱਤਰੀ ਸੁਖਦੇਵ ਸਿੰਘ, ਗੁਰਮੇਹਰ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਤੇ ਗੁਰਨੇਕ ਸਿੰਘ ਪੁੱਤਰ ਜੁਗਰਾਜ ਸਿੰਘ ਨੂੰ ਚੌਥੀ, ਪੰਜਵੀਂ ਤੇ ਛੇਵੀਂ ਪੁਜੀਸ਼ਨ 'ਤੇ ਆਉਣ 'ਤੇ ਵਿਸ਼ੇਸ ਸਨਮਾਨ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਸੇਵਾਦਾਰ ਭਾਈ ਪ੍ਰਗਟ ਸਿੰਘ ਤੇ ਮਨਦੀਪ ਸਿੰਘ ਨੇ ਦੱਸਿਆ ਕਿ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਜੇਤੂ ਬੱਚਿਆਂ ਨੂੰ ਕ੍ਰਮਵਾਰ 5100, 3100, 2100 ਰੁਪਏ ਤੇ ਵਿਸ਼ੇਸ਼ ਸਨਮਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਪੰਜ-ਪੰਜ ਸੌ ਰੁਪਏ ਤੇ ਸਾਰੇ ਭਾਗ ਲੈਣ ਵਾਲੇ ਬੱਚਿਆਂ ਨੂੰ ਯਾਦਗਿਰੀ ਚਿੰਨ੍ਹ ਤੇ ਹਰੇਕ ਨੂੰ ਨਗਦ ਇਨਾਮ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਉਨ੍ਹਾਂ ਨੇ ਬੱਚਿਆਂ ਨੂੰ ਅਪੀਲ ਕੀਤੀ ਕਿ ਬਚਪਨ ਤੋਂ ਹੀ ਬਾਣੇ ਤੇ ਬਾਣੀ ਨਾਲ ਜੁੜਨ ਦਾ ਯਤਨ ਕਰੀਏ ਤਾਂ ਜੋ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਸਕੀਏ। ਇਸ ਮੌਕੇ 'ਤੇ ਬਾਪੂ ਗਰੀਬ ਸਿੰਘ ਮਾਸਟਰ ਅਮਰੀਕ ਸਿੰਘ, ਸਾਬਕਾ ਸਰਪੰਚ ਮੇਜਰ ਸਿੰਘ, ਭਾਈ ਹਰਮੀਤ ਸਿੰਘ, ਮਾਸਟਰ ਤਰਲੋਕ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਪੀ.ਐੱਮ. ਕਿਸਾਨ ਸਨਮਾਨ ਨਿਧੀ ਸਕੀਮ ਤਹਿਤ ਲਾਭਪਾਤਰੀ ਕਿਸਾਨਾਂ ਦੀ ਈ-ਕੇ.ਵਾਈ.ਸੀ. ਕਰਨ ਲਈ ਸ਼ੁਰੂ ਕੀਤੀ ਮੁਹਿੰਮ ਦੇ ਦੂਜੇ ਦਿਨ 1448 ਕਿਸਾਨ ਸ਼ਾਮਲ : ਮੁੱਖ ਖੇਤੀਬਾੜੀ ਅਫ਼ਸਰ



ਗੁਰਦਾਸਪੁਰ, 13 ਅਪ੍ਰੈਲ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਜ਼ਿਲ੍ਹਾ ਗੁਰਦਾਸਪੁਰ ਅੰਦਰ ਇਕ ਲੱਖ ਸੋਲਾਂ ਹਜ਼ਾਰ ਲਾਭਪਾਤਰੀ ਕਿਸਾਨ ਹਨ, ਜਿਨ੍ਹਾਂ ਦੇ ਖਾਤਿਆਂ 'ਚ ਹਰ ਸਾਲ 6000/- ਤਿੰਨ ਬਰਾਬਰ ਕਿਸ਼ਤਾਂ 'ਚ ਆ ਰਹੇ ਹਨ। ਇਨ੍ਹਾਂ ਵਿਚੋਂ ਤਕਰੀਬਨ 36000 ਲਾਭਪਾਤਰੀ ਅਜਿਹੇ ਹਨ ਜੋ ਈ-ਕੇ.ਵਾਈ.ਸੀ. ਜਾਂ ਹੋਰਨਾਂ ਕਾਰਨਾਂ ਕਰਕੇ 2000/- ਦੀ ਕਿਸ਼ਤ ਲੈਣ ਤੋਂ ਵਾਂਝੇ ਰਹਿ ਰਹੇ ਹਨ, ਇਨ੍ਹਾਂ ਕਿਸਾਨਾਂ ਦੀ ਕਿਸ਼ਤ ਚਾਲੂ ਕਰਨ ਲਈ ਸਾਂਝੇ ਸੇਵਾ ਕੇਂਦਰਾਂ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਮੁਹਿੰਮ ਦੇ ਪਹਿਲੇ ਦਿਨ 94 ਪਿੰਡਾਂ ਵਿਚ ਵਿਸ਼ੇਸ਼ ਕੈਂਪ ਲਗਾਏ ਗਏ ਜਿਸ ਵਿਚ ਉਹ ਲਾਭਪਾਤਰੀ ਕਿਸਾਨ ਜਿਨ੍ਹਾਂ ਦੀਆਂ ਕਿਸ਼ਤਾਂ ਰੁਕ ਗਈਆਂ ਹਨ। ਉਨ੍ਹਾਂ ਦੀ ਈ-ਕੇ.ਵਾਈ.ਸੀ. ਕਰਨ ਤੋਂ ਕਿਸਾਨਾਂ ਨੂੰ ਮੱਕੀ ਦੀ ਕਾਸ਼ਤ, ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਬਾਰੇ, ਝੋਨੇ ਦੀਆਂ ਸਿਫਾਰਸ਼ਸ਼ੁਦਾ ਕਿਸਮਾਂ ਦੀ ਕਾਸ਼ਤ ਕਰਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਇਸ ਸਕੀਮ ਤਹਿਤ ਹਰੇਕ ਲਾਭਪਾਤਰੀ ਕਿਸਾਨ ਦੀ ਈ-ਕੇ.ਵਾਈ.ਸੀ. ਕਰਨੀ ਜ਼ਰੂਰੀ ਕਰ ਦਿੱਤੀ ਹੈ ਤਾਂ ਜੋ ਅਯੋਗ ਲਾਭਪਾਤਰੀਆਂ ਦੀ ਛਾਂਟੀ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਕਈ ਯੋਗ ਲਾਭਪਾਤਰੀਆਂ ਦੀਆਂ ਕਿਸ਼ਤਾਂ ਬੰਦ ਹੋ ਗਈਆਂ ਹਨ ਜਿਸ ਦਾ ਮੁੱਖ ਕਾਰਨ ਈ-ਕੇ.ਵਾਈ.ਸੀ. ਲੈਂਡ ਸੀਡਿੰਗ ਤੇ ਆਧਾਰ ਸੀਡਿੰਗ ਦਾ ਨਾਂ ਹੋਣਾ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਮੁੱਖ ਮਕਸਦ ਕਿਸਾਨਾਂ ਦੀ ਕੁੱਝ ਹੱਦ ਤੱਕ ਆਰਥਿਕ ਲਾਭ ਦੇਣਾ ਹੈ ਤੇ ਹੁਣ ਤੱਕ 2000/- ਦੀਆਂ 19 ਕਿਸ਼ਤਾਂ ਲਾਭਪਾਤਰੀ ਕਿਸਾਨਾਂ ਦੇ ਖਾਤਿਆਂ 'ਚ ਆ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਕੁੱਲ 1448 ਕਿਸਾਨ ਤੇ ਕਿਸਾਨ ਬੀਬੀਆਂ ਦੀ ਪਹਿਚਾਣ ਕੀਤੀ ਗਈ। ਉਨ੍ਹਾਂ ਦੱਸਿਆ ਇਨ੍ਹਾਂ ਪਹਿਚਾਣ ਕੀਤੇ ਲਾਭਪਾਤਰੀਆਂ 'ਚੋਂ 443 ਲਾਭਪਾਤਰੀਆਂ ਦੀ ਈ-ਕੇ.ਵਾਈ.ਸੀ. ਮੌਕੇ 'ਤੇ ਕੀਤੀ ਗਈ, 358 ਲਾਭਪਾਤਰੀਆਂ ਦੀ ਮੌਤ ਹੋ ਚੁੱਕੀ ਹੈ ਤੇ 647 ਅਯੋਗ ਪਾਏ ਗਏ। ਉਨ੍ਹਾਂ ਦੱਸਿਆ ਕਿ ਇਸ ਕੰਮ ਨੂੰ ਮਿਥੇ ਸਮੇਂ ਵਿਚ ਮੁਕੰਮਲ ਕਰਨ ਲਈ ਹਰੇਕ ਅਧਿਕਾਰੀ/ਕਰਮਚਾਰੀ ਨੂੰ ਪਿੰਡਾਂ ਦੀ ਵੰਡ ਕਰਕੇ ਡਿਊਟੀ ਲਗਾਈ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਕੈਂਪ ਕਿਸੇ ਸਾਂਝੀ ਜਗ੍ਹਾ ਤੋਂ ਇਲਾਵਾ ਕਾਮਨ ਸਰਵਿਸ ਸੈਂਟਰ ਜਾਂ ਸਾਂਝੇ ਸੇਵਾ ਕੇਂਦਰਾਂ ਵਿਖੇ ਹੀ ਲਗਾਏ ਜਾ ਰਹੇ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਪੂਰਾ ਸਹਿਯੋਗ ਕੀਤਾ ਜਾਵੇ ਤਾਂ ਜੋ ਲਾਭਪਾਤਰੀਆਂ ਨੂੰ ਬਣਦੀ ਸਹੂਲਤ ਮਿਲ ਸਕੇ।

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਿੱਖ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਚੌਥਾ ਖ਼ੂਨਦਾਨ ਕੈਂਪ



ਧਾਰੀਵਾਲ, 13 ਅਪ੍ਰੈਲ (ਅਸ਼ੋਕ ਕੁਮਾਰ): ਸਿੱਖ ਵੈੱਲਫੇਅਰ ਫਾਊਂਡੇਸ਼ਨ ਧਾਰੀਵਾਲ ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਚੌਥਾ ਖ਼ੂਨਦਾਨ ਕੈਂਪ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਦੇ ਬਾਹਰ ਲਗਾਇਆ ਗਿਆ। ਖ਼ੂਨਦਾਨ ਕੈਂਪ ਦੌਰਾਨ ਨਿਸ਼ਾਨ ਸਿੰਘ ਗਿੱਲ ਸਮੇਤ 38 ਨੌਜਵਾਨਾਂ ਨੇ ਖ਼ੂਨ ਦਾਨ ਕੀਤਾ। ਇਸ ਮੌਕੇ 'ਤੇ ਸਿੱਖ ਵੈੱਲਫੇਅਰ ਫਾਊਂਡੇਸ਼ਨ ਧਾਰੀਵਾਲ ਦੇ ਸੇਵਾਦਾਰ ਪੰਕਜ ਸਿੰਘ ਲੇਹਲ, ਮਲਕੀਤ ਸਿੰਘ ਰਣੀਆ, ਨਵਨੀਤ ਸਿੰਘ ਭੁਬੰਲੀ, ਕੈਪਟਨ ਵਰਿਆਮ ਸਿੰਘ ਕਾਹਲੋਂ, ਰਾਮ ਸਿੰਘ, ਜਗਤਾਰ ਸਿੰਘ, ਮੱਖਣ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਖ਼ਾਲਸਾ ਸਾਜਨਾ ਦਿਵਸ ਮੌਕੇ ਪਿਛਲੇ 4 ਸਾਲ ਤੋਂ ਖ਼ੂਨਦਾਨ ਕੈਂਪ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ, ਜਿਸ ਦੌਰਾਨ ਇਲਾਕੇ ਦੇ ਨੌਜਵਾਨ ਸਹਿਯੋਗ ਕਰਦੇ ਹਨ ਤੇ ਕਾਫੀ ਮਾਤਰਾ ਵਿੱਚ ਖ਼ੂਨ ਇਕੱਠਾ ਹੁੰਦਾ ਹੈ। ਇਸ ਮੌਕੇ 'ਤੇ ਅੰਮ੍ਰਿਤ ਹਾਊਸਪਿਟਲ ਬਲੱਡ ਸੈਂਟਰ ਅੰਮ੍ਰਿਤਸਰ ਦੇ ਡਾ. ਚੇਤਨ ਕੁਮਾਰ ਤੇ ਡਾ. ਜਤਿਨ ਕੁਮਾਰ ਨੇ ਸਿੱਖ ਵੈਲਫੇਅਰ ਫਾਊਂਡੇਸ਼ਨ ਧਾਰੀਵਾਲ ਦੇ ਨੌਜਵਾਨਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਖ਼ੂਨਦਾਨੀ ਵੱਲੋਂ ਦਿੱਤੇ ਖ਼ੂਨ ਨਾਲ ਕਈਆਂ ਦੀ ਜਾਨ ਬਚਾਈ ਜਾ ਸਕਦੀ ਹੈ। ਜਦਕਿ ਅਜਿਹੀ ਸੰਸਥਾਵਾਂ ਦੇ ਸਹਿਯੋਗ ਨਾਲ ਬਲੱਡ ਬੈਂਕ 'ਚ ਖ਼ੂਨ ਦੀ ਕਦੇ ਕਮੀ ਨਹੀਂ ਹੁੰਦੀ। ਡਾ.ਸਚਿਨ ਨੇ ਕਿਹਾ ਕਿ ਖ਼ੂਨਦਾਨ ਕਰਨ ਵਾਲੇ ਵਿਅਕਤੀ ਹਮੇਸ਼ਾ ਤੰਦਰੁਸਤ ਰਹਿੰਦੇ ਹਨ। ਖ਼ੂਨਦਾਨ ਕੈਂਪ ਦੌਰਾਨ ਉਚੇਚੇ ਤੌਰ 'ਤੇ ਪਹੁੰਚੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਸਿੱਖ ਵੈੱਲਫੇਅਰ ਫਾਊਂਡੇਸ਼ਨ ਧਾਰੀਵਾਲ ਦੇ ਮੈਂਬਰਾਂ ਨੂੰ ਅੰਮ੍ਰਿਤ ਹਾਊਸਪਿਟਲ ਬਲੱਡ ਸੈਂਟਰ ਅੰਮ੍ਰਿਤਸਰ ਦੀ ਟੀਮ ਵੱਲੋਂ ਸਿਰੋਪਾਓ ਤੇ ਯਾਦਗਿਰੀ ਸਨਮਾਨ-ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਤੇ ਹਰੇਕ ਖ਼ੂਨ ਦਾਨ ਕਰਨ ਵਾਲੇ ਨੌਜਵਾਨਾਂ ਨੂੰ ਪ੍ਰਸੰਸਾ ਪੱਤਰ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।

# ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਨਾਲ-ਨਾਲ ਨਕਾਰਾਤਮਕ ਪ੍ਰਭਾਵਾਂ ਤੋਂ ਵੀ ਬਚਾਉਣ ਦੀ ਲੋੜ : ਐੱਸ.ਡੀ.ਐੱਮ.

ਫਤਹਿਗੜ੍ਹ ਸਾਹਿਬ, 13 ਅਪ੍ਰੈਲ (ਨਰਿੰਦਰ ਸਿੰਘ): ਪਿੰਡ ਪਹੇੜੀ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਆਂਗਨਵਾੜੀ ਵਰਕਰਜ਼ ਹਰਪਿੰਦਰ ਕੌਰ ਤੇ ਸਤਿਆ ਦੇਵੀ ਵੱਲੋਂ ਬਾਲ ਵਿਕਾਸ ਤੇ ਪ੍ਰੋਜੈਕਟ ਅਫ਼ਸਰ ਹਰਜੀਤ ਕੌਰ ਦੀ ਅਗਵਾਈ ਵਿੱਚ ਪਿੰਡ ਦੇ ਬੱਚਿਆਂ ਤੋਂ ਨੁੱਕੜ ਨਾਟਕ ਤਿਆਰ ਕਰਵਾ ਕੇ ਪੇਸ਼ ਕੀਤਾ ਗਿਆ, ਜਿਸ ਦਾ ਬੱਚਿਆਂ ਵੱਲੋਂ ਸ਼ਾਨਦਾਰ ਮੰਚਨ ਕੀਤਾ ਗਿਆ। ਸਮਾਜਿਕ ਤੇ ਸੱਭਿਆਚਾਰਕ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਬੱਚਿਆਂ ਨੇ ਅਦਾਕਾਰੀ ਰਾਹੀਂ ਨਸ਼ਿਆਂ ਦੀ ਮਾਰ ਤੇ ਇਨ੍ਹਾਂ ਦੇ ਭਿਆਨਕ ਅੰਜਾਮਾਂ ਨੂੰ ਦਰਸ਼ਕਾਂ ਦੇ ਸਾਹਮਣੇ ਰੱਖਿਆ। ਇਹ ਜਾਣਕਾਰੀ ਸਾਂਝੀ ਕਰਦਿਆਂ ਐੱਸ.ਡੀ.ਐੱਮ., ਅਮਲੋਹ ਚੇਤਨ ਬੰਗੜ ਨੇ ਦੱਸਿਆ ਕਿ ਨਾਟਕ ਰਾਹੀਂ ਇਹ ਦਿਖਾਇਆ ਗਿਆ ਕਿ ਨਸ਼ਾ ਨਿਰਾ ਇਕ ਵਿਅਕਤੀ ਦੀ ਜ਼ਿੰਦਗੀ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰ ਨੂੰ ਤਬਾਹ ਕਰ ਦਿੰਦਾ ਹੈ। ਨਾਟਕ ਵਿੱਚ ਭਾਵਨਾਵਾਂ, ਦਰਦ, ਪਛਤਾਵਾ ਤੇ ਆਖ਼ਰਕਾਰ ਬਚਾਅ ਦਾ ਸੁਨੇਹਾ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਚੇਤਨ ਬੰਗੜ ਨੇ ਕਿਹਾ ਕਿ ਸਾਨੂੰ ਨੌਜਵਾਨ ਪੀੜ੍ਹੀ ਨੂੰ ਸਿਰਫ ਨਸ਼ਿਆਂ ਤੋਂ ਹੀ ਨਹੀਂ, ਸਗੋਂ ਨਕਾਰਾਤਮਕ ਪ੍ਰਭਾਵਾਂ ਤੋਂ ਵੀ ਬਚਾਉਣ ਦੀ ਲੋੜ ਹੈ। ਇਹ ਨਾਟਕ ਸਾਡੇ ਸਮਾਜ ਲਈ ਇੱਕ ਸ਼ੀਸ਼ਾ ਹੈ। ਸਮਾਗਮ ਦੌਰਾਨ ਦਰਸ਼ਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਹੋਰਨਾਂ ਨੂੰ ਵੀ ਜਾਗਰੂਕ ਕੀਤਾ। ਦਰਸ਼ਕਾਂ ਨੇ ਕਲਾਕਾਰਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਨਾਟਕ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਗੰਭੀਰ ਕੋਸ਼ਿਸ਼ ਹੈ। ਇਸ ਮੌਕੇ ਵੱਡੀ ਗਿਣਤੀ ਵਿਦਿਆਰਥੀ ਤੇ ਪਿੰਡ ਵਾਸੀ ਹਾਜ਼ਰ ਸਨ।

# ਲਾਰੈਂਸ ਇੰਟਰਨੈਸ਼ਨਲ ਸਕੂਲ ਦੇ ਵਿਹੜੇ 'ਚ ਵਿਸਾਖੀ ਦੀਆਂ ਰੌਣਕਾਂ



ਕਲਾਨੌਰ, 13 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਲਾਰੈਂਸ ਇੰਟਰਨੈਸ਼ਨਲ ਸਕੂਲ ਤਾਰਾਗੜ੍ਹ (ਡੇਰਾ ਬਾਬਾ ਨਾਨਕ ਰੋਡ) ਬਟਾਲਾ ਵਿਖੇ ਵਿਸਾਖੀ ਤੇ ਖ਼ਾਲਸਾ ਪੰਥ ਸਾਜਨਾ ਦਿਵਸ ਬਹੁਤ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ। ਸਕੂਲ ਮੈਨੇਜਮੈਂਟ ਵੱਲੋਂ ਖ਼ਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਿਤ ਤੇ ਸਕੂਲ ਦੀ ਨਵੀਂ ਬਿਲਡਿੰਗ ਦੇ ਉਦਘਾਟਨ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਕਰਵਾਏ ਗਏ। ਸਾਰੇ ਸਕੂਲ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੱਗੇ ਨਤਮਸਤਕ ਹੋ ਕੇ ਗੁਰੂ ਸਾਹਿਬ ਜੀ ਦਾ ਅਸ਼ੀਰਵਾਦ ਲਿਆ ਗਿਆ। ਵਿਦਿਆਰਥੀ ਤੇ ਅਧਿਆਪਕ ਵੱਲੋਂ ਸਵੇਰ ਦੀ ਸਭਾ ਦੇ ਵਿੱਚ ਬਹੁਤ ਹੀ ਸੁੰਦਰ ਸ਼ਬਦ ਗਾਇਨ ਕਰਕੇ ਸਵੇਰ ਦੀ ਪ੍ਰਾਰਥਨਾ ਸਭਾ ਦੀ ਸ਼ੁਰੂਆਤ ਕੀਤੀ ਗਈ। ਇਸ ਉਪਰੰਤ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸ ਦੇ ਨਾਲ ਜੋੜਿਆ ਗਿਆ। ਵਿਸਾਖੀ ਦੇ ਦਿਨ ਦੀ ਖੁਸ਼ੀ ਨੂੰ ਹੋਰ ਵਧਾਉਣ ਲਈ ਵਿਦਿਆਰਥੀਆਂ ਵੱਲੋਂ ਬਹੁਤ ਹੀ ਪਿਆਰਾ ਪ੍ਰੋਗਰਾਮ ਗਿੱਧਾ ਤੇ ਭੰਗੜਾ ਪੇਸ਼ ਕੀਤਾ ਗਿਆ। ਇਹ ਸਾਰਾ ਪ੍ਰੋਗਰਾਮ ਪ੍ਰਿੰਸੀਪਲ ਉਪਮਾ ਮਹਾਜਨ ਦੀ ਦੇਖ ਰੇਖ ਹੇਠ ਹੋਇਆ। ਇਸ ਉਪਰੰਤ ਪ੍ਰਿੰਸੀਪਲ ਡਾ. ਉਪਮਾ ਮਹਾਜਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਵਿਸਾਖੀ ਦੇ ਸੱਭਿਆਚਾਰਕ, ਧਾਰਮਿਕ ਤੇ ਇਤਿਹਾਸਕ ਪੱਖ ਤੋਂ ਜਾਣੂੰ ਕਰਵਾਉਂਦੇ ਹੋਏ ਇਸ ਮਹਾਨ ਦਿਨ ਦੀਆਂ ਸਾਰਿਆਂ ਨੂੰ ਮੁਬਾਰਕਾਂ ਦਿੱਤੀਆਂ। ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਬੈਂਸ, ਗੁਰਜੀਤ ਸਿੰਘ ਬੈਂਸ, ਡਾਇਰੈਕਟਰ ਡਾ. ਗੁਰਵਿੰਦਰ ਕੌਰ ਮਾਨ, ਪ੍ਰਿੰਸੀਪਲ ਡਾ. ਉਪਮਾ ਮਹਾਜਨ, ਅਧਿਆਪਕ ਵਰਗ ਤੇ ਸਮੂਹ ਵਿਦਿਆਰਥੀ ਵਰਗ ਨੇ ਮਿਲ ਕੇ ਇਸ ਤਿਉਹਾਰ ਦੀ ਖੁਸ਼ੀ ਨੂੰ ਸਾਂਝਾ ਕੀਤਾ।

# ਪ੍ਰੋ. ਜਸਵੀਰ ਕੌਰ ਸ਼ੇਰਗਿੱਲ ਨੇ ਮਾਰਕੀਟ ਕਮੇਟੀ ਦਿੜ੍ਹਬਾ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ



ਦਿੜ੍ਹਬਾ/13 ਅਪ੍ਰੈਲ - (ਸੁਖਵਿੰਦਰ ਸਿੰਘ ਵਿਰਕ,ਅਵਤਾਰ ਸਿੰਘ ਜਟਾਣਾ):ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ, ਸ੍ਰੀ ਅਮਨ ਅਰੋੜਾ ਅਤੇ ਸ੍ਰੀ ਬਰਿੰਦਰ ਕੁਮਾਰ ਗੋਇਲ ਦੀ ਮੌਜੂਦਗੀ ਵਿੱਚ ਅੱਜ ਪ੍ਰੋ. ਜਸਵੀਰ ਕੌਰ ਸ਼ੇਰਗਿੱਲ ਨੇ ਮਾਰਕੀਟ ਕਮੇਟੀ ਦਿੜ੍ਹਬਾ ਦੇ ਚੇਅਰਪਰਸਨ ਵਜੋਂ ਆਪਣਾ ਅਹੁਦਾ ਸੰਭਾਲਿਆ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਨਵ ਨਿਯੁਕਤ ਚੇਅਰਪਰਸਨ ਨੂੰ ਨਿੱਘੀ ਮੁਬਾਰਕਬਾਦ ਭੇਟ ਕਰਦਿਆਂ ਕਿਹਾ ਕਿ ਪ੍ਰੋ. ਜਸਵੀਰ ਕੌਰ ਸ਼ੇਰਗਿੱਲ ਆਮ ਆਦਮੀ ਪਾਰਟੀ ਦੇ ਮਿਹਨਤੀ ਵਰਕਰ ਵਜੋਂ ਪੂਰੀ ਤਨਦੇਹੀ ਨਾਲ ਹਲਕਾ ਦਿੜ੍ਹਬਾ ਵਿੱਚ ਸਰਗਰਮ ਹਨ ਅਤੇ ਉਹਨਾਂ ਦੀ ਸਾਫ ਸੁਥਰੀ ਕਾਰਜਸ਼ੈਲੀ ਅਤੇ ਮਿਲਣਸਾਰ ਸ਼ਖ਼ਸ਼ੀਅਤ ਨੂੰ ਦੇਖਦੇ ਹੋਏ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਹਨਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਦਿੱਤੀ ਗਈ ਹੈ ਜਿਸ ਦਾ ਸਿੱਧਾ ਸਬੰਧ ਕਿਸਾਨਾਂ, ਆੜਤੀਆਂ, ਮਜ਼ਦੂਰਾਂ, ਟ$ਰਾਂਸਪੋਰਟਰਾਂ ਸਮੇਤ ਹੋਰ ਵਰਗਾਂ ਦੇ ਹਿੱਤਾਂ ਨਾਲ ਜੁੜਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਉਹ ਪੂਰੇ ਆਸਵੰਦ ਹਨ ਕਿ ਪ੍ਰੋ. ਸ਼ੇਰਗਿੱਲ ਦੀ ਅਗਵਾਈ ਹੇਠ ਮਾਰਕੀਟ ਕਮੇਟੀ ਦੇ ਪ੍ਰਬੰਧ ਪਹਿਲਾਂ ਨਾਲੋਂ ਵਧੇਰੇ ਮਜ਼ਬੂਤ ਹੋਣਗੇ। ਇਸ ਮੌਕੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਪ੍ਰੋ. ਸ਼ੇਰਗਿੱਲ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਵਰਕਰਾਂ ਦੀ ਮਿਹਨਤ ਦਾ ਮੁੱਲ ਪੈਂਦਾ ਹੈ। ਉਹਨਾਂ ਕਿਹਾ ਕਿ ਚੇਅਰਪਰਸਨ ਵਜੋਂ ਮਿਲੀ ਇਹ ਜ਼ਿੰਮੇਵਾਰੀ ਹੋਰ ਵੀ ਇਮਾਨਦਾਰੀ ਅਤੇ ਲੋਕ ਸੇਵਾ ਲਈ ਸਰਗਰਮ ਉਪਰਾਲਿਆਂ ਦੀ ਮੰਗ ਕਰਦੀ ਹੈ ਅਤੇ ਉਹਨਾਂ ਨੂੰ ਪੂਰਨ ਯਕੀਨ ਹੈ ਕਿ ਪ੍ਰੋ. ਜਸਵੀਰ ਕੌਰ ਸ਼ੇਰਗਿੱਲ ਆਪਣੀ ਇਸ ਨਵੀਂ ਡਿਊਟੀ ਨੂੰ ਹੋਰ ਵੀ ਜ਼ਿੰਮੇਵਾਰੀ ਨਾਲ ਨਿਭਾਉਣ ਵਿੱਚ ਸਫ਼ਲ ਸਾਬਤ ਹੋਣਗੇ। ਉਹਨਾਂ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਅਤੇ ਮਾਰਕੀਟ ਕਮੇਟੀ ਵਿੱਚ ਲਗਭਗ ਹਰੇਕ ਵਰਗ ਦਾ ਸਿੱਧੇ ਜਾਂ ਅਸਿੱਧੇ ਤੌਰ ਤੇ ਹਿੱਤ ਜੁੜਿਆ ਹੋਇਆ ਹੁੰਦਾ ਹੈ ਅਤੇ ਇਨ੍ਹੀਂ ਦਿਨੀਂ ਕਣਕ ਦੀ ਖਰੀਦ ਦਾ ਸੀਜ਼ਨ ਚੱਲ ਰਿਹਾ ਹੋਣ ਕਾਰਨ ਇਸ ਕਾਰਜ ਨੂੰ ਹੋਰ ਵੀ ਤਨਦੇਹੀ ਨਾਲ ਨਿਭਾਉਣ ਵਿੱਚ ਨਵ ਨਿਯੁਕਤ ਚੇਅਰਪਰਸਨ ਮਿਸਾਲ ਕਾਇਮ ਕਰਨਗੇ। ਇਸੇ ਦੌਰਾਨ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵੀ ਚੇਅਰਪਰਸਨ ਪ੍ਰੋ. ਸ਼ੇਰਗਿੱਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿਛਲੇ ਦਹਾਕੇ ਤੋਂ ਵੀ ਵੱਧ ਸਮੇਂ ਵਿੱਚ ਆਪਣੀ ਕਾਬਲੀਅਤ, ਸਿਰੜ ਅਤੇ ਵਫਾਦਾਰੀ ਲਈ ਇਲਾਕੇ ਵਿੱਚ ਜਾਣੇ ਜਾਂਦੇ ਹਨ ਅਤੇ ਸਰਕਾਰ ਦੀਆਂ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਉੱਤੇ ਲਾਗੂ ਕਰਵਾਉਣ ਵਿੱਚ ਵਡਮੁੱਲਾ ਯੋਗਦਾਨ ਪਾਉਣਗੇ। ਇਸ ਮੌਕੇ ਚੇਅਰਪਰਸਨ ਪ੍ਰੋ. ਜਸਵੀਰ ਕੌਰ ਸ਼ੇਰਗਿੱਲ ਨੇ ਸਾਰੀਆਂ ਹੀ ਸਖਸ਼ੀਅਤਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਇਸ ਜ਼ਿੰਮੇਵਾਰੀ ਨੂੰ ਸਮਰਪਿਤ ਭਾਵਨਾ ਨਾਲ ਨਿਭਾਉਣਗੇ ਅਤੇ ਸਰਕਾਰ ਤੇ ਪਾਰਟੀ ਦੀ ਸ਼ਾਖ ਨੂੰ ਹੋਰ ਵੀ ਮਜ਼ਬੂਤ ਕਰਨਗੇ।ਇਸ ਮੌਕੇ ਨਵ-ਨਿਯੁਕਤ ਚੇਅਰਪਰਸਨ ਨੂੰ ਮੁਬਾਰਕਬਾਦ ਭੇਟ ਕਰਨ ਲਈ ਪੁੱਜੀਆਂ ਸਖਸ਼ੀਅਤਾਂ ਵਿਚ ਚੇਅਰਮੈਨ ਪਨਸੀਡ ਮਹਿੰਦਰ ਸਿੰਘ ਸਿੱਧੂ, ਓ.ਐਸ.ਡੀ ਤਪਿੰਦਰ ਸਿੰਘ ਸੋਹੀ, ਚੇਅਰਮੈਨ ਇੰਪਰੂਵਮੈਂਟ ਟਰਸਟ ਪ੍ਰੀਤਮ ਸਿੰਘ ਪੀਤੂ, ਚੇਅਰਮੈਨ ਜਸਵੀਰ ਸਿੰਘ ਕੁਦਨੀ, ਮੈਂਬਰ ਐਸ.ਸੀ ਕਮਿਸ਼ਨ ਗੁਲਜ਼ਾਰ ਸਿੰਘ ਬੌਬੀ, ਚੇਅਰਮੈਨ ਮਾਰਕੀਟ ਕਮੇਟੀ ਸੰਗਰੂਰ ਅਵਤਾਰ ਸਿੰਘ ਈਲਵਾਲ, ਚੇਅਰਮੈਨ ਸੁਨਾਮ ਮੁਕੇਸ਼ ਜੁਨੇਜਾ, ਚੇਅਰਮੈਨ ਲਹਿਰਾ ਸ਼ੀਸ਼ਪਾਲ ਆਨੰਦ, ਚੇਅਰਮੈਨ ਚੀਮਾ ਗੀਤੀ ਮਾਨ, ਜੱਸੀ ਸੇਖੋਂ ਸਮੇਤ ਹੋਰ ਵੱਡੀ ਗਿਣਤੀ ਵਿੱਚ ਰਾਜਸੀ, ਸਮਾਜਿਕ ਧਾਰਮਿਕ ਸ਼ਖ਼ਸ਼ੀਅਤਾਂ ਵੀ ਹਾਜ਼ਰ ਸਨ। ਇਸ ਤੋਂ ਪਹਿਲਾਂ ਮਾਰਕੀਟ ਕਮੇਟੀ ਦਫ਼ਤਰ ਵਿਖੇ ਪਰਮਾਤਮਾ ਦੇ ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਪ੍ਰਮੁੱਖ ਸ਼ਖ਼ਸ਼ੀਅਤਾਂ ਨੇ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

# ਗੁਰੂ ਅਰਜਨ ਦੇਵ ਕਲੋਨੀ 'ਚ ਸ੍ਰੀ ਰਾਮ ਭਗਤ ਹਨੂੰਮਾਨ ਜੈਯੰਤੀ ਦੇ ਸ਼ੁਭ ਮੌਕੇ 'ਤੇ ਸੁੰਦਰਕਾਂਡ ਜੀ ਦਾ ਪਾਠ ਕੀਤਾ



ਸੁਨਾਮ ਊਧਮ ਸਿੰਘ ਵਾਲਾ, 13 ਅਪ੍ਰੈਲ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸਥਾਨਕ ਗੁਰੂ ਅਰਜਨ ਦੇਵ ਕਾਲੋਨੀ ਵਿਖੇ ਸ਼੍ਰੀ ਰਾਮ ਭਗਤ ਹਨੂੰਮਾਨ ਜੀ ਦੇ ਜਨਮ ਦਿਹਾੜੇ ਦੇ ਸ਼ੁਭ ਮੌਕੇ 'ਤੇ ਸੁੰਦਰਕਾਂਡ ਜੀ ਦਾ ਪਾਠ ਕੀਤਾ ਗਿਆ। ਜਾਣਕਾਰੀ ਦਿੰਦਿਆਂ ਕਲੋਨੀ ਨਿਵਾਸੀ ਸ਼ਿੰਦਪਾਲ ਕੌਰ ਨੇ ਦੱਸਿਆ ਕਿ ਕਲੋਨੀ ਵਿੱਚ ਹਰ ਮੰਗਲਵਾਰ ਸੁੰਦਰਕਾਂਡ ਜੀ ਦਾ ਪਾਠ ਕੀਤਾ ਜਾਂਦਾ ਹੈ।ਅੱਜ, ਸ਼੍ਰੀ ਰਾਮ ਭਗਤ ਹਨੂੰਮਾਨ ਜੀ ਦੇ ਜਨਮ ਦਿਵਸ ਦੇ ਸ਼ੁਭ ਮੌਕੇ 'ਤੇ, ਕਲੋਨੀ ਦੇ ਲੋਕਾਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਪਾਠ ਕੀਤਾ ਗਿਆ ਅਤੇ ਉਸ ਤੋਂ ਬਾਅਦ ਇੱਕ ਭਜਨ ਸ਼ਾਮ ਦਾ ਆਯੋਜਨ ਕੀਤਾ ਗਿਆ।ਕੀਰਤਨ ਸਮੂਹ ਨੇ ਭਜਨ ਗਾ ਕੇ ਸ਼ਰਧਾਲੂਆਂ ਨੂੰ ਮੰਤਰਮੁਗਧ ਕੀਤਾ ਅਤੇ ਉਨ੍ਹਾਂ ਨੂੰ ਨੱਚਣ ਲਈ ਮਜਬੂਰ ਕੀਤਾ। ਸ਼੍ਰੀ ਹਨੂੰਮਾਨ ਮਹਾਰਾਜ ਜੀ ਦੀ ਆਰਤੀ ਤੋਂ ਬਾਅਦ ਸ਼੍ਰੀ ਹਨੂੰਮਾਨ ਜੀ ਮਹਾਰਾਜ ਨੂੰ ਲੱਡੂ, ਆਲੂ ਪੂਰੀ, ਹਲਵਾ ਭੇਟ ਕੀਤਾ ਗਿਆ। ਭੇਟ ਤੋਂ ਬਾਅਦ, ਸ਼ਰਧਾਲੂਆਂ ਵਿੱਚ ਭੋਜਨ ਵੰਡਿਆ ਗਿਆ।ਪੂਜਾ ਦਾ ਸੰਚਾਲਨ ਪੰਡਿਤ ਤੇਜਿੰਦਰ ਸ਼ਰਮਾ ਨੇ ਕੀਤਾ। ਪੰਡਿਤ ਤੇਜਿੰਦਰ ਸ਼ਰਮਾ ਨੇ ਦੱਸਿਆ ਕਿ ਕਲਯੁਗ ਵਿੱਚ ਸ਼੍ਰੀ ਹਨੂੰਮਾਨ ਜੀ ਨੂੰ ਮੁੱਖ ਦੇਵਤਾ ਵਜੋਂ ਪੂਜਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸੁੰਦਰਕਾਂਡ ਦਾ ਨਿਯਮਿਤ ਪਾਠ ਕਰਨ ਵਾਲਿਆਂ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ। ਸ਼ਾਸਤਰਾਂ ਅਨੁਸਾਰ ਸੁੰਦਰਕਾਂਡ ਦਾ ਪਾਠ ਕਰਨ ਨਾਲ ਹਨੂੰਮਾਨ ਜੀ ਜਲਦੀ ਖੁਸ਼ ਹੋ ਸਕਦੇ ਹਨ ਅਤੇ ਇਸ ਦਾ ਪਾਠ ਕਰਨ ਵਾਲੇ ਵਿਅਕਤੀ ਦੇ ਜੀਵਨ ਵਿੱਚ ਖੁਸ਼ੀਆਂ ਆਉਣ ਲੱਗ ਪੈਂਦੀਆਂ ਹਨ। ਕਲੋਨੀ ਨਿਵਾਸੀਆਂ ਨੇ ਸ਼੍ਰੀ ਹਨੂੰਮਾਨ ਜੀ ਮਹਾਰਾਜ ਦਾ ਆਸ਼ੀਰਵਾਦ ਲਿਆ।

# ਬਠਿੰਡਾ 'ਚ ਵੱਧ ਰਹੀਆਂ ਚੋਰੀਆਂ ਦੀਆਂ ਵਾਰਦਾਤਾਂ ਕਾਰਨ ਲੋਕਾਂ 'ਚ ਡਰ ਦਾ ਮਾਹੌਲ: ਸੰਜੀਵ ਗੋਇਲ

ਬਠਿੰਡਾ,13ਅਪ੍ਰੈਲ(ਦੀਪਕ ਸ਼ਰਮਾ): ਬਠਿੰਡਾ ਵਿੱਚ ਚੋਰੀ ਦੀਆਂ ਵਾਰਦਾਤਾਂ ਨੂੰ ਲਗਾਤਾਰ ਵੱਧ ਰਹੀਆਂ ਹਨ। ਨਿਤ ਦਿਨ ਚੋਰਾਂ ਵੱਲੋਂ ਕਿਸੇ ਨਾ ਕਿਸੇ ਥਾਂ 'ਤੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਜ਼ਿਆਦਾਤਰ ਮਾਮਲਿਆਂ ਵਿਚ ਚੋਰ ਸੀਸੀ ਟੀਵੀ ਕੈਮਰਾ ਵਿੱਚ ਕੈਦ ਵੀ ਹੋ ਚੁੱਕੇ ਹਨ ਪਰ ਇਸ ਦੇ ਬਾਵਜੂਦ ਉਹ ਅਜੇ ਤੱਕ ਪੁਲਿਸ ਦੀ ਪਕੜ ਤੋਂ ਬਾਹਰ ਹਨ। ਚੋਰੀ ਦੀਆਂ ਵਧ ਰਹੀਆਂ ਵਾਰਦਾਤਾਂ ਕਰਨ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਜਿਸ ਦੇ ਚਲਦੇ ਆਰ.ਟੀ.ਆਈ. ਐਕਟੀਵਿਸਟ ਅਤੇ 'ਗ੍ਰਾਹਕ ਜਾਗੋ' ਦੇ ਸਚਿਵ ਸੰਜੀਵ ਗੋਇਲ ਨੇ ਚੋਰੀਆਂ ਦੀਆਂ ਵਾਰਦਾਤਾਂ ਨੂੰ ਰੋਕਣ ਦੀ ਗੁਹਾਰ ਲਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ, ਚੀਫ਼ ਸਚਿਵ ਅਤੇ ਡੀਜੀਪੀ ਨੂੰ ਇਕ ਪੱਤਰ ਲਿਖਿਆ ਹੈ।ਆਪਣੇ ਪੱਤਰ ਵਿੱਚ ਉਨ੍ਹਾਂ ਲਿਖਿਆ ਕਿ ਜ਼ਿਲ੍ਹੇ ਵਿੱਚ ਪਿਛਲੇ ਕੁਝ ਸਮੇਂ ਦੌਰਾਨ ਚੋਰੀਆਂ ਦੀਆਂ ਵਾਰਦਾਤਾਂ ਵਿੱਚ ਕਾਫੀ ਵਾਧਾ ਹੋਇਆ ਹੈ। ਚਾਹੇ ਇਹ ਚੋਰੀਆਂ ਵਹੀਕਲਾਂ ਦੀਆਂ ਜਾਂ ਘਰਾਂ ਵਿੱਚੋਂ ਸੋਨਾ, ਚਾਂਦੀ ਤੋਂ ਇਲਾਵਾ ਕੀਮਤੀ ਸਮਾਨ ਦੀਆਂ ਸਮਾਨ ਦੀਆਂ ਹੋਣ। ਦੱਸਣਾ ਬਣਦਾ ਹੈ ਕਿ ਜ਼ਿਲ੍ਹੇ ਵਿੱਚ ਵਾਹਨ ਚੋਰੀਆਂ ਦੀਆਂ ਘਟਨਾਵਾਂ 'ਚ ਖਾਸਾ ਇਜਾਫਾ ਹੋਇਆ ਹੈ।ਉਨ੍ਹਾਂ ਕਿਹਾ ਕਿ ਬਠਿੰਡਾ ਪੁਲਿਸ ਨੂੰ ਦਿਨੋ-ਦਿਨ ਵਧ ਰਹੀਆਂ ਚੋਰੀਆਂ ਦੀਆਂ ਵਾਰਦਾਤਾਂ ਬਾਰੇ ਸੰਜੀਦਗੀ ਨਾਲ ਸੋਚਦਿਆਂ ਕੋਈ ਸਖ਼ਤ ਕਦਮ ਚੁੱਕਣ ਦੀ ਲੋੜ ਹੈ, ਤਾਂ ਜੋ ਇਨ੍ਹਾਂ ਨੂੰ ਰੋਕਿਆ ਜਾ ਸਕੇ ਅਤੇ ਲੋਕਾਂ ਦੇ ਦਿਲਾਂ ਵਿੱਚੋਂ ਚੋਰਾਂ ਦਾ ਡਰ ਦੂਰ ਕੀਤਾ ਜਾਵੇ । ਸੰਜੀਵ ਗੋਇਲ ਅਨੁਸਾਰ ਹਾਲਤ ਇਹ ਬਣ ਚੁੱਕੇ ਹਨ ਕਿ ਲੋਕਾਂ ਲਈ ਹੁਣ ਇਕ ਮਿੰਟ ਲਈ ਵੀ ਘਰ, ਦੁਕਾਨ ਦੇ ਬਾਹਰ ਜਾਂ ਜਨਤਕ ਸਥਾਨ 'ਤੇ ਅਪਣਾ ਵਾਹਨ ਖੜ੍ਹਾ ਕਰਨਾ ਮੁਸ਼ਕਲ ਹੋ ਗਿਆ ਹੈ, ਕਿਉਂਕਿ ਪਤਾ ਨਹੀਂ ਕਿਹੜੇ ਵੇਲੇ ਕੋਈ ਵਾਹਨ ਚੋਰ ਵਾਹਨ ਚੋਰੀ ਕਰਕੇ ਲੈ ਜਾਵੇ।ਟੀ.ਆਈ. ਐਕਟੀਵਿਸਟ ਅਤੇ 'ਗ੍ਰਾਹਕ ਜਾਗੋ' ਦੇ ਸਚਿਵ ਸੰਜੀਵ ਨੇ ਇਹ ਵੀ ਦੱਸਿਆ ਕਿ ਉੱਚ ਸੁਰੱਖਿਆ ਵਾਲੇ ਇਲਾਕਿਆਂ 'ਚੋਂ ਵੀ ਵਾਹਨ ਚੋਰ ਕੁਝ ਮਿੰਟਾਂ 'ਚ ਹੀ ਵਾਹਨ ਚੋਰੀ ਕਰ ਲੈਂਦੇ ਹਨ। ਬਠਿੰਡਾ ਦੇ ਮਿੰਨੀ ਸਚਿਵਾਲੇ ਵਿੱਚ ਡੀ.ਆਈ.ਜੀ., ਐਸ.ਐਸ.ਪੀ., ਡੀ.ਸੀ. ਸਮੇਤ ਸਾਰੇ ਵੱਡੇ ਅਧਿਕਾਰੀਆਂ ਦੇ ਦਫ਼ਤਰ ਮੌਜੂਦ ਹਨ, ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਚੋਰੀ ਹੋਏ ਵਾਹਨਾਂ ਦੀ ਐਫ.ਆਈ.ਆਰ. ਦਰਜ ਕਰਨ ਵਿੱਚ ਲੋਕਾਂ ਨਾਲ ਭੇਦਭਾਵ ਕੀਤਾ ਜਾਂਦਾ ਹੈ, ਕਿਉਂਕਿ ਕਈ ਲੋਕਾਂ ਦੇ ਵਾਹਨ ਚੋਰੀ ਹੋਣ ਦੇ ਕਈ ਕਈ ਦਿਨ ਬਾਅਦ ਵੀ ਐਫ.ਆਈ.ਆਰ. ਦਰਜ ਨਹੀਂ ਕੀਤੀ ਜਾ ਰਹੀ। ਸ਼ਾਇਦ ਬਠਿੰਡਾ ਪੁਲਿਸ ਦੀ ਨਜ਼ਰ ਵਿੱਚ ਚੋਰੀ ਦੀ ਵਾਰਦਾਤ ਹੋਣਾ ਕੋਈ ਛੋਟਾ-ਮੋਟਾ ਅਪਰਾਧ ਸਮਝਿਆ ਜਾਂਦਾ ਹੈ।

# ਸਾਡੀ ਪਾਰਟੀ ਦਾ ਮਿਹਨਤੀ ਅਤੇ ਇਮਾਨਦਾਰ ਆਗੂ ਸੀ ਆਤਮਾ ਸਿੰਘ ਕਾਲਾ— ਬੀਬੀ ਭੱਠਲ



ਖਨੌਰੀ, 13 ਅਪ੍ਰੈਲ (ਓਮਪ੍ਰਕਾਸ਼ ਮੁਆਲ): ਨਜ਼ਦੀਕੀ ਪਿੰਡ ਹਰੀਗੜ੍ਹ ਗੇਹਲਾਂ ਦੇ ਰਹਿਣ ਵਾਲੇ ਕਾਂਗਰਸੀ ਆਗੂ ਆਤਮਾ ਸਿੰਘ ਕਾਲਾ ਨਮਿਤ ਸ਼ਰਧਾਂਜਲੀ ਸਮਾਰੋਹ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਹੋਇਆ। ਵਿਛੜੀ ਆਤਮਾ ਦੀ ਸ਼ਾਂਤੀ ਲਈ ਹੋਈ ਅਰਦਾਸ ਵਿੱਚ ਹਿੱਸਾ ਲੈਣ ਲਈ ਬੀਬੀ ਰਾਜਿੰਦਰ ਕੌਰ ਭੱਠਲ ਸਾਬਕਾ ਮੁੱਖ ਮੰਤਰੀ ਪੰਜਾਬ ਹਲਕੇ ਦੇ ਆਗੂ ਸ੍ਰ. ਪੋਲੋਜੀਤ ਸਿੰਘ ਮਕੋਰੜ ਸਾਹਿਬ, ਸਾਬਕਾ ਚੇਅਰਮੈਨ ਜੋਗਾ ਸਿੰਘ ਥੇੜੀ, ਸਾਬਕਾ ਸਰਪੰਚ ਸੰਤ ਰੂਪ ਸਿੰਘ ਗੇਹਲਾਂ, ਵਕੀਲ ਸਿੰਘ ਮੁਛਾਲ, ਸਾਬਕਾ ਪ੍ਰਧਾਨ ਭੋਲਾ ਸਿੰਘ ਕੜੇਲ, ਕਾਂਗਰਸ ਆਗੂ ਤੇਜਿੰਦਰ ਪਾਲ ਸਿੰਘ ਠਸਕਾ, ਮਨੋਜ ਸਿੰਘ ਭੁੱਲਣ, ਗੁਰਭੇਜ ਸਿੰਘ ਥੇੜੀ, ਸੁਖਚੈਨ ਸਿੰਘ ਖੋਖਰ, ਮੱਖਣ ਸਿੰਘ ਖੋਖਰ, ਬਲਵਿੰਦਰ ਸਿੰਘ ਕਰੋਦਾ ਆਦਿ ਨਾਲ ਪਹੁੰਚੀ। ਆਤਮਾ ਸਿੰਘ ਕਾਲਾ ( ਉਮਰ ਕਰੀਬ 45 ਸਾਲ) ਬੀਤੀ 6 ਅਪ੍ਰੈਲ ਨੂੰ ਬਿਮਾਰੀ ਕਾਰਨ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਹੋਏ ਸ਼ਰਧਾਂਜਲੀ ਸਮਾਰੋਹ ਦੌਰਾਨ ਹੈੱਡ ਗ੍ਰੰਥੀ ਬਾਬਾ ਮੇਵਾ ਸਿੰਘ ਵੱਲੋਂ ਸਰਬੱਤ ਦੇ ਭੱਲੇ ਲਈ ਅਰਦਾਸ ਕੀਤੀ। ਇਸ ਮੌਕੇ ਕਥਾਵਾਚਕ ਜੋਗਿੰਦਰ ਸਿੰਘ ਜੀ ਵੱਲੋਂ ਕੱਥਾ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂਆਂ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਮੌਤ ਇੱਕ ਅਟੱਲ ਸਚਾਈ ਹੈ, ਜਿਸ ਨੇ ਰਾਜਾ ਰੰਕ ਨਹੀਂ ਦੇਖਣਾ ਹੈ। ਇਸ ਲਈ ਸਾਨੂੰ ਸਬਰ ਸੰਤੋਖ ਵਾਲਾ ਸਾਦਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਇਸ ਮੌਕੇ ਵੱਖ ਵੱਖ ਆਗੂਆਂ ਨਾਲ ਬੀਬੀ ਰਾਜਿੰਦਰ ਕੌਰ ਭੱਠਲ ਨੇ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਆਤਮਾ ਸਿੰਘ ਕਾਲਾ ਮਿਹਨਤੀ ਅਤੇ ਇਮਾਨਦਾਰ ਵਰਕਰ ਸੀ। ਜਿਸ ਨੇ ਦਿਨ ਰਾਤ ਪਾਰਟੀ ਲਈ ਕੰਮ ਕੀਤਾ। ਉਨ੍ਹਾਂ ਕਿਹਾ ਜਿਥੇ ਉਨ੍ਹਾਂ ਦੇ ਜਾਣ ਨਾਲ ਪਰਿਵਾਰਕ ਮੈਂਬਰਾਂ ਨੂੰ ਸਦਮਾ ਲੱਗਾ ਹੈ ਉਥੇ ਉਨ੍ਹਾਂ ਦੀ ਘਾਟ ਪਾਰਟੀ ਨੂੰ ਵੀ ਹਮੇਸ਼ਾ ਲਈ ਰਹੇਗੀ। ਪੱਤਰਕਾਰ ਵਾਰਤਾ ਦੌਰਾਨ ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਜੋ ਵਾਅਦੇ ਚੋਣਾਂ ਦੌਰਾਨ ਪੰਜਾਬ ਦੀ ਜਨਤਾ ਨਾਲ ਕੀਤੇ ਸਨ ਉਨ੍ਹਾਂ ਨੂੰ ਪੂਰਾ ਕਰਨਾ ਚਾਹੀਦਾ ਹੈ ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਲੋਕਾਂ ਦੀ ਕਚਹਿਰੀ ਵਿੱਚ ਜਵਾਬ ਦੇਣਾ ਉਨ੍ਹਾਂ ਲਈ ਮੁਸ਼ਕਲ ਹੋ ਜਾਵੇਗਾ। ਇਸ ਮੌਕੇ ਸਾਬਕਾ ਚੇਅਰਮੈਨ ਪਾਲ ਸਿੰਘ ਗੇਹਲਾਂ ਨੇ ਵੀ ਸ਼ਰਧਾਂਜਲੀ ਦੇਂਦਿਆਂ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸਾਬਕਾ ਸਰਪੰਚ ਗੁਰਦੀਪ ਸਿੰਘ, ਸਾਬਕਾ ਸਮਾਜ ਸੇਵਕ ਮਹਾਂਵੀਰ ਸੈਣੀ ਭੁੱਲਣ, ਪੰਚ ਕਰਮ ਸਿੰਘ, ਸਾਬਕਾ ਸਰਪੰਚ ਚਰਨ ਸਿੰਘ, ਦਰਸ਼ਨ ਸਿੰਘ ਆਦਿ ਨਾਲ ਭਾਰੀ ਗਿਣਤੀ ਵਿੱਚ ਰਿਸ਼ਤੇਦਾਰ ਅਤੇ ਇਲਾਕਾ ਨਿਵਾਸੀ ਹਾਜਰ ਸਨ। ਇਸ ਮੌਕੇ ਉਨ੍ਹਾਂ ਦੇ ਭਰਾ ਕਰਨੈਲ ਸਿੰਘ ਅਤੇ ਗੁਰਜੀਤ ਸਿੰਘ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਜਿਨ੍ਹਾਂ ਨੇ ਇਸ ਦੁੱਖਦਾਇਕ ਘੜੀ ਵਿੱਚ ਢੀਂਡਸਾ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕੀਤੀ।

# ਨੀਲ ਕੰਠ ਕਾਵੜ ਸੰਘ ਧੂਰੀ ਨੇਂ ਦੂਜਾ ਖ਼ੂਨਦਾਨ ਕੈਂਪ ਲਗਾਇਆ



ਧੂਰੀ,13 ਅਪ੍ਰੈਲ ( ਰਣਜੀਤ ਸਿੰਘ ਪੇਧਨੀ ) :ਨੀਲ ਕੰਠ ਕਾਵੜ ਸੰਘ ਧੂਰੀ ਦੇ ਪ੍ਰਧਾਨ ਦੀਪਕ ਗਰਗ ਦੀ ਅਗਵਾਈ ਹੇਠ ਬਿਰਧ ਆਸ਼ਰਮ ਧੂਰੀ ਵਿਖੇ ਵਿਸਾਲ ਦੂਸਰਾਂ ਖ਼ੂਨਦਾਨ ਕੈਂਪ ਲਾਇਆ ਗਿਆ । ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੈਂਪਸ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਸਮਾਜ ਸੇਵੀ ਮੱਖਣ ਗਰਗ, ਮੁਕੇਸ ਕੁਮਾਰ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਪੰਕਜ ਧੀਰ , ਰਨਮ ਜਿੰਦਲ ,ਦਵਿੰਦਰ ਗੁਪਤਾ ,ਬਲਜੀਤ ਸਿੰਘ ਸੰਗਰੂਰ ਪ੍ਰਧਾਨ ਇੰਡਸਟਰੀਜ਼ ਚੈਬਰ, ਅਮਨ ਗੋਇਲ ਵਾਈਸ ਪ੍ਰਧਾਨ ਸੰਗਰੂਰ ਇੰਡਸਟਰੀਜ਼ ਚੈਬਰ, ਸਰਬਜੀਤ ਸਿੰਘ ਹੁੰਝਣ ਸੈਕਟਰੀ ਸੰਗਰੂਰ ਇੰਡਸਟਰੀਜ਼ ਚੈਬਰ, ਸੋਮ ਨਾਥ ਵਰਮਾ ,ਗੌਰਵ ਪਟਿਆਲਾ ਸਵੀਟਸ, ਵਿਨੈ ਗੋਇਲ, ਮੋਹਿਤ ਗਰਗ, ਵਿਨੈ ਗਰਗ ਸਮਾਜ ਸੇਵੀ, ਸੋਨੂੰ, ਡਾਕਟਰ ਗੁਰਿੰਦਰ ਕੌਰ ਇੰਚਾਰਜ ਬਲੱਡ ਬੈਕ ਸਿਵਲ ਹਸਪਤਾਲ ਮਾਲੇਰਕੋਟਲਾ, ਦੀਪਿਕਾ ਸਿੰਗਲਾ, ਸਮਾਜ ਸੇਵੀ ਪ੍ਰਦੀਪ ਸਰਮਾ, ਭਿੰਦਾ ਵਿਰਕ, ਮਾਣਾ ਗਰੇਵਾਲ ਹਾਜ਼ਰ ਸਨ। ਅੰਤ ਵਿੱਚ ਉੱਘੇ ਸਮਾਜ ਸੇਵੀ ਕੁਲਦੀਪ ਸਿੰਘ ਬੁੱਟਰ ਨੇ ਖ਼ੂਨਦਾਨ ਕਰਨ ਅਤੇ ਸਰਕਾਰ ਦੇ ਨੁਮਾਇੰਦਿਆਂ ਦਾ ਧੰਨਵਾਦ ਕੀਤਾ।

# ਸੁਖਬੀਰ ਸਿੰਘ ਬਾਦਲ ਦੇ ਦੁਬਾਰਾ ਪ੍ਰਧਾਨ ਚੁਣੇ ਜਾਣ 'ਤੇ ਹਲਕੇ ਦੇ ਆਗੂਆਂ ਤੇ ਵਰਕਰਾਂ 'ਚ ਖੁਸ਼ੀ ਦਾ ਮਾਹੌਲ

ਭਗਤਾ ਭਾਈ ਕਾ,13 ਅਪ੍ਰੈਲ (ਸਵਰਨ ਸਿੰਘ ਭਗਤਾ):ਸੁਖਬੀਰ ਸਿੰਘ ਬਾਦਲ ਨੂੰ ਦੁਬਾਰਾ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਚੁਣੇ ਜਾਣ 'ਤੇ ਅਕਾਲੀ ਵਰਕਰਾਂ ਅਤੇ ਆਗੂਆਂ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ, ਸੁਖਬੀਰ ਸਿੰਘ ਬਾਦਲ ਦੇ ਅਕਾਲੀ ਦਲ ਦੇ ਪ੍ਰਧਾਨ ਚੁਣੇ ਜਾਣ 'ਤੇ ਹਰਿੰਦਰ ਸਿੰਘ ਹਿੰਦਾ ਮੁੱਖ ਸੇਵਾਦਾਰ ਸ਼੍ਰੋਮਣੀ ਅਕਾਲੀ ਦਲ ਰਾਮਪੁਰਾ ਫੂਲ, ਕਰਮਜੀਤ ਸਿੰਘ ਕਾਂਗੜ ਸਾਬਕਾ ਵਾਇਸ ਚੇਅਰਮੈਨ, ਪ੍ਰਮਾਤਮਾ ਸਿੰਘ ਹਮੀਰਗੜ੍ਹ ਕੈਨੇਡਾ,ਸ਼ਵਿੰਦਰ ਸਿੰਘ ਸਲਾਬਤਪੁਰਾ ਕੈਨੇਡਾ, ਗੁਰਲਾਲ ਸਿੰਘ ਸਲਾਬਤਪੁਰਾ ਕੈਨੇਡਾ,ਜਗਤਾਰ ਸਿੰਘ ਕੋਇਰ ਸਿੰਘ ਵਾਲਾ, ਜੱਸੀ ਕੋਇਰ ਸਿੰਘ ਵਾਲਾ, ਸਰਬਜੀਤ ਸਿੰਘ ਕਾਂਗੜ, ਜਗਦੀਪ ਸਿੰਘ ਦੀਪਾ ਗ੍ਰੀਨ ਫਾਇਨਾਂਸ ਕੰਪਨੀ ਭਗਤਾ ਭਾਈਕਾ,



ਜਗਜੀਤ ਸਿੰਘ ਜੱਗਾ ਸਟੂਡੀਓ ਨਾਇਨ ਫੋਟੋਗ੍ਰਾਫੀ ਆਦਿ ਨੇ ਸੁਖਬੀਰ ਬਾਦਲ ਨੂੰ ਮੁੜ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਚੁਣੇ ਜਾਣ ਤੇ ਵਧਾਈਆਂ ਦਿੱਤੀਆਂ। ਇਸ ਮੌਕੇ ਉਕਤ ਆਗੂਆਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੇ ਦੁਬਾਰਾ ਪ੍ਰਧਾਨ ਬਣਨ 'ਤੇ ਪਾਰਟੀ ਵਿੱਚ ਮਜ਼ਬੂਤੀ ਆਵੇਗੀ।

# ਅਮਨ ਅਰੋੜਾ ਗੁਰਦੁਆਰਾ ਅਕਾਲਗੜ੍ਹ ਸਾਹਿਬ ਅਤੇ ਗੁਰਦੁਆਰਾ ਨਾਮਦੇਵ ਜੀ ਵਿਖੇ ਨਤਮਸਤਕ ਹੋਏ



ਸੁਨਾਮ ਊਧਮ ਸਿੰਘ ਵਾਲਾ, 13 ਅਪ੍ਰੈਲ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਅੱਜ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਸੁਨਾਮ ਵਿਖੇ ਸਥਿਤ ਗੁਰਦੁਆਰਾ ਅਕਾਲਗੜ੍ਹ ਸਾਹਿਬ ਅਤੇ ਗੁਰਦੁਆਰਾ ਨਾਮਦੇਵ ਜੀ ਵਿਖੇ ਨਤਮਸਤਕ ਹੋਏ ਅਤੇ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਦਿਹਾੜੇ ਦੀਆਂ ਮੁਬਾਰਕਾਂ ਦਿੱਤੀਆਂ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਕਿਹਾ ਕਿ ਪਰਮਾਤਮਾ ਲੋਕਾਂ ਵਿੱਚ ਭਾਈਚਾਰਕ ਸਾਂਝ ਨੂੰ ਹਮੇਸ਼ਾਂ ਕਾਇਮ ਰੱਖਣ ਅਤੇ ਸੂਬਾ ਹਰ ਪੱਖੋਂ ਖੁਸ਼ਹਾਲ ਹੋਵੇ। ਉਹਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਵੱਲੋਂ ਦਿਖਾਏ ਗਏ ਹੱਕ ਸੱਚ ਦੇ ਮਾਰਗ ਉੱਤੇ ਚੱਲਣਾ ਚਾਹੀਦਾ ਹੈ ਅਤੇ ਸਮਾਜਿਕ ਕੁਰੀਤੀਆਂ ਦੇ ਖਾਤਮੇ ਲਈ ਇੱਕਜੁੱਟ ਹੋ ਕੇ ਉਪਰਾਲੇ ਕਰਨੇ ਚਾਹੀਦੇ ਹਨ।ਇਸ ਮੌਕੇ ਦੋਵਾਂ ਹੀ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਵੱਲੋਂ ਕੈਬਨਿਟ ਮੰਤਰੀ ਅਮਨ ਅਰੋੜਾ ਸਮੇਤ ਹੋਰਨਾਂ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਮੁਕੇਸ਼ ਜੁਨੇਜਾ, ਸਾਹਿਬ ਸਿੰਘ ਬਲਾਕ ਪ੍ਰਧਾਨ , ਦੀਪ ਸਰਪੰਚ, ਰਾਜਨ ਸਿੰਗਲਾ , ਲੱਕੀ, ਕੁਲਵਿੰਦਰ ਨਾਮਧਾਰੀ ਤੇ ਹਰਵਿੰਦਰ ਨਾਮਧਾਰੀ ਸਮੇਤ ਹੋਰ ਸਖਸ਼ੀਅਤਾਂ ਵੀ ਹਾਜ਼ਰ ਸਨ।

# ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿਖੇ ਮਨਾਇਆ ਵਿਸਾਖੀ ਦਾ ਤਿਉਹਾਰ ਅਤੇ ਸੰਸਥਾਪਕ ਦਿਵਸ'



ਰਾਮਪੁਰਾ ਫੂਲ,13 ਅਪ੍ਰੈਲ (ਮਨਪ੍ਰੀਤ ਮਿੰਟੂ) :ਸੀ.ਬੀ.ਐਸ.ਈ. ਬੋਰਡ, ਦਿੱਲੀ ਤੋਂ ਐਫੀਲੀਏਟਡ ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਦੇ ਚੌਥੀ ਇਨੋਵੇਟਰ ਜਮਾਤ ਦੇ ਵਿਦਿਆਰਥੀਆਂ ਵੱਲੋਂ ਵਿਸਾਖੀ ਦੇ ਤਿਉਹਾਰ ਨਾਲ ਸਬੰਧਤ ਵਿਸ਼ੇਸ਼ ਅਸੈਂਬਲੀ ਪੇਸ਼ ਕੀਤੀ ਗਈ। ਜਿਸ ਵਿੱਚ ਵਿਦਿਆਰਥੀਆਂ ਨੇ ਸਵੇਰ ਦੀ ਅਰਦਾਸ, ਸਹੁੰ ਚੁੱਕਣ ਤੋਂ ਇਲਾਵਾ ਜਲ੍ਹਿਆਂ ਵਾਲੇ ਬਾਗ ਨਾਲ ਸਬੰਧਤ ਕਵਿਤਾ ਸੁਣਾਈ ਅਤੇ ਵਿਸਾਖੀ ਦੇ ਤਿਉਹਾਰ ਨਾਲ ਸਬੰਧਤ ਭਾਸ਼ਨ ਪੇਸ਼ ਕੀਤਾ। ਸਕੂਲ ਦੇ ਕਿੰਡਰ ਗਾਰਟਨ ਦੇ ਵਿਦਿਆਰਥੀ ਰੰਗ ਬਿਰੰਗੀਆਂ ਪੰਜਾਬੀ ਪੁਸ਼ਾਕਾਂ ਵਿੱਚ ਸੱਜ ਧੱਜ ਕੇ ਸਕੂਲ ਆਏ ਤੇ ਉਹਨਾਂ ਨੇ ਵਿਸਾਖੀ ਦੇ ਤਿਉਹਾਰ ਦਾ ਆਨੰਦ ਮਾਣਿਆ। ਇਸ ਮੌਕੇ ਸਕੂਲ ਦੇ ਪਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਅਤੇ ਸਕੂਲ ਪ੍ਰਿੰਸੀਪਲ ਗੀਤਾ ਪਿੱਲੇ ਨੇ ਵਿਸਾਖੀ ਦੇ ਸ਼ੁਭ ਮੌਕੇ 'ਤੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਸ ਤਿਉਹਾਰ ਦੌਰਾਨ ਖੇਤਾਂ ਵਿੱਚ ਹਾੜੀ ਦੀਆਂ ਫਸਲਾਂ ਪੱਕ ਜਾਂਦੀਆਂ ਹਨ, ਅਤੇ ਕਿਸਾਨਾਂ ਦੇ ਮਨਾਂ ਨੂੰ ਫਸਲਾਂ ਦੇਖ ਕੇ ਖੁਸ਼ੀ ਮਿਲਦੀ ਹੈ। ਇਸ ਤਿਉਹਾਰ ਬਾਰੇ ਮੰਨਿਆ ਜਾਂਦਾ ਹੈ ਕਿ ਇਸ ਦਿਨ ਸਿੱਖ ਧਰਮ ਦੇ 10ਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਉਹਨਾਂ ਇਹ ਵੀ ਦੱਸਿਆ ਕਿ ਇਸ ਦਿਨ ਜਲ੍ਹਿਆਂ ਵਾਲੇ ਬਾਗ ਦੇ ਖੂਨੀ ਸਾਕੇ ਦੇ ਸ਼ਹੀਦਾਂ ਨੂੰ ਸ਼ਰਧਾਜਲੀ ਵੀ ਦਿੱਤੀ ਜਾਂਦੀ ਹੈ । ਉਨ੍ਹਾਂ ਹਰ ਕਿਸੇ ਦੇ ਜੀਵਨ ਵਿੱਚ ਨਵੀਂ ਊਰਜਾ ਅਤੇ ਨਵੇਂ ਉਤਸ਼ਾਹ ਦੀ ਕਾਮਨਾ ਕੀਤੀ। ਇਸੇ ਦੌਰਾਨ ਸਕੂਲ ਅੰਦਰ ਇੱਕ ਦਿਨ ਪਹਿਲਾਂ 'ਫਾਊਂਡਰਜ਼ ਡੇਅ' ਵੀ ਮਨਾਇਆ ਗਿਆ। ਮੌਕੇ 'ਤੇ ਹੋਈ ਵਿਸ਼ੇਸ਼ ਸਭਾ ਵਿਚ ਸਕੂਲ ਮੈਨੇਜਮੈਂਟ, ਸਟਾਫ਼ ਅਤੇ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਮਾਗਮ ਨੇ ਵਿਦਿਆਰਥੀਆਂ ਨੂੰ ਸਕੂਲ ਦੇ ਇਤਿਹਾਸ, ਕਦਰਾਂ ਕੀਮਤਾਂ ਅਤੇ ਆਦਰਸ਼ਾਂ ਨਾਲ ਜੁੜਨ ਦਾ ਮੌਕਾ ਵੀ ਪ੍ਰਦਾਨ ਕੀਤਾ।

# ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਤੋਂ ਸੇਧ ਲਈ ਜਾਵੇ : ਬਰਿੰਦਰ ਕੁਮਾਰ ਗੋਇਲ



ਮੂਨਕ, 13 ਅਪ੍ਰੈਲ (ਚ.ਨ.ਸ.):ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਵਸ ਦੇ ਸਬੰਧ ਵਿੱਚ ਵਿਧਾਨ ਸਭਾ ਹਲਕਾ ਲਹਿਰਾ ਦੇ ਪਿੰਡ ਰਾਜਲਹੇੜੀ ਵਿਖੇ ਸ੍ਰੀ ਗੁਰੂ ਰਵਿਦਾਸ ਕਮੇਟੀ ਵੱਲੋਂ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਸਕੂਲੀ ਵਿਦਿਆਰਥੀਆਂ ਦੇ ਭਾਸ਼ਣ ਅਤੇ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਹਨਾਂ ਨੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕਰਦਿਆਂ ਕਿਹਾ ਕਿ ਮੁਕਾਬਲੇ ਦੇ ਅਜੋਕੇ ਯੁੱਗ ਵਿੱਚ ਸਮੇਂ ਦਾ ਹਾਣੀ ਬਣਨ ਲਈ ਆਪਣੀ ਪ੍ਰਤਿਭਾ ਨੂੰ ਦਿਨ ਬ ਦਿਨ ਨਿਖਾਰਦੇ ਰਹਿਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਭਵਿੱਖ ਵਿੱਚ ਵਡਮੁੱਲੀਆਂ ਪ੍ਰਾਪਤੀਆਂ ਦਰਜ ਕਰਨ ਲਈ ਬਚਪਨ ਤੋਂ ਹੀ ਮਿਹਨਤ ਨੂੰ ਆਪਣਾ ਜਰੀਆ ਬਣਾਉਣਾ ਚਾਹੀਦਾ ਹੈ ਅਤੇ ਸਮੇਂ ਸਮੇਂ ਉੱਤੇ ਅਜਿਹੇ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਆਪਣੀਆਂ ਕਮੀਆਂ ਦੀ ਪਛਾਣ ਕਰਦੇ ਹੋਏ ਇਹਨਾਂ ਕਮੀਆਂ ਨੂੰ ਮੁੜ ਨਾ ਦੁਹਰਾਉਣ ਦਾ ਪ੍ਰਣ ਲੈਣਾ ਚਾਹੀਦਾ ਹੈ। ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਤੋਂ ਸੇਧ ਲੈਣ ਜਿਨਾਂ ਨੇ ਗਰੀਬੀ ਵਿੱਚੋਂ ਉੱਠ ਕੇ ਆਪਣੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਪੂਰੀ ਦੁਨੀਆਂ ਵਿੱਚ ਆਪਣੀ ਵਿਸ਼ੇਸ਼ ਪਛਾਣ ਸਥਾਪਿਤ ਕੀਤੀ। ਸ੍ਰੀ ਗੋਇਲ ਨੇ ਡਾ. ਅੰਬੇਦਕਰ ਜੀ ਦੀ ਸ਼ਾਨ ਖਿਲਾਫ ਮਾੜੀ ਸ਼ਬਦਾਵਲੀ ਬੋਲਣ ਵਾਲੇ ਗੁਰਪਤਵੰਤ ਪੰਨੂ ਨੂੰ ਕਾਇਰ ਆਖਦਿਆਂ ਪੁਰਜੋਰ ਸ਼ਬਦਾਂ ਵਿੱਚ ਨਿਖੇਧੀ ਵੀ ਕੀਤੀ। ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਨੇ ਮੁਕਾਬਲੇ ਵਿੱਚ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਵਿਸ਼ੇਸ਼ ਤੌਰ ਤੇ ਯਾਦਗਾਰੀ ਚਿੰਨ ਨਾਲ ਸਨਮਾਨਿਤ ਵੀ ਕੀਤਾ। ਇਸ ਉਪਰੰਤ ਕੈਬਨਿਟ ਮੰਤਰੀ ਨੇ ਪਿੰਡ ਵਿੱਚ ਨਵੇਂ ਬਣ ਰਹੇ ਸਟੇਡੀਅਮ ਦੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਵੀ ਲਿਆ। ਸਮਾਗਮ ਦੌਰਾਨ ਸ੍ਰੀ ਗੁਰੂ ਰਵਿਦਾਸ ਕਮੇਟੀ ਦੇ ਪ੍ਰਧਾਨ ਮਨਜੀਤ ਸਿੰਘ, ਮੰਤਰੀ ਦੇ ਪੀਏ ਰਾਕੇਸ਼ ਕੁਮਾਰ ਗੁਪਤਾ, ਮੈਂਬਰ ਲਖਬੀਰ ਸਿੰਘ. ਲਖਵਿੰਦਰ ਸਿੰਘ, ਜਸਵਿੰਦਰ ਸਿੰਘ, ਬੀਰਵਾਲ ਸਿੰਘ, ਰਾਜਵੀਰ ਸਿੰਘ, ਮਨਪ੍ਰੀਤ ਸਿੰਘ, ਬਲਾਕ ਪ੍ਰਧਾਨ ਕਰਮਜੀਤ ਸਿੰਘ, ਬਲਾਕ ਪ੍ਰਧਾਨ ਚਮਕੌਰ ਸਿੰਘ, ਮੰਗਾ ਸਿੰਘ ਤੋਂ ਇਲਾਵਾ ਹੋਰ ਵਰਕਰ ਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਸਾਈ ਨਗਰ ਤੋਂ ਗਰੋਥ ਸੈਂਟਰ ਤੱਕ ਸੜਕ 'ਤੇ ਬਣੇਗਾ 7 ਮੀਟਰ ਚੌੜਾ ਪੁਲ


ਬਠਿੰਡਾ, 13 ਅਪ੍ਰੈਲ (ਇੰਦਰਪਾਲ ਬਾਂਸਲ):- ਪਿਛਲੇ ਲੰਮੇ ਸਮੇਂ ਤੋਂ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਸ਼ਹਿਰ ਦੇ ਸਨਅਤੀ ਜ਼ੋਨਾਂ ਦੀਆਂ ਸਮੱਸਿਆਵਾਂ ਦੇ ਹੱਲ ਹੋਣ ਦੀ ਉਮੀਦ ਹੈ, ਦਰਅਸਲ ਪੰਜਾਬ ਸਰਕਾਰ ਅਤੇ ਉਦਯੋਗਪਤੀਆਂ ਵਿਚਾਲੇ ਮੰਗਾਂ 'ਤੇ ਹੋਏ ਸਮਝੌਤੇ ਤੋਂ ਬਾਅਦ ਅਜਿਹਾ ਹੋਣ ਦੀਆਂ ਸੰਭਾਵਨਾਵਾਂ ਬਣੀਆਂ ਹੋਈਆਂ ਹਨ। ਸ਼ੁੱਕਰਵਾਰ ਨੂੰ ਪੰਜਾਬ ਵਿਕਾਸ ਕਮਿਸ਼ਨ (ਪੀ.ਡੀ.ਸੀ.) ਦੇ ਮੈਂਬਰ ਵੈਭਵ ਨੇ ਇਸ ਸਬੰਧੀ ਜ਼ਿਲ੍ਹੇ ਦੇ ਉਦਯੋਗਪਤੀਆਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਅਤੇ ਏਡੀਸੀ ਜਨਰਲ (ਸ਼ਹਿਰੀ ਵਿਕਾਸ) ਵੀ ਹਾਜ਼ਰ ਸਨ। ਆਈ.ਟੀ.ਆਈ.ਪੁਰਾਣੇ ਫੋਕਲ ਪੁਆਇੰਟ ਦੇ ਸਨਅਤਕਾਰਾਂ ਨੇ ਕਮਿਸ਼ਨ ਦੇ ਮੈਂਬਰ ਅੱਗੇ ਇਹ ਮੁੱਦਾ ਉਠਾਇਆ ਕਿ ਜਦੋਂ ਉਹ ਡੱਬਵਾਲੀ ਰੋਡ ਤੋਂ ਆਉਂਦੇ ਹਨ ਤਾਂ ਉਕਤ ਸੜਕ 'ਤੇ ਭਾਰੀ ਆਵਾਜਾਈ ਅਤੇ ਤੰਗ ਸੜਕ ਕਾਰਨ ਆਉਣ-ਜਾਣ 'ਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ, ਉਨ੍ਹਾਂ ਇਹ ਵੀ ਮੰਗ ਕੀਤੀ ਕਿ ਉਨ੍ਹਾਂ ਦਾ ਇੰਡਸਟਰੀ ਏਰੀਆ ਰਿੰਗ ਰੋਡ ਤੋਂ ਨੀਵਾਂ ਹੈ ਅਤੇ ਬਰਸਾਤ ਦੇ ਦਿਨਾਂ ਵਿੱਚ ਇਹ ਪਾਣੀ ਨਾਲ ਭਰ ਜਾਂਦਾ ਹੈ। ਜਿਸ 'ਤੇ ਡਿਪਟੀ ਕਮਿਸ਼ਨਰ ਨੇ ਕਮਿਸ਼ਨ ਦੇ ਮੈਂਬਰਾਂ ਦੀ ਹਾਜ਼ਰੀ ਵਿੱਚ ਸਨਅਤਕਾਰਾਂ ਨੂੰ ਭਰੋਸਾ ਦਿੱਤਾ ਕਿ ਉਹ ਪਾਰਕ ਵਿੱਚ ਆ ਕੇ ਬਰਸਾਤੀ ਪਾਣੀ ਨੂੰ ਰੀਚਾਰਜ ਕਰਨਗੇ। ਵਾਟਰ ਰੀਚਾਰਜਿੰਗ ਸਿਸਟਮ ਬਣਾਇਆ ਜਾਵੇਗਾ ਨੇ ਗ੍ਰੋਥ ਸੈਂਟਰ ਸਥਿਤ ਰਿਹਾਇਸ਼ੀ ਪਲਾਟ ਕਾਰਪੋਰੇਸ਼ਨ ਵੱਲੋਂ ਸੁੱਟੇ ਜਾ ਰਹੇ ਕੂੜੇ ਦਾ ਮੁੱਦਾ ਉਠਾਇਆ ,ਜਿਸ 'ਤੇ ਉਨ੍ਹਾਂ ਨਿਗਮ ਦੇ ਐਕਸੀਅਨ ਨੂੰ ਹਦਾਇਤ ਕੀਤੀ ਕਿ ਜੇਕਰ ਕੋਈ ਉਕਤ ਜਗ੍ਹਾ 'ਤੇ ਕੂੜਾ ਸੁੱਟਦਾ ਹੈ ਤਾਂ ਉਸ ਦਾ ਚਲਾਨ ਕੱਟ ਕੇ ਜਗਹਾ ਦੀ ਸਫ਼ਾਈ ਕਰਵਾਈ ਜਾਵੇ। ਇਸ ਤੋਂ ਇਲਾਵਾ ਇੰਡਸਟਰੀ ਗਰੋਥ ਸੈਂਟਰ ਵਿੱਚ ਸੀਵਰੇਜ, ਸੜਕਾਂ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ ਅਤੇ ਹੋਰ ਕੰਮਾਂ ਲਈ ਐਸਟੀਮੇਟ ਤਿਆਰ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਗਰੋਥ ਸੈਂਟਰ ਵਿੱਚ ਸਥਿਤ ਪਲਾਟ ਸੀ-29 ਵਿੱਚ ਪੁਲੀਸ ਚੌਕੀ ਅਤੇ ਮੁਹੱਲਾ ਕਲੀਨਿਕ ਬਣਾਉਣ ਲਈ ਵੀ ਸਹਿਮਤੀ ਬਣੀ। ਇਸ ਤੋਂ ਇਲਾਵਾ ਗਰੋਥ ਸੈਂਟਰ ਨੂੰ ਸਾਈਂ ਨਗਰ ਨਾਲ ਜੋੜਨ ਵਾਲੀ ਸੜਕ 'ਤੇ 7 ਮੀਟਰ ਚੌੜਾ ਪੁਲ ਬਣਾਉਣ ਦੀ ਵੀ ਪ੍ਰਵਾਨਗੀ ਦਿੱਤੀ ਗਈ। ਇਸ ਮੌਕੇ ਬਠਿੰਡਾ ਚੈਂਬਰਜ਼ ਆਫ਼ ਕਾਮਰਸ ਐਂਡ ਇੰਡਸਟਰੀ ਦੇ ਪ੍ਰਧਾਨ ਰਾਮ ਪ੍ਰਕਾਸ਼ ਜਿੰਦਲ, ਵਰਿੰਦਰ ਮੋਹਨ ਕੁੱਕੀ ਸਰਪ੍ਰਸਤ, ਸੰਦੀਪ ਓਹਰੀ ਜਨਰਲ ਸਕੱਤਰ ਪੁਰਾਣਾ ਫੋਕਲ ਪੁਆਇੰਟ, ਮੁਕੇਸ਼ ਜਿੰਦਲ ਪ੍ਰਧਾਨ ਨਿਊ ਫੋਕਲ ਪੁਆਇੰਟ ਡੱਬਵਾਲੀ ਰੋਡ ਬਠਿੰਡਾ, ਅਵਨੀਸ਼ ਖੋਸਲਾ, ਰਮਨ ਮਿੱਤਲ, ਰਵਿੰਦਰ ਬਾਂਸਲ, ਕੁਨਾਲ ਜੀ ਆਦਿ ਹਾਜ਼ਰ ਸਨ।

# ਕਿਸਾਨੀ ਸੰਘਰਸ਼ ਵਿੱਚ ਲੰਬਾ ਸਮਾਂ ਸੇਵਾਵਾਂ ਦੇਣ ਵਾਲੇ ਕਿਸਾਨਾਂ ਦਾ ਪਿੰਡ ਡੱਲੇਵਾਲ ਵਾਸੀਆਂ ਵੱਲੋਂ ਸਨਮਾਨ



ਬਾਜਾਖਾਨਾ,13 ਅਪ੍ਰੈਲ ( ਅਵਤਾਰ ਸਿੰਘ ਮੱਲਾ ): ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਸਾਂਝੇ ਫੋਰਮ ਵੱਲੋਂ ਕੇਂਦਰ ਸਰਕਾਰ ਦੁਆਰਾ ਮੰਨੀਆਂ ਹੋਈਆਂ ਮੰਗਾਂ ਨੂੰ ਪੂਰਾ ਕਰਵਾਉਣ ਦੇ ਲਈ ਸਵਾ ਸਾਲ ਦੇ ਲਗਭਗ ਚੱਲੇ ਅੰਦੋਲਨ ਦੌਰਾਨ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਵੱਲੋਂ ਕਿਸਾਨਾਂ ਨਾਲ ਕੀਤੇ ਗਏ ਵਤੀਰੇ ਤੋਂ ਹਰ ਦੇਸ਼ ਵਾਸੀ ਜਾਣੂੰ ਹੈ। ਇਸ ਅੰਦੋਲਨ ਨੂੰ ਤਾਰਪੀਡੋ ਕਰਨ ਲਈ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਹਰਿਆਣਾ ਸਰਕਾਰ ਵੱਲੋਂ ਅੱਥਰੂ ਗੈਸ ਦੇ ਗੋਲਿਆਂ ਸਮੇਤ ਕਿਸਾਨਾਂ ਤੇ ਸਿੱਧੀਆਂ ਗੋਲੀਆਂ ਦੀ ਵਰਤੋਂ ਵੀ ਕੀਤੀ ਗਈ ਪਰੰਤੂ ਸਰਕਾਰ ਦੇ ਜ਼ਬਰ ਨੂੰ ਝਲਦਿਆਂ ਕਿਸਾਨ ਆਪਣੀਆਂ ਮੰਗਾਂ ਮਨਾਉਣ ਲਈ ਹਰਿਆਣਾ ਪੰਜਾਬ ਦੇ ਬਾਰਡਰਾਂ ਤੇ ਡਟੇ ਰਹੇ। ਭਾਵੇਂ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨਾਲ ਧੋਖਾ ਕਰਦਿਆਂ ਮੀਟਿੰਗ ਤੇ ਬੁਲਾ ਕੇ ਆਗੂਆਂ ਨੂੰ ਗ੍ਰਿਫਤਾਰ ਕਰਕੇ ਮੋਰਚੇ ਨੂੰ ਤਹਿਸ ਨਹਿਸ ਕਰ ਦਿੱਤਾ ਗਿਆ ਹੈ ਪਰੰਤੂ ਕਿਸਾਨਾਂ ਦੇ ਹੌਸਲੇ ਉਸੇ ਤਰ੍ਹਾਂ ਬੁਲੰਦ ਹਨ। ਅੱਜ ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਡੱਲੇਵਾਲ ਦੀ ਸਮੂੱਚੀ ਸੰਗਤ ਵੱਲੋਂ ਕਿਸਾਨਾਂ ਦੇ ਵੱਡੇ ਆਗੂ ਸ੍ਰ. ਜਗਜੀਤ ਸਿੰਘ ਡੱਲੇਵਾਲ ਸਮੇਤ ਅੰਦੋਲਨ ਵਿੱਚ ਫ਼ਰੀਦਕੋਟ ਜ਼ਿਲ੍ਹੇ ਦੀ ਵੱਡੀ ਹਾਜ਼ਰੀ ਦੇਣ ਵਾਲੇ ਅਤੇ ਸੰਘਰਸ਼ ਵਿੱਚ ਲੰਬਾ ਸਮਾਂ ਵੱਡੀ ਹਿੱਸੇਦਾਰੀ ਪਾਉਣ ਵਾਲੇ ਆਗੂਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪਿੰਡ ਡੱਲੇਵਾਲ ਦੇ ਸਮੁੱਚੇ ਪਿੰਡ ਵਾਸੀਆਂ ਵੱਲੋਂ ਬੀਕੇਯੂ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਸ੍ਰ. ਜਗਜੀਤ ਸਿੰਘ ਡੱਲੇਵਾਲ, ਛਿੰਦਾ ਸਿੰਘ ਕਾਬਲ ਵਾਲਾ, ਰਣਜੀਤ ਸਿੰਘ ਮਮਦੋਟ , ਸਾਹਿਬ ਸਿੰਘ ਫਿਰੋਜ਼ਪੁਰ, ਅੰਮ੍ਰਿਤਪਾਲ ਸਿੰਘ ਫਿਰੋਜ਼ਪੁਰ, ਨੌਜਵਾਨ ਆਗੂ ਹਰਵਿੰਦਰ ਸਿੰਘ, ਹਰਪ੍ਰੀਤ ਸਿੰਘ ਭੂੰਦੜ, ਅਮਰੀਕ ਸਿੰਘ ਮਾਂਗਟ ਕੇਰ, ਇੰਦਰਜੀਤ ਸਿੰਘ ਘਣੀਆਂ ਜ਼ਿਲ੍ਹਾ ਜਨਰਲ ਸਕੱਤਰ ਫ਼ਰੀਦਕੋਟ, ਅਤੇ ਬੋਹੜ ਸਿੰਘ ਰੁਪਈਆਂ ਵਾਲਾ ਪ੍ਰਧਾਨ ਫ਼ਰੀਦਕੋਟ ਦਾ ਸਿਰੋਪਾਉ ਅਤੇ ਸਨਮਾਨ ਚਿੰਨ੍ਹ ਦੇ ਕੇ ਮਾਣ ਸਨਮਾਨ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਵੱਡਾ ਮਾਣ ਦੇਣ ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਆਪਣਾ ਮਿਲਿਆ ਸਨਮਾਨ ਸਮੁੱਚੇ ਪਿੰਡ ਵਾਸੀਆਂ ਦੇ ਨਾਮ ਕਰਦਿਆਂ ਸਨਮਾਨ ਗੁਰਦੁਆਰਾ ਸਾਹਿਬ ਨੂੰ ਭੇਂਟ ਕਰ ਦਿੱਤਾ ਗਿਆ ਅਤੇ ਕਿਹਾ ਕਿ ਮੈਨੂੰ ਮੇਰੇ ਪਿੰਡ ਤੇ ਮਾਣ ਹੈ ਕਿ ਸਮੁੱਚੇ ਨਗਰ ਵੱਲੋਂ ਇਸ ਸੰਘਰਸ਼ ਦੌਰਾਨ ਬਹੁਤ ਵੱਡਾ ਯੋਗਦਾਨ ਪਾਇਆ ਗਿਆ ਹੈ ਅਤੇ ਇਹ ਸਨਮਾਨ ਦਾ ਮੈਂ ਇਕੱਲਾ ਨਹੀਂ ਸਗੋਂ ਮੇਰਾ ਹਰ ਇੱਕ ਪਿੰਡ ਵਾਸੀ ਹੱਕਦਾਰ ਹੈ। ਇਸ ਮੌਕੇ ਉਹਨਾਂ ਸਮੂਹ ਨਗਰ ਨਿਵਾਸੀਆਂ ਦਾ ਸਹਿਯੋਗ ਕਰਨ 'ਤੇ ਧੰਨਵਾਦ ਕੀਤਾ।ਇਸ ਮੌਕੇ ਪਿੰਡ ਵਾਸੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਦੇ ਸਹਿਯੋਗ ਨਾਲ ਵਿਸਾਖੀ ਵਾਲੇ ਦਿਨ ਕਿਸਾਨੀ ਸੰਘਰਸ਼ ਵਿੱਚ ਵੱਡੀਆਂ ਸੇਵਾਵਾਂ ਦੇਣ ਵਾਲੀਆਂ ਕਿਸਾਨ ਔਰਤਾਂ ਦਾ ਵੀ ਸਨਮਾਨ ਕਰਨ ਦਾ ਪ੍ਰੋਗਰਾਮ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਕੀਤਾ ਜਾਵੇਗਾ।

# ਡਾ. ਬਲਜੀਤ ਕੌਰ ਨੇ ਵਿਸਾਖੀ ਮੌਕੇ ਦਿੱਤੀਆਂ ਵਧਾਈਆਂ, ਗੁਰਦੁਆਰਾ ਸ੍ਰੀ ਚਰਨ ਕਮਲ ਭੋਰਾ ਸਾਹਿਬ ਦਾਨੇਵਾਲਾ ਵਿਖੇ ਹੋਏ ਨਤਮਸਤਕ



ਮਲੋਟ, 13 ਅਪ੍ਰੈਲ( ਅਮਨਦੀਪ ਸਿੰਘ ਮਹਿਰਾ ):ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਪੰਜਾਬ ਸਰਕਾਰ ਡਾ. ਬਲਜੀਤ ਕੌਰ ਗੁਰਦੁਆਰਾ ਸ੍ਰੀ ਚਰਨ ਕਮਲ ਭੋਰਾ ਸਾਹਿਬ ਦਾਨੇਵਾਲਾ ਵਿਖੇ ਖਾਲਸਾ ਸਿਰਜਣਾ ਦਿਵਸ ਵਿਸਾਖੀ ਦੇ ਮੌਕੇ ਨਤਮਸਤਕ ਹੋਏ ਅਤੇ ਸਰਬਤ ਦੇ ਭਲੇ ਦੀ ਅਰਦਾਸ 'ਚ ਸ਼ਾਮਲ ਹੋਏ। ਉਨ੍ਹਾਂ ਸਾਰੇ ਪੰਜਾਬ ਵਾਸੀਆਂ ਨੂੰ ਵਿਸਾਖੀ ਦੀਆਂ ਮੁਬਾਰਕਾਂ ਦਿੱਤੀਆਂ। ਮੰਤਰੀ ਡਾ. ਬਲਜੀਤ ਕੌਰ ਨੇ ਦਾਣਾ ਮੰਡੀ ਮਲੋਟ ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਕਣਕ ਦੀ ਖਰੀਦ ਦੀ ਬੋਲੀ ਸ਼ੁਰੂ ਕਰਵਾਈ । ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦਾ ਦਾਣਾ - ਦਾਣਾ ਖਰੀਦਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮੰਡੀ 'ਚ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਵੀ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਦੁੱਖ ਸੁਖ 'ਚ ਉਨ੍ਹਾਂ ਨਾਲ ਖੜ੍ਹੀ ਹੈ। ਉਨ੍ਹਾਂ ਨਾਲ ਹੀ ਅਫਸਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਦਾਣਾ ਮੰਡੀਆਂ 'ਚ ਕਿਸਾਨਾਂ ਨੂੰ ਵੱਖ ਵੱਖ ਸੁਵਿਧਾਵਾਂ ਦੇਣੀਆਂ ਯਕੀਨੀ ਬਣਾਉਣ। ਕੈਬਨਿਟ ਮੰਤਰੀ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਹਾੜੇ ਨੂੰ ਸਮਰਪਿਤ ਡਾ. ਬੀ.ਆਰ. ਅੰਬੇਡਕਰ ਬਲੱਡ ਡੋਨਰ ਕਲੱਬ ਅਤੇ ਏਕਤਾ ਨਗਰ ਸੰਮਤੀ ਮਲੋਟ ਵੱਲੋਂ ਲਗਵਾਏ ਗਏ ਖੂਨਦਾਨ ਕੈਂਪ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਸੰਸਥਾਵਾਂ ਵੱਲੋਂ ਅੱਗੇ ਹੋ ਕੇ ਸਮਾਜਿਕ ਕੰਮਾਂ 'ਚ ਹਿੱਸਾ ਪਾਉਣ ਨਾਲ ਨਾ ਕੇਵਲ ਸਮਾਜ ਦੀ ਬੇਹਤਰੀ ਲਈ ਕੰਮ ਕੀਤਾ ਜਾਂਦਾ ਹੈ, ਬਲਕਿ ਨਾਲ ਹੀ ਗਰੀਬ ਅਤੇ ਲੋੜਵੰਦ ਦੀ ਵੀ ਮਦਦ ਕੀਤੀ ਜਾਂਦੀ ਹੈ। ਉਨ੍ਹਾਂ ਕੈਂਪ ਆਯੋਜਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੂਨਦਾਨ ਮਹਾਂਦਾਨ ਹੈ ਅਤੇ ਇਸ ਲਈ ਕੀਤੇ ਜਾ ਰਹੇ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ। ਇਸ ਮੌਕੇ ਕੈਬਨਿਟ ਮੰਤਰੀ ਦੇ ਨਿੱਜੀ ਸਹਾਇਕ ਸ੍ਰੀ ਅਰਸ਼ਦੀਪ ਸਿੰਘ ਨੇ ਆਪਣੇ ਜਨਮ ਦਿਵਸ 'ਤੇ ਖੂਨਦਾਨ ਵੀ ਕੀਤਾ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਮਾਰਕੀਟ ਕਮੇਟੀ ਮਲੋਟ ਜਸ਼ਨ ਬਰਾੜ, ਚੇਅਰਮੈਨ ਕੋਅਪਰੇਟਿਵ ਸੋਸਾਇਟੀ ਪੰਜਾਬ ਸ੍ਰੀ ਜਗਦੇਵ ਸਿੰਘ ਬਾਮ, ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਅਫਸਰ ਸੁਖਵਿੰਦਰ ਸਿੰਘ ਗਿੱਲ, ਸੰਤ ਬਾਬਾ ਬਲਜੀਤ ਸਿੰਘ ਮੁਖੀ ਗੁਰਦੁਆਰਾ ਸ੍ਰੀ ਚਰਨ ਕਮਲ ਭੋਰਾ ਸਾਹਿਬ ਦਾਨੇਵਾਲਾ, ਸ਼ਿੰਦਰਪਾਲ ਨਿੱਜੀ ਸਹਾਇਕ, ਦਫ਼ਤਰ ਇੰਚਾਰਜ ਪਰਮਜੀਤ ਗਿੱਲ, ਆੜਤੀਆ ਅਸੋਸੀਏਸ਼ਨ ਦੇ ਪ੍ਰਧਾਨ ਸੁਨਿਸ਼ ਗੋਇਲ, ਸੈਕਟਰੀ ਮਾਰਕੀਟ ਕਮੇਟੀ ਮਨਦੀਪ ਕੁਮਾਰ, ਐਡਵੋਕੇਟ ਅਮਨ ਨਾਇਕ ਤੋਂ ਇਲਾਵਾ ਪਤਵੰਤੇ ਵਿਅਕਤੀ ਹਾਜ਼ਰ ਰਹੇ।

# ਪ੍ਰਿੰਸੀਪਲ ਨੇ ਬੱਚਿਆਂ ਨੂੰ ਖ਼ਾਲਸਾ ਸਾਜਨਾ ਦਿਵਸ ਬਾਰੇ ਵਿਸਥਾਰ ਨਾਲ ਦੱਸਿਆ



ਧਨੌਲਾ, 13 ਅਪ੍ਰੈਲ (ਚਮੌਕਰ ਸਿੰਘ ਗੱਗੀ): ਪੰਜਾਬ ਪਬਲਿਕ ਸਕੂਲ ਮਾਨਾ ਪਿੰਡੀ ਧਨੌਲਾ ਰੋਡ ਬਰਨਾਲਾ ਵਿੱਚ ਪ੍ਰਿੰਸੀਪਲ ਸਿਮਰਨ ਕੌਰ ਦੀ ਅਗਵਾਈ ਵਿੱਚ ਵਿਸਾਖੀ ਦਿਹਾੜਾ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਨਰਸਰੀ ਤੋਂ ਦੂਸਰੀ ਕਲਾਸ ਦੇ ਬੱਚਿਆਂ ਵੱਲੋਂ ਯੈਲੋ ਡੇ ਮਨਾਇਆ ਗਿਆ,ਜਿਸ ਦੌਰਾਨ ਬੱਚੇ ਪੀਲੇ ਰੰਗ ਦੀਆਂ ਪੁਸ਼ਾਕਾਂ ਵਿੱਚ ਬਹੁਤ ਸੋਹਣੇ ਲੱਗ ਰਹੇ ਸਨ। ਬੱਚਿਆਂ ਨੇ ਇਸ ਸਮੇਂ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਹੋਏ ਲੋਕ ਗੀਤ ਪੇਸ਼ ਕੀਤੇ। ਇਸ ਸਮੇਂ ਬੱਚਿਆਂ ਨੇ ਵਿਸਾਖੀ ਤੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਵਿਸਾਖੀ ਬਾਰੇ ਕਵਿਤਾਵਾਂ ਗਾ ਕੇ ਸੁਣਾਈਆਂ। ਸੰਗੀਤ ਡਿਪਾਰਟਮੈਂਟ ਦੇ ਇੰਚਾਰਜ ਮਿਸਟਰ ਸਤਨਾਮ ਸਿੰਘ ਦੀ ਅਗਵਾਈ ਵਿੱਚ ਬੱਚਿਆਂ ਨੇ ਖੂਬ ਰੰਗ ਬੰਨਿਆ। ਇਸ ਦੌਰਾਨ ਦਸਤਾਰਬੰਦੀ ਮੁਕਾਬਲੇ ਵੀ ਕਰਵਾਏ ਗਏ,ਜਿਸ ਵਿੱਚ ਜੱਜ ਦੀ ਭੂਮਿਕਾ ਮਿਸਟਰ ਗੁਰਪ੍ਰੀਤ ਸਿੰਘ ਅਤੇ ਮਿਸਟਰ ਭੁਪਿੰਦਰ ਸਿੰਘ ਨੇ ਨਿਭਾਈ। ਫਸਟ, ਸੈਕਿੰਡ,ਥਰਡ ਆਏ ਬੱਚਿਆਂ ਨੂੰ ਪ੍ਰਿੰਸੀਪਲ ਮੈਡਮ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਦੌਰਾਨ 'ਟੈਲੇਂਟ ਹੰਟ ਡਾਂਸ ਕੰਪੀਟੀਸ਼ਨ' ਵੀ ਕਰਵਾਏ ਗਏ ਜਿਸ ਵਿੱਚ ਬੱਚਿਆ ਨੇ ਵੱਖਰੇ-ਵੱਖਰੇ ਗੀਤਾਂ ਤੇ ਡਾਂਸ ਕਰਕੇ ਪ੍ਰੋਗਰਾਮ ਨੂੰ ਚਾਰ ਚੰਨ ਲਾ ਦਿੱਤੇ। ਸਕੂਲ ਦੇ ਚੇਅਰਮੈਨ ਅਮਰਜੀਤ ਸਿੰਘ ਚੀਮਾ ਨੇ ਵੀ ਬੱਚਿਆਂ ਨੂੰ ਵਿਸਾਖੀ ਦੇ ਦਿਹਾੜੇ ਬਾਰੇ ਅਤੇ ਖਾਲਸੇ ਦੇ ਸਾਜਨਾ ਦਿਵਸ ਬਾਰੇ ਦੱਸਿਆ ਕਿ ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅੱਜ ਦੇ ਦਿਨ ਖਾਲਸਾ ਪੰਥ ਦੀ ਸਥਾਪਨਾ ਕੀਤੀ ਅਤੇ ਹਰ ਸਿੱਖ ਦੇ ਨਾਂ ਨਾਲ ਸਿੰਘ ਸ਼ਬਦ ਲਾ ਕੇ ਸਿੰਘ ਬਣਾਇਆ ਤਾਂ ਹੀ ਅੱਜ ਦਾ ਦਿਨ ਖਾਲਸੇ ਦੇ ਸਾਜਨਾ ਦਿਵਸ ਦੇ ਨਾਂ ਨਾਲ ਜਾਣਿਆਂ ਜਾਂਦਾ ਹੈ। ਸਕੂਲ ਦੇ ਪ੍ਰਿੰਸੀਪਲ ਮੈਡਮ ਸਿਮਰਨ ਕੌਰ ਨੇ ਵੀ ਵਿਸਾਖੀ ਦੇ ਦਿਨ ਭਾਵ ਖਾਲਸੇ ਦੇ ਸਾਜਨਾ ਦਿਵਸ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ।ਇਸ ਸਮੇਂ ਸਕੂਲ ਦੇ ਮੈਨੇਜਰ ਸੁਖਦੀਪ ਸਿੰਘ ਚੀਮਾ ਵੀ ਹਾਜਰ ਰਹੇ।ਸਕੂਲ ਦੇ ਚੇਅਰਮੈਨ ਅਮਰਜੀਤ ਸਿੰਘ ਚੀਮਾ ਨੇ ਆਪਣੇ ਵੱਲੋਂ,ਪ੍ਰਿੰਸੀਪਲ ਮੈਡਮ,ਡਾਇਰੈਕਟਰ ਸਾਹਿਬ,ਬਾਕੀ ਸਟਾਫ ਤੇ ਬੱਚਿਆਂ ਨੂੰ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ। ਇਹ ਸਾਰਾ ਪ੍ਰੋਗਰਾਮ ਮਿਸਜ ਨਵਰੂਪ ਕੌਰ,ਮਿਸਟਰ ਸਤਨਾਮ ਸਿੰਘ ਦੀ ਅਗਵਾਈ ਹੇਠ ਆਯੋਜਤ ਕੀਤਾ ਗਿਆ। ਇਸ ਮੌਕੇ ਸਕੂਲ ਦਾ ਬਾਕੀ ਸਟਾਫ ਅਤੇ ਬੱਚੇ ਹਾਜ਼ਰ ਸਨ।

## ਬਾਲਾ ਜੀ ਦੇ ਸ਼ਰਧਾਲੂਆਂ ਦੇ ਸਹਿਯੋਗ ਨਾਲ ਬੱਸ ਬਰਨੇਵਾਲਾ ਮੰਦਰ ਧਨੌਲਾ ਵਿਖੇ ਲਿਜਾਈ ਗਈ

ਤਪਾ ਮੰਡੀ, 13 ਅਪ੍ਰੈਲ (ਭੂਸ਼ਨ ਘੜੈਲਾ):ਸਥਾਨਕ ਸ਼ਹਿਰ ਦੇ ਸਮਾਜ ਸੇਵੀ ਰਜਿੰਦਰ ਕੁਮਾਰ ਬਾਂਸਲ ਰਿੰਕੂ ਮੌੜ ਵੱਲੋਂ ਇਕ ਬੱਸ ਸ੍ਰੀ ਬਾਲਾ ਜੀ ਸਰਕਾਰ ਦੇ ਆਸ਼ੀਰਵਾਦ ਸਦਕਾ ਬਾਲਾ ਜੀ ਦੇ ਸ਼ਰਧਾਲੂਆਂ ਦੇ ਸਹਿਯੋਗ ਨਾਲ ਇੱਕ ਬੱਸ ਸ੍ਰੀ ਹਨੂੰਮਾਨ ਮੰਦਰ ਬਰਨੇ ਵਾਲਾ ਧਨੌਲਾ ਵਿਖੇ ਲਿਜਾਈ ਗਈ। ਜਿਸਨੂੰ ਝੰਡੀ ਦੇਣ ਦੀ ਰਸਮ ਮੱਖਣ ਲਾੜ ਮੌੜ,ਕੇਵਲ ਕ੍ਰਿਸ਼ਨ ਮਿੱਤਲ ਵੱਲੋਂ ਕੀਤੀ ਗਈ। ਇਸ ਬੱਸ ਵਿੱਚ ਰਿੰਕੂ ਮੌੜ, ਭੂਵੇਸ ਬਾਸਲ, ਸ਼ਿਵਮ ਮੌੜ, ਪ੍ਰਵੀਨ ਸ਼ਾਂਤ, ਸੁਨੀਲ ਤਾਜੋ, ਮਨੀਸ਼ ਬਾਂਸਲ, ਅਨਿਲ ਜੋਗੀ, ਅੰਕੁਸ਼ ਕੁਮਾਰ, ਦੀਪਕ ਗਰਗ ਦੀਪਾ, ਹਰਮੇਸ਼ ਗੱਟੂ, ਅਨਿਲ ਆਸ਼ੂ, ਅਮਰਜੀਤ ਕਾਂਸਲ, ਹਰੀਸ਼ ਗੋਪਾਲ, ਲੱਕੀ ਭੈਣੀ, ਅਕਸ਼ਤ ਭਾਟੀਆ, ਹਨੀ ਮਿੱਤਲ, ਬਲਰਾਮ, ਲਲਿਤ, ਗਾਗੜ ਮਿੱਤਲ, ਬਿੱਟੂ ਮੌੜ, ਧਰਮ ਪਾਲ, ਸ਼ਿਵ, ਰਾਜੂ, ਲੱਕੀ ਸਿੰਗਲਾ ਅਤੇ ਬਾਲਾ ਜੀ ਦੇ ਸ਼ਰਧਾਲੂ ਹਾਜ਼ਰ ਹਨ।

## ਆਕਸਫੋਰਡ ਸਕੂਲ ਦੇ ਵਿਹੜੇ ਮਨਾਇਆ ਵਿਸਾਖੀ ਤਿਉਹਾਰ



ਭਗਤਾ , 13 ਅਪ੍ਰੈਲ (ਸਵਰਨ ਸਿੰਘ ਭਗਤਾ)'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਕਾ ਇੱਕ ਅਜਿਹੀ ਵਿੱਦਿਅਕ ਸੰਸਥਾ ਹੈ, ਜਿਸ ਵਿੱਚ ਦੇਸ਼ ਦੇ ਹਰ ਪਵਿੱਤਰ ਦਿਹਾੜੇ,ਦਿਵਸ,ਤਿਉਹਾਰ ਨੂੰ ਬੜੀ ਸ਼ਰਧਾ ਪੂਰਵਕ, ਧੂਮਧਾਮ ਨਾਲ ਮਨਾਇਆ ਜਾਂਦਾ ਹੈ।ਇਸ ਸੰਸਥਾ ਵਿੱਚ ਖਾਲਸੇ ਦਾ ਜਨਮ ਦਿਹਾੜਾ ਭਾਵ"ਖ਼ਾਲਸਾ-ਸਿਰਜਨਾ ਦਿਵਸਅਤੇ ਵਿਸਾਖੀ ਦਾ ਤਿਉਹਾਰ ਬੜੀ ਹੀ ਸ਼ਰਧਾ ਅਤੇ ਚਾਅ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਦੌਰਾਨ ਸ਼ੁਰੂ ਹੋਏ ਰੰਗਾ-ਰੰਗ ਪੋਰਗਰਾਮ ਦਾ ਆਗਮਨ ਸ਼ਬਦ"ਦੇਹ ਸ਼ਿਵਾ ਵਰ ਮੋਹਿ ਇਹੈਨਾਲ ਹੋਇਆ। ਇਸ ਸਮੇਂ ਸਕੂਲ ਦੇ ਚਾਰ ਹਾਊਸਾਂ ਵੱਲੋਂ ਲੋਕ-ਗੀਤ, ਗਿੱਧਾ, ਭੰਗੜਾ ਪੇਸ਼ ਕੀਤੇ ਗਏ।ਗਿੱਧਾ-ਭੰਗੜਾ ਪੇਸ਼ ਕਰਦੇ ਵਿਦਿਆਰਥੀਆਂ ਨੇ ਤਾਂ ਸਾਰਾ ਪੰਡਾਲ ਹੀ ਝੂਮਣ ਲਾ ਦਿੱਤਾ।ਨਰਸਰੀ ਜਮਾਤ ਦੀਆਂ ਨੰਨ੍ਹੀਆਂ ਵਿਦਿਆਰਥਣਾਂ ਨੇ ਨੱਚ ਕੇ ਸਭ ਦਾ ਮਨ ਮੋਹ ਲਿਆ। ਇਸ ਸਮੇਂ ਖਾਲਸਾ ਪੰਥ ਨੂੰ ਸਮਰਪਿਤ ਇੱਕ ਸਮੂਹ ਗੀਤ ਵੀ ਪੇਸ਼ ਕੀਤਾ ਗਿਆ।ਪ੍ਰੋਗਰਾਮ ਉਦੋਂ ਸਿਖਰ ਤੇ ਪਹੁੰਚ ਗਿਆ ਜਦੋਂ ਨਿਹੰਗ-ਸਿੰਘਾਂ ਦੀ ਪੁਸ਼ਾਕ ਵਿੱਚ ਸਜੇ ਵਿਦਿਆਰਥੀਆਂ ਨੇ ਗਤਕੇ ਦੀ ਪੇਸ਼ਕਾਰੀ ਕੀਤੀ।ਗੁਰਸਿੱਖੀ ਬਾਣੇ ਵਿੱਚ ਸਜੇ ਵਿਦਿਆਰਥੀਆਂ ਨੇ ਗਤਕੇ ਵਿੱਚ ਅਨੇਕਾਂ ਹੀ ਜੌਹਰ ਵਿਖਾਏ। ਇਸ ਮੌਕੇ ਤੇ ਹਾਊਸ ਡਿਸਪਲੇਅ ਬੋਰਡ ਡੈਕੋਰੇਸ਼ਨ ਮੁਕਾਬਲੇ ਵੀ ਕਰਵਾਏ ਗਏ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਸੰਬੋਧਨ ਹੁੰਦੇ ਕਿਹਾ ਕਿ ਇਹ ਤਿਉਹਾਰ ਸਾਨੂੰ ਵਿਰਸੇ ਵਿੱਚ ਮਿਲੇ ਹਨ ਅਤੇ ਅਸੀਂ ਬਹੁਤ ਭਾਗਾਂ ਵਾਲੇ ਹਾਂ ਕਿ ਅਸੀਂ ਇੱਕ ਅਮੀਰ ਵਿਰਸੇ ਦੇ ਮਾਲਕ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਵਿਰਸੇ, ਸੱਭਿਆਚਾਰ ਨਾਲ ਜੁੜੇ ਰਹਿਣਾ ਚਾਹੀਦਾ ਹੈ।"ਖ਼ਾਲਸਾ ਸਾਜਨਾ ਦਿਵਸ ਤੇ ਚਾਨਣਾ ਪਾਉਂਦਿਆਂ ਸ੍ਰੀ ਬਾਂਸਲ ਨੇ ਕਿਹਾ ਕਿ ਇਹ ਦਿਵਸ ਸਾਨੂੰ ਜਾਤ-ਪਾਤ ਦਾ ਖੰਡਨ ਕਰਕੇ ਇੱਕ ਹੋਣ ਦਾ ਸੁਨੇਹਾ ਦਿੰਦਾ ਹੈ। ਇਸ ਲਈ ਸਾਨੂੰ "ਸਭੈ ਸਾਂਝੀਵਾਲ ਸਦਾਇਣ ਦੀ ਧਾਰਨਾ 'ਤੇ ਪਹਿਰਾ ਦੇਣਾ ਚਾਹੀਦਾ ਹੈ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ),ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੁੜਨ ਦਾ ਸੁਨੇਹਾ ਦਿੱਤਾ ਅਤੇ ਹਰ ਵਿਦਿਆਰਥੀ ਨੂੰ ਕਿਸੇ ਨਾ ਕਿਸੇ ਐਕਟੀਵਿਟੀ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।

## ਵਾਈ.ਐਸ. ਸਕੂਲ ਦੇ ਬੱਚਿਆਂ ਨੇ ਪੂਲ ਪਾਰਟੀ ਦੌਰਾਨ ਕੀਤੀ ਖੂਬ ਮਸਤੀ



ਬਰਨਾਲਾ, 13 ਅਪ੍ਰੈਲ (ਹਿਮਾਂਸ਼ੂ ਗਰਗ)-ਵਾਈ.ਐਸ.ਸਕੂਲ ਬਰਨਾਲਾ ਨੇ ਚੌਥੀ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਆਨੰਦਮਈ ਇੱਕ ਰੋਜ਼ਾ ਪੂਲ ਪਾਰਟੀ ਦਾ ਆਯੋਜਨ ਕੀਤਾ ਜੋ ਕਿ ਉਹਨਾਂ ਲਈ ਇੱਕ ਆਨੰਦਮਈ ਸਮਾਂ ਸੀ। ਇਸ ਸਮੇਂ ਵਿਦਿਆਰਥੀਆਂ ਦੀ ਆਪਸ ਵਿੱਚ ਅਤੇ ਅਧਿਆਪਕਾਂ ਨਾਲ ਦਿਲੀ ਸਾਂਝ ਹੋਰ ਡੂੰਘੀ ਹੋਈ ਅਤੇ ਉਨ੍ਹਾਂ ਵਿਚਲੇ ਸਬੰਧ ਹੋਰ ਸੁਖਾਵੇਂ ਹੋਏ। ਇਹ ਅਨੰਦਮਈ ਯਾਤਰਾ ਦੀਆਂ ਯਾਦਾਂ ਉਨ੍ਹਾਂ ਨੂੰ ਉਤਸ਼ਾਹਤ ਕਰਨ ਦਾ ਇਕ ਸ਼ਾਨਦਾਰ ਢੰਗ ਸੀ।ਇਸ ਪਾਰਟੀ ਲਈ ਸੁਰੱਖਿਆ ਦੇ ਨਾਲ ਬਾਕੀ ਸਭ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਗਿਆ ਸੀ।

## ਸਰਕਾਰੀ ਪ੍ਰਾਇਮਰੀ ਸਕੂਲ ਮਲੂਕਾ ਦੇ ਵਿਦਿਆਰਥੀ ਦੀ ਨਵੋਦਿਆ ਲਈ ਚੋਣ

ਭਗਤਾ ਭਾਈ ਕਾ, 13 ਅਪਰੈਲ (ਸਵਰਨ ਸਿੰਘ ਭਗਤਾ):ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਮਲੂਕਾ ਦੇ ਪੰਜਵੀਂ ਜਮਾਤ ਦੇ ਵਿਦਿਆਰਥੀ ਅਮਰ ਸਿੰਘ ਦੀ ਚੋਣ ਜਵਾਹਰ ਨਵੋਦਿਆ ਲਈ ਹੋਈ ਹੈ। ਇਸ ਚੋਣ ਤੇ ਸਮੁੱਚੇ ਸਕੂਲ ਸਟਾਫ਼, ਵਿਦਿਆਰਥੀਆਂ ਅਤੇ ਬੱਚੇ ਦੇ ਮਾਪਿਆਂ ਵਿੱਚ ਅਥਾਹ ਖੁਸ਼ੀ ਦਾ ਮਾਹੌਲ ਹੈ। ਸਕੂਲ ਦੇ ਮੁੱਖ ਅਧਿਆਪਕ ਬੇਅੰਤ ਸਿੰਘ ਮਲੂਕਾ (ਸਟੇਟ ਐਵਾਰਡੀ) ਨੇ ਦੱਸਿਆ ਹੈ ਕਿ ਇਸ ਦਾ ਸਾਰਾ ਸਿਹਰਾ ਜਮਾਤ ਇੰਚਾਰਜ ਹਰਜਿੰਦਰ ਸਿੰਘ ਬੁਰਜ ਥਰੋੜ (ਈਟੀਟੀ ਅਧਿਆਪਕ) ਜੀ ਨੂੰ ਜਾਂਦਾ ਹੈ। ਕਿ ਉਹਨਾਂ ਨੇ ਬੱਚਿਆਂ ਨੂੰ ਸਕੂਲ ਸਮੇਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਓਵਰ ਟਾਈਮ ਲਗਾਕੇ ਸਖ਼ਤ ਮਿਹਨਤ ਕਰਵਾਈ। ਇੱਥੇ ਇਹ ਵੀ ਵਰਣਨਯੋਗ ਹੈ ਕਿ ਬੱਚੇ ਅਧਿਆਪਕ ਦੇ ਸਹਿਯੋਗ ਨਾਲ ਨਵੋਦਿਆ ਦੀ ਤਿਆਰੀ ਲਈ ਬਣੇ ਹੋਏ ਵਟਸ ਐਪ ਗਰੁੱਪਾਂ ਨਾਲ ਵੀ ਜੁੜੇ ਰਹੇ। ਇਸ ਤੋਂ ਇਲਾਵਾ ਸਕੂਲ ਦੀ ਲਾਇਬਰੇਰੀ ਆਦਿ ਤੋਂ ਵੀ ਜਾਣਕਾਰੀ ਪ੍ਰਾਪਤ ਕਰਦੇ ਰਹਿੰਦੇ ਹਨ। ਇਸ ਮੌਕੇ ਬੱਚੇ ਦੇ ਮਾਤਾ-ਪਿਤਾ ਵੀ ਸਕੂਲ ਵਿਖੇ ਪਹੁੰਚੇ ਹੋਏ ਸਨ। ਬੱਚੇ ਦਾ ਹਾਰ ਪਾ ਕੇ ਮੂੰਹ ਮਿੱਠਾ ਕਰਵਾਇਆ ਗਿਆ। ਬੱਚੇ ਨੂੰ ਬਾਕੀ ਬੱਚਿਆਂ ਦੇ ਰੂ-ਬ-ਰੂ ਵੀ ਕਰਵਾਇਆ ਗਿਆ ਤਾਂ ਕਿ ਭਵਿੱਖ ਵਿੱਚ ਉਹ ਵੀ ਮੁਕਾਬਲੇ ਦੀ ਪ੍ਰੀਖਿਆਵਾਂ ਲਈ ਪ੍ਰੇਰਨਾ ਲੈ ਸਕਣ। ਇਸ ਸਮੇਂ ਸਮੁੱਚੇ ਸਕੂਲ ਸਟਾਫ ਵੱਲੋਂ ਬੱਚੇ ਅਤੇ ਉਸ ਦੇ ਮਾਪਿਆਂ ਨੂੰ ਚਾਹ ਪਾਰਟੀ ਦਿੱਤੀ ਗਈ ਅਤੇ ਯਾਦਗਾਰੀ ਮੋਮੈਂਟੋ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜਿੰਦਰ ਸਿੰਘ ਬੁਰਜ ਥਰੋੜ, ਕੁਲਦੀਪ ਸ਼ਰਮਾ ਭਗਤਾ, ਅਮਰੀਕ ਸਿੰਘ ਕਲਿਆਣ, ਸੁਖਜਿੰਦਰ ਸਿੰਘ ਘਣੀਆਂ, ਸੁਖਜੀਤ ਕੌਰ ਕਲਿਆਣ, ਰਾਜਵਿੰਦਰ ਕੌਰ, ਮਨਦੀਪ ਕੌਰ ਅਤੇ ਮਨਦੀਪ ਕੌਰ ਬੱਬੂ (ਸਾਰੇ ਅਧਿਆਪਕ), ਬੂਟਾ ਸਿੰਘ ਸੀ ਐਚ ਟੀ, ਹਰਪਾਲ ਸਿੰਘ (ਧਰਮੀ ਫੌਜੀ), ਮੈਡਮ ਕੁਮਾਰੀ ਪ੍ਰਵੀਨ (ਸਟੇਟ ਐਵਾਰਡੀ), ਸੁਖਦੀਪ ਕੌਰ ਚੇਅਰਪਰਸਨ ਐਸ ਐਮ ਸੀ ਅਤੇ ਪਿੰਡ ਦੇ ਪਤਵੰਤੇ ਮੌਜੂਦ ਸਨ।

## ਬੀਵੀਐਮ ਸਕੂਲ 'ਚ ਵਿਸਾਖੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



ਬਰਨਾਲਾ, 13 ਅਪ੍ਰੈਲ (ਅਮਨਦੀਪ ਸਿੰਘ):ਬੀਵੀਐਮ ਇੰਟਰਨੈਸ਼ਨਲ ਸਕੂਲ ਵਿਖੇ ਰਵਾਇਤੀ ਖ਼ੁਸ਼ੀ ਅਤੇ ਸੱਭਿਆਚਾਰਕ ਅਮੀਰੀ ਦਾ ਪ੍ਰਤੀਕ ਤਿਉਹਾਰ ਵਿਸਾਖੀ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਸਕੂਲ ਵਿੱਚ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ ਅਤੇ ਪਰੰਪਰਾਵਾਂ ਨਾਲ ਜੋੜਨ ਲਈ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ 'ਤੇ ਪਲੇਵੇਅ ਤੋਂ ਲੈ ਕੇ ਦੂਜੀ ਜਮਾਤ ਤੱਕ ਦੇ ਬੱਚੇ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਆਏ ਅਤੇ ਸਮਾਗਮ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ। ਰਵਾਇਤੀ ਪਹਿਰਾਵੇ ਵਿੱਚ ਸਜੇ ਛੋਟੇ ਬੱਚਿਆਂ ਅਤੇ ਉਨ੍ਹਾਂ ਦੇ ਹੱਸਮੁੱਖ ਵਿਵਹਾਰ ਨੇ ਸਾਰਿਆਂ ਦਾ ਦਿਲ ਜਿੱਤ ਲਿਆ। ਉਨ੍ਹਾਂ ਨੇ ਕਲਾਸਰੂਮ ਵਿੱਚ ਵਿਸਾਖੀ ਬਾਰੇ ਸਿੱਖਿਆ ਅਤੇ ਅਧਿਆਪਕਾਂ ਨਾਲ ਗੀਤਾਂ 'ਤੇ ਨੱਚ ਕੇ ਤਿਉਹਾਰ ਮਨਾਇਆ। ਤੀਜੀ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਸਭਾ ਵਿੱਚ, ਸਭ ਤੋਂ ਪਹਿਲਾਂ ਰੋਜ਼ਾਨਾ ਪ੍ਰਾਰਥਨਾਵਾਂ, ਸ਼ਲੋਕ, ਸ਼ਬਦ ਗਾਇਨ, ਖ਼ਬਰਾਂ ਅਤੇ ਵਿਚਾਰ ਪੇਸ਼ ਕੀਤੇ ਗਏ। ਇਸ ਤੋਂ ਬਾਅਦ, ਵਿਦਿਆਰਥੀਆਂ ਨੇ ਰੰਗਾਰੰਗ ਨਾਚ ਅਤੇ ਸੰਗੀਤ ਪੇਸ਼ਕਾਰੀਆਂ ਦੇ ਕੇ ਵਿਸਾਖੀ ਤਿਉਹਾਰ ਦੀ ਮਹੱਤਤਾ ਨੂੰ ਉਜਾਗਰ ਕੀਤਾ। ਲੋਕ ਧੁਨਾਂ 'ਤੇ ਭੰਗੜਾ ਅਤੇ ਗਿੱਧਾ ਪੇਸ਼ ਕੀਤਾ ਗਿਆ ਜਿਸ ਨੇ ਮਾਹੌਲ ਨੂੰ ਹੋਰ ਵੀ ਰੌਚਕ ਬਣਾ ਦਿੱਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਪ੍ਰਮੋਦ ਅਰੋੜਾ, ਡਾਇਰੈਕਟਰ ਸ੍ਰੀਮਤੀ ਗੀਤਾ ਅਰੋੜਾ, ਨਿਖਿਲ ਅਰੋੜਾ ਅਤੇ ਸ੍ਰੀਮਤੀ ਨੇਹੁਲ ਅਰੋੜਾ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਦਦਗਾਰ ਹੁੰਦੇ ਹਨ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਸਾਖੀ ਸਿਰਫ਼ ਇੱਕ ਤਿਉਹਾਰ ਨਹੀਂ ਹੈ ਸਗੋਂ ਸਾਡੀਆਂ ਸੱਭਿਆਚਾਰਕ ਕਦਰਾਂ-ਕੀਮਤਾਂ, ਪਰੰਪਰਾਵਾਂ ਅਤੇ ਸਖ਼ਤ ਮਿਹਨਤ ਦਾ ਪ੍ਰਤੀਕ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਆਪਣੀਆਂ ਪਰੰਪਰਾਵਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।ਬੀਵੀਐਮ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਸੱਭਿਆਚਾਰਕ ਜਾਗਰੂਕਤਾ ਨਾਲ ਜੋੜਨ ਲਈ ਹਮੇਸ਼ਾ ਅਜਿਹੇ ਸਮਾਗਮਾਂ ਨੂੰ ਤਰਜੀਹ ਦਿੰਦਾ ਹੈ।

## ਵਿਸਾਖੀ ਮੌਕੇ ਮਹਾਨ ਗੁਰਮਤਿ ਸਮਾਗਮ ਕਰਵਾਇਆ



ਬਰਨਾਲਾ, 13 ਅਪ੍ਰੈਲ (ਹਰਮਨ):ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ ਵਿਖੇ ਖਾਲਸਾ ਸਾਜਨਾ ਦਿਵਸ ਮੌਕੇ ਰੱਖੇ ਗਏ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ ਹੈ। ਇਸ ਦੀ ਜਾਣਕਾਰੀ ਦਿੰਦਿਆਂ ਜਥੇਦਾਰ ਪਰਮਜੀਤ ਸਿੰਘ ਖਾਲਸਾ ਅੰਤ੍ਰਿੰਗ ਕਮੇਟੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਨੇ ਦੱਸਿਆ ਕਿ ਇਸ ਮੌਕੇ ਭਾਈ ਜਸਕੀਰਤ ਸਿੰਘ ਹਜ਼ੂਰੀ ਰਾਗੀ ਜਥੇ ਨੇ ਕੀਰਤਨ ਕਰਕੇ ਅਤੇ ਭਾਈ ਰਾਜਵਿੰਦਰ ਸਿੰਘ ਮੱਲੀਆਂ ਕਵੀਸ਼ਰੀ ਜਥੇ ਅਤੇ ਤਖ਼ਤ ਸ਼੍ਰੀ ਦਮਦਮਾ ਸਾਹਿਬ ਤੋਂ ਆਏ ਢਾਡੀ ਜਥੇ ਨੇ ਕਥਾ ਵਿਚਾਰਾਂ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ 300 ਸਾਲ ਪੁਰਾਤਨ ਸਰੋਵਰ ਵਿੱਚ ਸੰਗਤਾਂ ਨੇ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਅਟੁੱਟ ਵਰਤਾਇਆ। ਇਸ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਇੰਸਪੈਕਟਰ ਗੁਰਮੀਤ ਸਿੰਘ, ਗੁਰਜੰਟ ਸਿੰਘ ਸੋਨਾ ਇੰਚਾਰਜ ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ, ਅਮਰਜੀਤ ਸਿੰਘ ਲੇਖਾਕਾਰ, ਸਰਬਜੀਤ ਸਿੰਘ ਖਜਾਨਚੀ, ਮਨਪ੍ਰੀਤ ਸਿੰਘ, ਕੁਲਦੀਪ ਸਿੰਘ ਆਰ ਕੇ, ਏਕਮ ਸਿੰਘ, ਦਰਸ਼ਨ ਸਿੰਘ ਕਾਨੂੰਗੋ, ਹਰਪ੍ਰੀਤ ਸਿੰਘ ਹੈਡ ਗ੍ਰੰਥੀ, ਪ੍ਰਗਟ ਸਿੰਘ ਕਥਾਵਾਚਕ ਆਦਿ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਮਗਨਰੇਗਾ ਅਧੀਨ ਵਿਕਾਸ ਕਾਰਜਾਂ ਦਾ ਜਾਇਜ਼ਾ



ਬਰਨਾਲਾ, 13 ਅਪ੍ਰੈਲ (ਬਘੇਲ ਸਿੰਘ ਧਾਲੀਵਾਲ):ਡੀਸੀ ਬਰਨਾਲਾ ਟੀ ਬੈਨਿਥ ਵੱਲੋਂ ਜ਼ਿਲ੍ਹਾ ਬਰਨਾਲਾ ਦੇ ਬਲਾਕ ਸ਼ਹਿਣਾ ਦੇ ਪਿੰਡਾਂ ਦਾ ਦੌਰਾ ਕਰਕੇ ਮਨਰੇਗਾ ਸਕੀਮ ਅਧੀਨ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਪਿੰਡ ਚੀਮਾ, ਜੋਧਪੁਰ, ਉੱਗੋਕੇ, ਢਿੱਲਵਾਂ ਦੱਖਣ ਦਾ ਦੌਰਾ ਕੀਤਾ। ਉਨ੍ਹਾਂ ਮਨਰੇਗਾ ਸਕੀਮ ਅਧੀਨ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਮਨਰੇਗਾ ਮਜ਼ਦੂਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਜਾਣੀਆਂ। ਡਿਪਟੀ ਕਮਿਸ਼ਨਰ ਵਲੋਂ ਮਨਰੇਗਾ ਮਜ਼ਦੂਰਾਂ ਦੀ ਹਾਜ਼ਰੀ ਚੈੱਕ ਕੀਤੀ ਗਈ। ਉਨ੍ਹਾਂ ਨੂੰ ਉਜਰਤ ਸਮੇਂ ਸਿਰ ਮਿਲਣ, ਕੰਮ ਦੇ ਦਿਨਾਂ, ਪੀਣ ਵਾਲੇ ਪਾਣੀ ਦੀ ਸਹੂਲਤ ਬਾਰੇ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਸਬੰਧਤ ਏਪੀਓਜ਼ ਨੂੰ ਹਦਾਇਤ ਕੀਤੀ ਕਿ ਮਨਰੇਗਾ ਅਧੀਨ ਮਜ਼ਦੂਰਾਂ ਨੂੰ ਵੱਧ ਤੋਂ ਵੱਧ ਕੰਮ ਦਿੱਤਾ ਜਾਵੇ। ਉਨ੍ਹਾਂ ਢਿੱਲਵਾਂ ਦੱਖਣ ਪਿੰਡ ਵਿੱਚ ਆਂਗਣਵਾੜੀ ਦੀ ਇਮਾਰਤ ਦਾ ਵੀ ਦੌਰਾ ਕੀਤਾ, ਜਿਸ ਦਾ ਕੰਮ ਆਖਰੀ ਪੜਾਅ 'ਤੇ ਹੈ। ਇਸ ਤੋਂ ਇਲਾਵਾ ਉਨ੍ਹਾਂ ਢਿੱਲਵਾਂ ਪਟਿਆਲਾ ਵਿੱਚ ਵੀ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਮਨਰੇਗਾ ਅਧੀਨ ਵਿਕਾਸ ਕਾਰਜ ਅਤੇ ਹੋਰ ਗ੍ਰਾਂਟਾਂ ਅਧੀਨ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੇਂ ਸਮੇਂ 'ਤੇ ਚੈਕਿੰਗ ਕੀਤੀ ਜਾਇਆ ਕਰੇਗੀ।

## ਬਲੱਡ ਡੋਨਰ ਸੋਸਾਇਟੀ ਭਦੌੜ ਵੱਲੋਂ ਖ਼ੂਨਦਾਨ ਕੈਂਪ ਲਗਾਇਆ



ਭਦੌੜ, 13 ਅਪ੍ਰੈਲ (ਸੁਖਵਿੰਦਰ ਪਲਾਹਾ)-ਬਲੱਡ ਡੋਨਰ ਸੋਸਾਇਟੀ ਭਦੌੜ ਵੱਲੋਂ ਹਰ ਸਾਲ ਦੀ ਤਰਾਂ ਇਸ ਵਾਰ ਵੀ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਵਿਸਾਖੀ ਵਾਲਾ ਗੁਰਦੁਆਰਾ ਸਾਹਿਬ ਵਿਖੇ ਲਗਾਇਆ ਗਿਆ। ਜਿਸਦਾ ਉਦਘਾਟਨ ਡਾ. ਸਤਵਿੰਦਰਪਾਲ ਸਿੰਘ ਬੁੱਟਰ ਨੇ ਰੀਬਨ ਕੱਟ ਕੇ ਕੀਤਾ, ਖ਼ੂਨਦਾਨ ਕੈਂਪ ਵਿੱਚ ਲਾਭ ਸਿੰਘ ਉੱਗੋਕੇ ਹਲਕਾ ਵਿਧਾਇਕ ਤੇ ਮੁਨੀਸ਼ ਕੁਮਾਰ ਗਰਗ ਪ੍ਰਧਾਨ ਨਗਰ ਕੌਂਸਲ ਭਦੌੜ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ, ਆਈਆਂ ਸ਼ਖ਼ਸੀਅਤਾਂ ਦਾ ਪ੍ਰਧਾਨ ਇਕਬਾਲ ਸਿੰਘ ਦੀ ਅਗਵਾਈ ਵਿੱਚ ਸਮੁੱਚੀ ਟੀਮ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਪ੍ਰਧਾਨ ਇਕਬਾਲ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਦੋ ਸੌ ਦੇ ਲਗਭਗ ਬਲੱਡ ਡੋਨਰਾਂ ਵੱਲੋਂ ਖ਼ੂਨਦਾਨ ਦਾਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬਲੱਡ ਦਾਨ ਕਰਨ ਵਾਲੇ ਸਾਰੇ ਹੀ ਡੋਨਰਾ ਨੂੰ ਸਰਟੀਫਿਕੇਟ ਅਤੇ ਮੈਡਲ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਉਂਕਾਰ ਸਿੰਘ ਬਰਾੜ ਕੌਮੀ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਾਹਿਬ ਸਿੰਘ ਗਿੱਲ ਪ੍ਰਧਾਨ ਰਾਮਗੜ੍ਹੀਆ ਪ੍ਰਬੰਧਕ ਕਮੇਟੀ ਭਦੌੜ,ਪੂਰਨ ਸਿੰਘ, ਬਿੰਦਰ ਸਿੰਘ ਲਧਰੋਈਆ ਪ੍ਰਧਾਨ ਬੀ ਸੀ ਵਿੰਗ, ਸੁਖਵਿੰਦਰ ਸਿੰਘ ਧਾਲੀਵਾਲ ਜ਼ਿਲ੍ਹਾ ਪ੍ਰਧਾਨ ਰੰਘਰੇਟਾ ਦਲ ਯੂਨਾਈਡ ਹਲਕਾ ਭਦੌੜ,ਰਾਜਵੀਰ ਸਿੰਗਲਾ ਸਾਬਕਾ ਬਲਾਕ ਪ੍ਰਧਾਨ, ਨਾਹਰ ਸਿੰਘ ਔਲਖ ਸਾਬਕਾ ਪ੍ਰਧਾਨ, ਵਕੀਲ ਸਿੰਘ, ਗੁਰਦੀਪ ਕੁਮਾਰ ਦੀਪਾ ਪ੍ਰਧਾਨ ਵਪਾਰ ਮੰਡਲ ਭਦੌੜ, ਬਲਵਿੰਦਰ ਸਿੰਘ, ਰਾਜਿੰਦਰ ਗਰਗ, ਸੰਦੀਪ ਸਿੰਘ, ਸੁਰਖ਼ਾਬ ਸਿੰਘ, ਕੁਲਦੀਪ ਸਿੰਘ, ਚਮਕੌਰ ਸਿੰਘ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

## ਪਾਵਰਕਾਮ ਦੇ ਡਾਇਰੈਕਟਰ ਨਿਯੁਕਤ ਕੀਤੇ ਗੋਇਲ ਦਾ ਸਮਾਜ ਸੇਵੀ ਸੰਸਥਾਵਾਂ ਅਤੇ ਐਮ. ਡੀ.ਬੀ. ਪੰਕਜ ਬਾਂਸਲ ਵੱਲੋਂ ਸਨਮਾਨ



f ਦੜ੍ਹਬਾ ਮੰਡੀ, 13 ਅਪ੍ਰੈਲ (ਸੁਖਵਿੰਦਰ ਸਿੰਘ ਵਿਰਕ):ਦਿੜ੍ਹਬਾ ਦੇ ਜੰਮਪਲ ਹੀਰਾ ਲਾਲ ਗੋਇਲ ਨੂੰ ਪੰਜਾਬ ਸਰਕਾਰ ਵੱਲੋਂ ਪਾਵਰ ਕਾਮ ਦੇ ਡਾਇਰੈਕਟਰ ਕਮਰਸ਼ੀਅਲ ਨਿਯੁਕਤ ਕੀਤੇ ਜਾਣ ਉੱਤੇ ਦਿੜ੍ਹਬੇ ਦੀਆਂ ਸਮਾਜ ਸੇਵੀ ਸੰਸਥਾਵਾਂ ਅਤੇ ਐਮ ਡੀ ਬੀ ਦੇ ਮਾਲਕ ਪੰਕਜ ਬਾਂਸਲ ਵੱਲੋਂ ਇੱਕ ਸਮਾਗਮ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਨ ਉਨਾਂ ਵੱਲੋਂ ਅਤੇ ਦਿੜ੍ਹਬਾ ਦੀਆਂ ਕਈ ਸਮਾਜ ਸੇਵੀ ਸੰਸਥਾਵਾਂ ਵੱਲੋਂ ਹੀਰਾ ਲਾਲ ਨੂੰ ਸਨਮਾਨ ਕੀਤਾ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਉਹਨਾਂ ਨੂੰ ਮਾਣ ਵਾਲੀ ਗੱਲ ਹੈ ਕਿ ਇੱਕ ਪਾਵਰ ਕਾਮ ਦੇ ਅੰਦਰ ਇਹ ਇਮਾਨਦਾਰ ਆਫਿਸਰ ਜੋ ਕਿ ਬਹੁਤ ਵੱਡੇ ਅਹੁਦੇ ਤੋਂ ਰਿਟਾਇਰ ਹੋਇਆ ਹੈ ਉਹ ਦਿੜ੍ਹਬਾ ਦਾ ਜੰਮਪਲ ਹੈ। ਉਸ ਦੀ ਇਮਾਨਦਾਰੀ ਅਤੇ ਨੌਕਰੀ ਦੌਰਾਨ ਕੀਤੇ ਗਏ ਕੰਮਾਂ ਨੂੰ ਵੇਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਹੁਤ ਸੋਚ ਵਿਚਾਰ ਤੋਂ ਬਾਅਦ ਪਾਵਰਕਾਮ ਦੇ ਡਾਇਰੈਕਟਰ ਕਮਰਸ਼ੀਅਲ ਨਿਯੁਕਤ ਕੀਤਾ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਟੀਚਾ ਹੈ ਕਿ ਹਰ ਵਿਭਾਗ ਦੇ ਅੰਦਰ ਭਰਿਸ਼ਟਾਚਾਰ ਮੁਕਤ ਸਟਾਫ ਹੋਵੇ ਜਿਸ ਨਾਲ ਆਮ ਜਨਤਾ ਨੂੰ ਵੀ ਫਾਇਦਾ ਹੋਵੇਗਾ ਅਤੇ ਪੰਜਾਬ ਸਰਕਾਰ ਨੂੰ ਵੀ ਕਮਰਸ਼ੀਅਲ ਤੌਰ 'ਤੇ ਫਾਇਦਾ ਪਹੁੰਚੇਗਾ। ਉਹਨਾਂ ਹੀਰਾ ਲਾਲ ਗੋਇਲ ਦੇ ਨਾਲ ਇੱਕ ਇਹ ਵੀ ਜ਼ਿਕਰ ਕੀਤਾ ਕਿ ਦਿੜ੍ਹਬਾ ਦੇ ਹੀ ਜੰਮਪਲ ਸੁਖਵੰਤ ਸਿੰਘ ਧੀਮਾਨ ,ਜੋ ਇਸ ਸਮੇਂ ਐਡੀਸ਼ਨਲ ਐਸਸੀ ਸੰਗਰੂਰ ਨਿਯੁਕਤ ਕੀਤੇ ਗਏ ਹਨ ਉਹ ਵੀ ਇੱਕ ਇਮਾਨਦਾਰੀ ਦਾ ਸਬੂਤ ਹਨ, ਸੋ ਇਹਨਾਂ ਅਫਸਰਾਂ ਦੀ ਰਹਿਨੁਮਾਈ ਹੇਠ ਉਹਨਾਂ ਨੂੰ ਉਮੀਦ ਹੈ ਕਿ ਜਿੱਥੇ ਪਾਵਰ ਕਾਮ ਹੋਰ ਵੀ ਵੱਧ ਖੁੱਲ ਕੇ ਅੱਗੇ ਆਵੇਗਾ ਅਤੇ ਲੋਕਾਂ ਦੇ ਕੰਮ ਵੀ ਬਿਨਾਂ ਦੇਰੀ ਤੋਂ ਹੁੰਦੇ ਰਹਿਣਗੇ ਅਤੇ ਲੋਕਾਂ ਦੇ ਅੰਦਰ ਜੋ ਇਮਾਨਦਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਹੈ ਉਸ ਨੂੰ ਪੂਰੇ ਤੌਰ ਤੇ ਲਾਗੂ ਕਰਨਗੇ। ਉਹਨਾਂ ਨੇ ਵਿਸ਼ੇਸ਼ ਤੌਰ ਤੇ ਐਮ ਡੀ ਬੀ ਗਰੁੱਪ ਦੇ ਐਮ ਡੀ ਪੰਕਜ ਬਾਂਸਲ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਸਮਾਗਮ ਕਰਕੇ ਹੀਰਾ ਲਾਲ ਗੋਇਲ ਵਰਗੇ ਵਿਅਕਤੀਆਂ ਨੂੰ ਸਨਮਾਨ ਕਰਨ ਦਾ ਮੌਕਾ ਦਿੱਤਾ ਹੈ ਅਤੇ ਉਹਨਾਂ ਨੇ ਬਾਕੀ ਸਾਰੀਆਂ ਸੰਸਥਾਵਾਂ ਦਾ ਵੀ ਧੰਨਵਾਦ ਕੀਤਾ ਕਿ ਇਮਾਨਦਾਰ ਵਿਅਕਤੀ ਦਾ ਸਨਮਾਨ ਕਰਕੇ ਸਮਾਜ ਅੰਦਰ ਹੋਰ ਵੀ ਇੱਜਤ ਵਧਦੀ ਹੈ ਅਤੇ ਇਸ ਨਾਲ ਹੋਰ ਵੀ ਲੋਕਾਂ ਨੂੰ ਸੇਧ ਮਿਲਦੀ ਹੈ ਕਿ ਇਮਾਨਦਾਰੀ ਨਾਲ ਕੰਮ ਕਰਨ ਵਾਲਿਆਂ ਦੀ ਹਮੇਸ਼ਾ ਹੀ ਹਰ ਵਰਗ ਦੇ ਵਿੱਚ ਇੱਜਤ ਹੁੰਦੀ ਹੈ ਤੇ ਸਨਮਾਨ ਹੁੰਦਾ ਹੈ। ਇਸ ਮੌਕੇ ਸੋਸ਼ਲ ਯੂਥ ਸਪੋਰਟਸ ਕਲੱਬ ਦੇ ਕਸ਼ਮੀਰ ਸਿੰਘ ਰੋੜੇਵਾਲ ਸਾਹਿਬ ਤੇ ਸੱਭਿਆਚਾਰ ਮੰਚ ਦੇ ਹਰਮੇਸ਼ ਸਿੰਘ ਮੇਸ਼ੀ, ਕੁਲਭੂਸ਼ਣ ਗੋਇਲ, ਪਰਮਿੰਦਰ ਸੋਨੂੰ,ਰਾਜ ਕੁਮਾਰ ਰਾਮਾ, ਪਿਰਥੀ ਚੰਦ ਅਤੇ ਹੋਰ ਕਈ

# ਸੁਖਬੀਰ ਸਿੰਘ ਬਾਦਲ ਦੇ ਮੁੜ ਪ੍ਰਧਾਨ ਬਣਨ 'ਤੇ ਵਰਕਰਾਂ 'ਚ ਉਤਸ਼ਾਹ



ਤਪਾ ਮੰਡੀ, 13 ਅਪ੍ਰੈਲ (ਭੂਸ਼ਨ ਘੜੈਲਾ):ਸੁਖਬੀਰ ਸਿੰਘ ਬਾਦਲ ਦੇ ਸ਼੍ਰੋਮਣੀ ਅਕਾਲੀ ਦਲ ਦਾ ਇੱਕ ਵਾਰ ਫਿਰ ਤੋਂ ਪ੍ਰਧਾਨ ਬਣਨ 'ਤੇ ਅਕਾਲੀ ਆਗੂ ਤਰਲੋਚਨ ਬਾਂਸਲ ਦੀ ਅਗਵਾਈ ਵਿੱਚ ਵਰਕਰਾਂ ਨੇ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਅਕਾਲੀ ਆਗੂ ਤਰਲੋਚਨ ਬਾਂਸਲ ਨੇ ਕਿਹਾ ਕਿ ਕੁਝ ਮੌਕਾਪ੍ਰਸਤ ਲੋਕ ਜਿਨ੍ਹਾਂ ਨੇ ਅਕਾਲੀ ਦਲ ਦੀ ਪਿੱਠ ਵਿਚ ਛੁਰਾ ਮਾਰਿਆ ਅਤੇ ਸੁਖਬੀਰ ਸਿੰਘ ਬਾਦਲ ਨੂੰ ਦਿਨ ਰਾਤ ਕੋਸਦੇ ਸਨ ਉਹ ਹੁਣ ਹੱਥ ਮਲਦੇ ਰਹਿ ਗਏ ਹਨ ਤੇ ਨੀਂਦ ਆਉਣੀ ਹਟ ਜਾਵੇਗੀ ਕਿਉਂਕਿ ਸੁਖਬੀਰ ਸਿੰਘ ਬਾਦਲ ਨੂੰ ਇੱਕ ਵਾਰ ਫਿਰ ਤੋਂ ਪਾਰਟੀ ਦਾ ਪ੍ਰਧਾਨ ਚੁਣ ਲਿਆ ਗਿਆ ਹੈ। ਉਹਨਾਂ ਆਖਿਆ ਕਿ ਜਦੋਂ ਸੁਖਬੀਰ ਸਿੰਘ ਬਾਦਲ ਨੇ ਆਪਣੇ ਅਹੁਦੇ ਤੋਂ ਅਸਤੀਫਾ ਦਿੱਤਾ ਸੀ ਤਾਂ ਲੋਕਾਂ ਨੇ ਸੋਚਿਆ ਸੀ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਸੁਖਬੀਰ ਬਾਦਲ ਵਿਰੁੱਧ ਸਾਜਿਸ਼ ਰਚੀ ਜਾ ਰਹੀ ਹੈ ਤੇ ਹੁਣ ਉਹ ਮੁੜ ਪੂਰੇ ਜੋਸ਼ ਨਾਲ ਭਰ ਗਏ ਹਨ। ਸੁਖਬੀਰ ਸਿੰਘ ਬਾਦਲ ਅਜਿਹੇ ਇਨਸਾਨ ਹਨ ਜੋ ਵਰਕਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਦੇ ਹਨ। ਉਹਨਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਇੱਕ ਵਾਰ ਫਿਰ ਅਕਾਲੀ ਦਲ ਸੱਤਾ ਵਿਚ ਆਵੇਗਾ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਮੁੱਖ ਮੰਤਰੀ ਪੰਜਾਬ ਬਣਨਗੇ।ਇਸ ਮੌਕੇ ਪਾਰਟੀ ਦੇ ਨੌਜਵਾਨ ਆਗੂ ਗੁਰਮੀਤ ਸਿੰਘ ਰੋਡ, ਵਿੱਕੀ ਬੂਟਾ ਵਾਲਾ ਚੇਅਰਮੈਨ ਵਪਾਰ ਮੰਡਲ ਤਪਾ, ਮਨਮੋਹਨ ਸਿੰਘ ਚੱਠਾ ਆਸਟ੍ਰੇਲੀਆ,ਭਗਵੰਤ ਸਿੰਘ ਚੱਠਾ, ਮਿ: ਬਲਵਿੰਦਰ ਸਿੰਘ, ਡਾਕਟਰ ਸੰਦੀਪ ਵਿੱਕੀ,ਮੁਨੀਸ਼ ਬਹਾਵਲਪੁਰੀਆ,ਹਰਜਿੰਦਰ ਸਿੰਘ ਪਾਲੀ, ਪ੍ਰੀਤਮ ਸਿੰਘ, ਰਾਹੁਲ ਭਾਗਾ ਵਾਲਾ, ਗੁਲਾਬ ਕਾਲਾ, ਕਾਲਾ ਰਮਾਣਾ, ਬੀਰਬਲ ਦਾਸ, ਗੁਰਦੀਪ ਸਿੰਘ ਚੱਠਾ,ਬੇਅੰਤ ਸਿੰਘ ਮਾਂਗਟ, ਜੋਨੀ ਕੁਮਾਰ, ਬਲਦੀਪ ਜੈਲਦਾਰ, ਵਰਿੰਦਰ ਮਾਲੀ, ਜੱਗੀ ਸਿੰਘ, ਗੋਗੀ ਮਹੰਤ, ਸੁਰਿੰਦਰ ਖੱਟਰ, ਹਰਪ੍ਰੀਤ ਸਿੰਘ ਅਰਵਿੰਦ ਸਿੰਘ ਆਦਿ ਵੱਡੀ ਗਿਣਤੀ 'ਚ ਪਾਰਟੀ ਵਰਕਰ ਮੌਜੂਦ ਸਨ।

## 4 ਸਾਲਾਂ ਬਾਅਦ ਪੰਜਾਬੀ ਯੂਨੀਵਰਸਿਟੀ ਦੇ ਜਮਾਤੀਆਂ ਦਾ ਹੋਇਆ ਮਿਲਣ ਸਮਾਰੋਹ



ਬਰਨਾਲਾ, 13 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ):ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਦੇ 1989-91 ਬੈਚ ਦੇ ਜਮਾਤੀ ਅੱਜ 34 ਸਾਲਾਂ ਬਾਅਦ ਬਰਨਾਲਾ ਕਲੱਬ ਵਿਖੇ ਇਕੱਠੇ ਹੋਏ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਹੋਏ ਪ੍ਰਿੰਸੀਪਲ ਰਾਜਮਹਿੰਦਰ ਨੇ ਦੱਸਿਆ ਕਿ 34 ਸਾਲਾਂ ਬਾਅਦ ਜਮਾਤੀਆਂ ਦੇ ਮਿਲਣ ਦੀ ਇੱਛਾ ਆਸਟ੍ਰੇਲੀਆ ਸੈਟਲ ਹੋ ਚੁੱਕੇ ਮਨਿੰਦਰ ਸਿੰਘ ਦੇ ਮਨ ਵਿੱਚ ਆਈ। ਮਨਿੰਦਰ ਸਿੰਘ ਨੇ ਆਪਣੇ ਜਮਾਤੀ ਸੁਰੇਸ਼ ਜੈਨ ਨਾਲ ਆਪਣੀਆਂ ਭਾਵਨਾਵਾਂ ਸਾਂਝੀਆਂ ਕੀਤੀਆਂ। ਦੋਹਾਂ ਨੇ ਵਟਸਐਪ ਗਰੁੱਪ ਵਿੱਚ ਬਾਕੀ ਸਾਰਿਆਂ ਨਾਲ ਗੱਲ ਸਾਂਝੀ ਕੀਤੀ।ਅਖੀਰ ਬਰਨਾਲਾ ਵਿਖੇ ਮਿਲਣ ਦਾ ਪ੍ਰੋਗਰਾਮ ਬਣਾਇਆ ਗਿਆ। ਅੱਜ ਬਰਨਾਲਾ ਕਲੱਬ ਵਿਖੇ ਇਹ ਮਿਲਣੀ ਸੰਭਵ ਹੋ ਸਕੀ । ਇਸ ਮੌਕੇ ਗੁਰਦਾਸਪੁਰ ਤੋਂ ਸੇਵਾਮੁਕਤ ਪ੍ਰੋਫੈਸਰ ਬਲਜੀਤ ਸਿੰਘ, ਮਹਾਂਵੀਰ ਸਿੰਘ, ਮੋਗਾ ਤੋਂ ਨਾਇਬ ਸਿੰਘ, ਪਰਮਪ੍ਰੀਤ ਸਿੰਘ,ਪਰਮਜੀਤ ਕੌਰ ਤੇ ਸੇਵਾਮੁਕਤ ਐਸ.ਪੀ.ਸਤਨਾਮ ਸਿੰਘ, ਨਾਭੇ ਤੋਂ ਦਰਸ਼ਨ ਸਿੰਘ ਤੇ ਨਵਦੀਪ ਕੌਰ, ਲੁਧਿਆਣਾ ਤੋਂ ਈਸ਼ਵਰ ਸਿੰਘ ਤੇ ਰਮਨਦੀਪ ਕੌਰ,ਮੰਡੀ ਅਹਿਮਦਗੜ੍ਹ ਤੋਂ ਸੁਰੇਸ਼ ਜੈਨ ਤੇ ਸਪਨਾ ਜੈਨ,ਪਟਿਆਲਾ ਤੋਂ ਮਨਿੰਦਰ ਸਿੰਘ ਤੇ ਕਿਰਨਜੋਤ ਕੌਰ, ਸੰਗਰੂਰ ਤੋਂ ਪਰਮਿੰਦਰ ਕੌਰ,ਬਰਨਾਲਾ ਤੋਂ ਰਾਜਮਹਿੰਦਰ ਤੇ ਗੀਤਾ ਸ਼ਰਮਾ ਅਤੇ ਐਨ ਆਰ ਆਈ ਨਿਰਭੈ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਸਾਰੇ ਜਮਾਤੀਆਂ ਨੇ ਪੜ੍ਹਾਈ ਸਮੇਂ ਦੀਆਂ ਨਿੱਘੀਆਂ ਅਤੇ ਮਿੱਠੀਆਂ ਯਾਦਾਂ ਤਾਜ਼ੀਆਂ ਕੀਤੀਆਂ। ਸਭਨਾਂ ਨੂੰ ਇੱਕ ਦੂਜੇ ਦੇ ਪ੍ਰੀਵਾਰਾਂ ਦਾ ਹਾਲ ਚਾਲ ਪੁੱਛ ਕੇ ਸਕੂਨ ਮਿਲਿਆ। ਉਨ੍ਹਾਂ ਭਵਿੱਖ 'ਚ ਵੀ ਅਜਿਹੀਆਂ ਯਾਦਗਾਰੀ ਮਿਲਣੀਆਂ ਕਰਨ ਦਾ ਫ਼ੈਸਲਾ ਕੀਤਾ। ਅੰਤ 'ਚ ਸਾਰਿਆਂ ਨੇ ਮਿਲ ਕੇ ਪ੍ਰੀਤੀ ਭੋਜ ਕੀਤਾ। ਸਾਰੇ ਮੈਂਬਰਾਂ ਨੇ ਪਰਮਾਤਮਾ ਅੱਗੇ ਇੱਕ ਦੂਜੇ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ। ਸਮੂਹ ਮੈਂਬਰ ਆਪਣੇ ਮਨਾਂ 'ਚ ਨਵੀਆਂ ਖ਼ੁਸ਼ੀਆਂ ਅਤੇ ਯਾਦਾਂ ਲੈ ਕੇ ਇੱਕ ਦੂਜੇ ਤੋਂ ਪਿਆਰ ਅਤੇ ਸਤਿਕਾਰ ਨਾਲ ਵਿਦਾ ਹੋਏ।

# 2027 ਵਿਚ ਅਕਾਲੀ ਦਲ ਦੇ ਸੱਤਾ ਵਿਚ ਆਉਣ ਮਗਰੋਂ ਪੰਜਾਬ 'ਚ ਕੋਈ ਗੈਂਗਸਟਰ ਜਾਂ ਨਸ਼ਾ ਤਸਕਰ ਨਹੀਂ ਰਹੇਗਾ: ਸੁਖਬੀਰ ਸਿੰਘ ਬਾਦਲ

## ਤਲਵੰਡੀ ਸਾਬੋ ਵਿਖੇ ਇਤਿਹਾਸਕ ਰੈਲੀ ਨੂੰ ਕੀਤਾ ਸੰਬੋਧਨ



ਬਠਿੰਡਾ/ਤਲਵੰਡੀ ਸਾਬੋ, 13 ਅਪ੍ਰੈਲ (ਜਗਸੀਰ ਭੁੱਲਰ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਕਿਹਾ ਕਿ ਪਾਰਟੀ ਵਰਕਰਾਂ ਨੇ ਫੈਸਲਾ ਕੀਤਾ ਹੈ ਕਿ ਉਹ 2027 ਵਿਚ ਅਕਾਲੀ ਦਲ ਨੂੰ ਮੁੜ ਸੱਤਾ ਵਿਚ ਲਿਆਂਦਾ ਜਾਵੇਗਾ ਅਤੇ ਸਪਸ਼ਟ ਕੀਤਾ ਕਿ ਇਕ ਵਾਰ ਅਜਿਹਾ ਹੋ ਗਿਆ ਤਾਂ ਪੰਜਾਬ ਵਿਚ ਕੋਈ ਗੈਂਗਸਟਰ ਜਾਂ ਨਸ਼ਾ ਤਸਕਰ ਨਹੀਂ ਰਹੇਗਾ ਤੇ ਸਰਕਾਰੀ ਨੌਕਰੀਆਂ ਸਿਰਫ ਪੰਜਾਬੀਆਂ ਨੂੰ ਹੀ ਦਿੱਤੀਆਂ ਜਾਣਗੀਆਂ। ਅੱਜ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੇ ਮੌਕੇ 'ਤੇ ਇੱਥੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਮੈਂ ਪੰਜਾਬ ਨੂੰ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣ ਲਈ ਦ੍ਰਿੜ੍ਹ ਸੰਕਲਪ ਹਾਂ। ਉਹਨਾਂ ਕਿਹਾ ਕਿ ਮੈਂ ਸਮਾਜ ਭਲਾਈ ਸਕੀਮਾਂ ਸ਼ੁਰੂ ਕਰਾਂਗਾ ਅਤੇ ਕਮਜ਼ੋਰ ਵਰਗਾਂ ਨੂੰ ਰਾਹਤ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਮੈਂ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਵਾਸਤੇ ਵਚਨਬੱਧ ਹਾਂ। ਉਹਨਾਂ ਕਿਹਾ ਕਿ ਇਸੇ ਵਾਸਤੇ ਅਕਾਲੀ ਦਲ 'ਆਟਾ ਦਾਲ' ਸਕੀਮ ਮੁੜ ਸ਼ੁਰੂ ਕਰੇਗਾ ਅਤੇ ਬੁਢਾਪਾ ਪੈਨਸ਼ਨ ਤੇ ਸ਼ਗਨ ਸਕੀਮ ਦੁੱਗਣੀ ਕੀਤੀ ਜਾਵੇਗੀ ਅਤੇ ਕਾਨੂੰਨ ਪਾਸ ਕਰ ਕੇ ਬਾਹਰਲਿਆਂ ਦੇ ਪੰਜਾਬ ਵਿਚ ਖੇਤੀਬਾੜੀ ਜ਼ਮੀਨ ਖਰੀਦਣ 'ਤੇ ਪਾਬੰਦੀ ਲਗਾਈ ਜਾਵੇਗੀ। ਹਜ਼ਾਰਾਂ ਪਾਰਟੀ ਵਰਕਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ ਸਰਦਾਰ ਬਾਦਲ ਨੇ ਦਮਦਾਰ ਭਾਸ਼ਣ ਦਿੱਤਾ ਅਤੇ ਪੰਥ ਨੂੰ ਏਕੇ ਲਈ ਜੋਸ਼ੀਲੀ ਅਪੀਲ ਵੀ ਕੀਤੀ। ਉਹਨਾਂ ਕਿਹਾ ਕਿ ਪੰਜਾਬ, ਪੰਜਾਬੀਅਤ ਅਤੇ ਖਾਲਸਾ ਪੰਥ ਦੇ ਹਿੱਤਾਂ ਵਾਸਤੇ ਸਾਰੇ ਅਕਾਲੀਆਂ ਨੂੰ ਪਾਰਟੀ ਵਿਚ ਵਾਪਸ ਆ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸਮਾਂ ਆ ਗਿਆ ਹੈ ਕਿ ਪੰਜਾਬ ਨੂੰ ਕਾਂਗਰਸ ਤੇ ਆਮ ਆਦਮੀ ਪਾਰਟੀ (ਆਪ) ਦੀ ਲੁੱਟ ਤੋਂ ਬਚਾਇਆ ਜਾਵੇ ਅਤੇ ਅਕਾਲੀ ਦਲ ਵਿਚ ਵਿਸ਼ਵਾਸ ਪ੍ਰਗਟ ਕੀਤਾ ਜਾਵੇ ਜਿਸਨੇ ਹਮੇਸ਼ਾ ਆਪਣੇ ਵਾਅਦੇ ਪੂਰੇ ਕੀਤੇ। ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਪਾਰਟੀ ਦਾ ਨੁਕਸਾਨ ਕਰਨ ਵਾਸਤੇ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ ਅਤੇ ਸਿੱਖ ਸੰਸਥਾਵਾਂ ਦੀ ਸ਼ਾਖ਼ ਨੂੰ ਖੋਰਾ ਲਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸ੍ਰੀ ਹਜ਼ੂਰ ਸਾਹਿਬ ਅਤੇ ਪਟਨਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਦਾ ਵਿਸਥਾਰ ਕਰ ਕੇ ਉਹਨਾਂ ਨੂੰ ਸਰਕਾਰੀ ਕੰਟਰੋਲ ਅਧੀਨ ਕਰ ਦਿੱਤਾ ਗਿਆ ਹੈ ਉਹਨਾਂ ਜ਼ੋਰ ਦੇ ਕੇ ਦੱਸਿਆ ਕਿ ਜਦੋਂ ਅਕਾਲੀ ਦਲ ਨੇ ਐਨ ਡੀ ਏ ਛੱਡਿਆ ਤਾਂ ਇਹ ਸਭ ਕੁਝ ਸ਼ੁਰੂ ਹੋਇਆ। ਉਹਨਾਂ ਕਿਹਾ ਕਿ ਹਾਲ ਹੀ ਵਿਚ ਸਕਿਓਰਿਟੀ ਤੇ ਹੋਰ ਲਾਲਚ ਦੇ ਕੇ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਨੂੰ ਆਪਣੇ ਨਾਲ ਰਲਾਉਣ ਦੀ ਕੋਸ਼ਿਸ਼ ਕੀਤੀ ਗਈ। ਗਿਆਨੀ ਹਰਪ੍ਰੀਤ ਸਿੰਘ ਦਾ ਜ਼ਿਕਰ ਕਰਦਿਆਂ ਉਹਨਾਂ ਕਿਹਾ ਕਿ ਉਹਨਾਂ ਨੇ ਅਤੇ ਹੋਰਾਂ ਨੇ ਪੰਥ ਦੇ ਵੱਕਾਰ ਨੂੰ ਮਜ਼ਬੂਤ ਕਰਨ ਦੀ ਥਾਂ ਇਸਦਾ ਨੁਕਸਾਨ ਕਰਨ ਦੀ ਕੋਸ਼ਿਸ਼ ਕੀਤੀ। ਉਹਨਾਂ ਕਿਹਾ ਕਿ ਮੈਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਾ ਹਾਂ ਜਿਸਨੇ ਤਖ਼ਤ ਦਾ ਕੰਟਰੋਲ ਉਸ ਕੇਂਦਰ ਸਰਕਾਰ ਤੋਂ ਵਾਪਸ ਲੈ ਲਿਆ, ਜਿਸਨੇ ਜਥੇਦਾਰਾਂ 'ਤੇ ਸਿੱਖ ਕੌਮ ਖਿਲਾਫ ਸਟੈਂਡ ਲੈਣ ਲਈ ਦਬਾਅ ਬਣਾਇਆ। ਸਰਦਾਰ ਬਾਦਲ ਨੇ ਕਿਹਾ ਅਕਾਲੀ ਦਲ ਪੰਜਾਬ ਦਾ ਅਸਲ ਵਾਰਿਸ ਹੈ। ਉਹਨਾਂ ਸਵਾਲ ਕੀਤਾ ਕਿ ਔਰਤਾਂ ਨੂੰ ਹਰ ਮਹੀਨੇ 1100 ਰੁਪਏ, ਪੈਨਸ਼ਨ ਦੇ 2500 ਰੁਪਏ ਅਤੇ ਸਾਰੀਆਂ 22 ਫਸਲਾਂ 'ਤੇ ਐਮ ਐਸ ਪੀ ਅਤੇ ਨਸ਼ਾ ਮੁਕਤ ਪੰਜਾਬ ਕਿੱਥੇ ਹਨ ? ਉਹਨਾਂ ਕਿਹਾ ਕਿ ਬਜਾਏ ਇਹ ਸਾਰੇ ਵਾਅਦੇ ਪੂਰੇ ਕਰਨ ਦੇ ਆਪ ਪੰਜਾਬ ਨੂੰ ਲੁੱਟ ਰਹੀ ਹੈ ਤੇ ਅਰਵਿੰਦ ਕੇਜਰੀਵਾਲ ਅਸਿੱਧੇ ਤੌਰ 'ਤੇ ਮੁੱਖ ਮੰਤਰੀ ਬਣ ਗਏ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਆਪਣੀਆਂ ਜ਼ਿੰਮੇਵਾਰੀਆਂ ਤੋਂ ਭੱਜ ਗਏ ਹਨ, ਜਿਸ ਕਾਰਨ ਗੈਂਗਸਟਰ ਸੂਬਾ ਚਲਾ ਰਹੇ ਹਨ ਅਤੇ ਗ੍ਰਨੇਡ ਹਮਲੇ ਆਮ ਹੋ ਗਏ ਹਨ।

## ਪ੍ਰਾਚੀਨ ਸਰਾਂ ਮੰਦਰ 'ਚ ਸ੍ਰੀ ਰਾਮ ਕਥਾ ਸੰਪੰਨ



ਤਪਾ ਮੰਡੀ, 13 ਅਪ੍ਰੈਲ (ਭੂਸ਼ਨ ਘੜੈਲਾ/ਰਾਜੂ ਮਹਿਰਾ):ਇਲਾਕੇ ਅਤੇ ਸ਼ਹਿਰ ਦੀ ਸੁੱਖ ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਸ੍ਰੀ ਰਾਮ ਪ੍ਰੇਮੀਆਂ ਵੱਲੋਂ ਪ੍ਰਾਚੀਨ ਸਰਾਂ ਮੰਦਰ ਕਮੇਟੀ ਤਪਾ ਦੇ ਸਹਿਯੋਗ ਨਾਲ ਪਿਛਲੇ 6 ਦਿਨਾਂ ਤੋਂ ਚੱਲ ਰਹੀ ਸ੍ਰੀ ਰਾਮ ਕਥਾ ਵਿਚ ਸ੍ਰੀ ਰਾਮ ਦੇ ਜਨਮ ਤੋਂ ਲੈਕੇ ਮਾਤਾ ਪਿਤਾ, ਗੁਰੂਆਂ, ਰਿਸ਼ੀ ਮੁਨੀਆਂ ਵੱਲੋਂ ਦਿੱਤੀ ਗਈ ਸਿੱਖਿਆ ਦਾ ਵਰਨਣ ਕਰਦਿਆਂ ਕਥਾ ਵਾਚਕ ਸੁਵਾਮੀ ਸੁਧੀਰ ਜੀ ਮਹਾਰਾਜ ਨੇ ਅੱਜ ਕਥਾ ਦੇ 7ਵੇਂ ਅਤੇ ਆਖਰੀ ਦਿਨ ਵਿਚ ਪ੍ਰਵੇਸ਼ ਹੁੰਦੇ ਹੋਏ ਸ੍ਰੀ ਰਾਮ ਜੀ ਦੇ ਪਰਮ ਭਗਤ ਹਨੂੰਮਾਨ ਜੀ ਦਾ ਵਰਨਣ ਕੀਤਾ। ਉਨ੍ਹਾਂ ਕਿਹਾ ਕਿ ਹਨੂੰਮਾਨ ਜੀ ਭਗਵਾਨ ਰਾਮ ਦੇ ਬਹੁਤ ਵੱਡੇ ਭਗਤ ਸਨ ਭਗਵਾਨ ਰਾਮ ਜੀ ਦੇ ਹਰ ਕਾਰਜ ਨੂੰ ਸਵਾਰਨ ਲਈ ਅੱਗੇ ਰਹਿੰਦੇ ਸਨ। ਇਸ ਮੌਕੇ ਉਨ੍ਹਾਂ ਸਬਰੀ ਤੋਂ ਬਾਅਦ ਰਾਜਾ ਸ਼ੁਕਰੀਵ,ਰਾਵਨ ਦੇ ਭਾਈ ਭਵੀਸ਼ਨ ਦਾ ਵੀ ਨਾਮ ਅਤੇ ਰਾਜਾ ਸਗਰੀਵ ਦੇ ਭਾਈ ਬਾਲੀ ਦੇ ਨਾਮ ਦਾ ਵੀ ਜ਼ਿਕਰ ਕਰਦਿਆਂ ਕਥਾ ਨੂੰ ਅੱਗੇ ਤੋਰਦੇ ਹੋਏ ਮਾਤਾ ਸੀਤਾ ਅਤੇ ਸ੍ਰੀ ਰਾਮ ਦਾ ਪ੍ਰਸੰਗ ਸੁਣਾਇਆ ਗਿਆ। ਇਸ ਮੌਕੇ ਸੁੰਦਰ ਸੁੰਦਰ ਭਜਨ ਸੁਣਾਕੇ ਕਥਾ ਵਾਚਕ ਵੱਲੋਂ ਸ਼ਰਧਾਲੂਆਂ ਨੂੰ ਝੂੰਮਣ ਲਈ ਮਜਬੂਰ ਕਰ ਦਿੱਤਾ।ਇਸ ਕਥਾ ਵਿਚ ਕਥਾ ਵਾਚਕ ਸਵਾਮੀ ਸੁਧੀਰ ਜੀ ਮਹਾਰਾਜ ਦੇ ਮਾਤਾ ਜੀ ਵੀ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ ਜਿਨ੍ਹਾਂ ਦਾ ਸੰਗਤ ਨੇ ਤਾੜੀਆਂ ਨਾਲ ਸਵਾਗਤ ਕੀਤਾ ਤੇ ਪ੍ਰਾਚੀਨ ਸਰਾਂ ਮੰਦਰ ਕਮੇਟੀ ਨੇ ਕਥਾ ਵਾਚਕ ਸਵਾਮੀ ਸੁਧੀਰ ਜੀ ਦੇ ਮਾਤਾ ਨੂੰ ਇੱਕ ਸਾਲ ਅਤੇ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ।ਇਸ ਕਥਾ ਸਮਾਗਮ ਮੌਕੇ ਮਾਤਾ ਸੀਤਾ ਅਤੇ ਭਗਵਾਨ ਸ੍ਰੀ ਰਾਮ ਜੀ ਦਾ ਪੂਜਨ ਅਤੇ ਆਰਤੀ ਪੱਤਰਕਾਰ ਸਤਪਾਲ ਗਰਗ ਪੱਖੋ ਵਾਲੇ ਵੱਲੋਂ ਸਮੇਤ ਪਰਿਵਾਰ ਅਦਾ ਕੀਤੀ ਗਈ। ਕਥਾ ਦੀ ਸਮਾਪਤੀ ਹੁੰਦਿਆਂ ਹੀ ਪ੍ਰਸਾਦ ਵੰਡਿਆ ਗਿਆ।ਅੰਤ ਵਿੱਚ ਗਾਰਗੀ ਫਾਊਂਡੇਸ਼ਨ ਦੇ ਮੁੱਖੀ ਐਡਵੋਕੇਟ ਜਨਕ ਰਾਜ ਗਾਰਗੀ ਵੱਲੋਂ ਵੀ ਕਥਾ ਵਾਚਕ ਤੇ ਫੁੱਲਾਂ ਦੀ ਵਰਖਾ ਕਰਦੇ ਹੋਏ ਇੱਕ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਾਚੀਨ ਸਰਾਂ ਮੰਦਰ ਕਮੇਟੀ ਦੇ ਸਕੱਤਰ ਭੂਸ਼ਣ ਘੜੈਲਾ,ਕੈਸ਼ੀਅਰ ਵਿਸ਼ਾਲ ਬਬਲਾ, ਸਾਬਕਾ ਕੌਂਸਲਰ ਬੁੱਧ ਰਾਮ ਕਾਲਾ,ਬਿੰਦਰ ਗਰਗ, ਰਾਜੀਵ ਕੁਮਾਰ ਗੋਲਾ, ਰਮੇਸ਼ ਧੋਲਾ, ਵਿਜੇ ਕੁਮਾਰ ਧੂਰਕੋਟੀਆ ਤੋਂ ਇਲਾਵਾ ਸ਼ਹਿਰੀ ਲੋਕ ਰਾਮੇਸ਼ ਕੁਮਾਰ ਮੇਸ਼ੀ ਪੱਖੋਂ, ਮੱਖਨ ਸੁਨਾਮੀਆ,ਮੱਖਣ ਮੌੜ,ਮਦਨ ਲਾਲ ਭੱਟਾ,ਰਾਜ ਕੁਮਾਰ ਪੱਖੋਂ,ਪਵਨ ਕੁਮਾਰ ਮਹਿਤਾ, ਸਤਪਾਲ ਪੱਖੋਂ, ਭਿੰਦੀ ਮੌੜ, ਮੰਦਰ ਪੁਜਾਰੀ ਪੰਡਿਤ ਪ੍ਰਲਾਦ ਸ਼ਰਮਾ,ਵਕੀਲ ਪੱਖੋਂ ,ਡਾ ਤਰਨ ਦੀਪ ਗਰਗ ਤੋਂ ਇਲਾਵਾ ਵੱਡੀ ਗਿਣਤੀ ਵਿਚ ਔਰਤਾਂ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਪੂਰਨਮਾਸ਼ੀ ਤੇ ਖਾਲਸਾ ਸਾਜਨਾ ਦਿਵਸ ਮਨਾਇਆ



ਨਾਭਾ, 13 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਬੀਤੇ ਦਿਨੀਂ ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਨਾਭਾ ਦੀ ਦੇਖ-ਰੇਖ ਵਿੱਚ ਪੂਰਨਮਾਸੀ ਅਤੇ ਖਾਲਸਾ ਸਾਜਨਾ ਦਿਵਸ ਸ਼ਾਮ 4 ਵਜੇ ਤੋਂ 5:30 ਵਜੇ ਤੱਕ ਬੀਬੀ ਬਿਮਲ ਕੌਰ, ਸੁਰਿੰਦਰਪਾਲ ਕੌਰ ਤੂੰਗਾਂ ਅਤੇ ਮਨਿੰਦਰ ਕੌਰ ਦੀ ਅਗਵਾਈ ਵਿੱਚ ਬੀਬੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ। ਬੇਟੀ ਨਵਕਿਰਨ ਕੌਰ ਅਤੇ ਗੁਰੂ ਘਰ ਦੇ ਵਜੀਰ ਭਾਈ ਜਤਿੰਦਰ ਸਿੰਘ ਵੱਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਖਾਲਸਾ ਸਾਜਨਾ ਦਿਵਸ ਦੀ ਮਹੱਤਤਾ ਬਾਰੇ ਇਤਿਹਾਸਕ ਵਿਚਾਰਾਂ ਦੀ ਸਾਂਝ ਕੀਤੀ। ਉਪਰੰਤ ਸੋਸਾਇਟੀ ਵੱਲੋਂ ਸ. ਰਵਿੰਦਰ ਸਿੰਘ ਵਾਸੀ ਭਾਈ ਜੈਮਲ ਸਿੰਘ ਕਲੋਨੀ ਨੂੰ ਬਤੌਰ ਲੈਕਚਰਾਰ ਬੇਦਾਗ ਸੇਵਾ ਮੁਕਤ ਹੋਣ ਅਤੇ ਗੁਰੂ ਘਰ ਦੀ ਸਫਾਈ ਸੇਵਕਾਂ ਸ੍ਰੀਮਤੀ ਨਿਰਮਲਾ ਦੇਵੀ ਦੇ ਪਤੀ ਰਾਜਿੰਦਰ ਕੁਮਾਰ ਨੂੰ ਨਗਰ ਪਾਲਿਕਾ ਨਾਭਾ ਤੋਂ ਸੇਵਾ ਮੁਕਤ ਹੋਣ 'ਤੇ ਸਨਮਾਨਿਤ ਕੀਤਾ ਗਿਆ ਅਤੇ ਸ. ਰਵਿੰਦਰ ਸਿੰਘ ਦੇ ਪਰਿਵਾਰਿਕ ਮੈਂਬਰਾਂ ਪਤਨੀ ਬਿਮਲ ਕੌਰ, ਸਹੁਰਾ ਸਾਹਿਬ ਸ. ਮਹਿੰਦਰ ਸਿੰਘ, ਸੱਸ ਮਾਤਾ ਗੁਰਦੇਵ ਕੌਰ ਅਤੇ ਮਾਤਾ ਰਸਪਾਲ ਕੌਰ ਨੂੰ ਵੀ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਭਾਈ ਜਤਿੰਦਰ ਸਿੰਘ ਵੱਲੋਂ ਤਿਆਰ ਕਰਵਾਈ ਗੱਤਕਾ ਟੀਮ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ।ਖਾਲਸਾ ਸਾਜਨਾ ਦਿਵਸ ਤੇ ਕੋਰੀਓਗਰਾਫੀ ਪੇਸ਼ ਕੀਤੀ ਗਈ। ਸਟੇਜ ਦੀ ਡਿਊਟੀ ਸ. ਦਲਵੀਰ ਸਿੰਘ ਨੇ ਬਾਖੂਬੀ ਨਿਭਾਈ। ਦਲਿਤ ਦਾਸਤਾ ਬਾਰੇ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਤੇ ਸੁਸਾਇਟੀ ਦੇ ਸਮੂਹ ਅਹੁੱਦੇਦਾਰਾ ਸ. ਰਾਮ ਸਿੰਘ ਮਹਿਮੀ, ਅਮਰ ਸਿੰਘ ਟੋਡਰਵਾਲ, ਗੁਰਮੁੱਖ ਸਿੰਘ ਤੂੰਗਾਂ, ਰਾਮਧਨ ਸਿੰਘ, ਸ. ਰਣਜੀਤ ਸਿੰਘ, ਸੋਹਣ ਸਿੰਘ, ਹੰਸ ਰਾਜ ਮਹਿਮੀ, ਜਸਪਾਲ ਸਿੰਘ ਮਹਿਮੀ, ਦਰਸ਼ਨ ਸਿੰਘ, ਜਗਮੇਲ ਸਿੰਘ, ਜਸਵੀਰ ਸਿੰਘ ਆਦਿ ਹਾਜ਼ਰ ਸਨ। ਅੰਤ ਵਿੱਚ ਸ. ਰਵਿੰਦਰ ਸਿੰਘ ਵੱਲੋਂ ਜੋ ਕਿ ਸੁਸਾਇਟੀ ਦੇ ਖਜ਼ਾਨਚੀ ਹਨ, ਨੇ ਆਪਣੀ ਸੇਵਾ ਮੁਕਤੀ ਦੀ ਖੁਸ਼ੀ ਵਿੱਚ ਸੰਗਤਾਂ ਨੂੰ ਚਾਹ, ਲੱਡੂ, ਸਮੋਸਿਆਂ ਦਾ ਲੰਗਰ ਅਤੁੱਟ ਵਰਤਾਇਆ।

## ਇੰਦਰਜੋਤ ਕੌਰ ਰਟੌਲ ਨੇ ਕੈਨੇਡਾ ਪੁਲਿਸ ਦੇ ਜੇਲ੍ਹ ਵਿਭਾਗ 'ਚ ਭਰਤੀ ਹੋ ਕੇ ਕੀਤਾ ਸ਼ਹਿਰ ਦਾ ਨਾਮ ਰੌਸ਼ਨ

ਪਟਿਆਲਾ, 13 ਅਪ੍ਰੈਲ (ਚ.ਨ.ਸ.) : ਜਨਰਲ ਕੈਟਾਗਰੀ ਵੈਲਫੇਅਰ ਫੈਡਰੇਸ਼ਨ ਪਸਪਕਲ/ਪਸਟਕਲ, ਪੰਜਾਬ ਦੇ ਪ੍ਰਧਾਨ ਕੁਲਜੀਤ ਸਿੰਘ ਰਟੌਲ ਅਤੇ ਲਾਭ ਕੌਰ ਸਹਾਇਕ ਲੇਖਾ ਅਫਸਰ, ਪਸਪਕਲ, ਪਟਿਆਲਾ ਦੀ ਧੀ ਇੰਦਰਜੋਤ ਕੌਰ ਰਟੌਲ ਨੇ ਕੈਨੇਡਾ ਪੁਲਿਸ ਵਿੱਚ ਕੁਰੈਕਸ਼ਨ ਆਫਿਸਰ-2 ਭਰਤੀ ਹੋ ਕੇ ਪਟਿਆਲਾ ਸਹਿਰ ਦਾ ਨਾ ਰੋਸ਼ਨ ਕੀਤਾ ਹੈ । ਇੰਦਰਜੋਤ ਕੌਰ ਨੇ ਪਟਿਆਲਾ ਤੋਂ ਬਾਰਵੀਂ ਤੱਕ ਦੀ ਵਿੱਦਿਆ ਪ੍ਰਾਪਤ ਕੀਤੀ ਅਤੇ ਉਹ ਸਾਲ 2021 ਵਿੱਚ ਹਾਇਰ ਸਟੱਡੀ ਲਈ ਕੇਨੇਡਾ ਵਿਖੇ ਚਲੀ ਗਈ ।ਉਸ ਨੇ ਸਾਲ 2023 ਵਿੱਚ ਕੈਨੇਡਾ ਦੇ ਨੋਵਾ ਸਕੋਸੀਆਂ ਸਟੇਟ ਵਿੱਚ ਐਮਐਸਯੂਵੀ ਯੂਨੀਵਰਸਿਟੀ, ਹੈਲੀਫੈਕਸ ਤੋਂ ਬਿਜਨਸ ਮੈਨੇਜਮੈਂਟ ਦਾ ਡਿਪਲੋਮਾ ਦੀ ਸਿੱਖਿਆ ਪ੍ਰਾਪਤ ਕੀਤੀ । ਉਸ ਵੱਲੋਂ ਆਪਣੀ ਮਿਹਨਤ ਸਦਕਾ 3 ਸਾਲ ਦੇ ਅੰਦਰ ਅੰਦਰ ਕੈਨੇਡਾ ਦੀ ਪੀਆਰ ਹਾਸਲ ਕੀਤੀ । ਉਸ ਵੱਲੋਂ ਆਪਣੀ ਮਿਹਨਤ ਨੂੰ ਲਗਾਤਾਰ ਜਾਰੀ ਰੱਖਦੇ ਹੋਏ ਸਕਿਊਰਿਟੀ ਵਿੱਚ ਨੌਕਰੀ ਹਾਸਿਲ ਕੀਤੀ । ਇਸ ਦੇ ਨਾਲ ਹੀ ਉਸ ਵੱਲੋਂ ਕੈਨੇਡਾ ਵਿਖੇ ਪੁਲਿਸ ਵਿਭਾਗ ਦੇ ਵੱਖ-ਵੱਖ ਕਾਡਰਾਂ ਵਿੱਚ ਨੌਕਰੀ ਲਈ ਅਪਲਾਈ ਕੀਤਾ ਅਤੇ ਲਿਖਤੀ ਪੇਪਰ ਪਾਸ ਕਰਨ ਵਿੱਚ ਕਾਮਯਾਬ ਰਹੀ । ਇਹਨਾਂ ਕਾਡਰਾਂ ਵਿੱਚ ਉਸ ਨੂੰ ਬਤੌਰ ਕੁਰੈਕਸ਼ਨ ਆਫਿਸਰ 2 (ਜੇਲ ਵਿਭਾਗ) ਵਿੱਚ ਨੌਕਰੀ ਹਾਸਿਲ ਕਰਨ ਦਾ ਸੁਭਾਗ ਪ੍ਰਾਪਤ ਹੋਇਆ ।ਉਸ ਵਲੋਂ ਆਪਣੀ ਪੜ੍ਹਾਈ ਦੌਰਾਨ ਵੀ ਬਹੁਤ ਸ਼ਖਤ ਮਿਹਨਤ ਕੀਤੀ ਅਤੇ ਉਸ ਨੂੰ ਇਸ ਦੌਰਾਨ ਬਹੁਤ ਸਾਰੀਆਂ ਸਮੱਸਿਆਵਾਂ /ਔਕੜਾਂ ਦਾ ਸਾਹਮਣਾ ਵੀ ਕਰਨਾ ਪਿਆ ਪ੍ਰੰਤੂ ਉਸ ਵੱਲੋਂ ਇੱਕ ਹੀ ਨਿਸ਼ਾਨਾ ਸਾਹਮਣੇ ਰੱਖਿਆ ਅਤੇ ਕੈਨੇਡਾ ਵਿੱਚ ਕਿਸੇ ਉਚ ਅਹੁਦੇ 'ਤੇ ਨੌਕਰੀ ਲੈਣ ਲਈ ਆਪਣੀ ਮਿਹਨਤ ਜਾਰੀ ਰੱਖੀ । ਇੰਦਰਜੋਤ ਨੇ ਇਸ ਕਾਮਯਾਬੀ 'ਤੇ ਸਭ ਤੋਂ ਪਹਿਲਾਂ ਅਕਾਲ ਪੁਰਖ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ।



## ਬੇਮੌਸਮੀ ਬਰਸਾਤ ਕਾਰਨ ਕਣਕ ਦੀ ਕਟਾਈ ਦਾ ਕੰਮ ਬੰਦ ਹੋਇਆ

### ਮੌਸਮ ਦੇ ਖ਼ਰਾਬ ਹੋਣ ਨਾਲ ਕਿਸਾਨਾਂ ਦੇ ਸਾਹ ਸੂਤੇ

ਘਨੌਰ, 13 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ/ਮਦਨ ਲਾਲ) : ਸ਼ੰਭੂ ਇਲਾਕੇ ਵਿੱਚ ਬਾਅਦ ਦੁਪਹਿਰ 4 ਕੁ ਵਜੇ ਹੋਈ ਬੇਮੌਸਮੀ ਬਰਸਾਤ ਕਾਰਨ ਕਣਕ ਦੀ ਕਟਾਈ ਦਾ ਕੰਮ ਬੰਦ ਕਰ ਦਿੱਤਾ ਹੈ। ਇਸ ਬੇਮੌਸਮੀ ਬਰਸਾਤ ਕਾਰਨ ਕਣਕ ਦੀ ਵਢਾਈ ਬਾਰੇ ਗੱਲਬਾਤ ਕਰਦਿਆਂ ਕਿਸਾਨ ਭੂਪਿੰਦਰ ਸਿੰਘ ਨਨਹੇੜਾ ਡੇਰਾ ਰੈਲੀ ਵਾਲੇ,ਕੁਲਦੀਪ ਸਿੰਘ ਗੁਰਾਇਆ, ਗੁਰਵਿੰਦਰ ਸਿੰਘ ਦਿਓਲ,ਤੇਜਪਾਲ ਸਿੰਘ ਨਨਹੇੜਾ, ਹਰਮਨਜੀਤ ਸ਼ੰਭੂ ਕਲਾਂ ਸਾਬਕਾ ਸਰਪੰਚ ਮੋਹਨ ਸਿੰਘ ਸ਼ੰਭੂ ਕਲਾਂ, ਕੁਲਵਿੰਦਰ ਸਿੰਘ ਮਰਦਾਂਪੁਰ, ਨੰਬਰਦਾਰ ਲਖਵਿੰਦਰ ਸਿੰਘ ਮੋਹੀ ਕਲਾਂ, ਜੈ ਸਿੰਘ ਥਿੰਦ,ਜਰਨੈਲ ਸਿੰਘ ਖੇੜੀ ਗੁਰਨਾ ,ਦਲਜੀਤ ਸਿੰਘ ਬਿੱਲੂ, ਪ੍ਰੀਤਮ ਸਿੰਘ ਘੜਾਮਾ, ਨੇ ਦੱਸਿਆ ਕਿ ਕਿ ਪਿਛਲੇ 3-4 ਦਿਨਾਂ ਤੋਂ ਇਲਾਕੇ ਵਿੱਚ ਕਣਕ ਦੀ ਕਟਾਈ ਦੇ ਕੰਮ ਵਿੱਚ ਇਕਦਮ ਤੇਜ਼ੀ ਆ ਗਈ ਸੀ ਪਰੰਤੂ ਅਚਾਨਕ ਦੁਪਹਿਰ ਬਾਅਦ ਹੋਈ ਬੇਮੌਸਮੀ ਬਰਸਾਤ ਨੇ ਕਣਕ ਦੀ ਕਟਾਈ ਦਾ ਕੰਮ ਬੰਦ ਕਰਵਾ ਦਿੱਤਾ ਹੈ। ਉਹਨਾਂ ਦੱਸਿਆ ਕਿ ਪਿਛਲੇ 2 ਦਿਨਾਂ ਤੋਂ ਵਿਗੜੇ ਮਿਜਾਜ਼ ਕਾਰਨ ਕਿਸਾਨਾਂ ਦੇ ਸਾਹ ਸੁੱਤੇ ਪਏ ਹਨ ਕਿਉਂਕਿ ਜੇਕਰ ਤੇਜ਼ ਬਾਰਿਸ਼ ਅਤੇ ਗੜ੍ਹੇਮਾਰੀ ਹੋ ਜਾਂਦੀ ਹੈ ਤਾਂ ਕਣਕ ਦੀ ਪੱਕੀ ਹੋਈ ਫਸਲ ਦਾ ਵੱਡਾ ਨੁਕਸਾਨ ਹੋ ਸਕਦਾ ਹੈ। ਕਣਕ ਦੀ ਕਟਾਈ ਦੇ ਕੰਮ ਵਿੱਚ ਬੀਤੇ ਦੋ ਦਿਨਾਂ ਤੋਂ ਆਈ ਤੇਜ਼ੀ ਬਾਰੇ ਗੱਲਬਾਤ ਕਰਦਿਆਂ ਇਲਾਕੇ ਦੇ ਕਿਸਾਨ ਭੂਪਿੰਦਰ ਸਿੰਘ ਨਨਹੇੜਾ ਨੇ ਦੱਸਿਆ ਕਿ ਬੀਤੇ ਦਿਨ ਤੋਂ ਮੌਸਮ ਵਿਭਾਗ ਵੱਲੋਂ ਮੌਸਮ ਖਰਾਬ ਰਹਿਣ ਦੀ ਕੀਤੀ ਗਈ ਸੰਭਾਵਨਾ ਦੇ ਮੱਦੇਨਜ਼ਰ ਇੱਕਦਮ ਕਿਸਾਨਾਂ ਵੱਲੋਂ ਕਣਕ ਦੀ ਕਟਾਈ ਦੇ ਕੰਮ ਵਿੱਚ ਤੇਜ਼ੀ ਆ ਗਈ ਸੀ ਪ੍ਰੰਤੂ ਅੱਜ ਦੁਪਹਿਰ ਬਾਅਦ ਇਲਾਕੇ ਵਿੱਚ ਹੋਈ ਬੇਮੌਸਮੀ ਬਰਸਾਤ ਨੇ ਕਣਕ ਦੀ ਕਟਾਈ ਦਾ ਕੰਮ ਬੰਦ ਕਰਵਾ ਦਿੱਤਾ ਹੈ ਅਤੇ ਹੁਣ ਦੋ ਦਿਨਾਂ ਬਾਅਦ ਹੀ ਕਣਕ ਦੀ ਕਟਾਈ ਦਾ ਕੰਮ ਸ਼ੁਰੂ ਹੋ ਸਕੇਗਾ ਜੇਕਰ ਹੋਰ ਬਰਸਾਤ ਨਾ ਹੋਈ। ਦੱਸਣ ਯੋਗ ਹੈ ਕਿ ਸ਼ੰਭੂ ਇਲਾਕੇ ਵਿੱਚ ਪਿਛਲੇ ਚਾਰ ਪੰਜ ਦਿਨਾਂ ਤੋਂ ਕੰਬਾਇਨ ਨਾਲ ਕਣਕ ਦੀ ਕਟਾਈ ਦੇ ਕੰਮ ਵਿੱਚ ਤੇਜ਼ੀ ਆਈ ਆ ਗਈ ਸੀ ਅਤੇ ਅਨਾਜ ਮੰਡੀਆਂ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਆਪਣੀ ਫਸਲ ਵੇਚਣ ਲਈ ਆ ਰਹੇ ਹਨ।



## ਪ੍ਰੋ. ਚੰਦੂਮਾਜਰਾ ਨੇ ਅੰਮ੍ਰਿਤਸਰ ਦੇ ਤੇਜਾ ਸਿੰਘ ਸਮੁੰਦਰੀ ਹਾਲ 'ਚ ਹੋਈ ਅਕਾਲੀ ਦਲ ਦੀ ਮੀਟਿੰਗ 'ਤੇ ਚੁੱਕੇ ਸਵਾਲ

### ਇੱਕ ਧੜ੍ਹੇ ਵੱਲੋਂ ਚੁਣੇ ਪ੍ਰਧਾਨ ਨੂੰ ਪੰਜਾਬ ਦੀ ਜਨਤਾ ਨਹੀਂ ਕਰੇਗੀ ਸਵੀਕਾਰ : ਚੰਦੂਮਾਜਰਾ



ਘਨੌਰ, 13 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵਿੱਚ ਚੱਲ ਰਹੇ ਵਿਰੋਧ ਵਿੱਚ ਇੱਕ ਤਰਫ ਪਾਰਟੀ ਦਾ ਨਵਾਂ ਪ੍ਰਧਾਨ ਚੁਣ ਲਿਆ ਗਿਆ ਹੈ ਅਤੇ ਦੂਜੀ ਤਰਫ ਪਾਰਟੀ ਦੇ ਕੁਝ ਆਗੂਆਂ ਵੱਲੋਂ ਬਣਾਈ ਗਈ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਨਾਲ ਪੂਰੇ ਪੰਜਾਬ ਵਿੱਚ ਭਰਤੀ ਮੁਹਿੰਮ ਚਲਾ ਰਹੀ ਹੈ। ਭਰਤੀ ਮੁਹਿੰਮ ਤਹਿਤ ਹਲਕਾ ਘਨੌਰ ਦੇ ਪਿੰਡ ਮਰਦਾਂਪੁਰ ਵਿਖੇ ਜੱਥੇਦਾਰ ਲਾਲ ਸਿੰਘ ਮਰਦਾਂਪੁਰ ਦੀ ਅਗਵਾਈ ਹੇਠ ਇੱਕ ਮੀਟਿੰਗ ਰੱਖੀ ਗਈ, ਜਿਸ ਵਿੱਚ ਸਾਬਕਾ ਸੰਸਦ ਮੈਂਬਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਹਲਕਾ ਘਨੌਰ ਦੇ ਇੰਚਾਰਜ ਭੁਪਿੰਦਰ ਸਿੰਘ ਸ਼ੇਖੂਪੁਰ ਵੱਲੋਂ ਵਿਸ਼ੇਸ਼ ਤੌਰ ਉੱਤੇ ਹਾਜ਼ਰੀ ਲਗਵਾਈ ਗਈ। ਇਸ ਮੌਕੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਹੋਇਆਂ ਸਾਬਕਾ ਸੰਸਦ ਮੈਂਬਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ ਦੇ ਵੱਲੋਂ ਕਿਹਾ ਗਿਆ ਕਿ ਸ਼੍ਰੀ ਅਕਾਲ ਤਖਤ ਸਾਹਿਬ ਵੱਲੋਂ ਬਣਾਈ ਗਈ ਭਰਤੀ ਕਮੇਟੀ ਵੱਲੋਂ ਪੂਰੇ ਪੰਜਾਬ ਦੇ ਵਿੱਚ ਭਰਤੀ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਅੱਜ ਪਿੰਡ ਮਰਦਾਂਪੁਰ ਵਿਖੇ ਸ਼੍ਰੋਮਣੀ ਅਕਾਲੀ ਦਲ ਭਰਤੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਮੈਂਬਰ ਬਣਨ ਲਈ ਕਿਸੇ ਵੀ ਤਰ੍ਹਾਂ ਦੀ ਫੀਸ ਨਹੀਂ ਰੱਖੀ ਗਈ। ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ ਬਣਨ ਅਤੇ ਖੇਤਰੀ ਪਾਰਟੀ ਨੂੰ ਮਜ਼ਬੂਤ ਕਰਨ। ਇਸ ਦੌਰਾਨ ਉਹਨਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਅੰਮ੍ਰਿਤਸਰ ਸਾਹਿਬ ਦੇ ਤੇਜਾ ਸਿੰਘ ਸਮੁੰਦਰ ਹਾਲ ਵਿੱਚ ਹੋਈ ਮੀਟਿੰਗ 'ਤੇ ਵੀ ਸਵਾਲ ਚੁੱਕੇ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਰੰਧਾਵਾ ਨੇ ਜੋ ਸਵਾਲ ਚੁੱਕੇ ਹਨ ਉਹ ਬਿਲਕੁਲ ਸਹੀ ਹਨ, ਕਿਉਂਕਿ ਉਹ ਪੰਥ ਵਿੱਚ ਵਿਸ਼ਵਾਸ ਰੱਖਣ ਵਾਲੇ ਹਨ ਅਤੇ ਪੰਥਕ ਦਰਦ ਉਹਨਾਂ ਦੇ ਅੰਦਰ ਝਲਕਦਾ ਹੈ। ਦੂਜੇ ਪਾਸੇ, ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸ਼੍ਰੋਮਣੀ ਵਿੱਚ ਕਿਹਾ ਜਾ ਰਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਨਵਾਂ ਪ੍ਰਧਾਨ ਮਿਲ ਸਕਦਾ ਹੈ, ਇਸ ਦਾ ਜਵਾਬ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਇੱਕ ਪਰਿਵਾਰ ਵੱਲੋਂ ਚੁਣਿਆ ਗਿਆ ਪ੍ਰਧਾਨ ਪੰਜਾਬ ਦੇ ਲੋਕਾਂ ਨੂੰ ਮਨਜ਼ੂਰ ਨਹੀਂ ਹੈ।ਇਸ ਮੌਕੇ ਭੁਪਿੰਦਰ ਸਿੰਘ ਸ਼ੇਖੂਪੁਰ, ਲਖਵਿੰਦਰ ਸਿੰਘ ਤੇਪਲਾ, ਨਵਤੇਜ ਸਿੰਘ ਉਸਸੀ, ਧਰਮ ਸਿੰਘ ਰਾਮ ਨਗਰ ਸੈਣੀਆਂ, ਜਗਜੀਤ ਸਿੰਘ ਕੋਹਲੀ, ਕਰਮ ਸਿੰਘ, ਚਰਨਜੀਤ ਸਿੰਘ ਮਰਦਾਂਪੁਰ, ਮਨਜੀਤ ਸਿੰਘ ਸਾਬਕਾ ਸਰਪੰਚ ਖਲਾਸਪੁਰ, ਜਸਵੀਰ ਸਿੰਘ ਸੰਧਾਰਸੀ, ਹਰਮੇਲ ਸਿੰਘ ਪੰਚਾਇਤ ਮੈਂਬਰ, ਰਣਧੀਰ ਸਿੰਘ ਸੈਕਟਰੀ, ਕੁਲਦੀਪ ਸਿੰਘ ਨੰਬਰਦਾਰ, ਗੁਰਮੀਤ ਸਿੰਘ ਕਾਲਾ, ਗਿਆਨੀ ਜਗਦੀਸ਼ ਸਿੰਘ, ਜਸਪ੍ਰੀਤ ਸਿੰਘ ਜੱਸੀ, ਗੁਰਪ੍ਰੀਤ ਸਿੰਘ, ਜਤਿੰਦਰ ਸਿੰਘ ਪ੍ਰਧਾਨ, ਜਸਕਰਨ ਸਿੰਘ ਤੋਂ ਇਲਾਵਾ ਹੋਰ ਸੀਨੀਅਰ ਅਕਾਲੀ ਦਲ ਆਗੂ ਹਾਜ਼ਰ ਸਨ।

## ਐੱਸ.ਐੱਸ.ਜੈਨ ਸਭਾ ਨੇ ਮਹਾਂਵੀਰ ਜੈਯੰਤੀ ਮਨਾਈ



ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ) : ਭਗਵਾਨ ਮਹਾਂਵੀਰ ਜਨਮ ਕਲਿਆਣ ਦਿਵਸ ਦੇ ਸ਼ੁਭ ਮੌਕੇ 'ਤੇ ਐੱਸ.ਐੱਸ.ਜੈਨ ਸਭਾ ਸਮਾਣਾ ਵੱਲੋਂ ਮਹਾਂ ਸਾਧਵੀ ਪੂਜਨੀਕ ਵਿਜੇ ਸ੍ਰੀ ਜੀ ਤੇ ਸਾਧਵੀ ਸ੍ਰੀ ਸੁਰੀਧ ਜੀ ਮਹਾਰਾਜ ਜੀ ਦੀ ਮੌਜੂਦਗੀ ਵਿਚ ਅਤੇ ਪ੍ਰਧਾਨ ਮੋਨੀ ਜੈਨ ਦੀ ਅਗਵਾਈ ਹੇਠ ਇਕ ਸਮਾਗਮ ਆਯੋਜਿਤ ਕੀਤਾ ਗਿਆ, ਜਿਸ ਦੀ ਸ਼ੁਰੂਆਤ ਸ਼ੁੱਕਰਵਾਰ ਤੜਕੇ-ਸਵੇਰੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਤੇ ਗਲੀ ਮੁਹੱਲਿਆਂ ਵਿਚ ਪ੍ਰਭਾਤ ਫੇਰੀ ਕੱਢ ਕੇ ਕੀਤੀ ਗਈ । ਇੱਕਠੇ ਹੋਏ ਸੈਂਕੜੇ ਸ਼ਰਧਾਲੂਆਂ ਨੇ ਭਗਵਾਨ ਮਹਾਂਵੀਰ ਦਾ ਗੁਣਗਾਨ ਕਰਕੇ ਸਾਧਵੀਆਂ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਆਪਣੇ ਸੰਬੋਧਨ 'ਚ ਪਤਵੰਤੇ ਸਾਧਵੀਆਂ ਨੇ ਭਗਵਾਨ ਮਹਾਂਵੀਰ ਦੇ ਅਹਿੰਸਾ ਅਤੇ ਅਨੇਕਾਂਤਵਾਦ ਦੇ ਸਿਧਾਂਤ ਨੂੰ ਅਪਣਾਉ 'ਜੀਓ ਅਤੇ ਜੀਊਣ ਦਿਓ' ਦੇ ਸਿਧਾਂਤਾਂ ਨਾਲ ਆਪਣੇ ਜੀਵਨ ਨੂੰ ਪਵਿੱਤਰ ਕਰਦੇ ਹੋਏ ਵਿਸ਼ਵ ਕਲਿਆਣ ਵਿਚ ਮੋਹਰੀ ਬਨਣ ਦਾ ਸੱਦਾ ਦਿੱਤਾ। ਕਰੋਧ ਨੂੰ ਸ਼ਾਂਤੀ ਨਾਲ ਅਤੇ ਅਸੱਤ ਨੂੰ ਸੱਚ ਨਾਲ ਜਿੱਤਣ ਦਾ ਸੰਦੇਸ਼ ਦਿੱਤਾ।ਸਮਾਗਮ ਦੌਰਾਨ ਜੈਨ ਮਹਿਲਾ ਸੰਘ ਦੇ ਮੈਂਬਰਾਂ ਵੱਲੋਂ ਭਗਵਾਨ ਮਹਾਂਵੀਰ ਦੇ ਸਮੂਚੇ ਜੀਵਨ ਨਾਲ ਸੰਬਧਿਤ ਨਾਟਕ ਅਤੇ ਛੋਟੇ ਬੱਚਿਆਂ ਵੱਲੋਂ ਧਾਰਮਿਕ ਅਤੇ ਸਭਿਆਚਾਰ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਪੀ.ਏ.ਗੁਰਦੇਵ ਸਿੰਘ ਟਿਵਾਣਾ, ਮਾਰਕਿਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗਜੂਮਾਜਰਾ, ਕੌਂਸਲਰ ਧਰਮਪਾਲ ਨਾਹਰ, ਭਾਰਤ ਭੂਸ਼ਣ ਗੋਇਲ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਸਭ ਨੂੰ ਮਹਾਂਵੀਰ ਜੈਯੰਤੀ ਦੀ ਵਧਾਈ ਦਿੱਤੀ। ਇਸ ਮੌਕੇ ਸਰਪ੍ਰਸਤ ਅਸ਼ੋਕ ਜੈਨ, ਸ਼ਸੀਪਾਲ ਜੈਨ ਅਤੇ ਹੋਰ ਸੰਸਥਾ ਦੇ ਅਧਿਕਾਰੀਆਂ ਨੇ ਝੰਡਾ ਲਹਿਰਾਇਆ ਅਤੇ ਮਹਿਮਾਨਾਂ ਨੂੰ ਸਨਮਾਨਿਤ ਕੀਤਾ। ਸਕੱਤਰ ਰਾਜੇਸ਼ ਜੈਨ ਹੀਰਾ ਨੇ ਸਟੇਜ ਸੰਚਾਲਕ ਬਾਖੂਬੀ ਨਿਭਾਈ। ਜੈਨ ਧਰਮਸ਼ਾਲਾ ਵਿਚ ਦਿਨ ਭਰ ਆਲੂ, ਪੂਰੀ, ਛੋਲਿਆਂ ਦਾ ਪ੍ਰਸ਼ਾਦ ਵਰਤਾਇਆ ਗਿਆ।

## 5020 ਰੁਪਏ ਦਾ ਦੜ੍ਹਾ-ਸੱਟਾ ਬ੍ਰਾਮਦ

ਪਟਿਆਲਾ, 13 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਵਿਸ਼ਾਲ ਪੁੱਤਰ ਮੋਹਨ ਲਾਲ ਵਾਸੀ ਰੋਜ ਕਲੋਨੀ ਪਟਿਆਲਾ ਵਿਰੁੱਧ ਧਾਰਾ 13ਏ, 3, 67 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਦੇ ਏ.ਐਸ.ਆਈ. ਸੁਖਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸਨੌਰੀ ਅੱਡਾ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਮਾਰਕਲ ਕਲੋਨੀ ਪਟਿਆਲਾ ਵਿਖੇ ਦੜਾ ਸੱਟਾ ਲਗਾ ਰਿਹਾ ਹੈ, ਜੋ ਕਥਿਤ ਦੋਸ਼ੀ ਤੋਂ ਰੇਡ ਕਰਕੇ 5020 ਰੁਪਏ ਦੜ੍ਹਾ ਸੱਟਾ ਦੇ ਬ੍ਰਾਮਦ ਹੋਏ।

## 20 ਮਈ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਸੀਟੂ ਵੱਲੋਂ ਮੀਟਿੰਗ

ਦੇਵੀਗੜ੍ਹ, 13 ਅਪ੍ਰੈਲ (ਗੁਰਜੀਤ ਸਿੰਘ ਢੋਟ) : ਅੱਜ ਜ਼ਿਲ੍ਹਾ ਪਟਿਆਲਾ ਸੀਟੂ ਦੀ ਮੀਟਿੰਗ 20 ਮਈ ਦੀ ਦੇਸ ਵਿਆਪੀ ਹੜਤਾਲ ਨੂੰ ਸਫਲ ਕਰਨ ਲਈ ਨਹਿਰੂ ਪਾਰਕ ਪਟਿਆਲਾ ਵਿਖੇ ਕੀਤੀ ਗਈ ਜਿਸ ਦੀ ਪ੍ਰਧਾਨਗੀ ਸੀਟੂ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਨਛੱਤਰ ਸਿੰਘ ਨੇ ਕੀਤੀ। ਇਸ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸੀਟੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਚੰਦਰ ਸ਼ੇਖਰ ਤੇ ਜੁਆਇੰਟ ਸਕੱਤਰ ਕਾਮਰੇਡ ਜਤਿੰਦਰ ਪਾਲ ਸਿੰਘ ਸ਼ਾਮਲ ਹੋਏ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਚੰਦਰ ਸ਼ੇਖਰ ਨੇ ਅਠਾਰਾਂ ਮਾਰਚ ਨੂੰ ਡਾਕਟਰ ਪਿਆਰੇ ਲਾਲ ਭਵਨ ਦਿੱਲੀ ਵਿਖੇ ਕੀਤੀ ਗਈ ਕਨਵੈਨਸ਼ਨ ਦੀ ਰਿਪੋਰਟ ਕੀਤੀ ਤੇ ਦੱਸਿਆ ਕਿ ਇਸ ਕਨਵੈਨਸ਼ਨ ਵਿੱਚ ਕੇਂਦਰ ਦੀਆਂ ਦਸ ਟਰੇਡ ਯੂਨੀਅਨਾਂ ਤੇ ਸੱਠ ਤੋਂ ਵੱਧ ਮੁਲਾਜ਼ਮ ਜਥੇਬੰਦੀਆਂ ਤੇ ਫੈਡਰੇਸ਼ਨਾਂ ਨੇ ਭਾਗ ਲਿਆ। ਉਨ੍ਹਾਂ ਨੋਟ ਕੀਤਾ ਕਿ ਕੇਂਦਰ ਦੀ ਮੋਦੀ ਸਰਕਾਰ ਮਜ਼ਦੂਰਾਂ ਮੁਲਾਜ਼ਮਾਂ ਤੇ ਕਿਸਾਨਾਂ 'ਤੇ ਤਿੱਖੇ ਹਮਲੇ ਕਰ ਰਹੀ ਹੈ ਜਿਸ ਵਿਚ ਮਜ਼ਦੂਰਾਂ ਦੇ ਹੱਕ ਦੇ 29 ਕਾਨੂੰਨਾਂ ਨੂੰ



ਰੱਦ ਕਰਕੇ ਮਜ਼ਦੂਰ ਵਿਰੋਧੀ ਬਣਾਏ 4 ਲੇਬਰ ਕੋਡ ਲਾਗੂ ਕਰ ਰਹੀ ਹੈ, ਜਿਸ ਦੇ ਨਾਲ ਮਜ਼ਦੂਰਾਂ ਦਾ ਯੂਨੀਅਨ ਬਣਾਉਣ ਤੇ ਹੜਤਾਲ ਕਰਨ ਦਾ ਹੱਕ ਖੋਹ ਲਿਆ ਜਾਵੇਗਾ ਤੇ ਮਜ਼ਦੂਰਾਂ ਨੂੰ ਠੇਕੇਦਾਰਾਂ ਦੇ ਗੁਲਾਮ ਬਣਾ ਦਿੱਤਾ ਜਾਵੇਗਾ, ਬੇਰੁਜ਼ਗਾਰੀ ਤੇ ਮਹਿੰਗਾਈ ਵਿੱਚ ਵੱਡੇ ਪੱਧਰ 'ਤੇ ਵਾਧਾ ਹੋਵੇਗਾ ਜਨਤਕ ਅਦਾਰਿਆਂ ਨੂੰ ਵੇਚਿਆ ਜਾ ਰਿਹਾ ਹੈ ਇਸ ਲਈ ਇਨ੍ਹਾਂ ਨੀਤੀਆਂ ਨੂੰ ਰੱਦ ਕਰਾਉਣ ਲਈ ਸਿੱਖਿਆ ਸਿਹਤ, ਫੂਡ ਸਕਿਓਰਟੀ ਕੱਚੇ ਮੁਲਾਜ਼ਮਾਂ ਨੂੰ ਤੇ ਵਰਕਰਾਂ ਨੂੰ ਪੱਕਾ ਕਰਨ ਲਈ, ਵੱਧਦੀ ਮਹਿੰਗਾਈ ਨੂੰ ਰੋਕਣ ਲਈ ਸਕੀਮ ਵਰਕਰਾਂ ਨੂੰ ਘੱਟੋ ਘੱਟ ਵੇਦ ਪ੍ਰਾਪਤ ਕਰਨ ਲਈ ਠੇਕੇਦਾਰੀ ਸਿਸਟਮ ਨੂੰ ਰੱਦ ਕਰਨ 'ਤੇ ਆਉਟਸੋਰਸਿੰਗ ਤੋਂ ਕੰਮ ਲੈਣਾ ਬੰਦ ਕੀਤਾ ਜਾਵੇ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਕੋਰਟਾਂ ਦੇ ਫ਼ੈਸਲੇ ਲਾਗੂ ਕਰਨ ਲਈ 20/5/2025 ਨੂੰ ਦੇਸ਼ ਵਿਆਪੀ ਹੜਤਾਲ ਕੀਤੀ ਜਾਵੇਗੀ ।ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੀਟੂ ਜ਼ਿਲ੍ਹਾ ਪਟਿਆਲਾ ਦੇ ਸਕੱਤਰ ਕਾਮਰੇਡ ਗੁਰਨਾਮ ਸਿੰਘ ਘਨੌਰ ਨੇ ਕਿਹਾ ਕਿ 20/5/2025 ਦੀ ਹੜਤਾਲ ਨੂੰ ਸਫਲ ਕਰਨ ਲਈ ਪੰਜ ਹਜ਼ਾਰ ਹੈਂਡ ਬਿਲ ਕੱਢਿਆ ਜਾਵੇਗਾ ਤੇ ਸਾਰੇ ਮਜ਼ਦੂਰਾਂ ਨੂੰ ਸ਼ਾਮਲ ਕੀਤਾ ਜਾਵੇਗਾ ਹੋਰਨਾਂ ਤੋਂ ਇਲਾਵਾ ਨੈਬ ਸਿੰਘ ਲੋਚਦਾ, ਸੁਨੀਲ ਕੁਮਾਰ, ਬਲਵਾਨ ਸਿੱਖ, ਕਰਨੈਲ ਬੁਗਾ, ਜੈ ਰਾਮ, ਜਰਨੈਲ ਸਿੰਘ ਘਨੌਰ, ਰਾਜ ਕੌਰ ਤੇ ਮਾਇਆ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਹੜਤਾਲ ਨੂੰ ਸਫਲ ਕਰਨ ਦੀ ਅਪੀਲ ਕੀਤੀ।

## 'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਥੀਏਟਰ ਮੁਹਿੰਮ ਤਹਿਤ 'ਨਟਾਸ' ਨੇ ਨਾਟਕ ਮੇਲਾ ਕਰਵਾਇਆ

ਪਟਿਆਲਾ, 13 ਅਪ੍ਰੈਲ (ਚ.ਨ.ਸ.) : ਪਟਿਆਲਾ ਡਿਪਟੀ ਕਮਿਸ਼ਨਰ ਡਾ: ਪ੍ਰੀਤੀ ਯਾਦਵ ਆਈ.ਏ.ਐਸ. ਵੱਲੋਂ ਮਿਲੀ ਪ੍ਰੇਰਣਾ ਸਦਕਾ ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ) ਦਮਪਤੀ ਪਦਮਸ਼੍ਰੀ ਪ੍ਰਾਣ ਸੱਭਰਵਾਲ - ਸਟੇਟ ਅਵਾਰਡੀ ਸ਼੍ਰੀਮਤੀ ਸੁਨੀਤਾ ਸੱਭਰਵਾਲ ਵਲੋਂ ਆਰੰਭੀ 'ਯੁੱਧ ਨਸ਼ਿਆ ਵਿਰੁੱਧ ਜਾਗਰੂਕਤਾ ਥੀਏਟਰ ਮੁਹਿੰਮ' ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਪਰੋਕਤ ਵਿਚਾਰ ਨਟਾਸ ਪ੍ਰਧਾਨ ਗੁਰਬਚਨ ਸਿੰਘ ਕੱਕੜ ਨੇ ਪ੍ਰਗਟ ਕੀਤੇ। ਪਦਮਸ਼੍ਰੀ ਡਾ: ਖੁਸ਼ਦੇਵਾ ਸਿੰਘ ਕੁਸ਼ਟ ਆਸ਼ਰਮ ਵਿਖੇ ਨੈਸ਼ਨਲ ਅਵਾਰਡੀ ਕਰਨਲ ਕਰਮਿੰਦਰ ਸਿੰਘ ਦੀ ਸਰਪਰਸਤੀ ਹੇਠ ਆਯੋਜਿਤ 7ਵੇਂ 'ਯੁੱਧ ਨਸ਼ਿਆ ਵਿਰੁੱਧ' ਨਾਟਕ ਮੇਲੇ ਵਿੱਚ ਫਿਲਮੀ ਹਸਤੀ, ਪ੍ਰਡਿਊਸਰ, ਡਾਇਰੈਕਟਰ, ਅਦਾਕਾਰ, ਲੇਖਕ ਸਵ: ਮਨੋਜ ਕੁਮਾਰ ਨੂੰ ਨਟਾਸ ਅਤੇ ਪ੍ਰਸ਼ੰਸਕਾਂ ਵੱਲੋਂ ਅਜੀਤ ਆਰਟਸ ਵੱਲੋਂ ਬਣਾਏ ਪੋਰਟਰੇਟ 'ਤੇ ਪੁਸ਼ਪਾਂਜਲੀ ਭੇਟ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਸਮਾਗਮ ਦੇ ਮੁੱਖ ਮਹਿਮਾਨ ਨਾਮਵਰ ਸਮਾਜਸੇਵੀ ਸ਼੍ਰੀ ਵਿਨੋਦ ਸ਼ਰਮਾ, ਜਨਰਲ ਸੈਕਟਰੀ ਜਨਹਿੱਤ ਸੰਮਤੀ ਨੂੰ ਅਵਾਰਡ ਆਫ ਆਨਰ, ਮਿਮੈਂਟੋ, ਸ਼ਾਲ, ਬੁੱਕੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਵਿਨੋਦ ਸ਼ਰਮਾ ਨੇ ਨਟਾਸ ਵੱਲੋਂ ਪ੍ਰਧਾਨ ਸ਼੍ਰੀ ਜੀ.ਐਸ. ਕੱਕੜ, ਦਮਪਤੀ ਸੁਨੀਤਾ - ਪ੍ਰਾਣ ਸੱਭਰਵਾਲ, ਮੈਂਬਰਾਂ ਅਤੇ ਕਲਾਕਾਰਾਂ ਵੱਲੋਂ ਪਿਛਲੇ 6 ਦਹਾਕਿਆਂ ਤੋਂ ਨਿਰੰਤਰ ਜਾਰੀ ਸਮਾਜ ਸੇਵਾ - ਸਫਲ ਪੰਜਾਬੀ ਰੰਗਮੰਚ ਲਹਿਰ ਦੀ ਪ੍ਰਸ਼ੰਸਾ ਕੀਤੀ। ਉਹਨਾਂ ਨੇ ਕੁਸ਼ਟ ਆਸ਼ਰਮ ਨੂੰ 2100/- ਰੁਪਏ ਅਤੇ ਨਟਾਸ ਨੂੰ 2000/- ਰੁਪਏ ਕੈਸ਼ ਅਵਾਰਡ ਪ੍ਰਦਾਨ ਕੀਤੇ। ਸੁਨੀਤਾ ਸੱਭਰਵਾਲ ਦੇ ਪਿਆਰ ਸਦਕਾ ਸੱਭਰਵਾਲ ਪਰਿਵਾਰ ਵੱਲੋਂ 2500/- ਰੁਪਏ ਨਕਦ, ਮਿਠਾਈ ਅਤੇ ਨਮਕੀਨ ਆਦਿ ਸਮਗਰੀ ਕੁਸ਼ਟ ਆਸ਼ਰਮ ਨੂੰ ਭੇਟ ਕੀਤੀ ਗਈ। ਸ਼੍ਰੀ ਸੱਭਰਵਾਲ ਨੇ ਉਪਰੋਕਤ ਹਸਤੀਆਂ ਅਤੇ ਕਰਨਲ ਕਰਮਿੰਦਰ ਸਿੰਘ ਜਿਨ੍ਹਾਂ ਵੱਲੋਂ 3000/- ਰੁਪਏ ਹੌਸਲਾ ਅਫ਼ਜ਼ਾਈ ਵਜੋਂ ਪ੍ਰਾਪਤ ਹੋਏ ਹਨ ਦਾ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਨਟਾਸ ਪ੍ਰਧਾਨ ਜੀ.ਐਸ. ਕੱਕੜ ਨੇ ਦੱਸਿਆ ਕਿ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਤਹਿਤ ਹੁਣ ਤੱਕ ਐਸ਼ੀਅਨ ਐਜੂਕੇਸ਼ਨਲ ਇੰਸਟੀਚਿਊਟਸ ਸਰਹਿੰਦ ਰੋਡ, ਨਵੀਂ ਅਨਾਜ ਮੰਡੀ, ਆਈ.ਟੀ.ਆਈ. (ਲੜਕੇ), ਬਿਰਧ ਆਸ਼ਰਮ ਪਿੰਡ ਚੌਰਾ ਸਨੌਰ, ਅਤੇ ਕੁਸ਼ਟ ਆਸ਼ਰਮ ਵਿਚ 'ਯੁੱਧ ਨਸ਼ਿਆ ਵਿਰੁੱਧ' 7 ਨਾਟਕ ਮੇਲੇ ਕੀਤੇ ਜਾ ਚੁੱਕੇ ਹਨ। ਇਸ ਅਵਸਰ 'ਤੇ ਹਾਜ਼ਰ ਸ਼ਖਸੀਅਤਾਂ ਨੇ ਕੁਸ਼ਟ ਆਸ਼ਰਮ ਦੇ ਬਾਨੀ ਪਦਮਸ਼੍ਰੀ ਡਾ: ਖੁਸ਼ਦੇਵਾ ਸਿੰਘ, ਉਹਨਾਂ ਦੇ ਪਰਮ ਮਿੱਤਰ ਮਹਾਨ ਸਮਾਜ ਸੇਵੀ ਸ੍ਰ: ਅਮਰ ਸਿੰਘ ਕੰਬੋਜ ਨੂੰ ਯਾਦ ਕੀਤਾ ਗਿਆ ਅਤੇ ਮ੍ਰਿਤਕ ਅਭਿਨੇਤਰੀ ਵੀਰ ਸਮਰਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਕੁਸ਼ਟ ਨਿਵਾਰਨ ਕਲੋਨੀ ਦੇ ਮੌਜੂਦਾ ਕਰਤਾ ਧਰਤਾ ਕਰਨਲ ਕਰਮਿੰਦਰ ਸਿੰਘ ਵੱਲੋਂ ਕੀਤੇ ਕੁਸ਼ਲ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਗਈ।



## ਪੀ.ਐਮ. ਕਿਸਾਨ ਸਨਮਾਨ ਨਿਧੀ ਯੋਜਨਾ ਦੀਆਂ ਮੁਸ਼ਕਿਲਾਂ ਦੇ ਮੌਕੇ 'ਤੇ ਹੱਲ ਲਈ ਚਲਾਈ ਵਿਸ਼ੇਸ਼ ਮੁਹਿੰਮ : ਡਾ. ਗਿੱਲ



ਭਾਦਸੋਂ, 13 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਭਾਰਤ ਸਰਕਾਰ ਵੱਲੋਂ ਚਲਾਈ ਜਾ ਰਹੀ ਪੀ.ਐਮ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਯਕੀਨੀ ਬਣਾਉਣ ਦੇ ਮਕਸਦ ਨਾਲ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨਾਭਾ ਵੱਲੋਂ ਡਾ. ਜਸਵਿੰਦਰ ਸਿੰਘ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਦੇ ਦਿਸ਼ਾਂ ਨਿਰਦੇਸਾਂ ਅਨੁਸਾਰ ਡਾ. ਜੁਪਿੰਦਰ ਸਿੰਘ ਗਿਲ ਖੇਤੀਬਾੜੀ ਅਫਸਰ ਨਾਭਾ ਦੀ ਯੋਗ ਅਗਵਾਈ ਹੇਠ ਬਲਾਕ ਨਾਭਾ ਦੇ ਵੱਖ-ਵੱਖ ਪਿੰਡਾਂ ਵਿਚ ਪੀ.ਐਮ ਕਿਸਾਨ ਨਿਧੀ ਯੋਜਨਾ ਦੇ ਲਾਭਪਾਤਰੀਆਂ ਦੀ ਈ.ਕੇ.ਵਾਈ.ਸੀ ਅਤੇ ਹੋਰ ਮੁਸਕਿਲਾਂ ਦਾ ਮੌਕੇ ਤੇ ਹੱਲ ਕਰਨ ਲਈ ਸੀ.ਐਸ.ਸੀ ਜ਼ਿਲ੍ਹਾ ਇੰਚਾਰਜ ਜਗਦੀਪ ਸਿੰਘ ਅਤੇ ਵੀ.ਐਲ.ਈਜ ਦੇ ਸਹਿਯੋਗ ਨਾਲ ਕੈਂਪ ਲਗਾਏ ਜਾ ਰਹੇ ਹਨ। ਇਸ ਮੁਹਿੰਮ ਦੇ ਵਿਚ ਖੇਤੀਬਾੜੀ ਵਿਭਾਗ ਨਾਭਾ ਵੱਲੋਂ ਹੁਣ ਤੱਕ ਲਗਭਗ 30-35 ਪਿੰਡਾਂ ਵਿਚ ਕੈਂਪ ਲਗਾ ਦਿਤੇ ਗਏ ਹਨ, ਜਿਸ ਵਿਚ ਖੇਤੀਬਾੜੀ ਵਿਭਾਗ ਨਾਭਾ ਦੇ ਡਾ. ਜਸਪ੍ਰੀਤ ਸਿੰਘ, ਡਾ.ਗਰਿਮਾ ਖੇਤੀਬਾੜੀ ਵਿਕਾਸ ਅਫਸਰ, ਸੁਰਿੰਦਰ ਕੁਮਾਰ, ਨਵਜੋਤ ਕੌਰ ਬੀ.ਟੀ.ਐਮ, ਮਨਜੀਤ ਸਿੰਘ ਜੇ.ਟੀ, ਪਰਮਾ ਕੌਰ ਏ.ਐਸ.ਆਈ. ਜਸਵੀਰ ਦਾਸ ਅਤੇ ਹਰਭਿੰਦਰ ਸਿੰਘ ਏ.ਟੀ.ਐਮ. ਹਾਜ਼ਰ ਹੋਏ। ਇਸ ਤੋਂ ਇਲਾਵਾ ਵੱਖ ਵੱਖ ਸੀ.ਐਸ.ਸੀ ਸੈਂਟਰਾਂ ਦੇ ਵੀ ਐਲ. ਈਜ ਨੇ ਭਾਗ ਲਿਆ। ਜੇਕਰ ਕੋਈ ਲਾਭਪਾਤਰੀ ਇਸ ਸਕੀਮ ਤੋਂ ਵਾਝੇਂ ਹਨ ਤਾਂ ਉਹ ਅਪਣੇ ਨਜਦੀਕੀ ਸੀ.ਐਸ.ਸੀ ਸੈਂਟਰ ਜਾਂ ਦਫਤਰ ਬਲਾਕ ਖੇਤੀਬਾੜੀ ਅਫਸਰ ਨਾਭਾ ਨਾਲ ਸੰਪਰਕ ਕਰ ਸਕਦੇ ਹਨ।

## ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਪਾਤੜਾਂ 'ਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ

ਪਾਤੜਾਂ, 13 ਅਪ੍ਰੈਲ (ਹਰਮਿੰਦਰ ਕਰਤਾਰਪੁਰ): ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਅੱਜ ਅਨਾਜ ਮੰਡੀ ਪਾਤੜਾਂ ਵਿੱਚ ਪਹੁੰਚ ਕੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ। ਇਸ ਮੌਕੇ ਉਹਨਾਂ ਦੇ ਨਾਲ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਅਤੇ ਅਨਾਜ ਮੰਡੀ ਪਾਤੜਾਂ ਦੇ ਪ੍ਰਧਾਨ ਸੰਦੀਪ ਕੁਮਾਰ ਕਾਲਾ ਪ੍ਰਮੁੱਖ ਤੇ ਮੌਜੂਦ ਮੌਜੂਦ ਰਹੇ। ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਸਮੇਂ-ਸਿਰ ਖਰੀਦ ਕੇ ਉਸ ਦੀ ਅਦਾਇਗੀ ਤਰੁੰਤ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾ ਰਹੀ ਹੈ ਤਾਂ ਜੋ ਕਿਸਾਨ ਸਾਉਣੀ ਦੀ ਫਸਲ ਦੀ ਤਿਆਰੀ ਕਰ ਸਕਣ । ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਖਰੀਦੀ ਏਜੰਸੀਆਂ ਨੂੰ ਸਖਤ ਹਦਾਇਤਾਂ ਜਾਰੀ ਕੀਤੀਆਂ



ਗਈਆਂ ਹਨ ਕਿ ਜੇਕਰ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਦਿੱਕਤ ਪੇਸ਼ ਆਈ ਤਾਂ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮਾਰਕਿਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਕਿਹਾ ਕਿ ਸੂਬੇ ਦੀਆਂ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਖ਼ਰੀਦ ਦੇ ਪੁਖਤਾ ਪ੍ਰਬੰਧ ਕਰ ਲੈ ਗਏ ।ਉਨ੍ਹਾਂ ਕਿਸਾਨ ਨੂੰ ਅਪੀਲ ਕੀਤੀ ਉਹ ਆਪਣੀ ਕਣਕ ਚੰਗੀ ਤਰ੍ਹਾਂ ਸੁਕਾ ਕੇ ਹੀ ਮੰਡੀ ਵਿੱਚ ਲੈਣ ਕੇ ਆਉਣ ਤਾਂ ਜੋ ਟਰਾਲੀ ਤੋਂ ਉਤਰਨ ਸਾਰ ਹੀ ਕਣਕ ਦੀ ਖਰੀਦ ਕੀਤੀ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਪ੍ਰਧਾਨ ਪ੍ਰੀਤ ਗਿੱਲ, ਸਰਪੰਚ ਕਰਨੈਲ ਸਿੰਘ ਨਾਮਸੋਤ, ਕੁਲਦੀਪ ਸਿੰਘ ਥਿੰਦ, ਕੌਂਸਲਰ ਕੁਲਦੀਪ ਸਿੰਘ ਬਿੱਟੂ ਬਦੇਸ਼ਾ, ਸਰਪੰਚ ਭੁਪਿੰਦਰ ਸਿੰਘ ਭਿੰਦਾ ਮੋਮੀ, ਸਮਾਜ ਸੇਵੀ ਕੁਨਾਲ ਗੋਇਲ ਇਸ਼ੂ, ਪ੍ਰਧਾਨ ਰਵਿੰਦਰ ਸਿੰਘ ਭਿੰਡਰ, ਸਰਪੰਚ ਹਰਦੀਪ ਸਿੰਘ ਠਰੂਆ , ਸਰਪੰਚ ਹਰਦੀਪ ਸਿੰਘ ਸ਼ਾਹਪੁਰ, ਸਰਪੰਚ ਲਖਵਿੰਦਰ ਸਿੰਘ ਜੰਮੂ ਹਰਚੰਦਪੁਰਾ, ਚੇਅਰਮੈਨ ਲਖਵਿੰਦਰ ਸਿੰਘ ਗਲੌਲੀ, ਸਮਾਜ ਸੇਵੀ ਇਕਵਿੰਦਰ ਸਿੰਘ ਮੱਲੀ, ਸਰਪੰਚ ਮਲਕੀਤ ਸਿੰਘ ਪੜਤਾ, ਸਰਪੰਚ ਮਹਿੰਗਾ ਸਿੰਘ ਸ਼ੁਤਰਾਣਾ, ਬੂਟਾ ਸਿੰਘ ਬਲਾਕ ਪ੍ਰਧਾਨ, ਸਰਪੰਚ ਜਗਸੀਰ ਸਿੰਘ ਰਸੌਲੀ, ਦਵਿੰਦਰ ਸਿੰਘ ਸੇਲਵਾਲਾ ਬਲਾਕ ਪ੍ਰਧਾਨ, ਜਥੇਦਾਰ ਕਾਰਜ ਸਿੰਘ ਬਕਰਾਹਾ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

## ਮੋਟਰਸਾਈਕਲ ਸਵਾਰ ਬਜ਼ੁਰਗ ਔਰਤ ਦਾ ਪਰਸ ਝਪਟ ਕੇ ਫ਼ਰਾਰ

ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ) : ਸ਼ਹਿਰ ਦੇ ਭੀੜ-ਭੜਕੇ ਵਾਲੇ ਸ਼ਰਾਫਾ ਬਜ਼ਾਰ ਵਿਚ ਤਿੰਨ ਮੋਟਰਸਾਈਕਲ ਸਵਾਰ ਨੌਜਵਾਨਾਂ ਸੜਕ 'ਤੇ ਜਾ ਰਹੀ ਇਕ ਬਜ਼ੁਰਗ ਔਰਤ ਦੇ ਹੱਥ ਵਿਚ ਫੜਿਆ ਪਰਸ ਝਪਟ ਕੇ ਫਰਾਰ ਹੋ ਗਏ। ਪੀੜ੍ਹਤ ਗੁਰਮੀਤ ਕੌਰ ਵਾਸੀ ਬਸਤੀ ਗੋਬਿੰਦ ਨਗਰ ਸਮਾਣਾ ਨੇ ਦੱਸਿਆ ਕਿ ਉਹ ਕਪੜੇ ਦੇ ਸ਼ੋਰੂਮ 'ਚੋਂ ਬਾਹਰ ਨਿਕਲ ਕੇ ਬਜ਼ਾਰ ਵਿਚ ਜਾ ਰਹੇ ਸਨ, ਤਾਂ ਪਿੱਛੋਂ ਆਏ ਇਕ ਮੋਟਰਸਾਈਕਲ ਤੇ ਸਵਾਰ ਤਿੰਨ ਨੌਜਵਾਨਾਂ ਨੇ ਉਸ ਦਾ ਪਰਸ ਝਪਟ ਲਿਆ ਤੇ ਫਰਾਰ ਹੋ ਗਏ, ਜਿਸ ਦੀ ਸੂਚਨਾ ਉਨ੍ਹਾਂ ਸਿਟੀ ਪੁਲਸ ਨੂੰ ਦਿੱਤੀ ਤੇ ਦੱਸਿਆ ਕਿ ਉਸ ਵਿਚ ਨਗਦੀ ਤੇ ਦੋ ਮੋਬਾਇਲ ਫੋਨ ਸਨ।

## ਪੁਨੀਤ ਗੋਇਲ ਦੀ 8ਵੀਂ ਕਿਤਾਬ 'ਸੋਚ' ਕਹਾਣੀ ਸੰਗ੍ਰਹਿ ਦਾ ਵਿਮੋਚਨ



ਪਟਿਆਲਾ, 13 ਅਪ੍ਰੈਲ (ਚ.ਨ.ਸ.) : ਪੁਨੀਤ ਗੋਇਲ ਦੀ 8ਵੀਂ ਕਿਤਾਬ 'ਸੋਚ' ਕਹਾਣੀ ਸੰਗ੍ਰਹਿ ਦਾ ਵਿਮੋਚਨ ਅਤੇ ਕਵੀ ਸੰਮੇਲਨ ਸਾਹਿਤ ਕਲਸ਼ ਪਟਿਆਲਾ ਵੱਲੋਂ ਗ੍ਰੀਨ ਵੈੱਲ ਅਕੈਡਮੀ ਪਟਿਆਲਾ ਦੇ ਵਿਹੜੇ ਵਿੱਚ ਆਯੋਜਿਤ ਕੀਤਾ ਗਿਆ। ਦਿਨੇਸ਼ ਸੂਦ, ਪਵਨ ਗੋਇਲ, ਨਵੀਨ ਕਮਲ ਭਾਰਤੀ, ਤ੍ਰਿਲੋਕ ਸਿੰਘ ਢਿੱਲੋਂ, ਡਾ. ਅਨੀਸ਼ਾ ਅੰਗਰਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਾਹਿਤ ਕਲਸ਼ ਦੇ ਸੰਸਥਾਪਕ ਸਾਗਰ ਸੂਦ ਸੰਜੇ ਨੇ ਵੀ ਸਟੇਜ ਸਾਂਝੀ ਕੀਤੀ। ਵਰਿੰਦਰ ਕੌਰ ਨੇ ਮੰਚ ਸੰਚਾਲਨ ਬਹੁਤ ਵਧੀਆ ਢੰਗ ਨਾਲ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾਉਣ ਨਾਲ ਹੋਈ, ਜਿਸ ਤੋਂ ਬਾਅਦ ਸਰਸਵਤੀ ਵੰਦਨਾ ਦਾ ਗਾਇਨ ਕੀਤਾ ਗਿਆ। ਸੈਮੀਨਾਰ ਦਾ ਉਦਘਾਟਨ ਖੁਸ਼ਪ੍ਰੀਤ ਕੌਰ ਨੇ ਕੀਤਾ, ਇਸ ਤੋਂ ਬਾਅਦ ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ ਅਤੇ ਵਿਸ਼ਵਜੀਤ ਨੇ ਆਪਣੀ ਸੁੰਦਰ ਰਚਨਾ ਨਾਲ ਸਾਰਿਆਂ ਨੂੰ ਮੰਤਰਮੁਗਧ ਕਰ ਦਿੱਤਾ। ਪ੍ਰਸਿੱਧ ਹਾਸ-ਰਸ ਕਵੀ ਬਜਿੰਦਰ ਠਾਕੁਰ ਨੇ ਆਪਣੀਆਂ ਹਾਸ-ਰਸ ਕਵਿਤਾਵਾਂ ਨਾਲ ਇਕੱਠ ਵਿੱਚ ਜਾਨ ਪਾ ਦਿੱਤੀ। ਵਿਜੇ ਕੁਮਾਰ ਨੇ ਬਹੁਤ ਹੀ ਸੁੰਦਰ ਕਵਿਤਾ ਸੁਣਾਈ। ਸਤੀਸ਼ ਵਿਦਰੋਹੀ ਨੇ ਆਪਣੀ ਪੁਆਧੀ ਭਾਸ਼ਾ ਵਿੱਚ ਇੱਕ ਬਹੁਤ ਹੀ ਸੁੰਦਰ ਰਚਨਾ ਸੁਣਾਈ। ਇਸ ਤੋਂ ਬਾਅਦ, ਸਾਹਿਤ ਕਲਸ਼ ਪਰਿਵਾਰ ਦੀ ਮੁੱਖ ਮੈਂਬਰ, ਕਵਿੱਤਰੀ ਸ਼੍ਰੀਮਤੀ ਪੁਨੀਤ ਗੋਇਲ ਦੀ ਅੱਠਵੀਂ ਕਿਤਾਬ 'ਸੋਚ' (ਕਹਾਣੀ ਸੰਗ੍ਰਹਿ) ਦਾ ਵਿਮੋਚਨ ਕੀਤਾ ਗਿਆ। ਆਏ ਸਾਰੇ ਸਾਹਿਤਕਾਰਾਂ ਨੇ ਪੁਨੀਤ ਗੋਇਲ ਨੂੰ ਉਨ੍ਹਾਂ ਦੀ ਨਵੀਂ ਕਿਤਾਬ ਲਈ ਵਧਾਈ ਦਿੱਤੀ। ਪੁਨੀਤ ਗੋਇਲ ਨੇ ਸਾਰਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕੁਝ ਸ਼ਬਦਾਂ ਦੇ ਨਾਲ ਨਾਲ ਆਪਣੀ ਇੱਕ ਰਚਨਾ ਪੇਸ਼ ਕੀਤੀ। ਇਨ੍ਹਾਂ ਤੋਂ ਇਲਾਵਾ ਮੰਜੂ ਅਰੋੜਾ, ਕੁਲਵਿੰਦਰ ਕੁਮਾਰ, ਅੰਮ੍ਰਿਤ ਪਾਲ ਕੌਫੀ, ਤ੍ਰਿਲੋਕ ਢਿੱਲੋਂ, ਡਾ. ਅਨੀਸ਼ਾ ਅੰਗਰਾ ਨੇ ਆਪਣੀਆਂ ਰਚਨਾਵਾਂ ਨਾਲ ਸਾਰਿਆਂ ਨੂੰ ਮੋਹਿਤ ਕੀਤਾ। ਨਵੀਨ ਕਮਲ ਭਾਰਤੀ ਨੇ ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਇੱਕ ਬਹੁਤ ਹੀ ਸੁੰਦਰ ਗ਼ਜ਼ਲ ਵੀ ਪੇਸ਼ ਕੀਤੀ। ਪਵਨ ਗੋਇਲ ਨੇ ਆਪਣੀਆਂ ਭਾਵਨਾਵਾਂ ਕਵਿਤਾ ਰਾਹੀਂ ਪੇਸ਼ ਕੀਤੀਆਂ ਅਤੇ ਦਿਨੇਸ਼ ਸੂਦ ਨੇ ਵੀ ਆਪਣੇ ਵਿਚਾਰ ਸਰੋਤਿਆਂ ਨਾਲ ਸਾਂਝੇ ਕੀਤੇ। ਲੇਖਕਾਂ ਨੇ ਆਪਣੀਆਂ ਰਚਨਾਵਾਂ ਰਾਹੀਂ ਮਾਹੌਲ ਨੂੰ ਕਾਵਿਕ ਸਾਰ ਨਾਲ ਪੂਰੀ ਤਰ੍ਹਾਂ ਭਰ ਦਿੱਤਾ। ਇਸ ਤੋਂ ਬਾਅਦ ਸਾਹਿਤ ਕਲਸ਼ ਦੇ ਸ਼ਸ਼ੀ ਸੂਦ ਅਤੇ ਪੁਨੀਤ ਗੋਇਲ ਨੇ ਲੋੜਵੰਦ ਵਿਦਿਆਰਥੀਆਂ ਨੂੰ ਕਾਪੀਆਂ ਵੰਡੀਆਂ। ਹਮੇਸ਼ਾ ਵਾਂਗ, ਸਾਹਿਤ ਕਲਸ਼ ਪਰਿਵਾਰ ਦੇ ਮੈਂਬਰਾਂ ਦਾ ਜਨਮਦਿਨ ਕੇਕ ਕੱਟ ਕੇ ਮਨਾਇਆ ਗਿਆ।

## ਪਸ਼ੂਆਂ ਨੂੰ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਉਣ ਲਈ 15 ਤੋਂ ਸ਼ੁਰੂ ਕੀਤੀ ਜਾਵੇਗੀ ਟੀਕਾਕਰਨ ਮੁਹਿੰਮ

ਪਟਿਆਲਾ, 13 ਅਪ੍ਰੈਲ (ਚ.ਨ.ਸ.) :ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਵਿਭਾਗ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਸ.ਗੁਰਮੀਤ ਸਿੰਘ ਖੁੱਡੀਆਂ ਦੀ ਰਹਿਨੁਮਾਈ ਹੇਠ ਅਤੇ ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਸ੍ਰੀ ਰਾਹੁਲ ਭੰਡਾਰੀ (ਆਈ.ਏ.ਐਸ) ਦੇ ਦਿਸ਼ਾ ਨਿਰਦੇਸ਼ਾਂ ਤੇ ਡਾਇਰੈਕਟਰ, ਪਸ਼ੂ ਪਾਲਣ ਵਿਭਾਗ ਪੰਜਾਬ ਡਾ. ਗੁਰਸ਼ਰਨਜੀਤ ਸਿੰਘ ਬੇਦੀ ਦੀ ਅਗਵਾਈ ਹੇਠ ਸੂਬੇ ਵਿੱਚ ਮੂੰਹ-ਖੁਰ ਬਿਮਾਰੀ ਦੇ ਖ਼ਾਤਮੇ ਵਾਸਤੇ ਮੂੰਹ-ਖੁਰ ਟੀਕਾਕਰਨ ਮੁਹਿੰਮ ਦੀ 15 ਅਪ੍ਰੈਲ ਤੋਂ ਸ਼ੁਰੂਆਤ ਕੀਤੀ ਜਾ ਰਹੀ ਹੈ, ਜੋ 30 ਅਪ੍ਰੈਲ ਤੱਕ ਜਾਰੀ ਰਹੇਗੀ। ਇਸ ਲੜੀ ਵਿੱਚ ਪਸ਼ੂਆਂ ਵਿੱਚ ਬਿਮਾਰੀ ਤੋਂ ਲੜਨ ਦੀ ਇਮਿਊਨਿਟੀ ਬਣਾਉਣ ਵਾਸਤੇ ਪੰਜਾਬ ਸਰਕਾਰ ਵੱਲੋਂ ਪਸ਼ੂ ਭਲਾਈ ਦੇ ਕੰਮ ਲਈ ਵੱਡਾ ਕਦਮ ਚੁੱਕਦੇ ਹੋਏ ਜ਼ਿਲ੍ਹੇ ਵਿੱਚ ਪਸ਼ੂਆਂ ਨੂੰ ਡੀਵਾਰਮਿੰਗ ਪੇਟ ਦੇ ਕੀੜਿਆਂ ਤੋਂ ਰਹਿਤ ਕਰਨ ਦੇ ਲਈ ਡੀਵਾਰਮਿੰਗ ਦਾ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਘਰ-ਘਰ ਜਾ ਕੇ ਹਰ ਪਸ਼ੂ ਪਾਲਕ ਨੂੰ ਪਸ਼ੂ ਪਾਲਣ ਵਿਭਾਗ ਵੱਲੋਂ ਡੀਵਰਮਿੰਗ ਦੀਆਂ ਗੋਲੀਆਂ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਪਟਿਆਲਾ ਡਾ. ਗੁਰਦਰਸ਼ਨ ਸਿੰਘ ਨੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਹੈ ਕਿ ਡੀਵਾਰਮਿੰਗ ਦੀਆਂ ਗੋਲੀਆਂ ਪਸ਼ੂਆਂ ਨੂੰ ਤੁਰੰਤ ਦੇ ਦੇਣ, ਜਿਸ ਨਾਲ ਪਸ਼ੂ ਪੇਟ ਦੇ ਕੀੜਿਆਂ ਤੋਂ ਰਹਿਤ ਹੋ ਜਾਣ ਤਾਂ ਜੋ ਮੂੰਹ-ਖੁਰ ਬਿਮਾਰੀ ਦੀ ਰੋਕਥਾਮ ਲਈ ਲਗਾਏ ਜਾ ਰਹੇ ਟੀਕਿਆਂ ਦਾ ਅਸਰ ਵੱਧ ਤੋਂ ਵੱਧ ਪ੍ਰਭਾਵਸ਼ਾਲੀ ਬਣ ਸਕੇ।



# ਪਟਿਆਲਾ-ਆਸ/ਪਾਸ



## ਡਾ. ਬਲਬੀਰ ਸਿੰਘ ਵੱਲੋਂ ਖ਼ਾਲਸਾ ਸਾਜਨਾ ਦਿਵਸ ਤੇ ਵਿਸਾਖੀ ਮੌਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਹੋਣ ਦਾ ਸੱਦਾ

### ਸਿਹਤ ਮੰਤਰੀ ਵਿਸਾਖੀ ਮੌਕੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਹੋਏ ਨਤਮਸਤਕ



ਪਟਿਆਲਾ/ਨਾਭਾ/ਭਾਦਸੋਂ, 13 ਅਪ੍ਰੈਲ (ਰੁਪਾਣਾ/ਚੌਧਰੀਮਾਜਰਾ/ਭਰਪੂਰ ਸਿੰਘ ਮੱਟਰਾਂ) : ਪੰਜਾਬ ਦੇ ਮੈਡੀਕਲ ਸਿੱਖਿਆ ਤੇ ਖੋਜ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅੱਜ ਖ਼ਾਲਸਾ ਸਿਰਜਣਾ ਦਿਵਸ ਅਤੇ ਵਿਸਾਖੀ ਦੇ ਦਿਹਾੜੇ ਮੌਕੇ ਪਟਿਆਲਾ ਦਿਹਾਤੀ ਹਲਕੇ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਇਸ ਪਵਿੱਤਰ ਦਿਹਾੜੇ ਮੌਕੇ ਪੰਜਾਬ ਦੀ ਚੜ੍ਹਦੀਕਲਾ ਦੀ ਅਰਦਾਸ ਕੀਤੀ ਅਤੇ ਸਮੂਹ ਪੰਜਾਬੀਆਂ ਨਸ਼ਿਆਂ ਵਿਰੁੱਧ ਲਾਮਬੰਦ ਹੋਣ ਦਾ ਸੱਦਾ ਦਿੰਦਿਆਂ ਵਾਤਾਵਰਨ ਦੀ ਸੰਭਾਲ ਲਈ ਵੀ ਅੱਗੇ ਆਉਣ ਲਈ ਆਖਿਆ। ਸਿਹਤ ਮੰਤਰੀ ਪਹਿਲਾਂ ਨਾਭਾ ਨੇੜਲੇ ਪਿੰਡ ਰੋਹਟਾ ਸਾਹਿਬ ਵਿਖੇ 9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਗੁਰਦੁਆਰਾ ਰੋਹਟਾ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਇੱਥੇ ਘੱਗਰ ਬ੍ਰਾਂਚ ਨਹਿਰ 'ਤੇ ਪਟਿਆਲਾ-ਨਾਭਾ ਰੋਡ ਤੋਂ ਨਾਭਾ ਗੋਬਿੰਦਗੜ੍ਹ ਰੋੜ ਵਾਇਆ ਰੋਹਟਾ ਸਾਹਿਬ ਆਰ.ਡੀ. 2.80 ਕਿਲੋਮੀਟਰ 'ਤੇ 174.25 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਨਵੇਂ ਪੁੱਲ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਦੱਸਿਆ ਕਿ ਇਸ ਨਵੇਂ ਪੁੱਲ ਦਾ ਇੱਥੇ ਇਲਾਕੇ ਦੇ ਵਸਨੀਕਾਂ ਤੇ ਗੁਰਦੁਆਰਾ ਸਾਹਿਬ ਆਉਣ ਵਾਲੀ ਸੰਗਤ ਸਮੇਤ ਹੋਰ ਰਾਹਗੀਰਾਂ ਨੂੰ ਲਾਭ ਹੋਵੇਗਾ। ਇਸ ਉਪਰੰਤ ਉਨ੍ਹਾਂ ਨੇ ਫ਼ਕੀਰੋਂ ਕੇ ਬਖ਼ਸ਼ਿਸ਼ ਏ ਤਖ਼ਤ ਪ੍ਰਾਚੀਨ ਗੁਰਦੁਆਰਾ ਤਪ ਅਸਥਾਨ ਸੰਤ ਬਾਵਾ ਪੂਰਨ ਦਾਸ ਜੀ ਰੋੜੇਵਾਲ ਸਾਹਿਬ ਵਿਖੇ ਮੱਥਾ ਟੇਕਿਆ। ਉਨ੍ਹਾਂ ਨੇ ਪਿੰਡ ਕਿਸ਼ਨਗੜ੍ਹ ਦੇ ਗੁਰਦੁਆਰਾ ਸਾਹਿਬ ਸਮੇਤ ਪਟਿਆਲਾ ਦੀ ਇੰਦਰਾ ਕਲੋਨੀ ਸਥਿਤ ਗੁਰਦੁਆਰਾ ਸਾਹਿਬ ਵਿਖੇ ਵੀ ਸੰਗਤ ਨੂੰ ਖ਼ਾਲਸਾ ਸਾਜਨਾ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਵਿਸਾਖੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਡਾ. ਬਲਬੀਰ ਸਿੰਘ ਨੇ ਪੰਜਾਬ ਵਾਸੀਆਂ ਸਮੇਤ ਦੇਸ਼-ਵਿਦੇਸ਼ 'ਚ ਵੱਸਦੇ ਪੰਜਾਬੀਆਂ ਨੂੰ ਵਿਸਾਖੀ ਦੀ ਵਧਾਈ ਦਿੰਦਿਆਂ ਕਿਹਾ ਕਿ ਇਸ ਦਿਹਾੜੇ ਦਾ ਧਾਰਮਿਕ, ਸਮਾਜਿਕ ਤੇ ਇਤਿਹਾਸਕ ਤੌਰ 'ਤੇ ਬਹੁਤ ਮਹੱਤਵ ਹੈ, ਕਿਉਂਕਿ ਇਸ ਦਿਨ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿਖੇ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਸੀ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਪਿੰਡਾਂ ਸਮੇਤ ਨੇੜੇ-ਤੇੜੇ ਖਾਲੀ ਪਈਆਂ ਥਾਵਾਂ ਵਿਖੇ ਵੱਧ ਤੋਂ ਵੱਧ ਫ਼ਲਦਾਰ ਤੇ ਛਾਂਦਾਰ ਰੁੱਖ ਵੀ ਲਗਾਉਣੇ ਚਾਹੀਦੇ ਹਨ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਖ਼ਾਲਸਾ ਪੰਥ ਨੇ ਹਮੇਸ਼ਾ ਜ਼ਬਰ-ਜ਼ੁਲਮ ਦਾ ਟਾਕਰਾ ਕੀਤਾ ਅਤੇ ਗਰੀਬ ਤੇ ਲਤਾੜੇ ਲੋਕਾਂ ਦੀ ਰੱਖਿਆ ਕੀਤੀ। ਉਨ੍ਹਾਂ ਕਿਹਾ ਕਿ ਵਿਸਾਖੀ ਫ਼ਸਲਾਂ ਪੱਕਣ ਦੀ ਖੁਸ਼ੀ 'ਚ ਮਨਾਇਆ ਜਾਣ ਵਾਲਾ ਤਿਉਹਾਰ ਹੈ, ਜਿਸ ਨਾਲ ਸਾਡੇ ਕਿਰਤੀਆਂ, ਕਿਸਾਨਾਂ ਤੇ ਆਰਥਿਕਤਾ ਨੂੰ ਹੁਲਾਰਾ ਮਿਲਦਾ ਹੈ। ਇਸ ਦੌਰਾਨ ਗੁਰਦੁਆਰਾ ਰੋੜੇਵਾਲ ਸਾਹਿਬ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਗੁਰਚਰਨ ਸਿੰਘ ਦੀ ਅਗਵਾਈ ਹੇਠ ਸਿਹਤ ਮੰਤਰੀ ਦਾ ਸਨਮਾਨ ਕੀਤਾ ਗਿਆ। ਸਮਾਗਮ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ, ਜਸਬੀਰ ਸਿੰਘ ਗਾਂਧੀ, ਐਡਵੋਕੇਟ ਰਾਹੁਲ ਸੈਣੀ, ਹਰੀ ਚੰਦ ਬਾਂਸਲ, ਐਡਵੋਕੇਟ ਸਤਬੀਰ ਸਿੰਘ ਖਟੜਾ ਵੀ ਮੌਜੂਦ ਸਨ, ਜਦੋਂਕਿ ਗੁਰਦੁਆਰਾ ਰੋਹਟਾ ਸਾਹਿਬ ਵਿਖੇ ਹਜ਼ੂਰੀ ਰਾਗੀ ਭਾਈ ਜਗਜੀਤ ਸਿੰਘ ਸੰਗਤਪੁਰਾ, ਕਥਾਵਾਚਕ ਬਲਵਿੰਦਰ ਸਿੰਘ ਨਾਭਾ, ਹੈਡਗ੍ਰੰਥੀ ਭਾਈ ਸੁਖਪਾਲ ਸਿੰਘ, ਮੈਨੇਜਰ ਅਮਰੀਕ ਸਿੰਘ, ਪ੍ਰਧਾਨ ਰਣਜੀਤ ਸਿੰਘ, ਤੇਜਿੰਦਰ ਸਿੰਘ ਤੇਜੀ, ਪ੍ਰੀਤਮ ਸਿੰਘ ਮਾਨ ਰੋਹਟੀ ਬਸਤਾ, ਗੁਰਦੀਪ ਸਿੰਘ ਮਾਨ, ਰਘਬੀਰ ਸਿੰਘ ਰੋਹਟੀ ਮੌੜਾਂ, ਦਰਸ਼ਨ ਸਿੰਘ, ਪੰਚ ਸਰਬਜੀਤ ਸਿੰਘ, ਸਰਪੰਚ ਲਖਵਿੰਦਰ ਸਿੰਘ ਲੱਖੀ, ਜੋਰਾ ਸਿੰਘ ਰੋਹਟੀ ਮੌੜਾਂ, ਗੁਰਦਿੱਤ ਸਿੰਘ ਰੋਹਟਾ ਸਮੇਤ ਵੱਡੀ ਗਿਣਤੀ ਸੰਗਤ ਤੇ ਹੋਰ ਪਤਵੰਤੇ ਮੌਜੂਦ ਸਨ।

## ਵਿਸਾਖੀ ਜੋੜ ਮੇਲ ਮੌਕੇ ਖ਼ਾਲਸਾ ਸਾਜਨਾ ਦਿਵਸ ਮਨਾਉਣ ਪੁੱਜੀਆਂ ਸੰਗਤਾਂ ਨੇ ਨਿਵਾਇਆ ਸੀਸ

### ☛ਸੰਗਤਾਂ ਨੇ ਗੁਰੂ ਘਰ ਪਵਿੱਤਰ ਸਰੋਵਰ 'ਚ ਕੀਤਾ ਇਸ਼ਨਾਨ



ਪਟਿਆਲਾ, 13 ਅਪ੍ਰੈਲ (ਰੁਪਾਣਾ/ਅਮਰਜੀਤ/ਵਿਨੋਦ ਸ਼ਰਮਾ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਵਿਸਾਖੀ ਦੇ ਸਾਲਾਨਾ ਜੋੜ ਮੇਲ ਮੌਕੇ ਖ਼ਾਲਸਾ ਸਾਜਨਾ ਦਿਵਸ ਸੰਗਤਾਂ ਨੇ ਗੁਰੂ ਘਰ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀਵਾਨ ਹਾਲ ਵੀ ਪਾਏ ਅਤੇ ਹਜ਼ੂਰੀ ਰਾਗੀ ਕੀਰਤਨੀ ਜੱਥਿਆਂ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਸਰਵਣ ਕਰਕੇ ਨਿਹਾਲ ਕੀਤਾ। ਪਵਿੱਤਰ ਦਿਹਾੜੇ ਮੌਕੇ ਸੰਗਤਾਂ ਨੇ ਗੁਰਦੁਆਰਾ ਸਾਹਿਬ ਦੇ ਪਵਿੱਤਰ ਸਰੋਵਰ 'ਚ ਇਸ਼ਨਾਨ ਕੀਤਾ ਅਤੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪੰਗਤ ਸੰਗਤ ਕਰਕੇ ਹਾਸਲ ਕੀਤੀਆਂ। ਇਸ ਮੌਕੇ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਮਾਨਵਤਾ ਦੇ ਕਲਿਆਣ ਦੀ ਅਰਦਾਸ ਕੀਤੀ ਅਤੇ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਇਸ ਦੌਰਾਨ ਦੀਵਾਨ ਹਾਲ ਵਿਖੇ ਸਜਾਏ ਦੀਵਾਨਾਂ 'ਚ ਉਚੇਚੇ ਤੌਰ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪੁੱਜੇ ਹੋਏ ਸਨ। ਦੀਵਾਨ ਹਾਲ ਵਿਖੇ ਚੱਲ ਰਹੇ ਧਾਰਮਕ ਦੀਵਾਨਾਂ ਵਿਚ ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ ਆਦਿ ਉਚੇਚੇ ਤੌਰ 'ਤੇ ਸ਼ਾਮਲ ਸਨ। ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੰਗਤਾਂ ਨੂੰ ਖਾਲਸੇ ਪੰਥ ਦੇ ਸਿਰਜਣਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਖਾਲਸਾ ਪੰਥ ਦੇ ਸਾਜਨਾ ਦਿਹਾੜੇ ਦੀ ਇਤਿਹਾਸ ਅੰਦਰ ਵੱਡੀ ਮਹਾਨਤਾ ਹੈ ਅਤੇ ਗੁਰੂ ਸਾਹਿਬ ਨੇ ਸਮੁੱਚੀ ਲੋਕਾਈ ਨੂੰ ਵੱਡਮੁੱਲਾ ਅਤੇ ਵਿਲੱਖਣ ਸਿਧਾਂਤ ਖਾਲਸਾ ਪੰਥ ਦੇ ਰੂਪ ਵਿਚ ਦਿੱਤਾ, ਅੱਜ ਲੋੜ ਹੈ ਗੁਰੂ ਸਾਹਿਬ ਸਾਜੇ ਨਿਵਾਜੇ ਖਾਲਸਾ ਪੰਥ ਦੇ ਸਿਧਾਂਤ ਨੂੰ ਆਪਣੇ ਜੀਵਨ ਵਿਚ ਧਾਰਨ ਕਰੀਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ ਨੇ ਪੁੱਜੀਆਂ ਸਖਸ਼ੀਅਤਾਂ ਦਾ ਧੰਨਵਾਦ ਵੀ ਕੀਤਾ ਅਤੇ ਪੁੱਜੀਆਂ ਸਖਸ਼ੀਅਤਾਂ ਨੂੰ ਸਿਰੋਪਾਓ ਦੀ ਬਖਸ਼ਿਸ਼ ਕੀਤੀ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ, ਮੀਤ ਮੈਨੇਜਰ ਭਾਗ ਸਿੰਘ ਚੌਹਾਨ, ਮਨਦੀਪ ਸਿੰਘ ਭਲਵਾਨ, ਆਤਮ ਪ੍ਰਕਾਸ਼ ਸਿੰਘ ਬੇਦੀ, ਅਕਾਊਂਟੈਂਟ ਗੁਰਮੀਤ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਤਰਸਵੀਰ ਸਿੰਘ, ਭਾਈ ਹਜ਼ੂਰ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

### ਖ਼ਾਲਸੇ ਦੇ ਜਨਮ ਦਿਹਾੜੇ ਮੌਕੇ 212 ਪ੍ਰਾਣੀਆਂ ਨੇ ਲਈ ਅੰਮ੍ਰਿਤ ਦੀ ਦਾਤ

-ਗੁਰਦੁਆਰਾ ਸਾਹਿਬ ਦੀਵਾਨ ਹਾਲ ਵਿਖੇ ਖਾਲਸਾ ਸਿਰਜਨਾ ਦਿਵਸ ਮੌਕੇ ਪੰਜ ਪਿਆਰਿਆਂ ਪਾਸੋਂ 212 ਦੇ ਕਰੀਬ ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਹਾਸਲ ਕੀਤੀ। ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਵਾਲਿਆਂ 'ਚ ਮਹਿਲਾਵਾਂ, ਬਜ਼ੁਰਗ, ਨੌਜਵਾਨ, ਬੱਚੇ ਆਦਿ ਸ਼ਾਮਲ ਸਨ, ਜਿਨ੍ਹਾਂ ਨੇ ਗੁਰੂ ਆਸ਼ੇ ਅਨੁਸਾਰ ਚੱਲਣ ਦਾ ਸੰਕਲਪ ਲਿਆ। ਇਸ ਮੌਕੇ ਪੰਜ ਪਿਆਰਿਆਂ ਨੇ ਅੰਮ੍ਰਿਤ ਦੀ ਦਾਤ ਹਾਸਲ ਕਰਨ ਵਾਲਿਆਂ ਨੂੰ ਰਹਿਤ ਮਰਿਆਦਾ, ਨਾਮ ਸਿਮਰਨ ਨੂੰ ਆਪਣੀ ਜੀਵਨ ਜਾਂਚ ਦਾ ਹਿੱਸਾ ਬਣਾਉਣ ਲਈ ਪ੍ਰੇਰਿਆ।

## ਸਪੀਕਰ ਸੰਧਵਾਂ ਵੱਲੋਂ ਨਾਭਾ ਵਿਖੇ 6 ਕਰੋੜ ਦੀ ਲਾਗਤ ਨਾਲ ਉਸਾਰੇ ਵਿਸ਼ਵਕਰਮਾ ਭਵਨ ਦਾ ਉਦਘਾਟਨ



ਨਾਭਾ, 13 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਨਾਭਾ ਵਿਖੇ 6 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਨਿਵੇਕਲੇ ਵਿਸ਼ਵਕਰਮਾ ਭਵਨ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਕਿਹਾ ਕਿ ਅੱਜ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਜੱਸਾ ਰਾਮਗੜ੍ਹੀਆ ਦੇ ਵਾਰਸ ਭਾਈਚਾਰੇ ਵੱਲੋਂ ਲੋਕਾਂ ਲਈ ਦਿੱਤੇ ਗਏ ਇਸ ਤੋਹਫ਼ੇ ਲਈ ਸਮੂਹ ਨਾਭਾ ਨਿਵਾਸੀਆਂ ਨੂੰ ਵਧਾਈ ਦਿੱਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਵਿਸ਼ਵਕਰਮਾ ਭਾਈਚਾਰੇ ਨੂੰ ਇਕ ਲੋਕ ਭਲਾਈ ਦਾ ਕਾਰਜ ਕਰਨ ਲਈ ਵਧਾਈ ਦਿੰਦਿਆਂ ਦੱਸਿਆ ਕਿ ਇਸ ਭਵਨ ਵਿਖੇ ਨਾਮਾਤਰ ਲਾਗਤ 'ਤੇ ਲੋੜਵੰਦ ਤੇ ਗਰੀਬ ਲੋਕ ਆਪਣੇ ਬੱਚਿਆਂ ਦੀਆਂ ਵਿਆਹ ਸ਼ਾਦੀਆਂ ਕਰ ਸਕਣਗੇ ਅਤੇ ਆਮ ਲੋਕ ਇਥੇ ਕੋਈ ਵੀ ਖੁਸ਼ੀ ਗਮੀ ਦੇ ਸਮਾਗਮ ਵੀ ਕਰਵਾ ਸਕਣਗੇ, ਜਿਸ ਕਰਕੇ ਇਲਾਕੇ ਦੇ ਲੋਕਾਂ ਲਈ ਇਸ ਵਿਸ਼ਵਕਰਮਾ ਭਵਨ ਦਾ ਬਹੁਤ ਲਾਭ ਹੋਵੇਗਾ। ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਰਾਮਗੜ੍ਹੀਆ ਭਾਈਚਾਰੇ ਦਾ ਸੂਬੇ ਦੀ ਤਰੱਕੀ ਤੇ ਉਦਯੋਗਿਕ ਵਿਕਾਸ ਸਮੇਤ ਏਕਤਾ ਨੂੰ ਮਜਬੂਤ ਕਰਨ ਵਿੱਚ ਬਹੁਤ ਵੱਡਾ ਯੋਗਦਾਨ ਹੈ ਅਤੇ ਇਸ ਭਾਈਚਾਰੇ ਨੇ ਨਾਭਾ ਵਿਖੇ ਸ਼ਾਨਦਾਰ ਵਿਸ਼ਵਕਰਮਾ ਭਵਨ ਦੀ ਉਸਾਰੀ ਕਰਵਾ ਕੇ ਭਾਈਚਾਰਕਤਾ ਦਾ ਪ੍ਰਤੀਕ ਬਣਾਇਆ। ਉਨ੍ਹਾਂ ਨੇ ਸਮੂਹ ਪੰਜਾਬੀਆਂ ਨੂੰ ਵਿਸਾਖੀ ਤੇ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੰਦਿਆਂ ਜਲ੍ਹਿਆਂ ਵਾਲੇ ਸਾਕੇ ਦੇ ਸਮੂਹ ਸ਼ਹੀਦਾਂ ਨੂੰ ਵੀ ਸ਼ਰਧਾਂਜਲੀ ਦਿੱਤੀ। ਇਸ ਮੌਕੇ ਸੰਤ ਹਰਭਜਨ ਸਿੰਘ, ਵਿਧਾਇਕ ਗੁਰਦੇਵ ਸਿੰਘ ਦੇਵਮਾਨ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਜੱਸੀ ਸੋਹੀਆਂ ਵਾਲਾ, ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਚਰਨ ਸਿੰਘ ਰਲ੍ਹਣ ਐਮ.ਡੀ ਮਲਕੀਤ ਕੰਬਾਇਨ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ, ਹਰੀ ਸਿੰਘ ਪ੍ਰੀਤ ਕੰਬਾਇਨ, ਆਲ ਇੰਡੀਆ ਕੰਬਾਇਨ ਐਸੋਸੀਏਸ਼ਨ ਪ੍ਰਧਾਨ ਅਵਤਾਰ ਸਿੰਘ ਨੰਨ੍ਹੜੇ, ਭਗਵੰਤ ਸਿੰਘ ਰਾਮਗੜ੍ਹੀਆ, ਕਰਤਾਰ ਕੰਬਾਈਨ ਮਨਪ੍ਰੀਤ ਸਿੰਘ, ਗਹੀਰ ਕੰਬਾਈਨ ਲਖਵਿੰਦਰ ਸਿੰਘ ਲੱਖੀ, ਗੁਰਦਿਆਲ ਕੰਬਾਈਨ ਅਮਰੀਕ ਸਿੰਘ, ਇੰਪਰੂਵਮੈਂਟ ਟਰੱਸਟ ਚੇਅਰਮੈਨ ਸੁਰਿੰਦਰਪਾਲ ਸ਼ਰਮਾ, ਐਸ.ਡੀ.ਐਮ. ਡਾ. ਇਸਮਤ ਵਿਜੇ ਸਿੰਘ ਸਮੇਤ ਵੱਡੀ ਗਿਣਤੀ 'ਚ ਹੋਰ ਪਤਵੰਤੇ ਤੇ ਸ਼ਖ਼ਸੀਅਤਾਂ ਮੌਜੂਦ ਸਨ।

## ਉੱਘੇ ਸਮਾਜ ਸੇਵਕ ਹਰਜੰਟ ਸਿੰਘ ਲੁਬਾਣਾ ਵੱਲੋਂ ਚੰਗੇ ਅੰਕ ਲੈਣ ਵਾਲੇ ਬੱਚਿਆਂ ਦਾ ਸਨਮਾਨ



ਭਾਦਸੋਂ, 13 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਉੱਘੇ ਸਮਾਜ ਸੇਵਕ ਰਿਟਾਇਰਡ ਮਾਸਟਰ ਹਰਜੰਟ ਸਿੰਘ ਲੁਬਾਣਾ ਟੇਕੂ ਨੇ ਅੱਜ ਪਾਤਸ਼ਾਹੀ ਨੌਵੀਂ ਗੁਰਦੁਆਰਾ ਧੰਗੇੜਾ ਸਾਹਿਬ ਵਿਖੇ ਪਹਿਲੀ ਤੋਂ ਬਾਰਵੀਂ ਤੱਕ ਦੇ ਫਸਟ, ਸੈਕਿੰਡ, ਥਾਰਡ ਆਏ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ।100 ਤੋਂ ਵੱਧ ਬੱਚੇ ਸਨ ਇਸ ਮੌਕੇ ਪਤਵੰਤੇ ਸੱਜਣ ਤੇ ਪਿੰਡ ਦੇ ਰਾਮ ਸਿੰਘ ਸਰਪੰਚ ਹਰਦੇਵ ਸਿੰਘ,ਲਖਵਿੰਦਰ ਸਿੰਘ, ਕਰਮਜੀਤ ਸਿੰਘ , ਸਰਪੰਚ ਰਘਬੀਰ ਸਿੰਘ, ਰਣਧੀਰ ਸਿੰਘ, ਪ੍ਰਧਾਨ ਜੋਗਿੰਦਰ ਸਿੰਘ ਦਰਸ਼ਨ ਸਿੰਘ, ਸੰਗਾਰਾ ਸਿੰਘ ਸੈਕਟਰੀ ਜਸਵੀਰ ਸਿੰਘ, ਬਘੇਲ ਸਿੰਘ ਭਗਵਾਨ ਸਿੰਘ ,ਜਸਪ੍ਰੀਤ ਸਿੰਘ ਅਤੇ ਕਾਲਾ ਮੈਂਬਰ ਹਾਜ਼ਰ ਸਨ। ਮੌਕੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਸਾਹਿਬ ਸਿੰਘ, ਭਾਈ ਬਚਿੱਤਰ ਸਿੰਘ ਨੂੰ ਵਿਸ਼ੇਸ਼ ਸਨਮਾਨਿਤ ਕੀਤਾ ਗਿਆ

## ਪੁਲਿਸ ਵੱਲੋਂ 650 ਨਸ਼ੀਲੀਆਂ ਗੋਲੀਆਂ ਬ੍ਰਾਮਦ

ਪਟਿਆਲਾ, 13 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਬਖਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀਆਂ ਕੀਮਤੀ ਸਿੰਘ ਪੁੱਤਰ ਭੂਰਾ ਸਿੰਘ ਵਾਸੀ ਪਿੰਡ ਮੰਡੋਰ, ਰਾਜ ਕੌਰ ਪਤਨੀ ਹਰਚੰਦ ਸਿੰਘ ਵਾਸੀ ਪਿੰਡ ਖੇੜੀ ਗੋੜੀਆ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਸੰਤੋਖ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਟੀ-ਪੁਆਇੰਟ ਧਬਲਾਨ ਮੋੜ ਮੌਜੂਦ ਸੀ, ਜੋ ਕਥਿਤ ਦੋਸ਼ੀਆਂ ਦੇ ਮੋਟਰਸਾਈਕਲ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ 'ਤੇ 650 ਨਸ਼ੀਲੀਆਂ ਗੋਲੀਆਂ ਬ੍ਰਾਮਦ ਕੀਤੀਆਂ।

## ਖਾਲਸਾ ਸਾਜਨਾ ਦਿਹਾੜੇ ਮੌਕੇ ਗੁਰਦੁਆਰਾ ਬਹਾਦਰਗੜ੍ਹ ਸਾਹਿਬ ਵਿਖੇ ਸੰਗਤਾਂ ਵੱਡੀ ਗਿਣਤੀ 'ਚ ਹੋਈਆਂ ਨਤਮਸਤਕ



ਬਹਾਦਰਗੜ੍ਹ, 13 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਵਿਖੇ ਵਿਸਾਖੀ ਜੋੜ ਮੇਲੇ ਮੌਕੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵੱਡੀ ਗਿਣਤੀ ਵਿਚ ਸੰਗਤਾਂ ਗੁਰੂ ਘਰ ਨਤਮਸਤਕ ਹੋਈਆਂ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਖਾਲਸੇ ਦੇ ਜਨਮ ਦਿਹਾੜੇ ਨੂੰ ਸਮਰਪਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹਜ਼ੂਰੀ ਕੀਰਤਨੀ ਜਥਿਆਂ ਨੇ ਗੁਰਬਾਣੀ ਸਰਵਣ ਕੀਤੀ। ਦੀਵਾਨ ਹਾਲ ਵਿਖੇ ਆਯੋਜਿਤ ਧਾਰਮਕ ਸਮਾਗਮ ਦੌਰਾਨ ਉਚੇਚੇ ਤੌਰ 'ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਇਲਾਕੇ ਦੀਆਂ ਸਖ਼ਸ਼ੀਅਤਾਂ ਪੁੱਜੀਆਂ ਹੋਈਆਂ ਸਨ। ਧਾਰਮਕ ਦੀਵਾਨਾਂ ਵਿਚ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਸਮੁੱਚੀ ਸੰਗਤਾਂ ਨੂੰ ਖਾਲਸਾ ਪੰਥ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਅੱਜ ਲੋੜ ਹੈ ਕਿ ਅਸੀਂ ਖਾਲਸੇ ਦੀ ਰਹਿਣੀ ਬਹਿਣੀ ਅਨੁਸਾਰ ਆਪਣਾ ਜੀਵਨ ਬਤੀਤ ਕਰੀਏ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਅਜਿਹੇ ਖਾਲਸੇ ਪੰਥ ਦੀ ਸਿਰਜਣਾ ਕੀਤੀ, ਜਿਸ ਦੀ ਦੁਨੀਆ ਦੇ ਕਿਸੇ ਵੀ ਧਰਮ ਵਿਚ ਮਿਸਾਲ ਨਹੀਂ ਮਿਲਦੀ ਹੈ। ਇਸ ਮੌਕੇ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਨੇ ਸਰਬੱਤ ਦੇ ਭਲੇ ਅਰਦਾਸ ਕੀਤੀ ਅਤੇ ਸੰਗਤਾਂ ਨੂੰ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਵੀ ਸੰਗਤਾਂ ਨੂੰ ਬਾਣੀ ਅਤੇ ਬਾਣੇ ਨੂੰ ਧਾਰਨ ਕਰਨ ਦੀ ਪ੍ਰੇਰਨਾ ਦਿੱਤੀ। ਗੁਰਦੁਆਰਾ ਪ੍ਰਬੰਧਕ ਮੈਨੇਜਰ ਮਨਜੀਤ ਸਿੰਘ ਕੌਲੀ ਜੀ ਵਲੋਂ ਆਈਆਂ ਸੰਗਤਾਂ ਅਤੇ ਪੁੱਜੀਆਂ ਸਖ਼ਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਸੁਰਿੰਦਰ ਸਿੰਘ ਘੁਮਾਣਾ, ਬਲਵਿੰਦਰ ਸਿੰਘ ਦੌਣ ਕਲਾਂ, ਪ੍ਰਚਾਰਕ ਪਰਵਿੰਦਰ ਸਿੰਘ ਬਰਾੜਾ, ਲਖਵਿੰਦਰ ਸਿੰਘ ਅਜਰਾਵਰ, ਪਰਵਿੰਦਰ ਸਿੰਘ ਰਿਉਂਦ, ਭਾਈ ਕੁਲਵਿੰਦਰ ਸਿੰਘ, ਬਾਬਾ ਸੋਹਣ ਸਿੰਘ ਕਾਰ ਸੇਵਾ ਵਾਲੇ ਆਦਿ ਸਖਸ਼ੀਅਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਗਊ ਭਗਤਾਂ ਨੇ ਗਊਆਂ ਨੂੰ ਪਾਇਆ ਹਰਾ-ਚਾਰਾ



ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ) : ਵਿਸਾਖੀ ਦੇ ਸੁਭ ਦਿਹਾੜੇ 'ਤੇ ਆਚਾਰਿਆ ਸਵਾਮੀ ਡਾ. ਰਾਜੇਸ਼ਵਰਾਨੰਦ ਜੀ ਮਹਾਰਾਜ (ਅੰਬਾਲੇ ਵਾਲੇ) ਦੀ ਅਗਵਾਈ ' ਗਊ ਮਾਤਾ ਸੇਵਾ ਸੰਮਤੀ ਵੱਲੋਂ ਗੁਰਦਿਆਲਪੁਰਾ ਬੀੜ ਵਿਖੇ ਗਊਆਂ ਨੂੰ 1 ਟਰਾਲੀ ਹਰਾ ਚਾਰਾ, 2 ਥੈਲੇ ਦਾਣਾ, ਸ਼ਕਰ ਤੋਂ ਇਲਾਵਾ ਬਾਂਦਰਾਂ ਨੂੰ ਚਨੇ ਤੇ ਕੇਲੇ ਵੀ ਪਾਏ ਗਏ ।ਇਸ ਮੌਕੇ ਸੰਤ ਖੁਸ਼ਹਾਲਪੁਰੀ ਜੀ ਮਹਾਰਾਜ ਨੂੰ ਸਮਾਣਾ ਤੋਂ ਗਊ ਮਾਤਾ ਸੇਵਾ ਸੰਮਤੀ ਦੇ ਮੈਂਬਰ ਵੱਲੋਂ 18, 19 ਤੇ 20 ਅਪ੍ਰੈਲ ਨੂੰ ਅਗਰਵਾਲ ਧਰਮਸ਼ਾਲਾ ਸਮਾਣਾ ਵਿਖੇ ਹੋਣ ਵਾਲੇ ਸਮਾਗਮ ਦਾ ਸੱਦਾ ਪੱਤਰ ਵੀ ਦਿੱਤਾ ਗਿਆ। ਗਊ ਮਾਤਾ ਸੇਵਾ ਸੰਮਤੀ ਦੇ ਅਹੁਦੇਦਾਰਾਂ ਦੱਸਿਆ ਕਿ ਹੋਣ ਵਾਲੇ ਸਮਾਗਮ 'ਚ ਕਥਾ ਪ੍ਰਮੁੱਖ ਗਊ ਸੇਵਕ ਤੇ ਕਥਾ ਵਿਆਸ ਸ੍ਰੀ ਚੰਦਰਕਾਂਤ ਜੀ ਦੁਆਰਾ ਕਥਾ ਕੀਤੀ ਜਾਵੇਗੀ।

## ਸੁਖਬੀਰ ਸਿੰਘ ਬਾਦਲ ਦਾ ਅਕਾਲੀ ਦਲ ਦਾ ਪ੍ਰਧਾਨ ਬਣਨਾ ਪੰਜਾਬ ਲਈ ਸ਼ੁਭ ਸੰਕੇਤ : ਹਰਿਆਊ, ਚੀਮਾ, ਬੱਲੀ

ਸਮਾਣਾ, 13 ਅਪ੍ਰੈਲ (ਜਵੰਦਾ) : ਸ਼੍ਰੋਮਣੀ ਅਕਾਲੀ ਦਲ ਦੀ ਚੋਣ ਸਬੰਧੀ ਹੋਏ ਡੈਲੀਗੇਟ ਇਜਲਾਸ ਦੌਰਾਨ ਸਰਬਸੰਮਤੀ ਨਾਲ ਪੰਜਾਬ ਦੇ ਨਿਧੜਕ ਜਰਨੈਲ ਸੁਖਬੀਰ ਸਿੰਘ ਬਾਦਲ ਨੂੰ ਮੁੜ ਪ੍ਰਧਾਨ ਬਣਾਉਣ ਦਾ ਭਰਵਾਂ ਸਵਾਗਤ ਕਰਦਿਆਂ ਯੂਥ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਜਗਮੀਤ ਸਿੰਘ ਹਰਿਆਊ, ਯੂਥ ਅਕਾਲੀ ਦਲ ਦੇ ਕੌਮੀ ਜਰਨਲ ਸਕੱਤਰ ਮਲਕੀਤ ਸਿੰਘ ਚੀਮਾ ਅਤੇ ਯੂਥ ਅਕਾਲੀ ਦਲ ਦੇ ਕੌਮੀ ਜਰਨਲ ਸਕੱਤਰ ਬਲਜਿੰਦਰ ਸਿੰਘ ਬੱਲੀ ਨੇ ਕਿਹਾ ਕਿ ਪੰਜਾਬ ਦੀ ਇਕੋ ਇਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੈ, ਜਿਸ ਦੀ ਸ. ਸੁਖਬੀਰ ਸਿੰਘ ਬਾਦਲ ਨੇ ਸੁਚੱਜੀ ਅਗਵਾਈ ਕੀਤੀ ਹੈ। ਉਨ੍ਹਾਂ ਨੇ ਪਾਰਟੀ ਦੀ ਅਗਵਾਈ ਕਰਦੇ ਹੋਏ ਪੰਜਾਬ ਦੇ ਹਿੱਤਾਂ ਤੇ ਹੱਕਾਂ ਦੀ ਲੜਾਈ ਹਿੱਕ ਡਾਹ ਕੇ ਲੜੀ ਹੈ ਪਰ ਕੁਝ ਪੰਥ ਵਿਰੋਧੀ



ਸ਼ਕਤੀਆਂ ਵੱਲੋਂ ਪਿਛਲੇ ਕਾਫੀ ਸਮੇ ਤੋਂ ਸਰਕਾਰਾਂ ਦਾ ਹੱਥ ਠੋਕਾ ਬਣ ਕੇ ਸ਼੍ਰੋਮਣੀ ਅਕਾਲੀ ਦਲ ਤੇ ਸੁਖਬੀਰ ਸਿੰਘ ਬਾਦਲ ਨੂੰ ਕਮਜ਼ੋਰ ਕਰਨ 'ਤੇ ਲੱਗੀਆਂ ਹੋਈਆਂ ਹਨ, ਜਿਨ੍ਹਾਂ ਨੂੰ ਅੱਜ ਮੂੰਹ ਦੀ ਖਾਣੀ ਪਈ ਤੇ ਪੰਜਾਬ ਦੇ ਲੋਕਾਂ ਨੇ ਲੱਖਾਂ ਦੀ ਭਰਤੀ ਕਰਕੇ ਲੋਕਤੰਤਰੀ ਤਰੀਕੇ ਨਾਲ ਡੈਲੀਗੇਟਾਂ ਰਾਹੀਂ ਅੱਜ ਪ੍ਰਧਾਨ ਦੀ ਚੋਣ ਕਰਕੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੀ ਜਨਤਾ ਸੁਖਬੀਰ ਸਿੰਘ ਬਾਦਲ ਦੇ ਨਾਲ ਖੜ੍ਹੀ ਹੈ । ਇਸ ਮੌਕੇ ਉਨ੍ਹਾਂ ਨੇ ਸਮੁੱਚੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਪੰਜਾਬ ਦੇ ਜਨਤਾ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਸ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ ।

## ਸਿਰ 'ਚ ਸੱਟ ਲੱਗਣ ਨਾਲ ਮੌਤ

ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ) : ਬਿਸਤਰ ਦੀ ਚਾਦਰ 'ਚ ਪੈਰ ਫਸਨ ਕਾਰਨ ਜ਼ਮੀਨ 'ਤੇ ਡਿੱਗੇ ਵਿਅਕਤੀ ਦੀ ਸਿਰ 'ਚ ਸੱਟ ਲੱਗਣ ਨਾਲ ਮੌਤ ਹੋ ਗਈ,ਜਿਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਸ ਦੇ ਏ.ਐਸ.ਆਈ. ਸਰਬਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਬਲਬੀਰ ਸਿੰਘ (56) ਨਿਵਾਸੀ ਪਿੰਡ ਬਾਦਸ਼ਾਹਪੁਰ ਕਾਲੇਕੀ ਦੇ ਪੁੱਤਰ ਸੁਖਬੀਰ ਸਿੰਘ ਵੱਲੋਂ ਦਰਜ ਕਰਵਾਏ ਬਿਆਨ ਅਨੁਸਾਰ 12 ਅਪ੍ਰੈਲ ਦੀ ਰਾਤ 9 ਵਜੇ ਬੈਡ 'ਤੇ ਸੋ ਰਿਹਾ ਉਸ ਦਾ ਪਿਤਾ ਬਾਥਰੂਮ ਜਾਣ ਲਈ ਉਠਣ ਲੱਗਾ ਤਾਂ ਬਿਸਤਰ ਦੀ ਚਾਦਰ 'ਚ ਉਸ ਦੇ ਪੈਰ ਫਸ ਗਏ, ਜਿਸ ਕਾਰਨ ਉਹ ਫਰਸ਼ +ਤੇ ਡਿੱਗ ਗਿਆ, ਜਿਸ ਦੀ ਮੌਕੇ 'ਤੇ ਮੌਤ ਹੋ ਗਈ। ਅਧਿਕਾਰੀ ਅਨੁਸਾਰ ਦਰਜ ਬਿਆਨਾਂ ਦੇ ਅਧਾਰ 'ਤੇ ਬੀ.ਐਨ.ਐਸ. ਦੀ ਧਾਰਾ 194 ਤਹਿਤ ਮ੍ਰਿਤਕ ਦੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾ ਹਵਾਲੇ ਕਰ ਦਿੱਤੀ।

## ਫਾਇਰ ਅਧਿਕਾਰੀ ਦੇ ਕੰਮ 'ਚ ਰੁਕਾਵਟ ਪਾਉਣ ਤੇ ਧਮਕਾਉਣ ਦੇ ਦੋਸ਼ 'ਚ ਇੱਕ ਦਰਜਨ ਲੋਕਾਂ 'ਤੇ ਮਾਮਲਾ ਦਰਜ

ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ): ਬੀਤੇ ਦਿਨੀਂ ਇਲੈਕਟਰੋਨਿਕਸ ਸ਼ੋਅ ਰੂਮ 'ਚ ਲੱਗੀ ਅੱਗ ਬੁਝਾਉਂਦੇ ਸਮੇਂ ਫਾਇਰ ਅਧਿਕਾਰੀ ਦੇ ਕੰਮ 'ਚ ਰੁਕਾਵਟ ਪਾਉਣ ਅਤੇ ਧਮਕਾਉਣ ਦੇ ਦੋਸ਼ ਤਹਿਤ ਸਿਟੀ ਪੁਲਸ ਨੇ ਇੱਕ ਦਰਜ਼ਨ ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਸਿਟੀ ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਫਾਇਰ ਬ੍ਰਿਗੇਡ ਸਮਾਣਾ ਦੇ ਫਾਇਰ ਅਧਿਕਾਰੀ ਲਵਕੁਸ਼ ਵੱਲੋਂ ਸਿਟੀ ਪੁਲਸ ਨੂੰ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਸ਼ਨੀਵਾਰ ਦੁਪਹਿਰ ਤਹਿਸੀਲ ਰੋਡ 'ਤੇ ਸ਼ੋਅਰੂਮ ਵਿੱਚ ਲੱਗੀ ਅੱਗ ਬੁਝਾਉਣ ਲਈ ਆਪਣੇ ਸਾਥੀਆਂ ਦੇ ਨਾਲ ਲੱਗਿਆ ਹੋਇਆ ਸੀ, ਤਾਂ ਮੁਲਜ਼ਮਾਂ ਨੇ ਘੇਰ ਕੇ ਉਸਦੇ ਕੰਮ ਵਿੱਚ ਰੁਕਾਵਟ ਪਾਈ ਅਤੇ ਜਾਨ ਤੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਪੁਲਸ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮਾਂ ਦੀ ਭਾਲ ਕੀਤੀ ਜਾ ਰਹੀ ਹੈ।

## ਸੱਭਿਆਚਾਰ ਮੰਚ ਪੰਜਾਬ ਵੱਲੋਂ ਸੂਫ਼ੀ ਗਾਇਕ ਸ਼ਮਸ਼ੇਰ ਲਹਿਰੀ ਦਾ ਸਨਮਾਨ

ਸਮਾਣਾ, 13 ਅਪ੍ਰੈਲ (ਚ.ਨ.ਸ.) : ਪੰਜਾਬੀ ਸੰਗੀਤਕ ਖੇਤਰ ਵਿੱਚ ਸੱਭਿਅਕ, ਸੂਫ਼ੀਆਨਾ ਅਤੇ ਰੂਹਾਨੀਅਤ ਭਰੀ ਸਾਫ਼ ਸੁਥਰੀ ਗਾਇਕੀ ਨਾਲ ਵੱਡੇ ਨਾਂ ਵਜੋਂ ਜਾਣੇ ਜਾਂਦੇ ਸੂਫ਼ੀ ਗਾਇਕ ਸ਼ਮਸ਼ੇਰ ਲਹਿਰੀ ਸਮਾਣਾ ਵਿਖੇ ਆਪਣੇ ਪਰਮ ਮਿੱਤਰ ਪੋਲੀਵੁੱਡ ਪੋਸਟ ਦੇ ਕਰਤਾ ਧਰਤਾ ਅਤੇ ਸੱਭਿਆਚਾਰ ਮੰਚ ਪੰਜਾਬ ਦੇ ਪ੍ਰਧਾਨ ਹਰਜਿੰਦਰ ਸਿੰਘ ਜਵੰਦਾ ਦੇ ਗ੍ਰਹਿ ਵਿਖੇ ਪੁੱਜੇ। ਜਿੱਥੇ ਪੱਤਰਕਾਰ ਜਵੰਦਾ ਵਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਦੇ ਹੋਏ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੱਤਰਕਾਰ ਜਵੰਦਾ ਨੇ ਦੱਸਿਆ ਕਿ ਸ਼ਮਸ਼ੇਰ ਲਹਿਰੀ ਵਲੋਂ ਸੱਭਿਅਕ, ਸੂਫ਼ੀਆਨਾ ਅਤੇ ਰੂਹਾਨੀਅਤ ਭਰੀ ਸਾਫ਼ ਸੁਥਰੀ ਗਾਇਕੀ ਨਾਲ ਪੰਜਾਬ, ਪੰਜਾਬੀ ਸੱਭਿਆਚਾਰ ਅਤੇ ਪੰਜਾਬੀ ਮਾਂ ਬੋਲੀ ਨੂੰ ਦਿੱਤੀਆਂ ਜਾ ਰਹੀਆਂ ਵੱਡਮੁੱਲੀਆਂ ਸੇਵਾਵਾਂ ਨੂੰ



ਦੇਖਦਿਆਂ 'ਸੱਭਿਆਚਾਰ ਮੰਚ ਪੰਜਾਬ' ਵਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ ਹੈ। ਇਸ ਮੌਕੇ ਸ਼ਮਸ਼ੇਰ ਲਹਿਰੀ ਨੇ ਇਸ ਮਾਣ ਸਤਿਕਾਰ ਲਈ ਹਰਜਿੰਦਰ ਸਿੰਘ ਜਵੰਦਾ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਕਿਹਾ ਕਿ ਹਰਜਿੰਦਰ ਸਿੰਘ ਜਵੰਦਾ ਨੇ ਵੀ ਆਪਣੀ ਮਿਹਨਤ ਅਤੇ ਕਲਮ ਦੇ ਬਲਬੂਤੇ ਪੰਜਾਬੀ ਸੰਗੀਤਕ ਅਤੇ ਫਿਲਮ ਇੰਡਸਟਰੀ ਵਿੱਚ ਜੋ ਆਪਣਾ ਚੰਗਾ ਨਾਮ ਸਥਾਪਿਤ ਕੀਤਾ ਹੈ, ਉਸ 'ਤੇ ਉਨ੍ਹਾਂ ਨੂੰ ਮਾਣ ਹੈ। ਇਸ ਮੌਕੇ ਗੁਰਪ੍ਰੀਤ ਸਿੰਘ ਸੋਨੀ, ਹਰਬੰਸ ਸਿੰਘ ਰਤਨ, ਤਰੁਨ ਕੁਮਾਰ, ਗੁਰਵਿੰਦਰ ਸਿੰਘ, ਸੰਤੋਖ ਸਿੰਘ, ਧਰਮਵੀਰ ਸਿੰਘ ਜਵੰਦਾ ਅਤੇ ਸਾਹਿਲ ਭਟਨਾਗਰ ਆਦਿ ਵੀ ਮੌਜੂਦ ਰਹੇ।

## ਸੁਖਬੀਰ ਸਿੰਘ ਬਾਦਲ ਪ੍ਰਤੀ ਪਾਰਟੀ ਸਮਰਥਕਾਂ ਦਾ ਭਰੋਸਾ ਅੱਜ ਵੀ ਬਰਕਰਾਰ : ਜਗਮੀਤ ਹਰਿਆਊ, ਮਲਕੀਤ ਚੀਮਾ

ਸਮਾਣਾ, 13 ਅਪ੍ਰੈਲ (ਜਵੰਦਾ) : ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਇਜਲਾਸ 'ਚ ਸੁਖਬੀਰ ਸਿੰਘ ਬਾਦਲ ਦੇ ਪਾਰਟੀ ਪ੍ਰਧਾਨ ਚੁਣੇ ਜਾਣ 'ਤੇ ਯੂਥ ਅਕਾਲੀ ਦਲ ਦੇ ਕੌਰ ਕਮੇਟੀ ਮੈਂਬਰ ਜਗਮੀਤ ਸਿੰਘ ਹਰਿਆਊ ਅਤੇ ਯੂਥ ਅਕਾਲੀ ਦਲ ਦੇ ਕੌਮੀ ਜਰਨਲ ਸਕੱਤਰ ਮਲਕੀਤ ਸਿੰਘ ਚੀਮਾ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਅਤੇ ਵਧਾਈ ਦਿੰਦਿਆਂ ਕਿਹਾ ਕਿ ਸ. ਬਾਦਲ ਦੇ ਹੱਥ ਪਾਰਟੀ ਦੀ ਕਮਾਨ ਸੌਂਪਣਾ ਇੱਕ ਸ਼ਲਾਘਾਯੋਗ ਫ਼ੈਸਲਾ ਹੈ ।ਉਨ੍ਹਾਂ ਕਿਹਾ ਕਿ ਸ. ਬਾਦਲ ਸਾਰਿਆਂ ਦੇ ਹਰਮਨ ਪਿਆਰੇ ਨੇਤਾ ਹਨ, ਜੋ ਸਾਰਿਆਂ ਦੇ ਸਾਥ ਨਾਲ ਪਹਿਲਾਂ ਵੀ ਪਾਰਟੀ ਨੂੰ ਮਜ਼ਬੂਤ ਕਰਦੇ ਰਹੇ ਤੇ ਹੁਣ ਵੀ ਉਨ੍ਹਾਂ ਤੋਂ ਸਾਰਿਆਂ ਨੂੰ ਆਸਾਂ ਹਨ । ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ 'ਚ ਹਰ ਆਗੂ ਤੇ ਵਰਕਰ ਨੂੰ ਮਾਣ-ਸਤਿਕਾਰ ਮਿਲਦਾ ਹੈ । ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਪਾਰਟੀ ਹੋਰ ਮਜ਼ਬੂਤ ਹੋਵੇਗੀ ਤੇ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਦੀ ਤਰਜਮਾਨੀ ਕਰੇਗੀ ।ਉਨ੍ਹਾਂ ਕਿਹਾ ਕਿ ਕਾਰਜਕਾਰੀ ਪ੍ਰਧਾਨ ਵਜੋਂ ਸ. ਬਲਵਿੰਦਰ ਸਿੰਘ ਭੂੰਦੜ ਦੀਆਂ ਸੇਵਾਵਾਂ ਵੀ ਬਹੁਤ ਸ਼ਾਨਦਾਰ ਰਹੀਆਂ ਹਨ, ਜਿਨ੍ਹਾਂ ਨੇ ਵੀ ਪਾਰਟੀ ਦੀ ਮਜ਼ਬੂਤੀ ਲਈ ਕੋਈ ਕਸਰ ਨਹੀਂ ਛੱਡੀ ।ਇਸ ਮੌਕੇ ਜਥੇਦਾਰ ਭਵਿੰਦਰ ਸਿੰਘ ਘਿਓਰਾ ਸੋਨੂੰ ਰੰਧਾਵਾ, ਬੱਗਾ ਚੱਠਾ, ਰਵਿੰਦਰ ਦੁੱਲੜ, ਚਰਨਜੀਤ ਕਰਹਾਲੀ ਸਾਹਿਬ, ਗੁਰਜੰਟ ਸਿੰਘ ਮਵੀ, ਕਸ਼ਮੀਰ ਸਿੰਘ, ਹਰਭਜਨ ਸਿੰਘ, ਹਰਦੀਪ ਸਿੰਘ ਚੀਮਾ ਅਤੇ ਦਰਸ਼ਨ ਸਿੰਘ ਸਮਾਣਾ ਆਦਿ ਵੀ ਮੌਜੂਦ ਰਹੇ।



## ਨੰਬਰਦਾਰ ਐਸੋਸੀਏਸ਼ਨ ਗਾਲਿਬ ਇਕਾਈ ਸਮਾਣਾ ਦੀ ਮਹੀਨਾਵਾਰ ਮੀਟਿੰਗ



ਸਮਾਣਾ, 13 ਅਪ੍ਰੈਲ (ਜਵੰਦਾ) : ਪੰਜਾਬ ਨੰਬਰਦਾਰ ਐਸੋਸੀਏਸ਼ਨ ਗਾਲਿਬ 169 ਇਕਾਈ ਸਮਾਣਾ ਦੀ ਇਕ ਵਿਸ਼ੇਸ਼ ਮੀਟਿੰਗ ਪ੍ਰਧਾਨ ਬਲਵਿੰਦਰ ਸਿੰਘ ਟੋਡਰਪੁਰ ਦੀ ਅਗਵਾਈ ਹੇਠ ਤਹਿਸੀਲ ਕੰਪਲੈਕਸ 'ਚ ਹੋਈ, ਜਿਸ ਵਿੱਚ ਸਮੂਹ ਨੰਬਰਦਾਰਾਂ ਨੇ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਲੰਬੇ ਸਮੇਂ ਤੋਂ ਯੂਨੀਅਨ ਦੀਆਂ ਮੰਗਾਂ ਲਟਕ ਰਹੀਆਂ ਹਨ ਪਰ ਸੂਬਾ ਸਰਕਾਰ ਦਾ ਇਸ ਵੱਲ ਕੋਈ ਧਿਆਨ ਨਹੀਂ ਹੈ, ਜਿਵੇਂ ਕਿ ਨੰਬਰਦਾਰਾਂ ਦਾ ਮਾਣਪੱਤਾ ਵਧਾ ਕੇ ਪੰਜ ਹਜ਼ਾਰ ਕੀਤਾ ਜਾਵੇ, ਬਸ ਸਫਰ ਫਰੀ ਕੀਤਾ ਜਾਵੇ, ਨੰਬਰਦਾਰੀ ਜੱਦੀ-ਪੁਸ਼ਤੀ ਕਰਨ ਸਬੰਧੀ, ਸਿਹਤ ਸਹੂਲਤ ਮੁਫਤ, ਟੂਲ ਟੈਕਸ ਫਰੀ ਕਰਨਾ ਆਦਿ ਮੁੱਖ ਮੰਗਾਂ ਹਨ। ਇਸ ਮੌਕੇ ਨੰਬਰਦਾਰ ਯੂਨੀਅਨ ਨੇ ਸਮਾਣਾ ਵਿਖੇ ਰਹਿ ਚੁੱਕੇ ਐੱਸ ਡੀ ਐਮ ਤਰਸੇਮ ਚੰਦ ਜੋ ਕੇ ਹੁਣ ਮੌਕੇ 'ਤੇ ਐਕਸਾਈਜ਼ ਡਿਪਟੀ ਕਮਿਸ਼ਨਰ ਹਨ, ਦਾ ਤਹਿ ਦਿਲੋਂ ਧੰਨਵਾਦ ਕੀਤਾ । ਜਿਨ੍ਹਾਂ ਰਹਿਨੁਮਾਈ ਹੇਠ ਨੰਬਰਦਾਰਾਂ ਦੀ ਜੁਡੀਸ਼ਲ ਕੋਰਟ 'ਚ ਲੱਗਣ ਵਾਲੀ ਪਾਰਕਿੰਗ ਫੀਸ ਮੁਆਫ਼ ਕੀਤੀ ਗਈ ਹੈ। ਇਸ ਮੌਕੇ ਨੰਬਰਦਾਰ ਨੇ ਕਿਹਾ ਕਿ ਇਹ ਸਭ ਪ੍ਰਧਾਨ ਬਲਵਿੰਦਰ ਸਿੰਘ ਟੋਡਰਪੁਰ ਦੀ ਮਿਹਨਤ ਸਦਕਾ ਸੰਭਵ ਹੋਇਆ ਹੈ। ਇਸ ਮੌਕੇ ਨੰਬਰਦਾਰ ਕਮਲਦੀਪ ਸਿੰਘ ਕਮਾਸਪੁਰ, ਗੁਰਮੇਲ ਸਿੰਘ ਕਮਾਲਪੁਰ, ਨਰਿੰਦਰ ਸਿੰਘ ਕਮਾਲਪੁਰ, ਊਧਮ ਸਿੰਘ ਚੱਕ ਅੰਮ੍ਰਿਤਸਰ, ਬਾਬਾ ਸਿੰਘ ਮਰੋੜੀ, ਬਲਦੇਵ ਸਿੰਘ ਮਰੋੜੀ, ਸੁਖਦੀਪ ਸਿੰਘ ਬਾਦਸ਼ਾਹਪੁਰ ਕਾਲੇਕੀ, ਜਗਤਾਰ ਸਿੰਘ ਚੁੱਪਕੀ, ਮਨਦੀਪ ਸਿੰਘ ਸ਼ਾਹਪੁਰ, ਤਲਵਿੰਦਰ ਸਿੰਘ ਕੁਲਾਰਾਂ, ਅਵਤਾਰ ਸਿੰਘ ਦੋਦੜਾ ਅਤੇ ਗੁਰਪ੍ਰੀਤ ਸਿੰਘ ਘੰਗਰੋਲੀ ਆਦਿ ਨੰਬਰਦਾਰ ਵੀ ਮੌਜੂਦ ਰਹੇ।

## ਵੱਖ-ਵੱਖ ਥਾਵਾਂ ਤੋਂ ਨਸ਼ੀਲਾ ਪਾਊਡਰ ਬ੍ਰਾਮਦ

ਪਟਿਆਲਾ/ਨਾਭਾ, 13 ਅਪ੍ਰੈਲ (ਵਿਨੋਦ ਸ਼ਰਮਾ/ਚੌਧਰੀਮਾਜਰਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਨੀਰਜ ਪੁੱਤਰ ਸੁਖਦੇਵ ਸਿੰਘ ਵਾਸੀ ਗਲੀ ਨੰ. 18 ਗੁਰੂ ਨਾਨਕ ਨਗਰ ਪਟਿਆਲਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ. ਸੁਰਜੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸੀਮਿੰਟ ਗਰਾਊਂਡ ਪਟਿਆਲਾ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 51 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ ਹੋਇਆ। ਇਸੇ ਤਰ੍ਹਾਂ ਥਾਣਾ ਸਦਰ ਨਾਭਾ ਪੁਲਿਸ ਨੇ ਕਥਿਤ ਦੋਸ਼ੀਆਂ ਮਾਇਆ ਰਾਣੀ ਪਤਨੀ ਮੋਹਨ ਸਿੰਘ ਵਾਸੀ ਪਿੰਡ ਮੰਡੋਰ ਥਾਣਾ ਸਦਰ ਨਾਭਾ, ਚਮਕੋਰ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਪਿੰਡ ਮੰਡੋਰ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਗੁਰਚਰਨ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਨਰਮਾਣਾ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀਆਂ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 40 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ ਹੋਇਆ।

## ਪੁਲਿਸ ਵੱਲੋਂ ਨਸ਼ੀਲਾ ਪਾਊਡਰ ਬ੍ਰਾਮਦ

ਪਟਿਆਲਾ, 13 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਤੇਜਿੰਦਰ ਸਿੰਘ ਪੁੱਤਰ ਲਖਵੀਰ ਸਿੰਘ ਵਾਸੀ ਗਲੀ ਨੰ. 9 ਤਫੱਜਲਪੁਰਾ ਪਟਿਆਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਗੁਰਬਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਫੇਸ-2 ਅਰਬਨ ਅਸਟੇਟ ਪਟਿਆਲਾ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਚੈਕ ਕਰਨ ਪਰ 11 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ ਹੋਇਆ।

## ਡਾ. ਅੰਬੇਡਕਰ ਜੈਯੰਤੀ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਅੱਜ, ਡਾ. ਬਲਬੀਰ ਸਿੰਘ ਮੁੱਖ ਮਹਿਮਾਨ ਵਜੋਂ ਕਰਨਗੇ ਸ਼ਿਰਕਤ

ਮਲੇਰਕੋਟਲਾ, 13 ਅਪ੍ਰੈਲ (ਚ.ਨ.ਸ.) : ਪੰਜਾਬ ਸਰਕਾਰ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 134 ਵੀਂ ਡਾ ਅੰਬੇਦਕਰ ਜੈਯੰਤੀ ਦੇ ਮੌਕੇ 14 ਅਪ੍ਰੈਲ ਨੂੰ ਸਰਕਾਰੀ ਕਾਲਜ ਮਾਲੇਰਕੋਟਲਾ ਦੇ ਆਡੀਟੋਰੀਅਮ ਵਿੱਚ ਜ਼ਿਲ੍ਹਾ ਪੱਧਰੀ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆ ਡਿਪਟੀ ਕਮਿਸਨਰ ਵਿਰਾਜ ਐਸ.ਤਿੜਕੇ ਨੇ ਦੱਸਿਆ ਕਿ ਇਸ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਮੁੱਖ ਮਹਿਮਾਨ ਵਜੋਂ ਸਮੂਲੀਅਤ ਕਰਨਗੇ ਅਤੇ ਬਾਬਾ ਸਾਹਿਬ ਜੀ ਨੂੰ ਉਨ੍ਹਾਂ ਦੇ ਜਨਮ ਦਿਵਸ ਮੌਕੇ ਸਰਧਾਂਜਲੀ ਭੇਟ ਕਰਨਗੇ । ਉਹਨਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਬੁਲਾਰਿਆਂ ਵੱਲੋਂ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਜਦਕਿ ਵਿਦਿਆਰਥੀ ਅਤੇ ਫੈਕਲਟੀ ਮੈਂਬਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਬਾਰੇ ਆਪਣੇ ਵਿਚਾਰ ਸਾਂਝੇ ਕਰਨਗੇ।

## 24 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 13 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਜਗਜੀਤ ਸਿੰਘ ਪੁੱਤਰ ਫਕੀਰ ਸਿੰਘ ਵਾਸੀ ਢਿੱਲੋਂ ਕਲੋਨੀ ਪਟਿਆਲਾ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਹੌਲਦਾਰ ਇਕਬਾਲ ਸਿੰਘ ਸਮੇਤ ਪੁਲਿਸ ਪਾਰਟੀ ਘਲੋੜੀ ਗੇਟ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਮਹਿੰਦਰਾ ਕਾਲਜ ਰੋਡ ਢਿੱਲੋਂ ਕਲੋਨੀ ਗਰਾਊਡ ਨੇੜੇ ਸ਼ਰਾਬ ਵੇਚ ਰਿਹਾ ਹੈ, ਜੋ ਦੋਸ਼ੀ ਪਰ ਰੇਡ ਕਰਕੇ 24 ਬੋਤਲਾਂ ਸ਼ਰਾਬ ਅਸਲੀ ਸੰਤਰਾ ਪੰਜਾਬ ਦੀਆਂ ਬ੍ਰਾਮਦ ਕੀਤੀਆਂ।